ਸ਼ਨੀਵਾਰ, 2 ਮਈ, 2026

19 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083 }

ਜਿਲਦ/VOL. : 74

ਅੰਕ/NO. : 331

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • SATURDAY, 2 MAY, 2026 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12



**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV


# ਅਸੈਂਬਲੀ ਵੱਲੋਂ ਮਾਨ ਸਰਕਾਰ 'ਚ ਭਰੋਸਾ ਪ੍ਰਗਟ

## ਵਿਸ਼ੇਸ਼ ਸੈਸ਼ਨ 'ਚ ਮਜ਼ਦੂਰਾਂ ਦੀ ਘੱਟੋ-ਘੱਟ ਉਜਰਤ 'ਚ 15 ਫੀਸਦੀ ਵਾਧੇ ਦਾ ਮਤਾ ਵੀ ਪਾਸ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**

ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸ਼ੁੱਕਰਵਾਰ ਅਸੈਂਬਲੀ ਦੇ ਵਿਸ਼ੇਸ਼ ਸੈਸ਼ਨ ਦੌਰਾਨ ਆਪਣੀ ਸਰਕਾਰ ਦਾ ਬਹੁਮਤ ਸਾਬਤ ਕਰਨ ਲਈ ਭਰੋਸਗੀ ਮਤਾ ਪੇਸ਼ ਕੀਤਾ ਗਿਆ, ਜਿਸ ਦੇ ਹੱਕ ਵਿੱਚ 'ਆਪ' 88 ਵਿਧਾਇਕ ਭੁਗਤੇ, ਜਦਕਿ 4 ਵਿਧਾਇਕ ਗੈਰ-ਹਾਜ਼ਰ ਰਹੇ।ਜਦੋਂ ਮੁੱਖ ਮੰਤਰੀ ਨੇ ਮਤਾ ਪੇਸ਼ ਕੀਤਾ ਉਸ ਵੇਲੇ ਵਿਰੋਧੀ ਧਿਰ ਦੇ ਬੈਂਚ ਪੂਰੀ ਤਰ੍ਹਾਂ ਖਾਲੀ ਸਨ।ਕਾਂਗਰਸ ਸਣੇ ਹੋਰ ਵਿਰੋਧੀ ਦਲਾਂ ਨੇ ਸਦਨ ਦੀ ਕਾਰਵਾਈ ਦਾ ਬਾਈਕਾਟ ਕਰ ਦਿੱਤਾ ਸੀ। ਮਤਾ ਪੇਸ਼ ਕਰਦਿਆਂ ਮੁੱਖ ਮੰਤਰੀ ਮਾਨ ਨੇ ਵਿਰੋਧੀਆਂ ਨੂੰ ਕਰੜੇ ਹੱਥੀਂ ਲਿਆ।ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਕੋਈ ਆਮ ਸਿਆਸੀ ਜਮਾਤ ਨਹੀਂ, ਸਗੋਂ ਕਰੋੜਾਂ ਲੋਕਾਂ ਦੀਆਂ ਉਮੀਦਾਂ ਦਾ ਪ੍ਰਤੀਕ ਹੈ।ਉਨ੍ਹਾ ਸਪੱਸ਼ਟ ਸ਼ਬਦਾਂ ਵਿੱਚ ਕਿਹਾ, ਇਹ ਲੋਕਾਂ ਦੀ ਆਪਣੀ ਪਾਰਟੀ ਹੈ ਅਤੇ ਇਹ ਕਿਸੇ ਦੇ ਤੋੜਿਆਂ ਟੁੱਟਣ ਵਾਲੀ ਨਹੀਂ ਹੈ।

ਇਸ ਤੋਂ ਪਹਿਲਾਂ ਸਦਨ ਵਿੱਚ ਮਈ ਦਿਵਸ 'ਤੇ ਮਜ਼ਦੂਰਾਂ ਦੀ ਘੱਟੋਘੱਟ ਉਜਰਤ ਵਧਾਉਣ ਦਾ ਮਤਾ



ਵੀ ਪਾਸ ਕੀਤਾ ਗਿਆ। ਮਤੇ 'ਤੇ ਲੰਬੀ ਤੇ ਗੰਭੀਰ ਬਹਿਸ ਤੋਂ ਬਾਅਦ ਮਜ਼ਦੂਰਾਂ ਦੀਆਂ ਘੱਟੋ-ਘੱਟ ਉਜਰਤਾਂ ਵਿੱਚ 15 ਫੀਸਦੀ ਵਾਧੇ ਨੂੰ ਸਰਬਸੰਮਤੀ ਨਾਲ ਪ੍ਰਵਾਨਗੀ ਦੇ ਦਿੱਤੀ ਗਈ।ਮਤਾ ਲੇਬਰ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਵੱਲੋਂ ਪੇਸ਼ ਕੀਤਾ ਗਿਆ ਸੀ, ਜਿਸ 'ਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਮੋਹਰ ਲਗਾਉਂਦਿਆਂ ਵਾਧੇ ਦਾ ਰਸਮੀ ਐਲਾਨ ਕੀਤਾ। ਮੁੱਖ ਮੰਤਰੀ ਨੇ ਦੱਸਿਆ ਕਿ ਸੂਬੇ ਵਿੱਚ ਆਖਰੀ ਵਾਰ ਸਾਲ 2012 ਵਿੱਚ ਉਜਰਤਾਂ ਦੇ 'ਬੇਸ ਰੇਟ' ਦੀ ਰਿਵੀਜ਼ਨ ਕੀਤੀ ਗਈ ਸੀ। ਹਾਲਾਂਕਿ ਮਹਿੰਗਾਈ ਭੱਤਾ ਲਗਾਤਾਰ ਵਧ ਰਿਹਾ ਸੀ, ਪਰ ਮੂਲ ਉਜਰਤਾਂ ਵਿੱਚ ਲੰਬੇ ਸਮੇਂ ਤੋਂ ਕੋਈ ਬਦਲਾਅ ਨਹੀਂ ਹੋਇਆ ਸੀ।

ਬਹਿਸ ਦੌਰਾਨ ਅਪੋਜ਼ੀਸ਼ਨ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਮੰਗ ਕੀਤੀ ਸੀ ਕਿ ਮੌਜੂਦਾ ਮਹਿੰਗਾਈ ਨੂੰ ਦੇਖਦਿਆਂ ਮਜ਼ਦੂਰਾਂ ਦੀ ਘੱਟੋ-ਘੱਟ ਦਿਹਾੜੀ ਵਧਾ ਕੇ 650 ਰੁਪਏ ਕੀਤੀ ਜਾਣੀ ਚਾਹੀਦੀ ਹੈ।

ਮਜ਼ਦੂਰਾਂ ਦੇ ਹੱਕ ਵਿੱਚ ਪੇਸ਼ ਕੀਤੇ ਮਤੇ 'ਤੇ ਬਹਿਸ ਦੌਰਾਨ ਮਾਨ ਨੇ ਅਚਾਨਕ ਗੁੱਸੇ ਵਿੱਚ ਆ ਕੇ ਅਪੋਜ਼ੀਸ਼ਨ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਦੇ ਇਸ ਬਿਆਨ 'ਤੇ ਇਤਰਾਜ਼ ਜਤਾਇਆ ਕਿ ਪਿਛਲੇ ਚਾਰ ਸਾਲਾਂ ਵਿੱਚ 'ਆਪ' ਸਰਕਾਰ ਵੱਲੋਂ ਬੁਲਾਏ ਗਏ ਅੱਠ ਵਿਸ਼ੇਸ਼ ਸੈਸ਼ਨਾਂ ਨੇ ਬਹੁਤ ਘੱਟ ਹਾਸਲ ਕੀਤਾ ਹੈ ਅਤੇ ਮੈਂਬਰ ਲੋਕਾਂ ਨਾਲ ਜੁੜੇ ਸਵਾਲ ਨਹੀਂ ਪੁੱਛ ਸਕੇ। ਮਾਨ ਆਪਣੀ ਸੀਟ ਤੋਂ ਉਛਲ ਕੇ ਬਾਜਵਾ ਨੂੰ ਝਿੜਕਣ ਲੱਗੇ ਅਤੇ ਪੁੱਛਿਆ ਕਿ ਕੀ 13 ਅਪਰੈਲ ਨੂੰ ਹੋਇਆ ਪਿਛਲਾ ਵਿਸ਼ੇਸ਼ ਸੈਸ਼ਨ, ਜਿੱਥੇ ਬੇਅਦਬੀ ਰੋਕਣ ਦਾ ਕਾਨੂੰਨ ਪਾਸ ਕੀਤਾ ਗਿਆ ਸੀ, ਉਹ ਕਾਫੀ ਵੱਡਾ ਨਹੀਂ

• ਬਾਕੀ ਸਫਾ 2 'ਤੇ

# ਮਈ ਦਿਵਸ 'ਤੇ ਸਰਕਾਰ-ਕਾਰਪੋਰੇਟ ਜੁੰਡੀ ਖਿਲਾਫ ਲੜਾਈ ਪ੍ਰਚੰਡ ਕਰਨ ਦਾ ਪ੍ਰਣ




**ਚੰਡੀਗੜ੍ਹ** : ਮਈ ਦਿਵਸ 'ਤੇ ਏਟਕ ਚੰਡੀਗੜ੍ਹ ਵੱਲੋਂ ਏਟਕ ਨਾਲ ਸੰਬੰਧਤ ਯੂਨੀਅਨਾਂ ਦੇ ਰਹਿਨੁਮਾ ਸਾਥੀਆਂ ਦੇ ਸਹਿਯੋਗ ਨਾਲ ਪੰਜਾਬ ਰੋਡਵੇਜ਼ ਵਰਕਸ਼ਾਪ ਦੇ ਗੇਟ ਉਤੇ ਵਿਸ਼ਾਲ ਰੈਲੀ ਕੀਤੀ ਗਈ। ਸਭ ਤੋਂ ਪਹਿਲਾਂ ਏਟਕ ਪੰਜਾਬ ਦੇ ਪ੍ਰਧਾਨ ਸਾਥੀ ਬੰਤ ਸਿੰਘ ਬਰਾੜ, ਗੁਰਮੀਤ ਸਿੰਘ ਅਤੇ ਦੇਵੀ ਦਿਆਲ ਸ਼ਰਮਾ ਨੇ ਕਿਰਤੀਆਂ ਦਾ ਲਾਲ ਝੰਡਾ ਲਹਿਰਾਇਆ।ਕਿਰਤੀਆਂ ਨੇ ਮਈ ਦਿਵਸ ਦੇ ਸ਼ਹੀਦਾਂ ਨੂੰ ਲਾਲ ਸਲਾਮ, ਇਨਕਲਾਬ ਜ਼ਿੰਦਾਬਾਦ, ਕਿਰਤੀ-ਕਾਮੇ ਜ਼ਿੰਦਾਬਾਦ ਦੇ ਅਕਾਸ਼ ਗੁੰਜਾਊ ਨਾਅਰੇ ਲਾ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ।ਸਰਬਸਾਥੀ ਗੁਰਮੀਤ ਸਿੰਘ, ਲਖਵਿੰਦਰ ਸਿੰਘ, ਜਸਵੀਰ ਸਿੰਘ ਜੱਸਾ, ਦੇਵੀ ਦਿਆਲ ਸ਼ਰਮਾ, ਸਾਥੀ ਰਾਜ ਕੁਮਾਰ ਅਤੇ ਕਰਮ ਸਿੰਘ ਵਕੀਲ ਨੇ ਮਈ ਦਿਵਸ ਦੀ ਮਹੱਤਤਾ, ਸੰਘਰਸ਼ਮਈ ਇਤਿਹਾਸ ਅਤੇ ਮੌਜੂਦਾ ਸਮੇਂ ਵਿਚ ਕਿਰਤੀਆਂ ਨੂੰ ਦਰਪੇਸ਼ ਚੁਣੌਤੀਆਂ ਦਾ ਵਿਸਥਾਰ ਪੂਰਵਕ ਜ਼ਿਕਰ ਕੀਤਾ। ਬੁਲਾਰਿਆਂ ਨੇ ਮੁਨਾਫ਼ਾਖੋਰ ਕਾਰਪੋਰੇਟਰਾਂ ਤੇ ਮਜ਼ਦੂਰ ਵਿਰੋਧੀ ਸਨਅਤਕਾਰਾਂ ਦੇ ਮਨਸੂਬਿਆਂ ਤੋਂ ਸੁਚੇਤ ਰਹਿ ਕੇ, ਕਿਰਤੀਆਂ ਦੇ ਹੱਕਾਂ ਦੀ ਰਾਖੀ ਲਈ ਲਗਾਤਾਰ ਅਤੇ ਸਾਰਥਕ ਸੰਘਰਸ਼ ਜਾਰੀ ਰੱਖਣ ਦਾ ਸੰਦੇਸ਼ ਦਿੱਤਾ।

ਸਾਥੀ ਬਰਾੜ ਨੇ ਕਿਹਾ ਕਿ ਮਈ ਦਿਵਸ ਮੌਕੇ ਹਰ ਧਰਮ, ਹਰ ਜਾਤ-ਬਰਾਦਰੀ ਅਤੇ ਦੁਨੀਆ ਦੇ ਸਭ ਗੋਰੇ-ਕਾਲੇ ਲੋਕ ਮਈ ਦਿਹਾੜੇ ਦੀ ਮਹੱਤਤਾ ਸਮਝਦੇ ਹੋਏ, ਹਰ ਸਾਲ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਦੇ ਹਨ। ਉਨ੍ਹਾ ਕਿਹਾ ਕਿ ਕਿਰਤੀਆਂ ਨੂੰ ਆਪਣੇ ਹੱਕਾਂ ਪ੍ਰਤੀ ਹਮੇਸ਼ਾ ਜਾਗਰੂਕ ਰਹਿਣਾ ਚਾਹੀਦਾ ਹੈ ਅਤੇ ਲੋੜ ਪੈਣ ਉਤੇ ਸੰਘਰਸ਼ ਕਰਨ ਤੋਂ ਗੁਰੇਜ਼ ਨਹੀਂ ਕਰਨਾ ਚਾਹੀਦਾ। ਸਨਅਤਕਾਰ ਅਤੇ ਕਾਰਪੋਰੇਟ ਅਦਾਰੇ ਅਪਣੇ ਹਿੱਤ ਅੱਗੇ ਰੱਖ ਕੇ ਕਿਰਤੀਆਂ ਦਾ ਸ਼ੋਸਣ ਕਰਦੇ ਹਨ। ਕਿਰਤੀਆਂ ਉਤੇ ਅਤਿਆਚਾਰ ਕਰਦੇ ਹਨ ਅਤੇ ਅਨੇਕਾਂ ਸੰਘਰਸ਼ ਕਰਕੇ ਪ੍ਰਾਪਤ ਕੀਤੇ ਹੱਕ ਜਿਵੇਂ ਕਿ 8 ਘੰਟੇ ਦੀ ਡਿਊਟੀ, ਬੋਨਸ, ਵਰਦੀ, ਓਵਰਟਾਇਮ, ਯੂਨੀਅਨ ਬਣਾਉਣ ਦਾ ਹੱਕ, ਸਾਫ-ਸੁਥਰਾ ਅਤੇ ਸੁਰਖਿਅਤ ਕੰਮ ਥਾਂ ਦੇਣਾ ਆਦਿ ਬਦਲਦੇ ਜਾ ਰਹੇ ਹਨ। ਮੋਦੀ ਸਰਕਾਰ ਨੇ ਨਵੇਂ ਕਿਰਤ ਕੋਡ ਬਣਾਕੇ ਦੋ ਦਰਜਨ ਤੋਂ ਵੱਧ ਕਿਰਤੀ ਹਿਤੈਸ਼ੀ ਕਾਨੂੰਨ ਰੱਦ ਕਰ ਦਿੱਤੇ ਹਨ। ਅਫਸੋਸ ਕਿ




ਖੇਤੀ ਕਾਨੂੰਨ ਅਤੇ ਕਿਰਤ ਕੋਡ ਬਣਾਉਣ ਤੋਂ ਪਹਿਲਾਂ ਸੰਬੰਧਤ ਧਿਰਾਂ ਨਾਲ ਉਚਿਤ ਸਮਾਂ ਦੇ ਕੇ ਵਿਚਾਰ-ਵਟਾਂਦਰਾ ਵੀ ਨਹੀਂ ਕੀਤਾ ਗਿਆ ਅਤੇ ਨਾ ਹੀ ਰਾਏ ਲਈ ਗਈ।ਅਸਲ ਵਿਚ ਕਿਰਤੀ ਦੋਖੀ ਮੋਦੀ ਸਰਕਾਰ ਤਾਂ ਲੋਕ

• ਬਾਕੀ ਸਫਾ 2 'ਤੇ

# ਘੱਟੋ-ਘੱਟ ਉਜਰਤ 'ਚ 15 ਫੀਸਦੀ ਦਾ ਨਿਗੂਣਾ ਵਾਧਾ ਕੋਝਾ ਮਜ਼ਾਕ : ਬਰਾੜ, ਧਾਲੀਵਾਲ





**ਪਟਿਆਲਾ** : ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਮਜ਼ਦੂਰ ਦਿਹਾੜੇ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਵਿੱਚ ਘੱਟੋ-ਘੱਟ ਉਜਰਤਾਂ ਵਿੱਚ 15 ਫੀਸਦੀ ਦਾ ਨਿਗੂਣਾ ਵਾਧਾ (ਭਾਵ ਕਿ 1700 ਰੁਪਏ ਪ੍ਰਤੀ ਮਹੀਨੇ) ਕਰਨ ਨੂੰ ਮਜ਼ਦੂਰਾਂ ਨਾਲ ਧੋਖਾ ਅਤੇ ਕੋਝਾ ਮਜ਼ਾਕ ਕਰਾਰ ਦਿੰਦਿਆਂ ਇਸਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ ਅਤੇ ਐਲਾਨ ਕੀਤਾ ਹੈ ਕਿ ਪੰਜਾਬ ਏਟਕ ਅਤੇ ਪ ਸ ਸ ਫ 1680, 22-ਬੀ ਵੱਲੋਂ 5 ਮਈ ਨੂੰ ਸਾਰੇ ਪੰਜਾਬ ਦੇ ਜ਼ਿਲ੍ਹਿਆਂ, ਤਹਿਸੀਲਾਂ ਅਤੇ ਸਨਅਤੀ ਕੇਂਦਰਾਂ 'ਤੇ ਪੰਜਾਬ ਸਰਕਾਰ ਦੇ ਪੁਤਲੇ ਸਾੜੇ ਜਾਣਗੇ ਤੇ ਰੋਸ ਮੁਜ਼ਾਹਰੇ/ਰੈਲੀਆਂ ਕੀਤੀਆਂ ਜਾਣਗੀਆਂ। ਇਹ ਸਿਲਸਿਲਾ ਲਗਾਤਾਰ 18 ਮਈ ਤੱਕ ਜਾਰੀ ਰੱਖਿਆ ਜਾਵੇਗਾ। 19 ਮਈ ਨੂੰ ਹਜ਼ਾਰਾਂ ਦੀ ਗਿਣਤੀ ਵਿੱਚ ਪੰਜਾਬ ਦੇ ਮੁਲਾਜ਼ਮਾਂ ਤੇ ਮਜ਼ਦੂਰਾਂ ਵੱਲੋਂ ਲੇਬਰ ਭਵਨ ਮੁਹਾਲੀ ਦੇ ਸਾਹਮਣੇ ਵਿਸ਼ਾਲ ਰੋਸ ਰੈਲੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਤੋਂ ਇਹ ਵੀ ਉਮੀਦ ਸੀ ਕਿ ਉਹ ਆਪਣੀ ਡਿਗਦੀ ਸਾਖ ਨੂੰ ਬਚਾਉਣ ਲਈ ਅਤੇ ਪੰਜਾਬ ਦੇ ਲੱਖਾਂ ਮੁਲਾਜ਼ਮਾਂ-ਮਜ਼ਦੂਰਾਂ ਦੇ ਮਨਾਂ ਵਿੱਚ ਜੋ ਸਰਕਾਰ ਦੇ ਵਿਰੁੱਧ ਵਾਜਬ ਕਾਨੂੰਨੀ ਅਤੇ

• ਬਾਕੀ ਸਫਾ 2 'ਤੇ

# ਭੁੱਲਰ ਦੇ ਪੀ ਏ ਦੀ ਪੇਸ਼ਗੀ ਜ਼ਮਾਨਤ ਦੀ ਅਰਜ਼ੀ ਰੱਦ

**ਅੰਮ੍ਰਿਤਸਰ** : ਜ਼ਿਲ੍ਹਾ ਅਤੇ ਸੈਸ਼ਨ ਕੋਰਟ ਨੇ ਸ਼ੁੱਕਰਵਾਰ ਡਾ. ਗਗਨਦੀਪ ਸਿੰਘ ਰੰਧਾਵਾ ਖੁਦਕੁਸ਼ੀ ਮਾਮਲੇ ਦੇ ਤੀਜੇ ਮੁਲਜ਼ਮ ਦਿਲਬਾਗ ਸਿੰਘ ਦੀ ਅਗਾਊਂ ਜ਼ਮਾਨਤ ਦੀ ਅਰਜ਼ੀ ਖਾਰਜ ਕਰ ਦਿੱਤੀ। ਉਹ ਮਾਮਲੇ ਵਿੱਚ ਮੁੱਖ ਸ਼ੱਕੀ ਅਤੇ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਨਿੱਜੀ ਸਹਾਇਕ ਸੀ।ਭੁੱਲਰ ਇਸ ਸਮੇਂ ਨਿਆਂਇਕ ਹਿਰਾਸਤ ਵਿੱਚ ਹੈ। ਦਿਲਬਾਗ ਸਿੰਘ ਮਾਰਕੀਟ ਕਮੇਟੀ ਪੱਟੀ ਦਾ ਚੇਅਰਮੈਨ ਵੀ ਸੀ।ਅਗਾਊਂ ਜ਼ਮਾਨਤ ਅਰਜ਼ੀ ਵਿੱਚ, ਉਸਨੇ ਦਾਅਵਾ ਕੀਤਾ ਸੀ ਕਿ ਉਸਨੂੰ ਇਸ ਮਾਮਲੇ ਵਿੱਚ ਝੂਠਾ ਫਸਾਇਆ ਗਿਆ।23 ਅਪਰੈਲ ਨੂੰ, ਇਸੇ ਅਦਾਲਤ ਨੇ ਖੁਦਕੁਸ਼ੀ ਮਾਮਲੇ ਵਿੱਚ ਲਾਲਜੀਤ ਭੁੱਲਰ ਦੇ ਪਿਤਾ ਸੁਖਦੇਵ ਸਿੰਘ ਦੀ ਅਗਾਊਂ ਜ਼ਮਾਨਤ ਵੀ ਰੱਦ ਕਰ ਦਿੱਤੀ ਸੀ।ਭੁੱਲਰ ਨੂੰ 23 ਮਾਰਚ ਨੂੰ ਮੰਡੀ ਗੋਬਿੰਦਗੜ੍ਹ ਤੋਂ ਗ੍ਰਿਫਤਾਰ ਕੀਤਾ ਗਿਆ ਸੀ, ਪਰ ਬਾਕੀ ਮੁਲਜ਼ਮ ਫਰਾਰ ਹਨ।ਰੰਧਾਵਾ ਦੀ ਪਤਨੀ ਉਪਿੰਦਰ ਕੌਰ ਨੇ ਪੁਲਸ ਜਾਂਚ 'ਤੇ ਅਸੰਤੁਸ਼ਟੀ ਪ੍ਰਗਟਾਉਂਦਿਆਂ ਫਰਾਰ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਨ ਵਿੱਚ ਕੋਈ ਕਾਰਵਾਈ ਨਾ ਕਰਨ ਦਾ ਦੋਸ਼ ਲਗਾਇਆ ਹੈ।ਪੁਲਸ ਰੰਧਾਵਾ 'ਤੇ ਹਮਲਾ ਕਰਨ ਲਈ ਵਰਤੀ ਗਈ ਪਿਸਤੌਲ, ਭੁੱਲਰ ਦਾ ਮੋਬਾਈਲ ਫੋਨ ਅਤੇ ਸੀ ਸੀ ਟੀ ਵੀ ਕੈਮਰਿਆਂ ਦੇ ਡੀ ਵੀ ਆਰ ਦੀ ਹਾਰਡ ਡਿਸਕ ਵੀ ਬਰਾਮਦ ਕਰਨ ਵਿੱਚ ਅਸਫਲ ਰਹੀ ਹੈ।

# ਪਵਨ ਖੇੜਾ ਨੂੰ ਸੁਪਰੀਮ ਕੋਰਟ ਤੋਂ ਮਿਲੀ ਰਾਹਤ

**ਨਵੀਂ ਦਿੱਲੀ** : ਗ੍ਰਿਫਤਾਰੀ ਦੇ ਖਤਰੇ ਦਾ ਸਾਹਮਣਾ ਕਰ ਰਹੇ ਕਾਂਗਰਸੀ ਆਗੂ ਪਵਨ ਖੇੜਾ ਨੂੰ ਸੁਪਰੀਮ ਕੋਰਟ ਨੇ ਅਗਾਊਂ ਜ਼ਮਾਨਤ ਦੇ ਦਿੱਤੀ ਹੈ। ਅਸਾਮ ਦੇ ਮੁੱਖ ਮੰਤਰੀ ਹਿਮੰਤਾ ਬਿਸਵਾ ਸਰਮਾ ਦੀ ਪਤਨੀ ਕੋਲ ਕਈ ਪਾਸਪੋਰਟ ਅਤੇ ਵਿਦੇਸ਼ਾਂ ਵਿੱਚ ਅਣਦੱਸੀਆਂ ਜਾਇਦਾਦਾਂ ਹੋਣ ਦੇ ਦੋਸ਼ ਲਾਉਣ 'ਤੇ ਖੇੜਾ ਵਿਰੁੱਧ ਕੇਸ ਦਰਜ ਕੀਤਾ ਗਿਆ ਸੀ।

ਜਸਟਿਸ ਜੇ ਕੇ ਮਹੇਸ਼ਵਰੀ ਅਤੇ ਜਸਟਿਸ ਏ ਐੱਸ ਚਾਂਦੁਰਕਰ ਦੀ ਬੈਂਚ ਨੇ ਕਿਹਾ ਕਿ ਮੌਜੂਦਾ ਮਾਮਲੇ ਵਿੱਚ ਦੋਸ਼ ਅਤੇ ਜਵਾਬੀ ਦੋਸ਼ ਸਿਆਸਤ ਤੋਂ ਪ੍ਰੇਰਤ ਅਤੇ ਸਿਆਸੀ ਦੁਸ਼ਮਣੀ ਤੋਂ ਪ੍ਰਭਾਵਤ ਜਾਪਦੇ ਹਨ, ਨਾ ਕਿ ਅਜਿਹੀ ਸਥਿਤੀ, ਜੋ ਹਿਰਾਸਤ ਵਿੱਚ ਪੁੱਛਗਿੱਛ ਦੀ ਮੰਗ ਕਰਦੀ ਹੋਵੇ; ਦੋਸ਼ਾਂ ਦੀ ਸੱਚਾਈ ਦੀ ਪਰਖ ਟ੍ਰਾਇਲ ਦੌਰਾਨ ਕੀਤੀ ਜਾ ਸਕਦੀ ਹੈ।

ਗੁਹਾਟੀ ਹਾਈ ਕੋਰਟ ਨੇ 24 ਅਪਰੈਲ ਨੂੰ ਖੇੜਾ ਦੀ ਅਰਜ਼ੀ ਰੱਦ ਕਰ ਦਿੱਤੀ ਸੀ। ਸੁਪਰੀਮ ਕੋਰਟ ਨੇ ਖੇੜਾ ਨੂੰ ਜਾਂਚ ਵਿੱਚ ਸਹਿਯੋਗ ਕਰਨ ਅਤੇ ਲੋੜ ਪੈਣ 'ਤੇ ਪੁਲਸ ਸਟੇਸ਼ਨ ਵਿੱਚ ਪੇਸ਼ ਹੋਣ ਦੇ ਨਿਰਦੇਸ਼ ਦਿੱਤੇ ਹਨ। ਅਦਾਲਤ ਨੇ ਉਸਨੂੰ ਜਾਂਚ ਜਾਂ ਟ੍ਰਾਇਲ ਦੌਰਾਨ ਸਬੂਤਾਂ ਨਾਲ ਛੇੜਛਾੜ ਨਾ ਕਰਨ ਅਤੇ ਸਮਰੱਥ ਅਦਾਲਤ ਦੀ ਇਜਾਜ਼ਤ ਤੋਂ ਬਿਨਾਂ ਭਾਰਤ ਨਾ ਛੱਡਣ ਦਾ ਵੀ ਹੁਕਮ ਦਿੱਤਾ ਹੈ

ਸੁਪਰੀਮ ਕੋਰਟ ਨੇ ਨੋਟ ਕੀਤਾ ਕਿ ਨਿੱਜੀ ਆਜ਼ਾਦੀ ਦਾ ਅਧਿਕਾਰ ਇੱਕ ਬੁਨਿਆਦੀ ਅਧਿਕਾਰ ਹੈ ਅਤੇ ਇਸ ਤੋਂ ਵਾਂਝੇ ਕਰਨ ਲਈ ਉੱਚੇ ਮਾਪਦੰਡ ਹੋਣੇ ਚਾਹੀਦੇ ਹਨ, ਖਾਸ ਕਰਕੇ ਜਿੱਥੇ ਹਾਲਾਤ ਸਿਆਸੀ ਰੰਗਤ ਵੱਲ ਇਸ਼ਾਰਾ ਕਰਦੇ ਹੋਣ।ਬੈਂਚ ਨੇ ਹਾਈ ਕੋਰਟ ਦੇ ਹੁਕਮ ਵਿੱਚ ਨੁਕਸ ਕੱਢਦਿਆਂ ਕਿਹਾ ਕਿ ਅਗਾਊਂ ਜ਼ਮਾਨਤ ਦੀ ਅਰਜ਼ੀ 'ਤੇ ਫੈਸਲਾ ਕਰਦੇ ਸਮੇਂ ਨਿਰਪੱਖ ਜਾਂਚ ਅਤੇ ਸੰਵਿਧਾਨ ਦੀ ਧਾਰਾ 21 ਤਹਿਤ ਨਿੱਜੀ ਆਜ਼ਾਦੀ ਦੇ ਵਿਚਕਾਰ ਸੰਤੁਲਨ ਬਣਾਉਣਾ ਜ਼ਰੂਰੀ ਹੈ।

## ਕਮਰਸ਼ੀਅਲ ਸਿਲੰਡਰ 993 ਮਹਿੰਗਾ

**ਨਵੀਂ ਦਿੱਲੀ** : 19 ਕਿੱਲੋ ਦੇ ਕਮਰਸ਼ੀਅਲ ਐੱਲ ਪੀ ਜੀ ਸਿਲੰਡਰ ਦੀ ਕੀਮਤ ਵਿੱਚ ਸ਼ੁੱਕਰਵਾਰ 993 ਰੁਪਏ ਦਾ ਵਾਧਾ ਕਰ ਦਿੱਤਾ ਗਿਆ, ਜਿਸ ਨਾਲ ਦਿੱਲੀ ਵਿੱਚ ਇਸ ਦੀ ਕੀਮਤ 3,071.50 ਰੁਪਏ ਹੋ ਗਈ ਹੈ।5 ਕਿੱਲੋ ਦੇ ਐੱਫ ਟੀ ਐੱਲ (ਫ੍ਰੀ ਟਰੇਡ ਐੱਲ ਪੀ ਜੀ) ਸਿਲੰਡਰ ਦੀ ਕੀਮਤ ਵਿੱਚ ਵੀ ਤੁਰੰਤ ਪ੍ਰਭਾਵ ਨਾਲ 261 ਰੁਪਏ ਪ੍ਰਤੀ ਸਿਲੰਡਰ ਦਾ ਵਾਧਾ ਕੀਤਾ ਗਿਆ ਹੈ।14.2 ਕਿੱਲੋ ਦੇ ਘਰੇਲੂ ਐੱਲ ਪੀ ਜੀ ਸਿਲੰਡਰ ਦੀ ਕੀਮਤ ਵਿੱਚ ਕੋਈ ਬਦਲਾਅ ਨਹੀਂ ਹੋਇਆ।

## ਗੁਰਪਤਵੰਤ ਪਨੂੰ ਦੇ ਚੁੱਕੇ ਸਾਢੇ ਪੰਜ ਸਾਲਾਂ ਲਈ ਅੰਦਰ

**ਮੁਹਾਲੀ** : ਸਥਾਨਕ ਐੱਨ ਆਈ ਏ ਵਿਸ਼ੇਸ਼ ਅਦਾਲਤ ਨੇ 14 ਅਗਸਤ 2020 ਨੂੰ ਮੋਗਾ ਦੇ ਡਿਪਟੀ ਕਮਿਸ਼ਨਰ ਦਫਤਰ 'ਤੇ ਖਾਲਿਸਤਾਨੀ ਝੰਡਾ ਲਹਿਰਾਉਣ ਅਤੇ ਤਿਰੰਗੇ ਦਾ ਅਪਮਾਨ ਕਰਨ ਦੇ ਮਾਮਲੇ ਵਿੱਚ ਇੰਦਰਜੀਤ ਸਿੰਘ ਤੇ ਜਸਪਾਲ ਸਿੰਘ (ਵਾਸੀ ਮੋਗਾ) ਨੂੰ ਪੰਜ ਸਾਲ ਛੇ ਮਹੀਨੇ ਦੀ ਕੈਦ ਅਤੇ 16-16 ਹਜ਼ਾਰ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ। ਜਾਂਚ ਮੁਤਾਬਕ ਇਹ ਸਾਰੀ ਸਾਜ਼ਿਸ਼ 'ਸਿੱਖਸ ਫਾਰ ਜਸਟਿਸ' ਦੇ ਮੁਖੀ ਗੁਰਪਤਵੰਤ ਸਿੰਘ ਪਨੂੰ ਦੇ ਇਸ਼ਾਰੇ 'ਤੇ ਘੜੀ ਗਈ ਸੀ। ਦੋਸ਼ੀਆਂ ਨੇ ਤਿਰੰਗੇ ਝੰਡੇ ਦੀ ਰੱਸੀ ਕੱਟ ਕੇ ਉਸ ਨੂੰ ਹੇਠਾਂ ਸੁੱਟ ਦਿੱਤਾ ਸੀ ਅਤੇ ਉਸ ਦੀ ਬੇਅਦਬੀ ਕੀਤੀ ਸੀ।

## 'ਸੁਪਰ ਖਾਲਸਾ' ਆਪ 'ਚ



**ਚੰਡੀਗੜ੍ਹ** : 'ਇੰਡੀਆਜ਼ ਸਟ੍ਰੌਂਗੈਸਟ ਮੈਨ' ਦਾ ਖਿਤਾਬ ਜਿੱਤਣ ਵਾਲੇ ਇੰਦਰਪ੍ਰੀਤ ਸਿੰਘ (ਸੁਪਰ ਖਾਲਸਾ) ਸ਼ੁੱਕਰਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਮੁੱਖ ਮੰਤਰੀ ਦੇ ਓ.ਐੱਸ.ਡੀ. ਰਾਜਬੀਰ ਸਿੰਘ ਘੁੰਮਣ ਨੇ ਇੰਦਰਪ੍ਰੀਤ ਸਿੰਘ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕੀਤਾ।ਇੰਦਰਪ੍ਰੀਤ ਸਿੰਘ ਪ੍ਰੋ-ਰੇਸਲਿੰਗ ਦੇ ਹੈਵੀਵੇਟ ਚੈਂਪੀਅਨ ਹਨ ਅਤੇ ਪੰਜਾਬ ਸਟੇਟ ਪਾਵਰਲਿਫਟਿੰਗ ਵਿੱਚ ਚਾਰ ਵਾਰ ਸੋਨ ਤਗਮਾ ਜਿੱਤ ਚੁੱਕੇ ਹਨ।

# ਸੁੱਖਾ ਕਾਹਲਵਾਂ ਦੇ ਕਰੀਬੀ ਰਹੇ ਗੁਰਪ੍ਰੀਤ ਗੋਪੀ ਦੀ ਹੱਤਿਆ

**ਫਗਵਾੜਾ** : ਸ਼ੁੱਕਰਵਾਰ ਤੜਕੇ ਪੌਣੇ ਚਾਰ ਵਜੇ ਢਿੱਲਵਾਂ ਇਲਾਕੇ ਵਿੱਚ ਜੈਰਾਮਪੁਰ ਪਿੰਡ ਦੇ ਗੁਰਪ੍ਰੀਤ ਸਿੰਘ ਉਰਫ ਗੋਪੀ ਨਿੱਝਰ ਨੂੰ ਅਣਪਛਾਤਿਆਂ ਨੇ ਅੰਨ੍ਹੇਵਾਹ ਗੋਲੀਆਂ ਚਲਾ ਕੇ ਮਾਰ ਦਿੱਤਾ, ਜਦੋਂ ਉਹ ਆਪਣੀ ਕਾਰ ਦੀ ਡਰਾਈਵਿੰਗ ਸੀਟ 'ਤੇ ਬੈਠਾ ਸੀ। ਹਮਲਾ ਜੀ ਟੀ ਰੋਡ 'ਤੇ ਸਥਿਤ ਏਵਨ ਪੈਲੇਸ ਦੇ ਨੇੜੇ ਹੋਇਆ।

ਚਸ਼ਮਦੀਦਾਂ ਅਨੁਸਾਰ ਹਮਲਾਵਰਾਂ ਨੇ ਗੱਡੀ ਦੇ ਸਾਹਮਣੇ ਤੋਂ ਆ ਕੇ ਵਿੰਡਸ਼ੀਲਡ ਰਾਹੀਂ ਕਈ ਰਾਊਂਡ ਫਾਇਰ ਕੀਤੇ, ਜਿਸ ਨਾਲ ਗੁਰਪ੍ਰੀਤ ਨੂੰ ਬਚਣ ਦਾ ਕੋਈ ਮੌਕਾ ਨਹੀਂ ਮਿਲਿਆ ਅਤੇ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ।ਗੁਰਪ੍ਰੀਤ ਸਿੰਘ ਗੈਂਗਸਟਰ ਸੁੱਖਾ ਕਾਹਲਵਾਂ ਦੇ ਕਰੀਬੀ ਸਾਥੀ ਵਜੋਂ ਜਾਣਿਆ ਜਾਂਦਾ ਸੀ ਅਤੇ ਕਥਿਤ ਤੌਰ 'ਤੇ ਉਸ ਦੇ ਕਤਲ ਕੇਸ ਵਿੱਚ ਆਖਰੀ ਬਚਿਆ ਹੋਇਆ ਗਵਾਹ ਸੀ। ਕਈ ਹੋਰ ਗਵਾਹ ਪਹਿਲਾਂ ਹੀ ਮੁੱਕਰ ਚੁੱਕੇ ਸਨ ਪਰ ਗੁਰਪ੍ਰੀਤ ਆਪਣੀ ਗਵਾਹੀ 'ਤੇ ਕਾਇਮ ਸੀ, ਜਿਸ ਕਾਰਨ ਉਹ ਚੱਲ ਰਹੀ ਕਾਨੂੰਨੀ ਕਾਰਵਾਈ ਵਿੱਚ ਇੱਕ ਮਹੱਤਵਪੂਰਨ ਕੜੀ ਸੀ।ਇਸ ਮਾਮਲੇ ਵਿੱਚ ਇੱਕ ਨਵਾਂ ਮੋੜ ਉਦੋਂ ਆਇਆ ਜਦੋਂ ਸੋਸ਼ਲ ਮੀਡੀਆ 'ਤੇ ਵਿਰੋਧੀ ਗੈਂਗ ਦੇ ਮੈਂਬਰਾਂ ਵਜੋਂ ਆਪਣੀ ਪਛਾਣ ਦੱਸਣ ਵਾਲੇ ਵਿਅਕਤੀਆਂ ਨੇ ਇਸ ਕਤਲ ਦੀ ਜ਼ਿੰਮੇਵਾਰੀ ਲਈ।ਡੋਨੀ ਬੱਲ ਅਤੇ ਉਸ ਦੇ ਸਾਥੀਆਂ ਵੱਲੋਂ ਕਥਿਤ ਤੌਰ 'ਤੇ ਪਾਈ ਗਈ ਪੋਸਟ ਵਿੱਚ ਇਸ ਹੱਤਿਆ ਨੂੰ ਪੁਰਾਣੀ ਦੁਸ਼ਮਣੀ ਦਾ ਬਦਲਾ ਦੱਸਿਆ ਗਿਆ ਹੈ।

ਉਨ੍ਹਾਂ ਵਿਰੋਧੀ ਧੜਿਆਂ ਨਾਲ ਸੰਬੰਧਾਂ ਅਤੇ ਗੈਂਗਸਟਰ ਵਿੱਕੀ ਗੌਂਡਰ ਸਮੇਤ ਪਿਛਲੇ ਕਤਲਾਂ ਦਾ ਹਵਾਲਾ ਦਿੱਤਾ ਹੈ। 2015 ਵਿੱਚ ਸੁੱਖਾ ਕਾਹਲਵਾਂ ਨੂੰ ਅਦਾਲਤੀ ਸੁਣਵਾਈ ਤੋਂ ਨਾਭਾ ਜੇਲ੍ਹ ਲਿਜਾਂਦੇ ਸਮੇਂ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ।

## ਅੱਜ-ਨਾਮਾ

ਆਉਂਦੀ ਚੰਗੀ ਨਾ ਖਬਰ ਈਰਾਨ ਵਾਲੀ,
ਦਬਕਾ ਸਖਤ ਟਰੰਪ ਰਿਹਾ ਮਾਰ ਮੀਆਂ।
ਹਵਾਈ ਹਮਲਿਆਂ ਤੋਂ ਥੋੜ੍ਹਾ ਜਾਊ ਅੱਗੇ,
ਸਿੱਧਾ ਲੜਨ ਲਈ ਫੌਜ ਤਿਆਰ ਮੀਆਂ।
ਆਖਦਾ ਏਦਾਂ ਦੀ ਕਰਨੀ ਹੈ ਕਾਰਵਾਈ,
ਹੋਵੇਗੀ ਜਲਦ ਈਰਾਨ ਦੀ ਹਾਰ ਮੀਆਂ।
ਮਾਰਿਆ ਦਾਬਾ ਟਰੰਪ ਈਰਾਨ ਦੇ ਲਈ,
ਖੜਕੀ ਰੂਸੀਆਂ ਤੱਕ ਇਹ ਤਾਰ ਮੀਆਂ।
ਪਹਿਲੀ ਵਾਰ ਆ ਰੂਸੀਆਂ ਕਿਹਾ ਸਿੱਧਾ,
ਹਰਕਤ ਟਰੰਪ ਦੀ ਏਡੀ ਪ੍ਰਵਾਨ ਨਾਹੀਂ।
ਪਊਗਾ ਸੋਚਣਾ ਅੱਗੋਂ ਅਮਰੀਕੀਆਂ ਨੂੰ,
ਸੁਖਾਲਾ ਏਨਾ ਵੀ ਰਿਹਾ ਮੈਦਾਨ ਨਾਹੀਂ।

-ਤੀਸ ਮਾਰ ਖਾਂ

# ਨਾ ਦੇਖ ਸਕਦੀ ਤੇ ਨਾ ਸੁਣ, ਨੰਬਰ 98.75 ਫੀਸਦੀ



**ਲਖਨਊ** : ਇੱਥੋਂ ਦੀ 19 ਸਾਲਾ ਸਾਰਾ ਮੋਈਨ ਨੇ ਆਈ ਐੱਸ ਸੀ 12ਵੀਂ ਦੀ ਪ੍ਰੀਖਿਆ ਵਿੱਚ 98.75 ਫੀਸਦੀ (ਬੈਸਟ ਆਫ ਫੋਰ) ਅੰਕ ਹਾਸਲ ਕਰ ਕੇ ਸਭ ਨੂੰ ਹੈਰਾਨ ਕਰ ਦਿੱਤਾ ਹੈ। ਸਾਰਾ ਨਾ ਤਾਂ ਦੇਖ ਸਕਦੀ ਹੈ ਅਤੇ ਨਾ ਹੀ ਸੁਣ ਸਕਦੀ ਹੈ ਅਤੇ ਉਹ ਸਾਰਕੋਇਡੋਸਿਸ ਨਾਮਕ ਇੱਕ ਦੁਰਲੱਭ ਬਿਮਾਰੀ ਨਾਲ ਵੀ ਲੜ ਰਹੀ ਹੈ।ਸਾਰਾ ਦੇ ਨਤੀਜੇ ਉਸ ਦੀ ਮਿਹਨਤ ਦੀ ਗਵਾਹੀ ਭਰਦੇ ਹਨ । ਉਸਨੇ ਭੂਗੋਲ 'ਚ 100 ਚੋਂ 100, ਮਾਸ ਮੀਡੀਆ 'ਚ 100 'ਚੋਂ 100, ਅੰਗਰੇਜ਼ੀ 'ਚ 100 'ਚੋਂ 98, ਇਤਿਹਾਸ 'ਚ 100 'ਚੋਂ 97 ਤੇ ਮਨੋਵਿਗਿਆਨ 'ਚ 100 'ਚੋਂ 96 ਅੰਕ ਹਾਸਲ ਕੀਤੇ।

ਸਾਰਾ ਆਪਣੀ ਪੜ੍ਹਾਈ ਲਈ ਬਰੇਲ ਡਿਸਪਲੇਅ ਅਤੇ ਔਰਬਿਟ ਰੀਡਰ ਵਰਗੀਆਂ ਸਹਾਇਕ ਮਸ਼ੀਨਾਂ ਦੀ ਵਰਤੋਂ ਕਰਦੀ ਹੈ। ਇਹ ਯੰਤਰ ਕੰਪਿਊਟਰ ਜਾਂ ਡਿਜੀਟਲ ਲਿਖਤ ਨੂੰ ਪੜ੍ਹਨਯੋਗ ਉਭਰਵੀਂ ਲਿਪੀ ਵਿੱਚ ਬਦਲ ਦਿੰਦੇ ਹਨ, ਜਿਸ ਨਾਲ ਉਹ ਸੁਤੰਤਰ ਤੌਰ 'ਤੇ ਪੜ੍ਹ ਅਤੇ ਲਿਖ ਸਕਦੀ ਹੈ। ਸਾਰਾ ਦੇ ਪਿਤਾ ਮੋਈਨ ਅਹਿਮਦ ਇਦਰੀਸੀ ਨੇ ਦੱਸਿਆ ਕਿ ਉਨ੍ਹਾਂ ਦੀ ਬੇਟੀ ਆਈ ਏ ਐੱਸ ਅਫਸਰ ਬਣ ਕੇ ਸਮਾਜ ਦੀ ਸੇਵਾ ਕਰਨਾ ਚਾਹੁੰਦੀ ਹੈ, ਖਾਸ ਕਰਕੇ ਅਪਾਹਜ ਬੱਚਿਆਂ ਲਈ ਕੰਮ ਕਰਨਾ ਚਾਹੁੰਦੀ ਹੈ। ਸਾਰਾ ਨੇ 10ਵੀਂ ਜਮਾਤ ਵਿੱਚ ਵੀ 94 ਫੀਸਦੀ ਅੰਕ ਹਾਸਲ ਕੀਤੇ ਸਨ।ਸਾਰਾ ਦੇ ਪਿਤਾ ਨੇ ਪ੍ਰੀਖਿਆ ਲੈਣ ਵਾਲੀਆਂ ਸੰਸਥਾਵਾਂ ਨੂੰ ਅਪੀਲ ਕੀਤੀ ਹੈ ਕਿ ਸਾਰਾ ਵਰਗੇ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਲੈਪਟਾਪ ਅਤੇ ਬਰੇਲ ਯੰਤਰਾਂ ਦੀ ਵਰਤੋਂ ਕਰਨ ਦੀ ਇਜਾਜ਼ਤ ਦਿੱਤੀ ਜਾਵੇ। ਉਨ੍ਹਾ ਕਿਹਾ ਕਿ ਲਿਖਣ ਵਾਲਾ ਮਦਦਗਾਰ ਸਾਰਾ ਦੇ ਵਿਚਾਰਾਂ ਨੂੰ ਪੂਰੀ ਤਰ੍ਹਾਂ ਨਹੀਂ ਲਿਖ ਸਕਦਾ, ਇਸ ਲਈ ਉਸ ਨੂੰ ਆਪਣੇ ਜਵਾਬ ਖੁਦ ਦੇਣ ਲਈ ਤਕਨੀਕੀ ਸਹੂਲਤਾਂ ਦੀ ਲੋੜ ਹੈ।


ਗ੍ਰਹ ਮੰਤਰਾਲਯ ਭਾਰਤ ਸਰਕਾਰ — 2027 CENSUS OF INDIA

# ਸਾਡੀ ਜਨਗਣਨਾ, ਸਾਡਾ ਵਿਕਾਸ

**(ਜਨਗਣਨਾ 2027 ਦਾ ਪਹਿਲਾ ਗੇੜ)**

**ਸਵੈ-ਗਣਨਾ (Self-Enumeration) ਨਾਲ ਜੁੜੇ ਆਮ ਪ੍ਰਸ਼ਨ ਅਤੇ ਉੱਤਰ (ਭਾਗ-1)**

**ਸਵੈ-ਗਣਨਾ ਕੀ ਹੈ ?**

ਸਵੈ-ਗਣਨਾ ਇੱਕ ਆਨਲਾਇਨ ਪ੍ਰਕਿਰਿਆ ਹੈ, ਜਿਸ 'ਚ ਤੁਸੀਂ ਆਪਣੇ ਘਰ ਦੇ ਵੇਰਵੇ SE ਪੋਰਟਲ (se.census.gov.in) 'ਤੇ ਖੁਦ ਭਰ ਸਕਦੇ ਹੋ, ਬਿਨਾਂ ਕਿਸੇ ਗਿਣਤੀਕਾਰ ਦੀ ਉਡੀਕ ਕੀਤੇ।



**ਕੀ ਸਵੈ-ਗਣਨਾ ਲਾਜ਼ਮੀ ਹੈ**
ਨਹੀਂ, ਇਹ ਵਾਧੂ ਸੁਵਿਧਾ ਹੈ, ਜੇਕਰ ਤੁਸੀਂ ਸਵੈ-ਗਣਨਾ ਨਹੀਂ ਕਰਦੇ ਤਾਂ ਗਿਣਤੀਕਾਰ ਤੁਹਾਡੇ ਘਰ ਆ ਕੇ ਜਾਣਕਾਰੀ ਦਰਜ ਕਰਨਗੇ।

**ਕੀ ਮੈਂ ਕਿਸੇ ਵੀ ਭਾਸ਼ਾ 'ਚ ਸਵੈ-ਗਣਨਾ ਕਰ ਸਕਦਾ/ਸਕਦੀ ਹਾਂ ?**
ਇਹ ਸੁਵਿਧਾ ਹਿੰਦੀ, ਅੰਗਰੇਜ਼ੀ ਅਤੇ 14 ਭਾਰਤੀ ਭਾਸ਼ਾਵਾਂ 'ਚ ਉਪਲੱਬਧ ਹੈ

**ਕੀ ਸਵੈ-ਗਣਨਾ ਲਈ ਇੰਟਰਨੈੱਟ ਜ਼ਰੂਰੀ ਹੈ ?**
ਹਾਂ, ਪੋਰਟਲ 'ਤੇ ਪਹੁੰਚ ਕਰਨ ਅਤੇ ਜਾਣਕਾਰੀ ਭਰਨ ਲਈ ਇੰਟਰਨੈੱਟ ਜ਼ਰੂਰੀ ਹੈ।

**ਕੀ ਮੇਰੀ ਜਾਣਕਾਰੀ ਸੁਰੱਖਿਅਤ ਹੈ ?**
ਹਾਂ ਸਾਰਾ ਡਾਟਾ ਸੁਰੱਖਿਅਤ, ਏਨਕ੍ਰਿਪਟਡ ਅਤੇ ਸਰਕਾਰੀ ਸਰਵਰਾਂ 'ਤੇ ਸਟੋਰ ਕੀਤਾ ਜਾਂਦਾ ਹੈ।

**SE ID ਕੀ ਹੈ ਅਤੇ ਇਸ ਦਾ ਉਪਯੋਗ ਕੀ ਹੈ ?**
ਜਾਣਕਾਰੀ ਜਮ੍ਹਾਂ ਕਰਨ ਤੋਂ ਬਾਅਦ, ਤੁਹਾਨੂੰ ਇੱਕ ਵਿਲੱਖਣ 11 ਅੰਕਾਂ ਦਾ SE ID ਪ੍ਰਾਪਤ ਹੋਵੇਗਾ (sms/email ਰਾਹੀਂ) ਜੋ ਕਿ ਗਣਨਾਕਾਰ ਨੂੰ ਉਸਦੀ ਘਰ ਫੇਰੀ ਦੌਰਾਨ ਦਿਖਾਉਣਾ ਲਾਜ਼ਮੀ ਹੈ।

**ਜੇਕਰ SE ID ਭੁੱਲ ਜਾਣ, ਕੀ ਕਰੀਏ ?**
ਇਸ ਨੂੰ ਪੋਰਟਲ 'ਤੇ ਰਜਿਸਟਰਡ ਮੋਬਾਇਲ ਨੰਬਰ ਦੀ ਵਰਤੋਂ ਕਰਕੇ SE ID ਦੁਆਰਾ ਪ੍ਰਾਪਤ ਕੀਤਾ ਜਾ ਸਕਦਾ ਹੈ।

**ਕੀ ਸਵੈ-ਗਣਨਾ ਤੋਂ ਉਪਰੰਤ ਵੀ ਗਣਨਾਕਾਰ ਆਏਗਾ ?**
ਹਾਂ, ਗਣਨਾਕਾਰ ਤੁਹਾਡੇ ਘਰ ਆਏਗਾ ਅਤੇ SE ID ਦੇ ਆਧਾਰ 'ਤੇ ਜਾਣਕਾਰੀ ਦੀ ਪੁਸ਼ਟੀ ਕਰੇਗਾ।

**ਕੀ ਮੈਨੂੰ ਕੋਈ ਦਸਤਾਵੇਜ਼ ਅਪਲੋਡ ਕਰਨ ਦੀ ਲੋੜ ਹੈ ?**
ਨਹੀਂ ਕਿਸੇ ਵੀ ਦਸਤਾਵੇਜ਼ ਨੂੰ ਅਪਲੋਡ ਕਰਨ ਦੀ ਲੋੜ ਨਹੀਂ ਹੈ।

**ਕੀ ਪੋਰਟਲ 'ਤੇ ਮਦਦ ਉਪਲੱਬਧ ਹੈ ?**
ਹਾਂ, ਪੋਰਟਲ 'ਤੇ ਯੂਜ਼ਰ ਗਾਈਡ, ਫਲੋਚਾਰਟ, ਟਿਊਟੋਰਿਅਲ ਵੀਡੀਓ, FAQs ਅਤੇ ਟੂਲਟਿਪਸ ਦੇ ਰੂਪ 'ਚ ਸਹਾਇਤਾ ਉਪਲੱਬਧ ਹੈ।

ਟੋਲ ਫ੍ਰੀ-1855

CBC19108/13/0045/2627

ਚਲੋ ਨਿਭਾਈਏ ਆਪਣੀ ਜ਼ਿੰਮੇਵਾਰੀ, ਕਰੀਏ ਜਨਗਣਨਾ 'ਚ ਹਿੱਸੇਦਾਰੀ CensusIndia2027

# ਕੈਂਬ੍ਰਿਜ ਦੇ ਵਿਦਿਆਰਥੀਆਂ ਨੇ ਕੀਤਾ ਭੂਗੋਲ ਵਿਸ਼ੇ ਅਧੀਨ ਫੀਲਡ ਵਰਕ



**ਕੋਟ ਈਸੇ ਖਾਂ (ਅਰੋੜਾ)**-ਕੈਂਬ੍ਰਿਜ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੂੰ ਹਾਲ ਹੀ ਵਿੱਚ ਨੇੜਲੇ ਖੇਤਾਂ ਦੇ ਸਿੱਖਿਅਕ ਦੌਰੇ 'ਤੇ ਲਿਜਾਇਆ ਗਿਆ।ਇਸ ਦੌਰੇ ਦਾ ਮਕਸਦ ਵਿਦਿਆਰਥੀਆਂ ਨੂੰ ਖੇਤੀਬਾੜੀ, ਪ੍ਰਕਿਰਤੀ ਤੇ ਪਿੰਡਾਂ ਦੀ ਜੀਵਨ ਸ਼ੈਲੀ ਬਾਰੇ ਜਾਣਕਾਰੀ ਦੇਣਾ ਸੀ।ਇਹ ਦੌਰਾ ਸਭ ਲਈ ਯਾਦਗਾਰ ਤੇ ਮਨੋਰੰਜਕ ਸਾਬਿਤ ਹੋਇਆ।ਸਵੇਰੇ ਵਿਦਿਆਰਥੀ ਆਪਣੇ ਅਧਿਆਪਕਾਂ ਨਾਲ ਬੜੇ ਉਤਸ਼ਾਹ ਨਾਲ ਖੇਤਾਂ ਵਿੱਚ ਪਹੁੰਚੇ।ਮੌਸਮ ਸੁਹਾਵਣਾ ਸੀ ਤੇ ਖੁੱਲ੍ਹੀ ਹਵਾ ਨੇ ਸਭ ਦੇ ਮਨ ਨੂੰ ਪ੍ਰਸੰਨ ਕਰ ਦਿੱਤਾ।ਦੌਰੇ ਦੌਰਾਨ ਵਿਦਿਆਰਥੀਆਂ ਨੇ ਕਣਕ ਦੀ ਕਟਾਈ ਨੂੰ ਨੇੜੇ ਤੋਂ ਦੇਖਿਆ ਤੇ ਇਸ ਸੰਬੰਧੀ ਜਾਣਕਾਰੀ ਪ੍ਰਾਪਤ ਕੀਤੀ।ਕੁਝ ਵਿਦਿਆਰਥੀਆਂ ਨੇ ਕੰਬਾਈਨ ਮਸ਼ੀਨ ਨਾਲ ਕਟਾਈ ਦੇਖੀ, ਜਦਕਿ ਬੱਚਿਆਂ ਨੇ ਕਿਸਾਨਾਂ ਨਾਲ ਗੱਲਬਾਤ ਕੀਤੀ ਤੇ ਖੇਤੀ ਦੇ ਪੁਰਾਣੇ ਤਰੀਕਿਆਂ ਬਾਰੇ ਵੀ ਜਾਣਿਆ।ਅਧਿਆਪਕਾਂ ਨੇ ਬੀਜ ਬੋਣ ਤੋਂ ਲੈ ਕੇ ਫਸਲ ਕੱਟਣ ਤੱਕ ਦੀ ਪੂਰੀ ਪ੍ਰਕਿਰਿਆ ਬੱਚਿਆ ਨੂੰ ਸਮਝਾਈ।ਵਿਦਿਆਰਥੀਆਂ ਨੇ ਪ੍ਰਕਿਰਤੀ ਦੀ ਸੁੰਦਰਤਾ ਦਾ ਵੀ ਆਨੰਦ ਮਾਣਿਆ।ਇੱਥੇ ਬੱਚਿਆਂ ਨੇ ਕਈ ਤਰ੍ਹਾਂ ਦੇ ਜੀਵ ਤੇ ਪੰਛੀ ਵੀ ਦੇਖੇ ਅਤੇ ਉਨ੍ਹਾਂ ਸੰਬੰਧੀ ਜਾਣਕਾਰੀ ਵੀ ਪ੍ਰਾਪਤ ਕੀਤੀ।ਕਿਸਾਨਾਂ ਨੇ ਸਿੰਚਾਈ ਪ੍ਰਣਾਲੀ, ਖਾਦਾਂ, ਫਸਲ ਦੀ ਸੰਭਾਲ ਤੇ ਮੌਸਮੀ ਚੁਣੌਤੀਆਂ ਬਾਰੇ ਬੱਚਿਆਂ ਨੂੰ ਜਾਣਕਾਰੀ ਦਿੱਤੀ। ਵਿਦਿਆਰਥੀਆਂ ਨੇ ਧਿਆਨ ਨਾਲ ਸਭ ਕੁਝ ਸੁਣਿਆ ਤੇ ਨਵਾਂ ਗਿਆਨ ਪ੍ਰਾਪਤ ਕੀਤਾ।ਅੰਤ ਵਿੱਚ ਪ੍ਰਿੰਸੀਪਲ ਸਾਹਿਬ ਨੇ ਅਧਿਆਪਕਾਂ ਦੀ ਸ਼ਲਾਘਾ ਕੀਤੀ।

## ਏਵੀਓਰ ਕਾਨਵੈਂਟ ਸਕੂਲ ਦਾ ਦਸਵੀਂ ਤੇ ਬਾਰ੍ਹਵੀਂ ਦਾ ਨਤੀਜਾ ਸ਼ਾਨਦਾਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਏਵੀਓਰ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਕੌਂਸਲ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਾਪਤੀ ਕੀਤੀ ਹੈ। ਸਕੂਲ ਦੇ ਪ੍ਰਿੰਸੀਪਲ ਗੁਰਿੰਦਰ ਪਾਲ ਸਿੰਘ ਨੇ ਦੱਸਿਆ ਕਿ ਦਸਵੀਂ ਕਲਾਸ ਦੇ ਨਤੀਜਿਆਂ ਵਿਚ ਵਿਦਿਆਰਥਣ ਗੁਰਲੀਨ ਕੌਰ ਨੇ 95.2 ਪ੍ਰਤੀਸ਼ਤ ਅੰਕ ਪ੍ਰਾਪਤ ਕਰ ਸਕੂਲ 'ਚੋਂ ਪਹਿਲਾ, ਤਮਨਪ੍ਰੀਤ ਕੌਰ ਤੇ ਰਵਨੀਤ ਕੌਰ ਸੈਣੀ ਨੇ 94.6 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਦੂਜਾ ਤੇ ਪਰਮੀਤ ਕੌਰ ਨੇ 94.2 ਪ੍ਰਤੀਸ਼ਤ ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਕੁੱਲ 7 ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਉੱਪਰ ਅੰਕ ਹਾਸਲ ਕੀਤੇ, ਇਸ ਦੇ ਨਾਲ ਹੀ 18 ਵਿਦਿਆਰਥੀਆਂ ਨੇ 80 ਪ੍ਰਤੀਸ਼ਤ ਤੋਂ ਉੱਪਰ, 19 ਵਿਦਿਆਰਥੀਆਂ ਨੇ 70 ਪ੍ਰਤੀਸ਼ਤ ਤੋਂ ਉੱਪਰ ਤੇ 32 ਵਿਦਿਆਰਥੀਆਂ ਨੇ 60 ਪ੍ਰਤੀਸ਼ਤ ਤੋਂ ਉੱਪਰ ਅੰਕ ਪ੍ਰਾਪਤ ਕੀਤੇ। ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਕੌਂਸਲ ਵੱਲੋਂ ਐਲਾਨੇ ਗਏ ਬਾਰਵੀਂ ਕਾਲਸ ਦੇ ਨਤੀਜਿਆਂ 'ਚ ਵਿਦਿਆਰਥਣ ਅੰਜਲੀ ਮਾਨ ਨੇ 94.7 ਪ੍ਰਤੀਸ਼ਤ ਅੰਕ ਹਾਸਲ ਕਰਕੇ ਸਕੂਲ 'ਚੋਂ ਪਹਿਲਾ, ਹਰਲੀਨ ਕੌਰ ਨੇ 90.2 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ 8 ਵਿਦਿਆਰਥੀਆਂ ਨੇ 80 ਪ੍ਰਤੀਸ਼ਤ ਤੋਂ ਉੱਪਰ, 14 ਵਿਦਿਆਰਥੀਆਂ ਨੇ 70 ਪ੍ਰਤੀਸ਼ਤ ਤੋਂ ਉੱਪਰ, 22 ਵਿਦਿਆਰਥੀਆਂ ਨੇ 60 ਪ੍ਰਤੀਸ਼ਤ ਤੋਂ ਉੱਪਰ ਅੰਕ ਪ੍ਰਾਪਤ ਕੀਤੇ ਹਨ। ਸਕੂਲ ਦਾ ਨਤੀਜਾ 100 ਫੀਸਦੀ ਰਿਹਾ। ਸਕੂਲ ਦੇ ਪ੍ਰਧਾਨ ਤੇਜਿੰਦਰਪਾਲ ਸਿੰਘ ਤੇ ਉਪ ਪ੍ਰਧਾਨ ਹਰਿੰਦਰਪਾਲ ਸਿੰਘ, ਸੈਕੇਟਰੀ ਸਿਮਰਨਪ੍ਰੀਤ ਕੌਰ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ। ਸਕੂਲ ਦੇ ਚੀਫ਼ ਐਡਮਿਨ ਜਸਕਰਨ ਸਿੰਘ, ਮਹਿਕਦੀਪ ਕੌਰ ਤੇ ਕੋਆਰਡੀਨੇਟਰ ਮਨਦੀਪ ਕੌਰ ਸੇਖੋਂ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

## ਮਜ਼ਦੂਰ ਦਿਵਸ 'ਤੇ ਵਿਸ਼ੇਸ਼ ਅਸੈਂਬਲੀ ਰਾਹੀਂ ਮਿਹਨਤ ਤੇ ਸਮਾਨਤਾ ਦਾ ਸੰਦੇਸ਼



**ਹਠੂਰ (ਨਛੱਤਰ ਸੰਧੂ)**-ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਮੋਗਾ 'ਚ ਮਜ਼ਦੂਰ ਦਿਵਸ ਮੌਕੇ ਸਪੈਸ਼ਲ ਅਸੈਂਬਲੀ ਦਾ ਆਯੋਜਨ ਕੀਤਾ ਗਿਆ।ਅਸੈਂਬਲੀ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਮਜ਼ਦੂਰ ਦਿਵਸ ਦੀ ਮਹੱਤਤਾ ਬਾਰੇ ਵਿਚਾਰ ਪੇਸ਼ ਕੀਤੇ ਗਏ।ਅਧਿਆਪਕਾਂ ਦੁਆਰਾ ਭਾਸ਼ਣ ਰਾਹੀਂ ਮਿਹਨਤ ਦੀ ਮਹੱਤਤਾ ਤੇ ਮਜ਼ਦੂਰਾਂ ਦੇ ਯੋਗਦਾਨ ਨੂੰ ਉਜਾਗਰ ਕੀਤਾ ਗਿਆ।ਸਕੂਲ ਦੇ ਸਹਾਇਕ ਸਟਾਫ਼ ਬਾਰੇ ਵਿਸ਼ੇਸ਼ ਤੌਰ 'ਤੇ ਚਰਚਾ ਕੀਤੀ ਗਈ।ਉਨ੍ਹਾਂ ਦੀ ਸੇਵਾ ਲਈ ਧੰਨਵਾਦ ਪ੍ਰਗਟਾਇਆ ਗਿਆ।ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਵਿਦਿਆਰਥੀਆਂ ਨੂੰ ਮਿਹਨਤ ਦੀ ਕਦਰ ਕਰਨ ਤੇ ਕੰਮ ਕਰਨ ਵਾਲੇ ਦੀ ਇੱਜ਼ਤ ਕਰਨ ਦਾ ਸੰਦੇਸ਼ ਦਿੱਤਾ।ਇਸ ਮੌਕੇ ਮੌਜੂਦ ਸਕੂਲ ਪ੍ਰਧਾਨ ਚਰਨ ਸਿੰਘ ਸਕੂਲ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ ਨੇ ਕਿਹਾ ਕਿ ਮਜ਼ਦੂਰ ਸਾਡੇ ਸਮਾਜ ਦੀ ਰੀੜ੍ਹ ਦੀ ਹੱਡੀ ਹਨ ਤੇ ਸਾਨੂੰ ਉਨ੍ਹਾਂ ਦੇ ਯੋਗਦਾਨ ਨੂੰ ਕਦੇ ਨਹੀਂ ਭੁੱਲਣਾ ਚਾਹੀਦਾ।

## ਸਫਾਈ ਸੇਵਕਾਂ ਨੇ ਮਜ਼ਦੂਰ ਦਿਵਸ ਮਨਾਇਆ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-1 ਮਈ ਨੂੰ ਨਗਰ ਪੰਚਾਇਤ ਦਫ਼ਤਰ ਨਿਹਾਲ ਸਿੰਘ ਵਾਲਾ ਵਿਖੇ ਸਫ਼ਾਈ ਸੇਵਕ ਯੂਨੀਅਨ ਵੱਲੋਂ ਮਜ਼ਦੂਰ ਦਿਵਸ ਧੂਮਧਾਮ ਨਾਲ ਮਨਾਇਆ ਗਿਆ।ਯੂਨੀਅਨ ਦੇ ਆਗੂਆਂ ਤੇ ਮੈਂਬਰਾਂ ਨੇ ਮਜ਼ਦੂਰਾਂ ਦੇ ਹੱਕਾਂ ਅਤੇ ਇਕਜੁਟਤਾ ਦੀ ਅਹਿਮੀਅਤ ਉਤੇ ਚਰਚਾ ਕੀਤੀ।ਸਮਾਗਮ ਦੌਰਾਨ ਯੂਨੀਅਨ ਦੇ ਪ੍ਰਧਾਨ ਰੱਤੀ ਰਾਮ, ਚੇਅਰਮੈਨ ਸੁੰਦਰਪਾਲ, ਸੈਕਟਰੀ ਕ੍ਰਿਸ਼ਨ ਕੁਮਾਰ ਤੇ ਮੈਂਬਰ ਮਨੋਜ ਕੁਮਾਰ, ਪੱਪੂ ਰਾਮ, ਘਣਸਾਮ, ਰਾਮਪਾਲ ਤੇ ਰਜਿੰਦਰ ਸਿੰਘ ਸਮੇਤ ਸਮੂਹ ਸਫਾਈ ਸੇਵਕ ਯੂਨੀਅਨ ਦੇ ਮੈਂਬਰ ਹਾਜ਼ਰ ਰਹੇ।ਵਕਤਾਵਾਂ ਨੇ ਕਿਹਾ ਕਿ ਮਜ਼ਦੂਰ ਵਰਗ ਸਮਾਜ ਦੀ ਰੀੜ੍ਹ ਦੀ ਹੱਡੀ ਹੈ ਤੇ ਮਜ਼ਦੂਰ ਦਿਵਸ ਸਾਨੂੰ ਉਨ੍ਹਾਂ ਦੇ ਹੱਕਾਂ ਦੀ ਯਾਦ ਦਿਵਾਉਂਦਾ ਹੈ।ਉਨ੍ਹਾਂ ਸਾਰੇ ਮਜ਼ਦੂਰਾਂ ਨੂੰ ਇਕਜੁਟ ਰਹਿਣ ਤੇ ਆਪਣੇ ਅਧਿਕਾਰਾਂ ਲਈ ਸੰਘਰਸ਼ ਕਰਨ ਦੀ ਅਪੀਲ ਕੀਤੀ।

## ਡਾ. ਅਸ਼ਵਨੀ ਬਾਂਸਲ ਨੂੰ ਮਿਲਿਆ ਮਿਮਿਟ ਮਲੋਟ ਦੇ ਡਾਇਰੈਕਟਰ ਦਾ ਚਾਰਜ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਦੁਆਰਾ ਸਥਾਪਤ ਸੰਸਥਾ ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨੋਲੋਜੀ ਮਿਮਿਟ ਮਲੋਟ ਵਿਖੇ ਸ਼ਹਿਰ ਦੇ ਹੀ ਵਸਨੀਕ ਤੇ ਮਿਮਿਟ ਮਲੋਟ ਦੇ ਪ੍ਰੋਫੈਸਰ ਡਾ. ਅਸ਼ਵਨੀ ਬਾਂਸਲ ਨੇ ਬਤੌਰ ਡਾਇਰੈਕਟਰ ਅਹੁਦਾ ਸੰਭਾਲ ਲਿਆ ਹੈ।ਮਿਮਿਟ ਮਲੋਟ ਦੇ ਰਜਿਸਟਰਾਰ ਡਾ. ਸੰਜੀਵ ਸ਼ਰਮਾ ਤੇ ਸਮੂਹ ਸਟਾਫ਼ ਨੇ ਡਾ. ਅਸ਼ਵਨੀ ਬਾਂਸਲ ਨੂੰ ਡਾਇਰੈਕਟਰ ਦੇ ਅਹੁਦੇ ਦਾ ਵਾਧੂ ਚਾਰਜ ਮਿਲਣ ਤੇ ਫੁੱਲਾਂ ਦਾ ਗੁਲਦਸਤਾ ਦਿੱਤਾ ਤੇ ਵਧਾਈਆਂ ਦਿੱਤੀਆਂ। ਪ੍ਰੋਫੈਸਰ ਅਸ਼ਵਨੀ ਬਾਂਸਲ ਕੋਲ 29 ਸਾਲ ਦਾ ਟੀਚਿੰਗ ਦਾ ਤਜਰਬਾ ਹੈ ਤੇ ਉਹ ਮਿਮਿਟ ਵਿਖੇ ਡੀਨ ਅਕਾਦਮਿਕ ਮਾਮਲੇ ਵਰਗੇ ਵੱਖ-ਵੱਖ ਅਹੁਦਿਆਂ ਉੱਪਰ ਪਿਛਲੇ 18 ਸਾਲਾਂ ਤੋਂ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ। ਡਾ. ਅਸ਼ਵਨੀ ਬਾਂਸਲ ਨੇ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਤੇ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਦਾ ਇਸ ਜ਼ਿੰਮੇਵਾਰੀ ਲਈ ਧੰਨਵਾਦ ਕੀਤਾ ਤੇ ਵਿਸ਼ਵਾਸ ਦਿਵਾਇਆ ਕਿ ਉਹ ਇਸ ਅਹੁਦੇ ਉੱਪਰ ਵੀ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਆਪਣੀਆਂ ਸੇਵਾਵਾਂ ਨਿਭਾਉਣਗੇ।

## ਪੈਪਸੀਕੋ ਦੇ ਗੇਟ ਅੱਗੇ ਮਜ਼ਦੂਰ ਦਿਵਸ ਮਨਾਇਆ



**ਭਵਾਨੀਗੜ੍ਹ (ਰਾਜ ਖੁਰਮੀ)**-ਪੈਪਸੀਕੋ ਕੰਪਨੀ ਦੇ ਮੇਨ ਗੇਟ 'ਤੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪੈਪਸੀਕੋ ਵਰਕਰ ਯੂਨੀਅਨ ਏਟਕ (ਰਜਿ: 23) ਚੰਨੋ ਵੱਲੋਂ ਮਜ਼ਦੂਰ ਦਿਵਸ ਮਨਾਇਆ ਗਿਆ। ਸਮਾਗਮ ਦੌਰਾਨ ਮਈ ਦਿਵਸ ਦੇ ਇਤਿਹਾਸ ਨੂੰ ਬੁਲੰਦ ਕਰਦੇ ਹੋਏ ਕਾਰਜਕਾਰੀ ਪ੍ਰਧਾਨ ਏਟਕ ਪੰਜਾਬ ਕਾਮਰੇਡ ਸੁਖਦੇਵ ਸ਼ਰਮਾ, ਪ੍ਰਧਾਨ ਵਿਕਰਮਜੀਤ ਸਿੰਘ ਨਾਭਾ ਤੇ ਸਮੂਹ ਯੂਨੀਅਨ ਮੈਂਬਰਾਂ ਵੱਲੋਂ ਝੰਡਾ ਲਹਿਰਾਇਆ ਗਿਆ ਤੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ।ਇਸ ਮੌਕੇ ਕਾਮਰੇਡ ਸੁਖਦੇਵ ਸ਼ਰਮਾ ਨੇ ਪੰਜਾਬ ਤੇ ਕੇਂਦਰ ਸਰਕਾਰ ਵੱਲੋਂ ਲਿਆਂਦੇ ਜਾ ਰਹੇ ਚਾਰ ਲੇਬਰ ਕੋਡ ਬਿੱਲਾਂ 'ਤੇ ਚਿੰਤਾ ਜਤਾਉਂਦੇ ਹੋਏ ਮਜ਼ਦੂਰ ਜਮਾਤ ਨੂੰ ਭਵਿੱਖ ਵਿੱਚ ਆਉਣ ਵਾਲੀਆਂ ਚੁਣੌਤੀਆਂ ਬਾਰੇ ਜਾਗਰੂਕ ਕੀਤਾ।ਉਨ੍ਹਾਂ ਕਿਹਾ ਕਿ ਮਜ਼ਦੂਰ ਹੱਕਾਂ ਦੀ ਰੱਖਿਆ ਲਈ ਇਕੱਠ ਤੇ ਸੰਘਰਸ਼ ਦੀ ਲੋੜ ਹੈ।ਯੂਨੀਅਨ ਦੇ ਜਨਰਲ ਸਕੱਤਰ ਹਰਿੰਦਰ ਸਿੰਘ ਗੱਜੂਮਾਜਰਾ ਨੇ ਮਈ ਦਿਵਸ ਦੇ ਇਤਿਹਾਸ 'ਤੇ ਚਾਨਣ ਪਾਇਆ ਤੇ ਮਜ਼ਦੂਰਾਂ ਨੂੰ ਏਕਤਾ ਬਣਾਈ ਰੱਖਣ ਦਾ ਸੰਦੇਸ਼ ਦਿੱਤਾ।ਇਸ ਤੋਂ ਇਲਾਵਾ ਸਾਥੀ ਲਖਵਿੰਦਰ ਸਿੰਘ ਗੰਗੜ ਵੱਲੋਂ ਮਈ ਦਿਵਸ ਸੰਬੰਧੀ ਗੀਤ ਪੇਸ਼ ਕੀਤਾ ਗਿਆ, ਜਿਸ ਨੇ ਹਾਜ਼ਰੀਨਾਂ ਵਿੱਚ ਜੋਸ਼ ਭਰ ਦਿੱਤਾ।ਇਸ ਸਮਾਗਮ ਵਿੱਚ ਉਪ ਸਕੱਤਰ ਗੁਰਸੇਵ ਸਿੰਘ ਕੁਲਬੁਰਛਾ, ਖਜ਼ਾਨਚੀ ਰਘੁਬੀਰ ਸਿੰਘ ਭਵਾਨੀਗੜ੍ਹ, ਪ੍ਰੋਪੇਗੰਡਾ ਸਕੱਤਰ ਬਲਜੀਤ ਸਿੰਘ ਫੁੰਮਣਵਾਲ, ਉਪ ਖਜ਼ਾਨਚੀ ਜਗਮੀਰ ਸਿੰਘ ਮਸਾਣੀ, ਦਫਤਰ ਸਕੱਤਰ ਹਰਦੇਵ ਸਿੰਘ ਮੁਨਸੀਵਾਲ ਸਮੇਤ ਵਰਕਿੰਗ ਕਮੇਟੀ ਤੇ ਹੋਰ ਯੂਨੀਅਨ ਮੈਂਬਰ ਵੱਡੀ ਗਿਣਤੀ ਵਿੱਚ ਮੌਜੂਦ ਸਨ।

# ਬਿਜਲੀ ਦੇ ਅਣਮਿੱਥੇ ਕੱਟਾਂ ਖਿਲਾਫ ਸ਼੍ਰੋਮਣੀ ਅਕਾਲੀ ਦਲ ਵੱਲੋਂ ਰੋਸ ਧਰਨਾ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਪੰਜਾਬ ਵਿੱਚ ਪੈ ਰਹੀ ਭਿਆਨਕ ਗਰਮੀ ਦਰਮਿਆਨ ਬਿਜਲੀ ਦੇ ਲੱਗ ਰਹੇ ਲੰਬੇ ਤੇ ਅਣਮਿੱਥੇ ਕੱਟਾਂ ਨੇ ਆਮ ਜਨਜੀਵਨ ਅਸਤ-ਵਿਅਸਤ ਕਰ ਦਿੱਤਾ ਹੈ। ਇਸ ਗੰਭੀਰ ਮੁੱਦੇ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਫਿਰੋਜ਼ਪੁਰ ਸ਼ਹਿਰੀ ਦੇ ਹਲਕਾ ਇੰਚਾਰਜ ਤੇ ਸਾਬਕਾ ਵਿਧਾਇਕ ਸੁਖਪਾਲ ਸਿੰਘ ਨੰਨੂ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਰਕਰਾਂ ਨੇ ਬਿਜਲੀ ਬੋਰਡ ਦੇ ਦਫ਼ਤਰ ਅੱਗੇ ਧਰਨਾ ਦੇ ਕੇ ਸਰਕਾਰ ਦੀਆਂ ਲੋਕ-ਵਿਰੋਧੀ ਨੀਤੀਆਂ ਦਾ ਪਰਦਾਫਾਸ਼ ਕੀਤਾ ਤੇ ਮੰਗ ਕੀਤੀ ਕਿ ਜਨਤਾ ਨੂੰ ਤੁਰੰਤ ਇਸ ਸੰਕਟ ਤੋਂ ਨਿਜਾਤ ਦਿਵਾਈ ਜਾਵੇ।ਇਸ ਧਰਨੇ ਦੌਰਾਨ ਅਕਾਲੀ ਦਲ ਦੇ ਆਗੂਆਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧੇ।ਹਲਕਾ ਇੰਚਾਰਜ ਸੁਖਪਾਲ ਸਿੰਘ ਨੰਨੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਾਨ ਸਰਕਾਰ ਵੱਲੋਂ ਬਿਜਲੀ ਦੇ ਦਿਨ-ਰਾਤ ਲਗਾਏ ਜਾ ਰਹੇ 5 ਤੋਂ 10 ਕੱਟਾਂ ਕਾਰਨ ਵਪਾਰੀ ਵਰਗ, ਮਜ਼ਦੂਰ ਤੇ ਨੌਕਰੀਪੇਸ਼ਾ ਲੋਕ ਬੇਹੱਦ ਪ੍ਰੇਸ਼ਾਨ ਹਨ।ਉਨ੍ਹਾਂ ਕਿਹਾ ਕਿ ਇੱਕ ਪਾਸੇ ਸਰਕਾਰ ਮੁਫਤ ਬਿਜਲੀ ਦੇ ਦਾਅਵੇ ਕਰ ਰਹੀ ਹੈ, ਪਰ ਦੂਜੇ ਪਾਸੇ ਅਣਮਿੱਥੇ ਕੱਟਾਂ ਨੇ ਉਦਯੋਗਾਂ ਤੇ ਘਰੇਲੂ ਕੰਮਾਂ-ਕਾਰਾਂ ਨੂੰ ਠੱਪ ਕਰਕੇ ਰੱਖ ਦਿੱਤਾ ਹੈ।ਧਰਨੇ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਮੌਜੂਦਾ ਸਰਕਾਰ ਸਿਰਫ ਇਸ਼ਤਿਹਾਰਬਾਜ਼ੀ 'ਤੇ ਕਰੋੜਾਂ ਰੁਪਏ ਖਰਚ ਕਰਕੇ ਪੰਜਾਬੀਆਂ ਨੂੰ ਮੂਰਖ ਬਣਾ ਰਹੀ ਹੈ।ਜ਼ਮੀਨੀ ਪੱਧਰ 'ਤੇ ਕੋਈ ਵੀ ਕੰਮ ਨਹੀਂ ਹੋ ਰਿਹਾ।ਬੁਲਾਰਿਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਬਿਜਲੀ ਦੀ ਸਪਲਾਈ ਵਿੱਚ ਤੁਰੰਤ ਸੁਧਾਰ ਨਾ ਕੀਤਾ ਗਿਆ, ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

ਇਸ ਰੋਸ ਪ੍ਰਦਰਸ਼ਨ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਸਕੱਤਰ ਉਪਕਾਰ ਸਿੰਘ, ਗੁਰਨੈਬ ਸਿੰਘ ਜ਼ਿਲ੍ਹਾ ਵਾਈਸ ਪ੍ਰਧਾਨ, ਗੁਰਪ੍ਰੀਤ ਸਿੰਘ ਭੁੱਲਰ ਸਾਬਕਾ ਐੱਮ ਸੀ, ਸ਼ਹਿਰੀ ਜ਼ਿਲ੍ਹਾ ਪ੍ਰਧਾਨ ਨਵਨੀਤ ਗੋਰਾ, ਕੁਲਵਿੰਦਰ ਸਿੰਘ ਢੋਲੇਵਾਲੀਆ, ਬਲਵਿੰਦਰ ਸਿੰਘ, ਨੰਨੂ ਹਾਂਡਾ, ਦਵਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਬੀ ਸੀ ਸੈੱਲ, ਮਨੋਹਰ ਲਾਲ ਜ਼ਿਲ੍ਹਾ ਪ੍ਰਧਾਨ ਐੱਸ ਸੀ ਵਿੰਗ, ਦੇਸ ਰਾਜ, ਸੁਰਿੰਦਰ ਕੰਡੇਵਾਲਾ ਆਦਿ ਹਾਜ਼ਰ ਸਨ।

## ਵੱਖ-ਵੱਖ ਖੇਤਰਾਂ 'ਚ ਯੋਗਦਾਨ ਪਾਉਣ ਵਾਲੀਆਂ ਸ਼ਖਸੀਅਤਾਂ ਸਨਮਾਨਤ

**ਬਰਨਾਲਾ (ਰਾਜਿੰਦਰ ਬਰਾੜ)**-ਇੱਕ ਮਈ ਦੇ ਸ਼ਹੀਦਾਂ ਦੀ ਯਾਦ ਵਿੱਚ ਕਿਰਤੀ ਲੋਕਾਂ ਲਈ ਲਿਖਣ ਵਾਲੀਆਂ ਤੇ ਕੰਮ ਕਰਨ ਵਾਲੀਆਂ ਸ਼ਖ਼ਸੀਅਤਾਂ ਨੂੰ ਮਜ਼ਦੂਰ, ਕਿਸਾਨ ਜਥੇਬੰਦੀਆਂ ਵੱਲੋਂ ਸਨਮਾਨਤ ਕੀਤਾ ਗਿਆ। ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਆਗੂ ਗੁਰਪ੍ਰੀਤ ਸਿੰਘ ਰੂੜੇਕੇ, ਨਰੇਗਾ ਰੁਜ਼ਗਾਰ ਪ੍ਰਾਪਤ ਯੂਨੀਅਨ ਪੰਜਾਬ ਦੇ ਆਗੂ ਕਾਮਰੇਡ ਖੁਸ਼ੀਆਂ ਸਿੰਘ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਪਰਿਵਤ ਸਿੰਘ ਲਾਲੀ ਤੇ ਮਨਜੀਤ ਰਾਜ ਬਰਨਾਲਾ ਨੇ ਦੱਸਿਆ ਕਿ ਇਸ ਵਾਰ ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਦੁੱਖ ਪ੍ਰਗਟ ਕੀਤਾ ਕਿ 21ਵੀਂ ਸਦੀ ਦੇ ਬੀਤਣ ਦੇ ਬਾਵਜੂਦ ਭਾਰਤ ਵਿੱਚ ਕਰੋੜਾਂ ਮਜ਼ਦੂਰਾਂ ਦੀ ਜ਼ਿੰਦਗੀ ਖਤਰਿਆਂ ਵਿੱਚ ਘਿਰੀ ਹੋਈ ਹੈ।ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰਾਂ ਕਿਰਤੀ ਮਜ਼ਦੂਰਾਂ, ਕਿਸਾਨਾਂ ਦੇ ਹੱਕਾਂ ਵਿੱਚ ਕੋਈ ਕਾਨੂੰਨ ਬਣਾਉਣ ਦੀ ਬਜਾਏ ਉਨ੍ਹਾਂ ਦੇ ਜਮਹੂਰੀ ਹੱਕਾਂ ਨੂੰ ਕੁਚਲਣ ਲਈ ਸੰਵਿਧਾਨ ਵਿੱਚ ਦਿਨੋ-ਦਿਨ ਸੋਧਾਂ ਕਰੀ ਜਾ ਰਹੀ ਹੈ ਜਿਵੇਂ ਕਿ ਮਨਰੇਗਾ ਕਾਨੂੰਨ ਨੂੰ ਜੀ ਰਾਮ ਦਾ ਨਾਂਅ ਦੇ ਕੇ ਕਨੂੰਨ ਦਾ ਭੋਗ ਪਾ ਦਿੱਤਾ ਗਿਆ ਹੈ।ਚਾਰ ਲੇਬਰ ਕੋਡ ਬਣਾ ਕੇ ਸੰਵਿਧਾਨ ਵਿੱਚੋਂ 44 ਲੇਬਰ ਕੋਡ ਖ਼ਤਮ ਕੀਤੇ ਗਏ ਹਨ, ਬਿਜਲੀ ਬਿੱਲ 2025 ਵਰਗੇ ਕਨੂੰਨ ਲਿਆ ਕੇ ਆਮ ਲੋਕਾਂ ਤੋਂ ਬਿਜਲੀ ਖੋਹੀ ਜਾ ਰਹੀ ਹੈ। ਆਗੂਆਂ ਨੇ ਕਿਹਾ ਅੱਜ ਸਮੇਂ ਦੀ ਲੋੜ ਹੈ ਕਿ ਦੇਸ਼ ਦੀਆਂ ਸਾਰੀਆਂ ਇਨਕਲਾਬੀ ਤੇ ਜਮਹੂਰੀ ਜਥੇਬੰਦੀਆਂ ਨੂੰ ਇੱਕ ਹੋ ਕੇ ਸੰਘਰਸ਼ ਕਰਨ ਦੀ ਜ਼ਰੂਰਤ ਹੈ।



# ਜੇ ਪੀ ਐੱਮ ਓ ਨੇ 'ਜੰਗ ਵਿਰੋਧੀ ਦਿਵਸ' ਵਜੋਂ ਮਨਾਇਆ ਮਈ ਦਿਹਾੜਾ

**ਸ਼ਿਕਾਗੋ ਦੇ ਮਹਾਨ ਸ਼ਹੀਦਾਂ ਤੇ ਬੇਜੋੜ ਰਹਿਬਰਾਂ ਨੂੰ ਸੂਹੀ ਸ਼ਰਧਾਂਜਲੀ**



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਮੁਲਾਜ਼ਮ-ਪੈਨਸ਼ਨਰ ਫਰੰਟ ਤੇ ਜਨਤਕ ਜਥੇਬੰਦੀਆਂ ਦਾ ਸਾਂਝਾ ਮੰਚ (ਜੇਪੀਐੱਮਓ) ਵੱਲੋਂ ਸਥਾਨਕ ਚਿਰਡਰਨ ਪਾਰਕ ਵਿਖੇ ਕੌਮਾਂਤਰੀ ਮਜ਼ਦੂਰ ਦਿਹਾੜਾ ਭਰਵਾਂ ਸਾਂਝਾ ਇਕੱਠ ਕਰਕੇ 'ਜੰਗ ਵਿਰੋਧੀ ਦਿਵਸ' ਵਜੋਂ ਉਤਸ਼ਾਹ ਪੂਰਵਕ ਮਨਾਇਆ ਗਿਆ।ਇਕੱਠ ਦੀ ਪ੍ਰਧਾਨਗੀ ਪਸਸਫ (ਵਿਗਿਆਨਕ) ਦੇ ਸੂਬਾ ਪ੍ਰਧਾਨ ਗਗਨ ਦੀਪ ਸਿੰਘ ਭੁੱਲਰ ਤੇ ਪਸਸਫ ਦੇ ਜ਼ਿਲ੍ਹਾ ਪ੍ਰਧਾਨ ਹਰਨੇਕ ਸਿੰਘ ਗਹਿਰੀ ਨੇ ਕੀਤੀ।ਮੰਚ ਸੰਚਾਲਕ ਦੇ ਫਰਜ਼ ਸਾਥੀ ਗੁਰਮੀਤ ਸਿੰਘ ਨੇ ਬਾਖੂਬੀ ਅਦਾ ਕੀਤੇ।ਜੇ.ਪੀ.ਐੱਮ.ਓ. ਦੇ ਸੂਬਾਈ ਕੋ-ਆਰਡੀਨੇਟਰ ਸਾਥੀ ਮਹੀਪਾਲ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਅਹੁਦੇਦਾਰ ਪ੍ਰਕਾਸ਼ ਸਿੰਘ ਨੰਦਗੜ੍ਹ, ਪੈਨਸ਼ਨਰ ਆਗੂ ਕਿਸ਼ੋਰ ਚੰਦ ਗ਼ਾਜ਼, ਜਮਹੂਰੀ ਅਧਿਕਾਰ ਸਭਾ ਦੇ ਮੀਤ ਪ੍ਰਧਾਨ ਪ੍ਰਿੰਸੀਪਲ ਰਣਜੀਤ ਸਿੰਘ ਮਹਿਰਾਜ, ਅਮਰਜੀਤ ਸਿੰਘ ਮੰਗਲੀ, ਸਿਕੰਦਰ ਸਿੰਘ ਧਾਲੀਵਾਲ, ਗੁਰਮੇਲ ਸਿੰਘ, ਭੁਪਿੰਦਰ ਸਿੰਘ ਬਾਹੀਆ ਨੇ ਸੰਬੋਧਨ ਕੀਤਾ।ਮਲਕੀਤ ਸਿੰਘ ਮਹਿਮਾ ਸਰਜਾ ਤੇ ਲਛਮਣ ਸਿੰਘ ਮਲੂਕਾ ਵੀ ਹਾਜ਼ਰ ਸਨ। ਬੁਲਾਰਿਆਂ ਨੇ ਅਮਰੀਕਾ-ਇਜ਼ਰਾਇਲ ਜੰਗਬਾਜ਼ ਜੁੰਡਲੀ ਦੇ ਜੰਗੀ ਮਨਸੂਬੇ ਫੇਲ੍ਹ ਕਰਨ ਦਾ ਸੱਦਾ ਦਿੱਤਾ।

ਸਾਰਿਆਂ ਨੇ ਜੰਗਾਂ-ਯੁਧਾਂ, ਲੁੱਟ-ਖਸੁੱਟ, ਦਮਨ-ਦਾਬੇ ਤੋਂ ਮਾਨਵਤਾ ਦੀ ਸਦੀਵੀ ਮੁਕਤੀ ਲਈ ਗਲੋਬ ਤੋਂ ਸਾਮਰਾਜ ਦੀ ਹੋਂਦ ਮਿਟਾਉਣ ਦੇ ਘੋਲ ਪ੍ਰਚੰਡ ਕਰਨ ਦੀ ਅਪੀਲ ਕੀਤੀ।ਆਗੂਆਂ ਨੇ ਕਿਹਾ ਕਿ ਭਾਰਤ ਸਮੇਤ ਸੰਸਾਰ ਦੇ ਸਾਰੇ ਦੇਸ਼ਾਂ ਦੇ ਕਿਰਤੀ-ਕਾਮਿਆਂ ਨੂੰ ਆਪਣਾ ਵਰਤਮਾਨ ਤੇ ਆਉਣ ਵਾਲੀਆਂ ਨਸਲਾਂ ਦਾ ਭਵਿੱਖ ਸੰਵਾਰਨ ਲਈ ਨਵ-ਉਦਾਰਵਾਦੀ ਨੀਤੀਆਂ ਨੂੰ ਖਾਰਜ ਕਰਨ ਲਈ ਆਰ-ਪਾਰ ਦਾ ਜਮਾਤੀ ਯੁੱਧ ਵਿੱਢਣਾ ਹੋਵੇਗਾ।ਇਸ ਲੋਕ ਯੁੱਧ ਦੀ ਕਾਮਯਾਬੀ ਲਈ ਸਾਮਰਾਜੀ ਧਾੜਵੀਆਂ, ਬਹੁਕੌਮੀ ਕਾਰਪੋਰੇਸ਼ਨਾਂ ਤੇ ਕਾਰਪੋਰੇਟ ਲੋਟੂਆਂ ਦੇ ਦਲਾਲ, ਸੱਜ-ਪਿਛਾਖੜ ਤੇ ਫਿਰਕੂ-ਫਾਸ਼ੀ, ਹਿੰਦੂਤਵੀ ਗ੍ਰੋਹਾਂ ਦੀਆਂ ਵੰਡਵਾਦੀ ਸਾਜ਼ਿਸ਼ਾਂ ਨੂੰ ਵੀ ਭਾਂਜ ਦੇਣੀ ਹੋਵੇਗੀ। ਸਮਾਪਤੀ 'ਤੇ ਅੰਬੇਡਕਰ ਚੌਕ ਤੱਕ 'ਯੁੱਧ ਵਿਰੋਧੀ ਮਾਰਚ' ਵੀ ਕੀਤਾ ਗਿਆ।

## ਸਫਾ 1 ਦੇ ਬਾਕੀ...

### ਮਈ ਦਿਵਸ 'ਤੇ ਸਰਕਾਰ-ਕਾਰਪੋਰੇਟ ਜੁੰਡੀ ਖਿਲਾਫ...

ਹਿੱਤਾਂ ਦੀ ਥਾਂ ਕਾਰਪੋਰੇਟਰਾਂ ਦੇ ਹਿੱਤ ਪੂਰਦੀ ਹੈ ਅਤੇ ਕਿਰਤੀਆਂ ਤੋਂ ਸੰਘਰਸ਼ ਕਰਨ ਦਾ ਹੱਕ ਵੀ ਖੋਹ ਰਹੀ ਹੈ। ਉਨ੍ਹਾ ਕਿਹਾ ਕਿ ਸਦੀਵੀ ਸੱਚ ਹੈ ਕਿ ਦੁਨੀਆਂ ਭਰ ਦੇ ਕਾਮਿਆਂ ਨੂੰ ਇਕੱਠੇ ਹੋ ਕੇ ਆਪਣੇ ਹੱਕਾਂ ਲਈ ਸੰਘਰਸ਼ ਕਰਨਾ ਪੈਣਾ ਹੈ।ਸਾਥੀ ਗੁਰਮੀਤ ਸਿੰਘ ਨੇ ਹਾਜ਼ਰ ਸਾਥੀਆਂ ਦਾ ਭਰਵੀਂ ਹਾਜ਼ਰੀ ਲਵਾਉਣ ਲਈ ਧੰਨਵਾਦ ਕੀਤਾ। ਮੀਟਿੰਗ ਦੌਰਾਨ ਪ੍ਰੀਤਮ ਸਿੰਘ ਹੁੰਦਲ, ਮਹਿੰਦਰਪਾਲ ਸਿੰਘ, ਗੁਰਦਿਆਲ ਸਿੰਘ, ਪ੍ਰਹਿਲਾਦ ਸਿੰਘ, ਕੇਹਰ ਸਿੰਘ, ਗੁਰਚਰਨ ਸਿੰਘ, ਵਿਜੇ ਕੁਮਾਰ, ਜਸਵੰਤ ਸਿੰਘ, ਗਿਆਨ ਸਿੰਘ, ਕੀਰਤ ਸਿੰਘ, ਕੁਲਦੀਪ ਸਿੰਘ, ਸਤਿਆਵੀਰ, ਗੁਰਸਿਮਰਨ ਸਿੰਘ ਅਤੇ ਕਿਰਪਾਲ ਸਿੰਘ ਸਮੇਤ ਸ਼ਹਿਰ ਦੀਆਂ 50-55 ਦੇ ਨੇੜੇ ਯੂਨੀਅਨਾਂ ਦੇ ਰਹਿਨੁਮਾ ਅਹੁਦੇਦਾਰ ਸਾਥੀ ਸ਼ਾਮਲ ਹੋਏ।

**ਜਲੰਧਰ (ਗਿਆਨ ਸੈਦਪੁਰੀ, ਰਾਜੇਸ਼ ਥਾਪਾ)** : ਇਤਿਹਾਸਕ ਮਈ ਦਿਵਸ ਮਜ਼ਦੂਰ ਵਰਗ ਵਾਸਤੇ ਸਵੈਮਾਣ ਦਾ ਪ੍ਰਤੀਕ ਹੈ। ਇਹ ਦਿਨ ਮਜ਼ਦੂਰਾਂ ਵੱਲੋਂ ਆਪਣੇ ਹੱਕਾਂ ਲਈ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿੱਚ ਲੜਦਿਆਂ ਸਫੇਦ ਰੰਗ ਦੇ ਝੰਡੇ ਨੂੰ ਸੂਹੇ ਫਰੇਰੇ ਵਿੱਚ ਬਦਲ ਦੇਣ ਦੀ ਇਤਿਹਾਸਕਤਾ ਦੇ ਅਹਿਸਾਸ ਨੂੰ ਮਨਾਂ ਦਾ ਹਿੱਸਾ ਬਣਾ ਕੇ ਅੱਗੇ ਵਧਣ ਲਈ ਵੀ ਪ੍ਰੇਰਨਾ ਦਾ ਸਰੋਤ ਹੈ। ਮਈ ਦਿਵਸ ਸਮੁੱਚੇ ਮਜ਼ਦੂਰ ਵਰਗ ਦੀ ਇੱਕਜੁਟਤਾ ਲਈ ਵੀ ਉਤਸ਼ਾਹਤ ਕਰਦਾ ਹੈ। ਉਕਤ ਤੱਤਸਾਰ ਹੈ, ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਜਲੰਧਰ ਵੱਲੋਂ ਸ਼ੁੱਕਰਵਾਰ ਨੂੰ ਪਾਰਟੀ ਦਫ਼ਤਰ ਵਿੱਚ ਮਨਾਏ ਗਏ ਮਜ਼ਦੂਰ ਦਿਵਸ ਮੌਕੇ ਵੱਖ-ਵੱਖ ਆਗੂਆਂ ਵੱਲੋਂ ਕੀਤੀਆਂ ਤਕਰੀਰਾਂ ਦਾ। ਇਸ ਤੋਂ ਪਹਿਲਾਂ ਲਾਲ ਝੰਡਾ ਲਹਿਰਾਉਣ ਦੀ ਰਸਮ ਨਵਾਂ ਜ਼ਮਾਨਾ ਦੇ ਸੰਪਾਦਕ ਚੰਦ ਫਤਿਹਪੁਰੀ ਨੇ ਨਿਭਾਈ। ਹਾਜ਼ਰ ਸਾਥੀਆਂ ਨੇ ਇਸ ਮੌਕੇ ਅਕਾਸ਼ ਗੁੰਜਾਊ ਨਾਅਰੇ ਲਾਏ। ਇਸ ਮੌਕੇ ਚੰਦ ਫਤਿਹਪੁਰੀ ਨੇ ਮਜ਼ਦੂਰ ਜਥੇਬੰਦੀਆਂ ਨੂੰ ਮਈ ਦਿਵਸ ਦੀ ਵਧਾਈ ਦਿੱਤੀ। ਉਨ੍ਹਾ ਕਿਹਾ ਕਿ ਅਗਲੇ ਮਈ ਦਿਵਸ ਤੋਂ ਪਹਿਲਾਂ-ਪਹਿਲਾਂ ਜ਼ਿਲ੍ਹਾ ਟਰੇਡ ਯੂਨੀਅਨ ਕੌਂਸਲ ਨੂੰ ਜਥੇਬੰਦ ਕਰਕੇ ਇਸ ਦੇ ਘੇਰੇ ਨੂੰ ਵਿਸ਼ਾਲ ਕੀਤਾ ਜਾਵੇ। ਇਸ ਵਿਸ਼ਾਲਤਾ ਵਿੱਚ ਰੋਡਵੇਜ਼, ਬੈਂਕਾਂ, ਐੱਮ ਈ ਐੱਸ, ਆਂਗਨਵਾੜੀ ਵਰਕਰਜ਼, ਖੇਤ ਮਜ਼ਦੂਰ ਸਭਾ, ਭੱਠਾ ਮਜ਼ਦੂਰ ਯੂਨੀਅਨ, ਸਪੋਰਟਸ ਲੇਬਰ ਯੂਨੀਅਨ ਆਦਿ ਸ਼ਾਮਲ ਹੋਣ। ਇਨ੍ਹਾਂ ਸਭ ਜਥੇਬੰਦੀਆਂ ਨੂੰ ਇੱਕ ਲੜੀ ਵਿੱਚ ਪਰੋ ਕੇ ਮਈ ਦਿਵਸ ਸਾਂਝੇ ਤੌਰ 'ਤੇ ਮਨਾਇਆ ਜਾਣਾ ਚਾਹੀਦਾ ਹੈ। ਇਸ ਨਾਲ ਏਕੇ ਵਾਲੀ ਭਾਵਨਾ ਨੂੰ ਮਜ਼ਬੂਤੀ ਮਿਲੇਗੀ।

ਸੀ ਪੀ ਆਈ ਜ਼ਿਲ੍ਹਾ ਜਲੰਧਰ ਵੱਲੋਂ ਇਤਿਹਾਸਕ ਮਈ ਦਿਵਸ 'ਤੇ ਕਰਵਾਏ ਗਏ ਸਮਾਗਮ ਦੀ ਪ੍ਰਧਾਨਗੀ ਕਾਮਰੇਡ ਰਾਜੇਸ਼ ਥਾਪਾ, ਕਾ. ਹਰਜਿੰਦਰ ਸਿੰਘ ਮੌਜੀ ਅਤੇ ਕਾਮਰੇਡ ਸੰਤੋਸ਼ ਬਰਾੜ ਨੇ ਕੀਤੀ। ਇਸ ਮੌਕੇ ਸ਼ਿਕਾਗੋ ਦੇ ਸ਼ਹੀਦਾਂ ਦੀ ਵਿਰਾਸਤ ਨੂੰ ਯਾਦ ਕੀਤਾ ਗਿਆ। ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਇੱਕ ਮਈ 1886 ਨੂੰ ਸ਼ਿਕਾਗੋ ਦੀਆਂ ਸੜਕਾਂ 'ਤੇ ਜੋ ਖੂਨ ਵਹਾਇਆ ਗਿਆ, ਉਸੇ ਸਦਕਾ ਅੱਜ ਦੁਨੀਆ ਭਰ ਦੇ ਮਜ਼ਦੂਰਾਂ ਨੂੰ ਅੱਠ ਘੰਟੇ ਕੰਮ ਦਾ ਅਧਿਕਾਰ ਮਿਲਿਆ ਹੈ। ਅਫਸੋਸ ਹੈ ਕਿ ਮੌਜੂਦਾ ਮੋਦੀ ਸਰਕਾਰ ਇਸ ਅਧਿਕਾਰ ਨੂੰ ਖੋਹਣ ਦੇ ਯਤਨ ਕਰ ਰਹੀ ਹੈ।

ਸਮਾਗਮ ਨੂੰ ਸੰਬੋਧਨ ਕਰਨ ਵਾਲੇ ਆਗੂਆਂ ਵਿੱਚ ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਕੱਤਰ ਕਾਮਰੇਡ ਰਸ਼ਪਾਲ ਕੈਲੇ, ਕਾਮਰੇਡ ਹਰਜਿੰਦਰ ਸਿੰਘ ਮੌਜੀ, ਕਾਮਰੇਡ ਸੰਤੋਸ਼ ਬਰਾੜ, ਕਾਮਰੇਡ ਰਾਜੇਸ਼ ਥਾਪਾ, ਕਾਮਰੇਡ ਵੀਰ ਕੁਮਾਰ, ਕਰਤਾਰ ਚੰਦ, ਸਿਕੰਦਰ ਸੰਧੂ, ਪਰਵਿੰਦਰ ਫਲਪੋਤਾ, ਸੁਨੀਲ ਕੁਮਾਰ ਆਦਿ ਸ਼ਾਮਲ ਹਨ।

ਕਾਮਰੇਡ ਰਸ਼ਪਾਲ ਕੈਲੇ ਨੇ ਸਭ ਦਾ ਧੰਨਵਾਦ ਕੀਤਾ। ਗਿਆਨ ਸੈਦਪੁਰੀ ਨੇ ਸਟੇਜ ਸਕੱਤਰ ਦੇ ਫ਼ਰਜ਼ ਨਿਭਾਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਪਰਮਜੀਤ ਸਮਰਾਵਾਂ, ਮਹਿੰਦਰ ਸਿੰਘ ਸਮਰਾਵਾਂ ਇਸ ਮੌਕੇ ਕਾਮਰੇਡ ਸਵਰਨ ਭੋਏਪੁਰੀ, ਗੁਰਜੀਤ ਸਿੰਘ ਫਤਹਿ ਪੁਰ ਭੰਗਵਾਂ, ਸੁਖਦੇਵ ਸਿੰਘ ਭੋਏਪੁਰੀ, ਸੁਖਦੇਵ ਸਿੰਘ ਧੰਜੂ ਹਾਜ਼ਰ ਸਨ।

**ਗੋਬਿੰਦਗੜ੍ਹ** : ਭਾਰਤੀ ਕਮਿਊਨਿਸਟ ਪਾਰਟੀ ਦੀ ਸੂਬਾ ਸਕੱਤਰੇਤ ਮੈਂਬਰ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਦੀ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਇੱਥੇ ਪਾਰਟੀ ਦਫਤਰ ਵਿੱਚ ਮਨਾਏ ਗਏ ਮਈ ਦਿਵਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਸੀਂ ਜਿਸ ਝੰਡੇ ਦੀ ਬੁਲੰਦੀ ਲਈ ਯਤਨਸ਼ੀਲ ਹਾਂ, ਇਹ ਮਜ਼ਦੂਰਾਂ ਦੇ ਖੂਨ ਨਾਲ ਲਾਲ ਹੋਇਆ ਸੀ। ਅੱਜ ਦਾ ਦਿਨ ਜਿੱਥੇ ਸਾਡੇ ਸਵੈਮਾਣ ਦਾ ਪ੍ਰਤੀਕ ਹੈ, ਉਥੇ ਇਹ ਪ੍ਰਣ ਕਰਨ ਲਈ ਵੀ ਪ੍ਰੇਰਨਾ ਦਿੰਦਾ ਹੈ ਕਿ ਮਜ਼ਦੂਰ ਵਰਗ ਦੀ ਬਿਹਤਰੀ ਲਈ ਅਸੀਂ ਸੰਘਰਸ਼ ਨੂੰ ਪ੍ਰਚੰਡ ਕਰੀਏ।

ਕਾਮਰੇਡ ਸਰਹਾਲੀ ਕਲਾਂ ਨੇ ਕਿਹਾ ਕਿ 1886 ਵਿੱਚ ਜਿਹੜੀਆਂ ਮੰਗਾਂ ਲਈ ਲੜਦੇ ਮਜ਼ਦੂਰ ਸ਼ਹੀਦ ਹੋਏ ਸਨ, ਉਨ੍ਹਾਂ ਵਿਚ ਇਹ ਵੀ ਸ਼ਾਮਲ ਸੀ ਕਿ ਦਿਹਾੜੀ 8 ਘੰਟੇ ਕੀਤੀ ਜਾਵੇ ਅਤੇ ਕੰਮ ਦੀਆਂ ਹਾਲਤਾਂ ਬਿਹਤਰ ਕੀਤੀਆਂ ਜਾਣ। ਅੱਜ ਵੀ ਹਾਲਾਤ ਉਨ੍ਹਾ ਸਮਿਆਂ ਵਰਗੇ ਹੀ ਨਜ਼ਰ ਆ ਰਹੇ ਹਨ। 29 ਲੇਬਰ ਕਾਨੂੰਨ ਰੱਦ ਕਰਕੇ 4 ਲੇਬਰ ਕੋਡ ਬਣਾ ਦਿੱਤੇ ਗਏ ਹਨ। ਦਿਹਾੜੀ 12 ਘੰਟੇ ਕਰ ਦਿੱਤੀ ਗਈ ਹੈ। ਇਹ ਸਭ ਮਜ਼ਦੂਰਾਂ ਦਾ ਸ਼ੋਸ਼ਣ ਕਰਨ ਅਤੇ ਮਜ਼ਦੂਰ ਜਥੇਬੰਦੀਆਂ ਦੀ ਤਾਕਤ ਨੂੰ ਕਮਜ਼ੋਰ ਕਰਨ ਦੀਆਂ ਸਰਕਾਰੀ ਚਾਲਾਂ ਹਨ। ਇਨ੍ਹਾਂ ਚਾਲਾਂ ਨੂੰ ਨਾਕਾਮ ਕਰਨ ਲਈ ਵੱਡੇ ਸੰਘਰਸ਼ਾਂ ਦੀ ਲੋੜ ਹੈ। ਅੱਜ ਅਸੀਂ ਇਹ ਗੱਲ ਵੀ ਪੱਲੇ ਬੰਨ੍ਹਣੀ ਹੈ ਕਿ ਮਜ਼ਦੂਰਾਂ ਦਾ ਏਕਾ ਹੀ ਉਨ੍ਹਾਂ ਦੀ ਭਲਾਈ ਦਾ ਜ਼ਾਮਨ ਹੈ।

ਇਸ ਤੋਂ ਪਹਿਲਾਂ ਲਾਲ ਝੰਡਾ ਲਹਿਰਾਉਣ ਦੀ ਰਸਮ ਕਾਮਰੇਡ ਗੁਰਦੀਪ ਸਿੰਘ ਜਲਵੈੜੀ ਗਹਿਲਾਂ ਨੇ ਨਿਭਾਈ। ਪਾਰਟੀ ਦੀ ਜ਼ਿਲ੍ਹਾ ਸਕੱਤਰ ਕਾਮਰੇਡ ਸਿਮਰਤ ਕੌਰ ਝਾਮਪੁਰ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੀ ਨਰਿੰਦਰ ਮੋਦੀ ਹਕੂਮਤ ਵਾਂਗ ਵਿਦੇਸ਼ੀ ਪੂੰਜੀ ਨੂੰ ਹੀ ਸੂਬੇ ਦੇ ਵਿਕਾਸ ਦਾ ਮੰਤਵ ਦੱਸ ਕੇ ਨਿੱਜੀਕਰਨ ਦੀਆਂ ਨੀਤੀਆਂ ਲਾਗੂ ਕਰਨ ਰਾਹੀਂ ਜਨਤਕ ਖੇਤਰ ਦੀਆਂ ਜਾਇਦਾਦਾਂ ਵੇਚਣ ਅਤੇ ਪੱਕੇ ਰੁਜ਼ਗਾਰ ਦੀ ਥਾਂ ਠੇਕਾ ਭਰਤੀ ਵਰਗੀਆਂ ਨੀਤੀਆਂ ਲਾਗੂ ਕਰ ਰਹੀ ਹੈ। ਉਨ੍ਹਾ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਮਜ਼ਦੂਰ ਤੇ ਲੋਕ ਵਿਰੋਧੀ ਨੀਤੀਆਂ ਦੇ ਖਿਲਾਫ ਬੱਝਵੇਂ ਸੰਘਰਸ਼ਾਂ, ਮਜ਼ਦੂਰਾਂ, ਕਿਸਾਨਾਂ ਦੀ ਏਕਤਾ ਨੂੰ ਸਮੇਂ ਦੀ ਲੋੜ ਦੱਸਿਆ।ਹੋਰਨਾਂ ਤੋਂ ਇਲਾਵਾ ਕਾਮਰੇਡ ਮਨਜੀਤ ਸਿੰਘ ਸੈਦਪੁਰਾ, ਕਾਮਰੇਡ ਹਰਦੇਵ ਸਿੰਘ ਬਡਲਾ, ਸੁਰਿੰਦਰ ਸਿੰਘ ਬੱਸੀ ਪਠਾਣਾ, ਕਾਮਰੇਡ ਹਰਬੰਸ ਮਡੇਰ, ਕਾਮਰੇਡ ਕੁਲਵੰਤ ਸਿੰਘ ਮਹਿਤੋ, ਕਾਮਰੇਡ ਬਲਵਿੰਦਰ ਸਿੰਘ ਝਾਮਪੁਰ, ਇਸਲਾਮ ਬਾਵਾ, ਹਰਵਿੰਦਰ ਸਿੰਘ ਅਮਲੋਹ, ਮੰਗਤ ਰਾਮ, ਅਰਵਿੰਦਰ ਕੌਰ, ਗੁਰਜੀਤ ਕੌਰ, ਪਰਵਿੰਦਰ ਕੌਰ ਆਦਿ ਨੇ ਵੀ ਸੰਬੋਧਨ ਕੀਤਾ।

**ਅੰਮ੍ਰਿਤਸਰ** : ਭਾਰਤੀ ਕਮਿਊਨਿਸਟ ਪਾਰਟੀ ਅੰਮ੍ਰਿਤਸਰ ਸ਼ਹਿਰੀ ਅਤੇ ਟੈਕਸਟਾਈਲ ਏਕਤਾ ਮਜ਼ਦੂਰ ਯੂਨੀਅਨ ( ਏਟਕ) ਵੱਲੋਂ ਕਾਮਰੇਡ ਸਤਪਾਲ ਡਾਂਗ ਯਾਦਗਾਰੀ ਭਵਨ ਛੇਹਾਰਟਾ ਵਿਖੇ ਸਮਾਗਮ ਕੀਤਾ ਗਿਆ। ਮਜ਼ਦੂਰ ਆਗੂ ਸੁੱਖਵੰਤ ਸਿੰਘ ਛੇਹਾਰਟਾ ਨੇ ਝੰਡਾ ਲਹਿਰਾਇਆ। ਵੱਡੀ ਗਿਣਤੀ ਵਿੱਚ ਮਜ਼ਦੂਰਾਂ, ਮੁਲਾਜ਼ਮਾਂ, ਕਿਸਾਨਾਂ ਅਤੇ ਕਿਰਤੀ ਲੋਕਾਂ ਨੂੰ ਸੰਬੋਧਨ ਕਰਦਿਆਂ ਉੱਘੇ ਟਰੇਡ ਯੂਨੀਅਨ ਆਗੂ ਅਮਰਜੀਤ ਸਿੰਘ ਆਸਲ, ਦਸਵਿੰਦਰ ਕੌਰ, ਕੁੱਲਵੰਤ ਬਾਵਾ, ਵਿਜੇ ਕਪੂਰ, ਲਖਬੀਰ ਸਿੰਘ ਨਿਜ਼ਾਮਪੁਰ ਨੇ ਮਿਹਨਤਕਸ਼ ਜਮਾਤ ਵੱਲੋਂ ਲੜ ਕੇ ਹਾਸਲ ਕੀਤੇ ਗਏ ਹੱਕਾਂ ਉੱਪਰ ਹੋ ਰਹੇ ਹਮਲਿਆਂ ਅਤੇ ਕਿਰਤ ਦੀ ਲੁੱਟ ਬਾਰੇ ਚਰਚਾ ਕੀਤੀ।ਕਾਰਪੋਰੇਟ ਜਗਤ ਵੱਲੋਂ ਸਰਕਾਰਾਂ ਨਾਲ ਮਿਲ ਕੇ ਮਜ਼ਦੂਰਾਂ ਦੀ ਕੀਤੀ ਜਾ ਰਹੀ ਲੁੱਟ ਅਤੇ ਮਿਹਨਤਕਸ਼ ਜਮਾਤ 'ਤੇ ਕੀਤੇ ਜਾ ਰਹੇ ਹਮਲਿਆਂ ਵਿਰੁੱਧ ਮਜ਼ਦੂਰਾਂ ਨੂੰ ਲਾਮਬੰਦ ਹੋਣ ਦਾ ਸੱਦਾ ਦਿੱਤਾ।ਏਕੇ ਤੇ ਸੰਘਰਸ਼ ਨਾਲ ਹੀ ਮਜ਼ਦੂਰ ਵਿਰੋਧੀ ਨੀਤੀਆਂ ਦਾ ਮੂੰਹ ਮੋੜਿਆ ਜਾ ਸਕਦਾ ਹੈ। ਇਸ ਸਮੇਂ ਸਾਥੀ ਬ੍ਰਹੱਮਦੇਵ ਸ਼ਰਮਾ, ਰਜੇਸ਼ ਸ਼ਰਮਾ, ਸ਼ਮਸ਼ੇਰ ਨਾਥ, ਬਲਦੇਵ ਸਿੰਘ ਵੇਰਕਾ, ਰਜੇਸ਼ ਯਾਦਵ, ਮੋਹਨ ਲਾਲ, ਰਾਕੇਸ਼ ਹਾਂਡਾ, ਗਿਆਨੀ ਗੁਰਦੀਪ ਸਿੰਘ, ਮੰਗਲ ਸਿੰਘ ਖਜਾਲਾ, ਜੋਗਿੰਦਰ ਸਿੰਘ, ਇਕਬਾਲ ਸਿੰਘ ਬਿਜਲੀ ਪੈਨਸ਼ਨਰ ਯੂਨੀਅਨ ਪੀ ਐਸ ਈ ਬੀ ਏਟਕ ਆਦਿ ਹਾਜ਼ਰ ਸਨ।

ਭਾਰਤੀ ਕਮਿਊਨਿਸਟ ਪਾਰਟੀ ਅੰਮ੍ਰਿਤਸਰ ( ਦਿਹਾਤੀ ) ਦੇ ਨਵੇਂ ਦਫਤਰ ਬਾਬਾ ਸੋਹਣ ਸਿੰਘ ਭਕਨਾ ਭਵਨ ( ਨੇੜੇ ਐਨਮ ਸਿਨੇਮਾ) ਵਿਖੇ ਲਾਲ ਝੰਡਾ ਸਾਥੀ ਕਰਨੈਲ ਸਿੰਘ ਨਵਾਂ ਪਿੰਡ ਨੇ ਲਹਿਰਾਇਆ। ਕਮਿਊਨਿਸਟ ਵਰਕਰਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਕੱਤਰ ਲੱਖਬੀਰ ਸਿੰਘ ਨਿਜ਼ਾਮਪੁਰ ਨੇ ਕਿਹਾ ਕਿ ਅੱਜ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਉੱਠ ਰਹੇ ਮਜ਼ਦੂਰ ਅੰਦੋਲਨਾਂ ਨੂੰ ਸਰਕਾਰ ਵੱਲੋਂ ਜਬਰ ਰਾਹੀਂ ਰੋਕਿਆ ਜਾ ਰਿਹਾ ਹੈ ਅਤੇ ਮਜ਼ਦੂਰ ਆਗੂਆਂ ਨੂੰ ਝੂਠੇ ਮਕੱਦਮਿਆਂ ਤਹਿਤ ਜੇਲ੍ਹਾਂ ਅੰਦਰ ਬੰਦ ਕੀਤਾ ਜਾ ਰਿਹਾ ਹੈ। ਇਸ ਲਈ ਅੱਜ ਦੇ ਦਿਨ ਸ਼ਹੀਦ ਹੋਏ ਮਜ਼ਦੂਰਾਂ ਨੂੰ ਸੱਚੀ ਸ਼ਰਧਾਂਜਲੀ ਇਹੋ ਹੋਵੇਗੀ ਕਿ ਕਿਰਤ ਦੀ ਰਾਖੀ ਕਰਨ ਲਈ ਮੈਦਾਨ ਵਿੱਚ ਨਿੱਤਰਿਆ ਜਾਵੇ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਕਿਸਾਨ ਅੰਦੋਲਨ ਅੰਦਰ ਟਿੱਕਰੀ ਬਾਰਡਰ 'ਤੇ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਵੱਲੋਂ ਸਾਲ ਭਰ ਜ਼ਿੰਮੇਵਾਰੀਆਂ ਨਿਭਾਉਣ ਵਾਲੇ ਜੁਝਾਰੂ ਆਗੂ ਗੁਰਪ੍ਰੀਤ ਸਿੰਘ ਨੱਢਾ ਮੁਕਤਸਰ, ਮੰਗਲ ਸਿੰਘ ਖਜਾਲਾ, ਗੁਰਮੁਖ ਸਿੰਘ ਸ਼ੇਰਗਿੱਲ, ਪਲਵਿੰਦਰ ਸਿੰਘ ਬੱਲ, ਦਿਲਦਾਰ ਮਸੀਹ, ਅਮਰਜੀਤ ਸਿੰਘ, ਪਰਮਜੀਤ ਸਿੰਘ ਨਿਜ਼ਾਮਪੁਰ, ਜੋਗਿੰਦਰ ਸਿੰਘ ਗੋਪਾਲਪੁਰ, ਬਰਜਿੰਦਰ ਸਿੰਘ ਜੋਸਨ, ਰਾਜਵਿੰਦਰ ਅਲੀ ਬੰਡਾਲਾ, ਸੋਹਣ ਸਿੰਘ ਮੀਰਾਂਕੋਟ ਆਦਿ ਵੀ ਹਾਜ਼ਰ ਸਨ।

**ਲੁਧਿਆਣਾ (ਰੈਕਟਰ ਕਥੂਰੀਆ)** : ਪੰਜਾਬ ਬ੍ਰੀਵਰੀਜ਼ ਲਿਮਿਟਿਡ ਦੇ ਗੇਟ 'ਤੇ ਕਾਮਰੇਡ ਰਮੇਸ਼ ਰਤਨ ਅਤੇ ਯੂਨੀਅਨ ਦੇ ਪ੍ਰਧਾਨ ਸੁਖਬੰਤ ਸਿੰਘ ਵੱਲੋਂ ਝੰਡਾ ਲਹਿਰਾਇਆ ਗਿਆ। ਪੰਜਾਬ ਸਫਾਈ ਲੇਬਰ ਯੂਨੀਅਨ ਅਤੇ ਡਿਸਪੋਜ਼ਲ ਵਰਕਰ ਦੇ ਦਫਤਰ ਵਿਖੇ ਕਾਮਰੇਡ ਗੁਲਜ਼ਾਰ ਗੋਰੀਆ, ਵਿਜੈ ਕੁਮਾਰ, ਮਹੀਪਾਲ ਸਿੰਘ ਤੇ ਰਮੇਸ਼ ਰਤਨ ਨੇ ਏਟਕ ਦੇ ਝੰਡੇ ਲਹਿਰਾਏ।

ਇਸ ਮੌਕੇ ਕਾਮਰੇਡ ਗੋਰੀਆ ਅਤੇ ਰਮੇਸ਼ ਰਤਨ ਨੇ ਵਿਜੈ ਕੁਮਾਰ ਅਤੇ ਮਹੀਪਾਲ ਨੂੰ ਦੋ ਦਿਨ ਪਹਿਲਾਂ ਸਫ਼ਾਈ ਦਾ ਪ੍ਰਬੰਧ ਪ੍ਰਾਈਵੇਟ ਕਰਨ ਵਿਰੁੱਧ ਕਾਮਯਾਬ ਸੰਘਰਸ਼ ਲੜਨ ਅਤੇ ਜਿੱਤਣ ਲਈ ਮੁਬਾਰਕਬਾਦ ਦਿੱਤੀ।ਲੀਡਰਸ਼ਿਪ ਨੇ ਇਸ ਮੌਕੇ ਆਪਣੀ ਯੂਨੀਅਨ ਦੀ ਜਥੇਬੰਦਕ ਚੋਣ ਵੀ ਕੀਤੀ।

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ) : ਕੌਮਾਂਤਰੀ ਕਿਰਤ ਦਿਹਾੜਾ ਭਾਰਤੀ ਕਮਿਊਨਿਸਟ ਪਾਰਟੀ ਨਿਹਾਲ ਸਿੰਘ ਵਾਲਾ ਵੱਲੋਂ ਪਾਰਟੀ ਦਫਤਰ 'ਤੇ ਝੰਡਾ ਲਹਿਰਾਕੇ ਮਨਾਇਆ ਗਿਆ।ਝੰਡਾ ਲਹਿਰਾਉਣ ਦੀ ਰਸਮ ਕਾਮਰੇਡ ਗੁਰਦੇਵ ਸਿੰਘ ਕਿਰਤੀ, ਸੂਬੇਦਾਰ ਜੋਗਿੰਦਰ ਸਿੰਘ ਤਖਤੂਪੁਰਾ ਵੱਲੋਂ ਕੀਤੀ ਗਈ।ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਕਾਮਰੇਡ ਮਹਿੰਦਰ ਸਿੰਘ ਧੂੜਕੋਟ ਨੇ ਕਿਹਾ ਕਿ 1886 ਵਿੱਚ ਸ਼ਿਕਾਗੋ ਦੇ ਸ਼ਹੀਦਾਂ ਵੱਲੋਂ ਲੜ ਕੇ ਜਿੱਤੀ ਲੜਾਈ ਤੋਂ ਬਾਅਦ ਅੱਜ ਅਸੀਂ 8 ਘੰਟੇ ਕੰਮ ਦਾ ਸੁੱਖ ਲੈ ਰਹੇ ਹਾਂ।ਪਰ ਅੱਜ ਜਿੰਨੀ ਵੱਡੀ ਬੇਰੁਜ਼ਗਾਰੀ ਹੋ ਰਹੀ ਹੈ ਸਾਨੂੰ ਇਸ ਦਿਨ ਤੋਂ ਸਿੱਖਿਆ ਲੈਂਦਿਆਂ ਹੁਣ ਹਰ ਹੱਥ ਨੂੰ ਕੰਮ ਦੇਣ ਲਈ ਕਾਨੂੰਨੀ ਸਮਾਂ ਘੱਟ ਤੋਂ ਘੱਟ ਕਰਨ ਦੀ ਲੜਾਈ ਵਿੱਚ ਕੁੱਦਣਾ ਚਾਹੀਦਾ ਹੈ। ਕੰਟਰੋਲ ਕਮਿਸ਼ਨ ਪੰਜਾਬ ਦੇ ਮੈਂਬਰ ਕਾਮਰੇਡ ਜਗਜੀਤ ਸਿੰਘ, ਪਾਰਟੀ ਦੇ ਜ਼ਿਲ੍ਹਾ ਸੈਕਟਰੀ ਕੁਲਦੀਪ ਭੋਲਾ ਨੇ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਅੱਜ ਇਸ ਦਿਨ ਦੀ ਲੜਾਈ ਲੜ ਕੇ ਜਿੱਤਣ ਵਾਲੇ ਲੋਕਾਂ ਨੂੰ ਸਲਾਮ ਪੇਸ਼ ਕਰਦੀ ਹੈ।ਉਨ੍ਹਾਂ ਕਿਹਾ ਕਿ ਉਸ ਸਮੇਂ ਜਦੋਂ ਆਧੁਨਿਕ ਸਾਧਨ ਵੀ ਵੱਡੀ ਪੱਧਰ 'ਤੇ ਨਹੀਂ ਸਨ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿੱਚ ਮਜ਼ਦੂਰਾਂ ਨੇ ਕਾਨੂੰਨੀ ਕੰਮ ਦਿਹਾੜੀ ਸਮਾਂ ਘੱਟ ਕਰਨ ਦੀ ਲੜਾਈ ਲੜੀ ਤੇ 8 ਘੰਟੇ ਦਾ ਕਾਨੂੰਨੀ ਹੱਕ ਪ੍ਰਾਪਤ ਕੀਤਾ ।ਪਰ ਅੱਜ ਜਦੋਂ ਸਮਾਂ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਤੱਕ ਚੱਲਿਆ ਗਿਆ ਹੈ ਤਾਂ ਹਰ ਹੱਥ ਨੂੰ ਕੰਮ ਦੇਣ ਲਈ ਕਾਨੂੰਨੀ ਕੰਮ ਦਿਹਾੜੀ ਸਮੇਂ ਦਾ ਉਦੋਂ ਤੱਕ ਘੱਟ ਤੋਂ ਘੱਟ ਕਰਨਾ ਜਦੋਂ ਤੱਕ ਹਰ ਇੱਕ ਹੱਥ ਨੂੰ ਕੰਮ ਨਹੀਂ ਦਿੱਤਾ ਜਾਂਦਾ, ਬਹੁਤ ਜ਼ਰੂਰੀ ਹੈ ।ਪਰ ਅੱਜ ਸਾਡੀਆਂ ਸਰਕਾਰਾਂ ਕਾਰਪੋਰੇਟ ਘਰਾਣਿਆਂ ਦਾ ਪੱਖ ਪੂਰਨ ਲਈ ਸਮੇਂ ਨੂੰ ਪੁੱਠਾ ਗੇੜ ਦੇ ਕੇ ਕੰਮ ਦਿਹਾੜੀ ਸਮਾਂ 12 ਘੰਟੇ ਕਰਨ ਵੱਲ ਵੱਧ ਰਹੀਆਂ ਹੈ। ਕੰਮ ਦਿਹਾੜੀ ਸਮੇਂ ਦਾ ਵਧਣਾ ਹੋਰ ਵੀ ਬੇਰੁਜ਼ਗਾਰੀ ਪੈਦਾ ਕਰੇਗਾ।ਭਾਰਤੀ ਕਮਿਊਨਿਸਟ ਪਾਰਟੀ ਦੀ ਹੋਰ ਵਧੇਰੇ ਜ਼ਿੰਮੇਵਾਰੀ ਬਣਦੀ ਹੈ ਕਿ ਲੋਕਾਂ ਨੂੰ ਸੰਗਠਤ ਕਰਕੇ ਕਾਨੂੰਨੀ ਕੰਮ ਦਿਹਾੜੀ ਸਮੇਂ ਨੂੰ ਘੱਟ ਕਰਨ ਦੀ ਲੜਾਈ ਲੜੀ ਜਾਵੇ ।ਹਰ ਹੱਥ ਨੂੰ ਕੰਮ ਦੇਣ ਲਈ ਕਾਨੂੰਨੀ ਕੰਮ ਦਿਹਾੜੀ ਸਮਾਂ ਘਟਾਉਣ ਦੀ ਲੜਾਈ ਸ਼ਿਕਾਗੋ ਦੇ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ । ਇਸ ਮੌਕੇ ਗੁਰਦਿੱਤ ਦੀਨਾ, ਇਕਬਾਲ ਤਖਾਣਵੱਧ, ਸਤਵੰਤ ਖੋਟੇ, ਸੁਖਦੇਵ ਭੋਲਾ, ਸਿਕੰਦਰ ਮਧੇਕੇ, ਨਵਜੋਤ ਬਿਲਾਸਪੁਰ, ਬੂਟਾ ਰਾਊਕੇ, ਹਰਭਜਨ ਬਿਲਾਸਪੁਰ, ਕੇਵਲ ਰਾਊਕੇ ਤੇ ਮੁਕੰਦ ਕੁੱਸਾ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ ।

**ਭਿੱਖੀਵਿੰਡ** : ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਏਟਕ ਅਤੇ ਪੰਜਾਬ ਇਸਤਰੀ ਸਭਾ ਵੱਲੋਂ ਮਜ਼ਦੂਰ ਦਿਹਾੜੇ 'ਤੇ ਖਾਲੜਾ, ਮਾੜੀ ਕੰਬੋਕੀ, ਅਲਗੋਂ ਖੁਰਦ ਅਤੇ ਅਲਗੋਂ ਕਲਾਂ ਵਿਖੇ ਮਜ਼ਦੂਰਾਂ ਦੀਆਂ ਮੀਟਿੰਗਾਂ ਕੀਤੀਆਂ ਗਈਆਂ। ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਪੰਜਾਬ ਇਸਤਰੀ ਸਭਾ ਦੀ ਪੰਜਾਬ ਦੀ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਕੌਰ ਸੰਧੂ ਤੇ ਸੀ ਪੀ ਆਈ ਬਲਾਕ ਭਿੱਖੀਵਿੰਡ ਦੇ ਸਕੱਤਰ ਨਰਿੰਦਰ ਸਿੰਘ ਅਲਗੋਂ ਨੇ ਕਿਹਾ ਕਿ ਮਜ਼ਦੂਰਾਂ ਨੇ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿੱਚ ਕੰਮ ਦਿਹਾੜੀ ਸਮਾਂ ਅੱਠ ਘੰਟੇ ਦੀ ਮੰਗ ਲਈ ਅੰਦੋਲਨ ਆਰੰਭਿਆ ਅਤੇ ਪੁਲਸ ਨੇ ਮਜ਼ਦੂਰਾਂ ਦੇ ਇਕੱਠ 'ਤੇ ਆਪ ਹੀ ਗੋਲੀ ਚਲਾ ਕੇ ਕੇਸ ਮਜ਼ਦੂਰ ਆਗੂਆਂ 'ਤੇ ਬਣਾ ਦਿੱਤਾ। ਇਸ ਕੇਸ ਵਿੱਚ ਸੱਤ ਮਜ਼ਦੂਰਾਂ ਨੂੰ ਫਾਂਸੀ 'ਤੇ ਇੱਕ ਨੂੰ 15 ਸਾਲ ਕੈਦ ਦੀ ਸਜ਼ਾ ਦਿੱਤੀ ਗਈ। ਇੱਕ ਪਾਸੇ ਮਜ਼ਦੂਰਾਂ 'ਤੇ ਕੇਸ ਚੱਲਦਾ ਰਿਹਾ, ਦੂਜੇ ਪਾਸੇ ਮਜ਼ਦੂਰਾਂ ਨੇ ਸੰਘਰਸ਼ ਤਿੱਖਾ ਕਰ ਦਿੱਤਾ। ਅਖੀਰ ਅਮਰੀਕਾ ਸਰਕਾਰ ਨੂੰ ਮਜ਼ਦੂਰ ਸੰਘਰਸ਼ ਅੱਗੇ ਝੁਕਣਾ ਪਿਆ ਤੇ ਕਾਨੂੰਨ ਦੁਆਰਾ ਕੰਮ ਦਿਹਾੜੀ ਸਮਾਂ ਅੱਠ ਘੰਟੇ ਕਰ ਦਿੱਤਾ ਗਿਆ। ਇਨ੍ਹਾਂ ਮਜ਼ਦੂਰ ਆਗੂਆਂ ਦੀ ਕੁਰਬਾਨੀ ਦੀ ਬਦੌਲਤ ਸਾਰੀ ਦੁਨੀਆ ਵਿੱਚ ਕੰਮ ਦਿਹਾੜੀ ਸਮਾਂ ਅੱਠ ਘੰਟੇ ਹੋਇਆ ਸੀ। ਆਗੂਆਂ ਨੇ ਕਿਹਾ ਕਿ ਹਿੰਦੁਸਤਾਨ ਦੀ ਮੌਜੂਦਾ ਹਕੂਮਤ ਅਧੀਨ ਅਜਿਹੇ ਪ੍ਰਾਈਵੇਟ ਅਦਾਰੇ ਹਨ, ਜੋ ਕਿਰਤੀਆਂ ਕੋਲੋਂ 14-14 ਘੰਟੇ ਕੰਮ ਲੈ ਰਹੇ ਹਨ। ਨਰੇਗਾ ਕੰਮ ਦੀ ਦਿਹਾੜੀ ਸ਼ੁਰੂਆਤ ਵਿੱਚ 7 ਘੰਟੇ ਸੀ, ਪਰ ਇਸ ਸਮੇਂ 9 ਘੰਟੇ ਹੈ। ਹੁਣ ਤੇ ਨਰੇਗਾ ਕਾਨੂੰਨ ਹੀ ਕੇਂਦਰ ਸਰਕਾਰ ਨੇ ਬਦਲ ਦਿੱਤਾ ਹੈ। ਪਹਿਲੇ ਕਾਨੂੰਨ ਮੁਤਾਬਕ ਕੰਮ ਦੀ ਗਾਰੰਟੀ ਸੀ ਤੇ ਇਸ ਕਾਨੂੰਨ ਵਿੱਚ ਕੰਮ ਦੀ ਗਾਰੰਟੀ ਨਹੀਂ ਹੈ। ਪਹਿਲਾਂ ਕੰਮ ਦੀ ਪਹਿਚਾਣ ਸੂਬਾ ਸਰਕਾਰਾਂ ਕਰਦੀਆਂ ਸਨ, ਹੁਣ ਕੇਂਦਰ ਸਰਕਾਰ ਸੂਬੇ ਕੋਲੋਂ ਅਧਿਕਾਰ ਖੋਹ ਆਪ ਲੈ ਲਏ ਹਨ। ਨਵੇਂ ਕਾਨੂੰਨ ਤਹਿਤ ਕੰਮ ਦਿੱਤਾ ਹੀ ਨਹੀਂ ਜਾ ਰਿਹਾ। ਆਗੂਆਂ ਦੀ ਮੰਗ ਹੈ ਕਿ ਨਰੇਗਾ ਕੰਮ ਫੌਰੀ ਤੌਰ 'ਤੇ ਚਾਲੂ ਕੀਤਾ ਜਾਵੇ। ਮੀਟਿੰਗਾਂ ਵਿੱਚ ਕਾਮਰੇਡ ਕਾਬਲ ਸਿੰਘ ਖਾਲੜਾ, ਗਿਆਨ ਕੌਰ ਮਾੜੀ ਕੰਬੋਕੀ, ਮਨਜੀਤ ਕੌਰ ਤੇ ਬਲਵਿੰਦਰ ਕੌਰ ਅਲਗੋਂ ਅਤੇ ਪ੍ਰਤਾਪ ਸਿੰਘ ਭਿੱਖੀਵਿੰਡ ਨੇ ਵੀ ਵਿਚਾਰ ਰੱਖੇ। ਪਿੰਡਾਂ ਵਿੱਚ ਮੀਟਿੰਗਾਂ ਤੋਂ ਮਰਹੂਮ ਕਾਮਰੇਡ ਪਵਨ ਕੁਮਾਰ ਮਲਹੋਤਰਾ ਦੇ ਘਰ ਇਸਤਰੀ ਸਭਾ ਦੀ ਆਗੂ ਸਰੋਜ ਰਾਣੀ ਅਤੇ ਚੇਲਾ ਮੋੜ ਤੇ ਕਾਮਰੇਡ ਸੁਖਦੇਵ ਸਿੰਘ ਕਾਲੇ ਦੀ ਵਰਕਸ਼ਾਪ 'ਤੇ ਕਮਿਊਨਿਸਟ ਪਾਰਟੀ ਦੇ ਝੰਡੇ ਲਹਿਰਾਏ ਗਏ।

## ਬਿਜਲੀ ਮੰਤਰੀ ਖ਼ਿਲਾਫ਼ ਰੋਸ ਪ੍ਰਦਰਸ਼ਨ, ਮੁਲਾਜ਼ਮਾਂ ਨੇ ਫੂਕਿਆ ਪੁਤਲਾ



**ਮੂਣਕ (ਰਾਜਪਾਲ ਸਿੰਗਲਾ)**-ਪੰਜਾਬ ਵਿੱਚ ਬਿਜਲੀ ਬੋਰਡ ਦੇ ਮੁਲਾਜ਼ਮਾਂ ਵੱਲੋਂ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਸਰਕਾਰ ਵਿਰੁੱਧ ਮੋਰਚਾ ਖੋਲ੍ਹ ਦਿੱਤਾ ਗਿਆ ਹੈ।ਸਬ-ਡਵੀਜ਼ਨ ਵਿਖੇ ਇਕੱਠੇ ਹੋਏ ਪਾਵਰਕਾਮ ਦੇ ਮੁਲਾਜ਼ਮਾਂ ਨੇ ਬਿਜਲੀ ਮੰਤਰੀ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਤੇ ਰੋਸ ਵਜੋਂ ਮੰਤਰੀ ਦਾ ਪੁਤਲਾ ਫੂਕਿਆ। ਇਸ ਦੌਰਾਨ ਮੁਲਾਜ਼ਮ ਆਗੂ ਰਾਮਫਲ਼ ਸਿੰਘ, ਭੀਮ ਸਿੰਘ, ਹਰਪ੍ਰੀਤ ਸਿੰਘ, ਨਰੇਸ਼ ਕੁਮਾਰ, ਗੁਰਮੀਤ ਸਿੰਘ ਜੇਈ, ਮੱਖਣ ਸਿੰਘ ਆਦਿ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਤੁਰੰਤ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਅਤੇ ਸੰਬੋਧਨ ਕਰਦਿਆਂ ਕਿਹਾ ਕਿ ਬਿਜਲੀ ਬੋਰਡ ਦੇ ਮੁਲਾਜ਼ਮ ਦਿਨ-ਰਾਤ ਮਿਹਨਤ ਕਰਕੇ ਸੂਬੇ ਨੂੰ ਰੌਸ਼ਨ ਰੱਖਦੇ ਹਨ, ਪਰ ਸਰਕਾਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਵੱਲ ਕੋਈ ਧਿਆਨ ਨਹੀਂ ਦੇ ਰਹੀ ਤੇ ਮੁਲਾਜ਼ਮਾਂ ਦਾ ਦੋਸ਼ ਹੈ ਕਿ ਬਿਜਲੀ ਮੰਤਰੀ ਅਤੇ ਪ੍ਰਬੰਧਕਾਂ ਨਾਲ ਹੋਈਆਂ ਪਿਛਲੀਆਂ ਮੀਟਿੰਗਾਂ ਵਿੱਚ ਮੰਨੀਆਂ ਗਈਆਂ ਮੰਗਾਂ ਨੂੰ ਅਜੇ ਤੱਕ ਲਾਗੂ ਨਹੀਂ ਕੀਤਾ ਗਿਆ।ਪ੍ਰਦਰਸ਼ਨਕਾਰੀਆਂ ਨੇ ਬਿਜਲੀ ਖੇਤਰ ਵਿੱਚ ਕੀਤੇ ਜਾ ਰਹੇ ਨਿੱਜੀਕਰਨ ਦੇ ਯਤਨਾਂ ਅਤੇ ਨਵੀਆਂ ਨੀਤੀਆਂ ਦਾ ਸਖ਼ਤ ਵਿਰੋਧ ਕੀਤਾ।ਆਗੂਆਂ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੀ ਮੰਗ ਨੂੰ ਪ੍ਰਮੁੱਖਤਾ ਨਾਲ ਚੁੱਕਿਆ ਗਿਆ।

## ਖੇਤੀਬਾੜੀ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਨੇ ਮਨਾਇਆ ਮਜ਼ਦੂਰ ਦਿਵਸ



**ਲੁਧਿਆਣਾ (ਸਤੀਸ਼ ਸਚਦੇਵਾ)**-ਖੇਤੀਬਾੜੀ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਨੇ ਪਹਿਲੀ ਮਈ ਮਜ਼ਦੂਰ ਦਿਵਸ ਪੈਨਸ਼ਨਰ ਭਵਨ ਲੁਧਿਆਣਾ ਵਿਖੇ ਮਨਾਇਆ।ਇਸ ਦੀ ਪ੍ਰਧਾਨਗੀ ਸ੍ਰੀ ਸੁਸ਼ੀਲ ਕੁਮਾਰ ਨੇ ਕੀਤੀ।ਉਨ੍ਹਾਂ ਕੇਂਦਰ ਤੇ ਪੰਜਾਬ ਸਰਕਾਰ ਦੀ ਕਿਰਤੀਆਂ ਪ੍ਰਤੀ ਕਠੋਰ ਜਾਬਰ ਨੀਤੀਆਂ ਦੀ, ਆਏ ਦਿਨ ਚਾਰ ਲੇਬਰ ਕਾਨੂੰਨ ਕੋਡਾਂ ਵਿੱਚ ਸਮੇਟ ਕੇ ਲਾਗੂ ਕਰਨ ਦੀ ਪੁਰਜ਼ੋਰ ਨਿਖੇਧੀ ਕੀਤੀ।ਉਨ੍ਹਾਂ ਦੱਸਿਆ ਕਿ ਕਿਰਤੀਆਂ ਨੇ ਕਿੰਨੇ ਸੰਘਰਸ਼ਾਂ ਨਾਲ 8 ਘੰਟੇ ਦੀ ਦਿਹਾੜੀ ਦਾ ਕਾਨੂੰਨ ਪਾਸ ਕਰਾਇਆ। ਇੱਕ ਮਈ 1886 ਨੂੰ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿੱਚ ਸੰਘਰਸ਼ਸ਼ੀਲ ਮਿਹਨਤਕਸ਼ ਕਿਰਤੀ ਸ਼ਹੀਦ ਵੀ ਹੋਏ, ਜ਼ਖਮੀ ਵੀ ਹੋਏ, ਅੱਜ ਫਿਰ ਸਰਮਾਏਦਾਰਾਂ, ਕਾਰਪੋਰੇਟਾਂ ਦੇ ਇਸ਼ਾਰਿਆਂ ਤੇ ਕਿਰਤੀਆਂ ਦਾ ਜਿਓਣ ਹਾਲਤਾਂ ਕੇਂਦਰ ਤੇ ਪੰਜਾਬ ਦੀ ਸਰਕਾਰ ਦੁੱਭਰ ਕਰਨ 'ਤੇ ਤੁਲੀਆਂ ਹੋਈਆਂ ਹਨ। ਉਨ੍ਹਾਂ ਪੰਜਾਬ ਸਰਕਾਰ ਦੀ ਮੁਲਾਜ਼ਮਾਂ/ਪੈਨਸ਼ਨਰਾਂ ਪ੍ਰਤੀ ਵਿਰੋਧੀ ਰਵੱਈਏ ਦੀ ਨਿੰਦਾ ਕਰਦਿਆਂ ਕਿਹਾ ਕਿ ਕੇਂਦਰ ਦੀ ਸਰਕਾਰ ਰਾਜਸਥਾਨ ਤੇ ਹੋਰ ਗੁਆਂਢ ਦੀਆਂ ਰਾਜ ਸਰਕਾਰਾਂ ਪੈਨਸ਼ਨਰਾਂ ਨੂੰ 60%, 58% ਮਹਿੰਗਾਈ ਭੱਤਾ ਦੇ ਰਹੀਆਂ ਹਨ, ਜਦਕਿ ਪੰਜਾਬ ਦੀ ਸਰਕਾਰ 42% ਡੀਏ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਅੜੀਅਲ ਵਤੀਰਾ ਛੱਡ ਕੇ ਮੁਲਾਜ਼ਮਾਂ/ਪੈਨਸ਼ਨਰਾਂ ਨਾਲ ਤੁਰੰਤ ਗੱਲਬਾਤ ਕਰਕੇ ਡੀ ਏ 60% ਤੇ 2.59 ਦੇ ਗੁਣਾਂਕ ਨਾਲ ਪੈਨਸ਼ਨਰਾਂ ਦੀ ਪੈਨਸ਼ਨ ਫਿਕਸ ਕਰੇ , ਸਾਰਾ ਬਣਦਾ ਬਕਾਇਆ ਤੁਰੰਤ ਅਦਾ ਕਰੇ।ਹਾਈਕੋਰਟ ਨੇ ਵੀ 30 ਜੂਨ ਤੱਕ ਬਣਦਾ ਬਕਾਇਆ ਜਾਰੀ ਕਰਨ ਦਾ ਆਦੇਸ਼ ਦਿੱਤਾ ਹੈ।ਮੀਟਿੰਗ ਵਿੱਚ ਸ੍ਰੀ ਧਰਮਪਾਲ ਸਿੰਘ ਚੀਫ ਖੇਤੀਬਾੜੀ ਅਫ਼ਸਰ ਸ੍ਰੀ ਜਰਨੈਲ ਸਿੰਘ, ਇੰਦਰਪਾਲ ਸੈਣੀ, ਕੁਲਵੰਤ ਸਿੰਘ ਸੋਨੂੰ, ਬਲਵੀਰ ਸਿੰਘ, ਹਰਚੰਦ ਸਿੰਘ, ਦਵਿੰਦਰ ਕੁਮਾਰ ਪੁਰੀ, ਰਾਜਿੰਦਰ ਮੋਹਨ, ਬਾਪੂ ਬਲਕੌਰ ਸਿੰਘ ਆਦਿ ਹਾਜ਼ਰ ਸਨ। ਪੈਨਸ਼ਨਰ ਭਵਨ ਲੁਧਿਆਣਾ ਦੇ ਚੇਅਰਮੈਨ ਸ੍ਰੀ ਸੁਸ਼ੀਲ ਕੁਮਾਰ ਨੇ ਆਏ ਸਭਨਾਂ ਦਾ ਧੰਨਵਾਦ ਕੀਤਾ।

## ਗੋਲੇਵਾਲਾ ਦਾ ਬੰਦ ਰੇਲਵੇ ਫਾਟਕ ਖੁੱਲ੍ਹਵਾਉਣ ਲਈ ਸੌਂਪਿਆ ਮੰਗ ਪੱਤਰ



**ਗੋਲੇਵਾਲਾ/ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਫ਼ਿਰੋਜ਼ਪੁਰ-ਬਠਿੰਡਾ ਰੇਲਵੇ ਲਾਈਨ 'ਤੇ ਸਥਿਤ ਪਿੰਡ ਗੋਲੇਵਾਲਾ ਵਿਖੇ ਪੁਰਾਣੇ ਸਮੇਂ ਤੋਂ ਚੱਲਦੇ ਆ ਰਹੇ ਰੇਲਵੇ ਫਾਟਕ ਨੂੰ ਰੇਲਵੇ ਵਿਭਾਗ ਵੱਲੋਂ ਬੰਦ ਕੀਤੇ ਜਾਣ ਕਾਰਨ ਇਲਾਕਾ ਨਿਵਾਸੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਇਸ ਗੰਭੀਰ ਸਮੱਸਿਆ ਦੇ ਹੱਲ ਲਈ ਪਿੰਡ ਗੋਲੇਵਾਲਾ ਤੇ ਆਸ-ਪਾਸ ਦੇ ਦਰਜਨਾਂ ਪਿੰਡਾਂ ਦੇ ਨਿਵਾਸੀਆਂ ਵੱਲੋਂ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ੍ਰੀ ਗੌਰਵ ਕੱਕੜ ਨੂੰ ਇੱਕ ਮੰਗ ਪੱਤਰ ਸੌਂਪਿਆ ਗਿਆ।ਮੰਗ ਪੱਤਰ ਸੌਂਪਣ ਪਹੁੰਚੇ ਪਿੰਡ ਵਾਸੀਆਂ ਨੇ ਦੱਸਿਆ ਕਿ ਇਹ ਫਾਟਕ ਪਿਛਲੇ ਲੰਮੇ ਸਮੇਂ ਤੋਂ ਚੱਲ ਰਿਹਾ ਸੀ, ਪਰ ਹੁਣ ਇਸ ਨੂੰ ਬੰਦ ਕਰ ਦਿੱਤੇ ਜਾਣ ਕਾਰਨ ਪਿੰਡ ਗੋਲੇਵਾਲਾ ਸਮੇਤ ਕਾਬਲਵਾਲਾ, ਹਸਨਭੱਟੀ, ਹਰਦਿਆਲੇਵਾਲਾ, ਪਹਿਲੂਵਾਲਾ, ਬੇਗੂਵਾਲਾ, ਰਾਜੋਵਾਲਾ ਤੇ ਡੱਲੇਵਾਲਾ ਦੇ ਲੋਕਾਂ ਦਾ ਸੰਪਰਕ ਬੁਰੀ ਤਰ੍ਹਾਂ ਪ੍ਰਭਾਵਤ ਹੋਇਆ ਹੈ।ਫਾਟਕ ਬੰਦ ਹੋਣ ਕਾਰਨ ਸਕੂਲ ਜਾਣ ਵਾਲੇ ਬੱਚਿਆਂ ਨੂੰ ਰੋਜ਼ਾਨਾ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਤੇ ਉਹ ਸਮੇਂ ਸਿਰ ਸਕੂਲ ਨਹੀਂ ਪਹੁੰਚ ਪਾਉਂਦੇ।ਕਿਸੇ ਮਰੀਜ਼ ਨੂੰ ਹਸਪਤਾਲ ਲਿਜਾਣ ਜਾਂ ਹੋਰ ਐਮਰਜੈਂਸੀ ਹਾਲਤ ਵਿੱਚ ਲੰਮਾ ਰਸਤਾ ਤੈਅ ਕਰਨਾ ਪੈਂਦਾ ਹੈ, ਜੋ ਜਾਨਲੇਵਾ ਸਾਬਤ ਹੋ ਸਕਦਾ ਹੈ।ਆਮ ਲੋਕਾਂ ਦੇ ਰੋਜ਼ਾਨਾ ਦੇ ਕੰਮਕਾਜ ਅਤੇ ਆਉਣ-ਜਾਣ 'ਤੇ ਵੀ ਇਸ ਦਾ ਬੁਰਾ ਅਸਰ ਪਿਆ ਹੈ।ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਸੁਣਨ ਤੋਂ ਬਾਅਦ ਬੀਜੇਪੀ ਜ਼ਿਲ੍ਹਾ ਪ੍ਰਧਾਨ ਸ੍ਰੀ ਗੌਰਵ ਕੱਕੜ ਨੇ ਭਰੋਸਾ ਦਿੱਤਾ ਕਿ ਉਹ ਇਸ ਮਸਲੇ ਨੂੰ ਪਹਿਲ ਦੇ ਆਧਾਰ 'ਤੇ ਰੇਲਵੇ ਦੇ ਉੱਚ ਅਧਿਕਾਰੀਆਂ ਤੇ ਸਬੰਧਤ ਮੰਤਰਾਲੇ ਦੇ ਧਿਆਨ ਵਿੱਚ ਲਿਆਉਣਗੇ।ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਇਸ ਫਾਟਕ ਨੂੰ ਮੁੜ ਖੁੱਲ੍ਹਵਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ ਤਾਂ ਜੁ ਇਲਾਕੇ ਦੇ ਲੋਕਾਂ ਨੂੰ ਆ ਰਹੀ ਖੱਜਲ-ਖੁਆਰੀ ਤੋਂ ਨਿਜ਼ਾਤ ਮਿਲ ਸਕੇ।

### ਅਸੈਂਬਲੀ ਵੱਲੋਂ ਮਾਨ...

ਸੀ ? ਉਨ੍ਹਾ ਕਿਹਾ, ਕੀ ਇਹ ਕਾਫੀ ਨਹੀਂ ਸੀ ? ਜਾਂ ਸ਼ਾਇਦ ਇਸ ਲਈ ਕਿਉਂਕਿ ਤੁਸੀਂ (ਕਾਂਗਰਸ) ਕਦੇ ਵੀ ਬੇਅਦਬੀ ਵਿਰੋਧੀ ਕਾਨੂੰਨ ਨਹੀਂ ਲਿਆਉਣਾ ਚਾਹੁੰਦੇ ਸੀ ਅਤੇ ਇੱਥੋਂ ਤੱਕ ਕਿ ਇਸ ਬਿੱਲ ਦੇ ਬਣਨ 'ਤੇ ਸ਼ੱਕ ਵੀ ਪੈਦਾ ਕੀਤਾ ਸੀ, ਤੁਹਾਨੂੰ ਲੱਗਿਆ ਕਿ ਸੈਸ਼ਨ ਨੇ ਬਹੁਤਾ ਕੁਝ ਹਾਸਲ ਨਹੀਂ ਕੀਤਾ।"

ਬਾਅਦ ਵਿੱਚ, ਜਦੋਂ ਗੁੱਸਾ ਸ਼ਾਂਤ ਹੋਇਆ, ਤਾਂ ਮਾਨ ਨੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਸਿਫਾਰਸ਼ ਕੀਤੀ ਕਿ ਉਹ ਕਾਂਗਰਸ ਲਈ ਬਹਿਸ ਦਾ ਸਮਾਂ ਅੱਠ ਮਿੰਟ ਤੋਂ ਵਧਾ ਕੇ 20 ਮਿੰਟ ਕਰ ਦੇਣ।ਸਪੀਕਰ ਨੇ ਚੁਟਕੀ ਲੈਂਦਿਆਂ ਕਿਹਾ, ਅੱਜ ਸਦਨ ਦੇ ਨੇਤਾ ਤੁਹਾਡੇ 'ਤੇ ਮਿਹਰਬਾਨ ਹਨ। ਪਰ ਸਦਨ ਵਿੱਚ ਉਦੋਂ ਹੰਗਾਮਾ ਹੋ ਗਿਆ ਜਦੋਂ ਮਾਨ ਨੇ ਸੁਖਪਾਲ ਸਿੰਘ ਖਹਿਰਾ ਵੱਲ ਇਸ਼ਾਰਾ ਕਰਦਿਆਂ ਕਿਹਾ ਕਿ ਉਹ ਮਜ਼ਦੂਰਾਂ ਦੇ ਯੋਗਦਾਨ ਬਾਰੇ ਚਰਚਾ ਵਿੱਚ ਹਿੱਸਾ ਲੈਣ ਦੀ ਬਜਾਏ ਆਪਣੇ ਫੋਨ ਨਾਲ ਛੇੜਛਾੜ ਕਰ ਰਹੇ ਹਨ। ਉਨ੍ਹਾ ਨੇ ਖਹਿਰਾ ਦੇ ਸਦਨ ਵਿੱਚ ਬੈਠਣ ਦੇ ਤਰੀਕੇ 'ਤੇ ਵੀ ਇਤਰਾਜ਼ ਜਤਾਇਆ ਅਤੇ ਕਿਹਾ ਕਿ ਇਹ ਸਦਨ ਦੇ ਮੈਂਬਰ ਨੂੰ ਸ਼ੋਭਾ ਨਹੀਂ ਦਿੰਦਾ।ਖਹਿਰਾ ਨੇ ਕਿਹਾ ਕਿ ਉਨ੍ਹਾਂ ਨੂੰ ਸੱਤਾਧਾਰੀ ਬੈਂਚਾਂ ਵੱਲੋਂ ਬਿਨਾਂ ਵਜ੍ਹਾ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਨ੍ਹਾ ਕਿਹਾ, "ਮੈਂ ਸਿਰਫ ਫੋਨ 'ਤੇ ਬਿੱਲ ਪੜ੍ਹ ਰਿਹਾ ਸੀ।" ਬਾਅਦ ਵਿੱਚ ਜਦੋਂ ਮਾਨ ਕੁਝ ਸਮੇਂ ਲਈ ਸਦਨ ਤੋਂ ਬਾਹਰ ਜਾਣ ਲਈ ਉੱਠੇ, ਤਾਂ ਖਹਿਰਾ ਨੇ ਆਪਣੀ ਸੀਟ ਤੋਂ ਉੱਠ ਕੇ ਮਾਨ ਦੇ ਵਿਵਹਾਰ 'ਤੇ ਟਿੱਪਣੀ ਕੀਤੀ। ਖਹਿਰਾ ਨੂੰ ਆਪਣੇ ਵੱਲ ਉਂਗਲ ਚੁੱਕਦਿਆਂ ਦੇਖ ਕੇ ਮਾਨ ਅੱਧ-ਵਿਚਾਲੇ ਹੀ ਰੁਕ ਗਏ, ਆਪਣੀ ਸੀਟ 'ਤੇ ਵਾਪਸ ਆ ਗਏ ਅਤੇ ਖਹਿਰਾ ਨਾਲ ਤਿੱਖੀ ਬਹਿਸ ਵਿੱਚ ਉਲਝ ਗਏ। ਉਸ ਵੇਲੇ ਸਿਆਸੀ ਭੂਚਾਲ ਆ ਗਿਆ ਜਦੋਂ ਬਾਜਵਾ ਨੇ ਮੁੱਖ ਮੰਤਰੀ ਅਤੇ ਸਦਨ ਦੇ ਸਾਰੇ ਵਿਧਾਇਕਾਂ ਦੇ ਤੁਰੰਤ ਐਲਕੋ-ਮੀਟਰ (ਸ਼ਰਾਬ ਦੀ ਜਾਂਚ) ਅਤੇ ਡੋਪ ਟੈਸਟ ਕਰਵਾਉਣ ਦੀ ਮੰਗ ਰੱਖ ਦਿੱਤੀ। ਸਪੀਕਰ ਨੂੰ ਲਿਖੇ ਇੱਕ ਸਖਤ ਪੱਤਰ ਵਿੱਚ ਬਾਜਵਾ ਨੇ ਇਲਜ਼ਾਮ ਲਾਇਆ ਕਿ ਸਦਨ ਦੀ ਮਰਿਆਦਾ ਨੂੰ ਬਹਾਲ ਰੱਖਣ ਲਈ ਇਹ ਕਦਮ ਚੁੱਕਣਾ ਲਾਜ਼ਮੀ ਹੋ ਗਿਆ ਹੈ। ਬਾਜਵਾ ਨੇ ਪੱਤਰ ਵਿੱਚ ਮੁੱਖ ਮੰਤਰੀ ਵੱਲੋਂ ਸਦਨ ਵਿੱਚੋਂ ਚਲੇ ਜਾਣਾ ਕਈ ਸਵਾਲ ਖੜ੍ਹੇ ਕਰਦਾ ਹੈ। ਕਾਂਗਰਸ ਵਿਧਾਇਕ ਦਲ ਨੇ ਮੰਗ ਕੀਤੀ ਕਿ ਇੱਕ ਘੰਟੇ ਦੇ ਅੰਦਰ-ਅੰਦਰ ਮੁੱਖ ਮੰਤਰੀ ਤੋਂ ਸ਼ੁਰੂਆਤ ਕਰਦੇ ਹੋਏ ਸਾਰੇ ਮੈਂਬਰਾਂ ਦਾ ਐਲਕੋ-ਮੀਟਰ ਟੈਸਟ ਕੀਤਾ ਜਾਵੇ ਅਤੇ ਬਾਅਦ ਵਿੱਚ ਸਾਰਿਆਂ ਦਾ ਵਿਆਪਕ ਡੋਪ ਟੈਸਟ ਕਰਵਾਇਆ ਜਾਵੇ।ਇਹ ਟੈਸਟ ਕਿਸੇ ਹੋਰ ਹਸਪਤਾਲ ਦੀ ਬਜਾਏ ਪੀ ਜੀ ਆਈ ਚੰਡੀਗੜ੍ਹ ਦੀ ਨਿਰਪੱਖ ਮੈਡੀਕਲ ਟੀਮ ਵੱਲੋਂ ਕੀਤੇ ਜਾਣੇ ਚਾਹੀਦੇ ਹਨ। ਬਾਜਵਾ ਨੇ ਸਪੱਸ਼ਟ ਕੀਤਾ ਕਿ ਇਹ ਕਿਸੇ ਵਿਅਕਤੀ ਵਿਸ਼ੇਸ਼ ਦੇ ਖਿਲਾਫ ਨਹੀਂ, ਸਗੋਂ ਸਦਨ ਦੀ ਜਵਾਬਦੇਹੀ ਅਤੇ ਪਾਰਦਰਸ਼ਤਾ ਨੂੰ ਕਾਇਮ ਰੱਖਣ ਲਈ ਚੁੱਕਿਆ ਗਿਆ ਕਦਮ ਹੈ।ਹੰਗਾਮਾ ਉਸ ਵੇਲੇ ਸਿਖਰ 'ਤੇ ਪਹੁੰਚ ਗਿਆ, ਜਦੋਂ ਸੱਤਾਧਾਰੀ ਧਿਰ ਅਤੇ ਵਿਰੋਧੀ ਧਿਰ ਦੇ ਮੈਂਬਰ ਸਪੀਕਰ ਦੇ ਆਸਣ ਦੇ ਬਿਲਕੁਲ ਸਾਹਮਣੇ ਇਕੱਠੇ ਹੋ ਗਏ। ਦੋਵਾਂ ਧਿਰਾਂ ਵਿਚਾਲੇ ਹੋਈ ਜ਼ੋਰਦਾਰ ਨਾਅਰੇਬਾਜ਼ੀ ਅਤੇ ਤਿੱਖੀ ਝੜਪ ਕਾਰਨ ਸਪੀਕਰ ਨੂੰ ਸਦਨ ਦੀ ਕਾਰਵਾਈ 10 ਮਿੰਟ ਲਈ ਮੁਲਤਵੀ ਕਰਨੀ ਪਈ। ਹੰਗਾਮੇ ਦੀ ਸ਼ੁਰੂਆਤ ਉਸ ਵੇਲੇ ਹੋਈ ਜਦੋਂ ਡੋਪ ਟੈਸਟ ਅਤੇ ਹੋਰ ਨਿੱਜੀ ਟਿੱਪਣੀਆਂ ਨੂੰ ਲੈ ਕੇ ਦੋਵਾਂ ਧਿਰਾਂ ਦੇ ਤੇਵਰ ਤਲਖ ਹੋ ਗਏ। ਦੇਖਦੇ ਹੀ ਦੇਖਦੇ ਕਾਂਗਰਸੀ ਵਿਧਾਇਕ ਨਾਅਰੇਬਾਜ਼ੀ ਕਰਦੇ ਹੋਏ ਸਪੀਕਰ ਦੇ ਸਾਹਮਣੇ ਪਹੁੰਚ ਗਏ, ਜਿਸ ਦੇ ਜਵਾਬ ਵਿੱਚ 'ਆਪ' ਦੇ ਵਿਧਾਇਕ ਵੀ ਆਪਣੀਆਂ ਸੀਟਾਂ ਛੱਡ ਕੇ ਵੈੱਲ ਵਿੱਚ ਉਤਰ ਆਏ।'ਡੋਪ ਟੈਸਟ' ਦੀ ਮੰਗ ਨੂੰ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਰੱਦ ਕਰਦਿਆਂ ਸਪੱਸ਼ਟ ਕੀਤਾ ਕਿ ਸਦਨ ਦੀ ਕਾਰਵਾਈ ਨਿਯਮਾਂ ਅਨੁਸਾਰ ਚੱਲਦੀ ਹੈ ਅਤੇ ਅਜਿਹੀ ਕਿਸੇ ਮੰਗ ਲਈ ਕੋਈ ਸੰਵਿਧਾਨਕ ਥਾਂ ਨਹੀਂ ਹੈ। ਵਿਰੋਧੀ ਧਿਰ ਵੱਲੋਂ ਕੀਤੇ ਗਏ ਵਾਕਆਊਟ ਤੋਂ ਬਾਅਦ ਸਦਨ ਦੀ ਕਾਰਵਾਈ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਾਂਗਰਸ ਅਤੇ ਅਕਾਲੀ ਦਲ 'ਤੇ ਜ਼ੋਰਦਾਰ ਹਮਲਾ ਬੋਲਿਆ। ਦਲਿਤ ਭਲਾਈ ਸਕੀਮਾਂ ਦਾ ਹਵਾਲਾ ਦਿੰਦਿਆਂ ਚੀਮਾ ਨੇ ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਨੂੰ ਸਵਾਲਾਂ ਦੇ ਘੇਰੇ ਵਿੱਚ ਲਿਆਂਦਾ ਅਤੇ ਦੋਸ਼ ਲਾਇਆ ਕਿ ਦਹਾਕਿਆਂ ਤੱਕ ਪੰਜਾਬ 'ਤੇ ਰਾਜ ਕਰਨ ਵਾਲੀਆਂ ਪਾਰਟੀਆਂ ਨੇ ਦਲਿਤ ਅਤੇ ਪਛੜੇ ਵਰਗਾਂ ਦੀ ਭਲਾਈ ਲਈ ਸਿਰਫ ਕਾਗਜ਼ੀ ਦਾਅਵੇ ਕੀਤੇ।ਸੈਸ਼ਨ ਸ਼ੁਰੂ ਹੁੰਦੇ ਹੀ ਆਜ਼ਾਦੀ ਘੁਲਾਟੀਏ ਚਮਨ ਲਾਲ, ਵਿਸ਼ਵ ਪ੍ਰਸਿੱਧ ਫੋਟੋਗ੍ਰਾਫਰ ਰਘੂ ਰਾਏ, ਲੈਫਟੀਨੈਂਟ ਜਨਰਲ ਦੀਪੇਂਦਰ ਸਿੰਘ ਅਤੇ ਹਾਕੀ ਖਿਡਾਰੀ ਤੇ ਉਲੰਪੀਅਨ ਗੁਰਬਖਸ਼ ਸਿੰਘ ਨੂੰ ਸ਼ਰਧਾਂਜਲੀ ਦਿੱਤੀ ਗਈ।

### ਘੱਟੋ-ਘੱਟ ਉਜਰਤ 'ਚ ...

ਹੱਕੀ ਮੰਗਾਂ ਨੂੰ ਲੈ ਕੇ ਗੁੱਸੇ ਦੀ ਲਹਿਰ ਹੈ ਉਸ ਦੇ ਮੱਦੇਨਜ਼ਰ 18 ਫੀਸਦੀ ਡੀ ਏ ਦਾ ਐਲਾਨ ਕਰੇਗੀ, ਕੱਚੇ ਕਾਮੇ ਪੱਕੇ ਕਰਨ ਦਾ ਐਲਾਨ ਕਰੇਗੀ, ਪੁਰਾਣੀ ਪੈਨਸ਼ਨ ਬਹਾਲ ਕਰੇਗੀ, ਪੇ ਕਮਿਸ਼ਨ ਅਤੇ ਡੀ ਏ ਦੇ ਬਕਾਏ ਵੀ ਦੇਵੇਗੀ, ਪਰ ਸਭ ਉਮੀਦਾਂ 'ਤੇ ਪਾਣੀ ਫੇਰ ਦਿੱਤਾ ਗਿਆ। ਆਗੂਆਂ ਨੇ ਮਜ਼ਦੂਰਾਂ ਤੇ ਮੁਲਾਜ਼ਮਾਂ ਨੂੰ ਅਪੀਲ ਕੀਤੀ ਹੈ ਕਿ ਉਹ ਸ਼ਿਕਾਗੋ ਦੇ ਸ਼ਹੀਦਾਂ ਦੇ ਸਿਰਜੇ ਹੋਏ ਇਤਿਹਾਸ ਤੋਂ ਪ੍ਰੇਰਨਾ ਲੈਂਦੇ ਹੋਏ ਐਕਸ਼ਨ ਲਈ ਡਟ ਜਾਣ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਵਾਸੀਆਂ ਨੂੰ ਇੱਕ ਹੋਰ ਸ਼ਾਨਦਾਰ ਤੋਹਫਾ

## ਜ਼ਿਲ੍ਹਾ ਪੁਲਸ ਦਫਤਰ ਬਟਾਲਾ ਦੀ ਸ਼ਾਨਦਾਰ ਇਮਾਰਤ ਬਣਾਉਣ ਦੀ ਸ਼ੁਰੂਆਤ

**ਬਟਾਲਾ, (ਤਰਲੋਕ ਬੱਗਾ)**- ਆਪ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਵਾਸੀਆਂ ਨੂੰ ਇਕ ਹੋਰ ਤੋਹਫਾ ਦਿੰਦਿਆਂ ਪੁਲਸ ਲਾਈਨ ਬਟਾਲਾ ਵਿਖੇ ਜ਼ਿਲ੍ਹਾ ਪੁਲਿਸ ਦਫਤਰ ਬਟਾਲਾ ਦੀ ਨਵੀਂ ਇਮਾਰਤ ਬਣਾਉਣ ਦੀ ਰਸਮੀ ਸ਼ੁਰੂਆਤ ਕੀਤੀ ਗਈ।ਇਸ ਮੁਬਾਰਕ ਮੌਕੇ ਸੰਦੀਪ ਗੋਇਲ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਸ, ਬਾਰਡਰ ਰੇਂਜ ਅੰਮ੍ਰਿਤਸਰ ਅਤੇ ਡਾ. ਮਹਿਤਾਬ ਸਿੰਘ ਐੱਸ. ਐੱਸ. ਪੀ. ਬਟਾਲਾ ਵੀ ਮੌਜੂਦ ਸਨ। ਜ਼ਿਲ੍ਹਾ ਪੁਲਸ ਦਫਤਰ ਬਟਾਲਾ ਦੀ ਵੱਡ ਅਕਾਰੀ ਨਵੀਂ ਇਮਾਰਤ ਬਣਾਉਣ ਦੀ ਸ਼ੁਰੂਆਤ ਮੌਕੇ ਪੱਤਰਕਾਰਾਂ ਸਾਥੀਆਂ ਨਾਲ ਗੱਲ ਕਰਦਿਆ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਵੱਲੋਂ 16 ਅਪ੍ਰੈਲ ਨੂੰ ਬਟਾਲਾ ਫੇਰੀ ਮੌਕੇ ਦੌਰਾਨ ਬਟਾਲਾ ਹਲਕੇ ਦੇ ਵਿਕਾਸ ਕਾਰਜਾਂ ਨੂੰ ਹੋਰ ਰਫਤਾਰ ਦਿੰਦਿਆਂ ਜ਼ਿਲ੍ਹਾ ਪੁਲਸ ਦਫਤਰ ਬਟਾਲਾ ਦੀ ਨਵੀਂ ਇਮਾਰਤ ਬਣਾਉਣ ਦਾ ਨੀਂਹ ਪੱਥਰ ਰੱਖਿਆ ਗਿਆ ਸੀ, ਜਿਸ ਦੀ ਅੱਜ ਰਸਮੀ ਸ਼ੁਰੂਆਤ ਕਰ ਦਿੱਤੀ ਗਈ ਹੈ।ਵਿਧਾਇਕ ਸ਼ੈਰੀ ਕਲਸੀ ਨੇ ਬਟਾਲਾ ਦੇ ਇਤਿਹਾਸ ਵਿੱਚ ਵਿਕਾਸ ਦਾ ਇੱਕ ਹੋਰ ਪੰਨਾ ਜੋੜਦਿਆਂ ਦੱਸਿਆ ਕਿ 65 ਕਰੋੜ ਰੁਪਏ ਦੀ ਲਾਗਤ ਨਾਲ ਪੰਜਾਬ ਪੁਲਸ ਹਾਊਸਿੰਗ ਕਾਰਪੋਰੇਸ਼ਨ ਲਿਮਟਿਡ ਵਿੱਚ ਜ਼ਿਲ੍ਹਾ ਪੁਲਸ ਦਫਤਰ ਬਟਾਲਾ ਦੀ 5 ਮੰਜ਼ਿਲਾ ਇਮਾਰਤ ਦੀ ਉਸਾਰੀ ਕਰਵਾਈ ਜਾਵੇਗੀ।ਉਨ੍ਹਾਂ ਦੱਸਿਆਂ ਕਿ 15 ਏਕੜ 1 ਕਨਾਲ ਅਤੇ 10 ਮਰਲੇ ਵਿੱਚ ਜ਼ਿਲ੍ਹਾ ਪੁਲਸ ਦਫਤਰ ਬਟਾਲਾ ਦੀ ਇਸ ਇਮਾਰਤ ਲਈ ਪਹਿਲੇ ਪੜਾਅ ਵਿੱਚ 14 ਕਰੋੜ 81 ਲੱਖ ਰੁਪਏ ਦਾ ਫੰਡ ਅਲਾਟ ਹੋ ਗਿਆ ਹੈ।ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਸ ਸ਼ਾਨਦਾਰ ਜ਼ਿਲ੍ਹਾ ਪੁਲਸ ਦਫਤਰ ਬਟਾਲਾ ਵਿੱਚ ਦਫਤਰ ਐੱਸ. ਐੱਸ. ਪੀ. ਐੱਸ. ਪੀਜ਼., ਡੀ. ਐੱਸ. ਪੀਜ਼, ਸਾਈਬਰ ਥਾਣਾ, ਆਰ.ਟੀ.ਆਈ ਸੈੱਲ, ਟਰੈਫਿਕ ਦਫਤਰ, ਵੋਮੈਨਸੈੱਲ, ਵੇਟਿੰਗ ਰੂਮ, ਪਾਰਕਿੰਗ ਅਤੇ ਪੁਲਿਸ ਵਿਭਾਗ ਦੀਆਂ ਵੱਖ-ਵੱਖ ਸ਼ਾਖਾਵਾਂ ਦੇ ਦਫਤਰ ਬਣਨਗੇ, ਜਿਸ ਨਾਲ ਬਟਾਲਾ ਵਾਸੀਆਂ ਨੂੰ ਇੱਕ ਛੱਤ ਹੇਠਾਂ ਪੁਲਿਸ ਵਿਭਾਗ ਨਾਲ ਸਾਰੀਆਂ ਸੇਵਾਵਾਂ ਮਿਲਣਗੀ। ਇਸ ਨਾਲ ਸ਼ਹਿਰ ਵਿੱਚ ਆਵਾਜਾਈ ਹੋਰ ਸੁਖਾਲੀ ਹੋਵੇਗੀ ਅਤੇ ਲੋਕਾਂ ਨੂੰ ਆਉਣ ਜਾਣ ਵਿੱਚ ਵੱਡੀ ਰਾਹਤ ਮਿਲੇਗੀ।ਇਸ ਮੌਕੇ ਐੱਸ. ਪੀ. (ਡੀ) ਸੰਦੀਪ ਵਡੇਰਾ, ਐੱਸ. ਪੀ (ਐੱਚ) ਮੈਡਮ ਖੁਸ਼ਬੀਰ ਕੌਰ, ਡੀ. ਐੱਸ. ਪੀ. ਤੇਜਿੰਦਰਪਾਲ ਸਿੰਘ ਗੋਰਾਇਆ, ਡੀ.ਐੱਸ.ਪੀ.( ਸਿਟੀ) ਸੁਖਇੰਦਰ ਸਿੰਘ ਕਾਹਲੋਂ, ਡੀ.ਐੱਸ.ਪੀ. ਗੁਰਮੀਤ ਸਿੰਘ, ਚੇਅਰਮੈਨ ਮਾਨਿਕ ਮਹਿਤਾ, ਸੀਨੀਅਰ ਆਗੂ ਬਲਬੀਰ ਸਿੰਘ ਬਿੱਟੂ ਅਤੇ ਵੱਖ-ਵੱਖ ਸ਼ਖਸੀਅਤਾਂ ਮੌਜੂਦ ਸਨ।



# ਜਵੰਦਾ ਕਲਾਂ 'ਚ ਹਲਕਾ ਵਿਧਾਇਕ ਲਾਲਪੁਰਾ ਦਾ ਪੁਤਲਾ ਫੂਕਿਆ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਜਮਹੂਰੀ ਕਿਸਾਨ ਸਭਾ ਅਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋ ਹਲਕਾ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਅਤੇ ਐੱਸਐੱਚਓ ਗੋਇੰਦਵਾਲ ਦਾ ਪੁਤਲਾ ਸਾੜਿਆ ਗਿਆ ਜਿਸ ਦੀ ਅਗਵਾਈ ਜਮਹੂਰੀ ਕਿਸਾਨ ਸਭਾ ਦੇ ਆਗੂ ਸਵਿੰਦਰ ਸਿੰਘ ਖੱਬੇ, ਸ਼ਹੀਦ ਭਗਤ ਸਿੰਘ ਨੇ ਸਭਾ ਦੇ ਆਗੂ ਬਿਕਰਮਜੀਤ ਜਵੰਦਾ ਨੇ ਕੀਤੀ।ਇਸ ਮੌਕੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਆਗੂ ਮੰਗਲ ਸਿੰਘ ਜਵੰਦਾ, ਜਮਹੂਰੀ ਕਿਸਾਨ ਸਭਾ ਦੇ ਆਗੂ ਸੁਖਦੇਵ ਸਿੰਘ ਜਵੰਦਾ ਨੇ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਹਲਕਾ ਖਡੂਰ ਸਾਹਿਬ ਬੇਵਾਰਸ ਹੋਇਆ ਫਿਰਦਾ ਹੈ, ਥਾਣਾ ਗੋਇੰਦਵਾਲ ਵਿਖੇ ਪਬਲਿਕ ਦਾ ਕਦੀ ਫੋਨ ਨਹੀਂ ਚੁੱਕਿਆ ਜਾਂਦਾ। ਇਸੇ ਤਰਾਂ ਤਹਿਸੀਲ ਖਡੂਰ ਸਾਹਿਬ ਤਹਿਸੀਲਦਾਰ ਤੋਂ ਬਿਨਾਂ ਚੱਲ ਰਹੀ ਹੈ।ਆਮ ਕਿਸਾਨਾਂ /ਮਜ਼ਦੂਰਾਂ ਨੂੰ ਦਫਤਰਾਂ ਦੇ ਚੱਕਰ ਲਗਾਉਣੇ ਪੈ ਰਹੇ ਹਨ, ਬਿਜਲੀ ਦੇ ਲੰਮੇ ਕੱਟ ਲੱਗਦੇ ਹਨ। ਇਨ੍ਹਾਂ ਗੱਲਾਂ ਵੱਲ ਪ੍ਰਸ਼ਾਸਨ ਦਾ ਧਿਆਨ ਦਿਵਾਉਣ ਵਾਸਤੇ ਜਨਤਕ ਜਥੇਬੰਦੀਆਂ ਵੱਲੋਂ 20 ਤਰੀਕ ਤੋਂ ਪ੍ਰਦਰਸ਼ਨ ਸ਼ੁਰੂ ਕੀਤਾ ਜਾਵੇਗਾ। 12 ਤਰੀਕ ਨੂੰ ਐੱਸਐੱਚਓ ਗੋਇੰਦਵਾਲ ਖਿਲਾਫ ਅਣਮਿੱਥੇ ਸਮੇਂ ਲਈ ਧਰਨਾ ਲਾਇਆ ਜਾਏਗਾ। ਇਸ ਮੌਕੇ ਗੁਰਦੇਵ ਸਿੰਘ, ਸਾਹਿਬ ਸਿੰਘ, ਬਲਵਿੰਦਰ ਸਿੰਘ, ਰਣਧੀਰ ਸਿੰਘ, ਸੁਰਜੀਤ ਸਿੰਘ, ਦਲਜਿੰਦਰ ਸਿੰਘ ਸਾਬਕਾ ਸਰਪੰਚ ਆਦਿ ਹਾਜਰ ਸਨ।



# ਬੇਅਦਬੀ ਖਿਲਾਫ ਲਿਆਂਦਾ ਕਾਨੂੰਨ ਮਾਨ ਸਰਕਾਰ ਦਾ ਸ਼ਲਾਘਾਯੋਗ ਕਾਰਜ : ਹਰਭੇਜ ਸਿੰਘ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਹਲਕਾ ਮਜੀਠਾ ਦੇ ਪਿੰਡ ਸਰਹਾਲਾ ਦੇ ਸਰਪੰਚ ਹਰਭੇਜ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਵੱਖ-ਵੱਖ ਥਾਵਾਂ ਤੇ ਹੋ ਰਹੀਆਂ ਬੇਅਦਬੀਆਂ ਨੂੰ ਲੈ ਕੇ ਜੋ ਸਖਤ ਕਾਨੂੰਨ ਬਣਾਇਆ ਹੈ ਉਸ ਦੀ ਸ਼ਲਾਘ ਕਰਦੇ ਹਾਂ ਅਤੇ ਸਮੂਹ ਸਿੱਖ ਕੌਮ ਦੇ ਭਾਈਚਾਰੇ ਵੱਲੋਂ ਧੰਨਵਾਦ ਕਰਦੇ ਹਾਂ। ਉਨ੍ਹਾਂ ਮਾਨ ਸਰਕਾਰ ਦੀ ਵਡਿਆਈ ਕਰਦੇ ਕਿਹਾ ਕਿ ਬਹੁਤ ਮਿਹਨਤ ਕਰਕੇ ਇਸ ਕਾਨੂੰਨ ਨੂੰ ਅਮਲ ਵਿੱਚ ਲਿਆਂਦਾ ਹੈ ਅਤੇ ਆਪ ਸਰਕਾਰ ਤੋਂ ਪਹਿਲਾਂ ਵੀ ਕਈ ਸਰਕਾਰਾਂ ਆਈਆਂ ਹਨ ਪਰ ਕਿਸੇ ਨੇ ਅਜਿਹਾ ਕਰਕੇ ਨਹੀਂ ਦਿਖਾਇਆ। ਇਸ ਕਾਨੂੰਨ ਨੂੰ ਅਮਲ 'ਚ ਲਿਆਉਣ ਤੋਂ ਬਾਅਦ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਅਤੇ ਹਲਕਾ ਮਜੀਠਾ ਦੇ ਲੋਕਾਂ ਨੇ ਇਸ ਕਾਨੂੰਨ ਦੀ ਸ਼ਲਾਘਾ ਕੀਤੀ ਹੈ ਅਤੇ ਲੋਕਾਂ ਬਹੁਤ ਖੁਸ਼ੀ ਮਨਾਈ ਹੈ।

ਇਸ ਮੌਕੇ ਬਲਾਕ ਪ੍ਰਧਾਨ ਜਗਦੀਸ਼ ਸ਼ਹਿਜ਼ਾਦਾ, ਯੂਥ ਪ੍ਰਧਾਨ ਗੁਰਪ੍ਰੀਤ ਸਿੰਘ, ਪੱਤਰਕਾਰ ਮੁਖਤਾਰ ਸਿੰਘ ਅਤੇ ਦਿਲਬਾਗ ਸਿੰਘ ਸਰਹਾਲਾ ਹਾਜ਼ਰ ਸਨ।



# ਵੇਰਕਾ ਦੇ ਚਹੁੰ-ਮੁਖੀ ਵਿਕਾਸ ਨੂੰ ਕੀਤਾ ਜਾ ਰਿਹੈ ਨਜ਼ਰਅੰਦਾਜ਼ : ਦਿਨੇਸ਼ ਬੱਸੀ

**ਛੇਹਰਟਾ, (ਮਨੋਜ ਕੁਮਾਰ)** : ਅੰਮ੍ਰਿਤਸਰ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਤੇ ਸੀਨੀਅਰ ਕਾਂਗਰਸੀ ਆਗੂ ਦਿਨੇਸ਼ ਬੱਸੀ ਨੇ ਆਪਣੇ ਕਾਰਜਕਾਲ ਦੌਰਾਨ ਸ਼ੁਰੂ ਕੀਤੇ ਗਏ ਵਿਕਾਸ ਕਾਰਜਾਂ ਦੇ ਰੁਕਣ ਨੂੰ ਲੈ ਕੇ ਸਰਕਾਰ ਤੇ ਸਥਾਨਕ ਵਿਧਾਇਕ ਜੀਵਨ ਜੋਤ ਕੌਰ 'ਤੇ ਨਿਸ਼ਾਨਾ ਸਾਧਿਆ ਹੈ।ਵਾਰਡ ਨੰਬਰ 19 ਦੇ ਪ੍ਰੀਤ ਨਗਰ ਸਥਿਤ ਡੇਵਿਡ ਦੇ ਗ੍ਰਹਿ ਵਿਚ ਬੌਬੀ ਭਗਤ ਤੇ ਮਨਜੀਤ ਸਿੰਘ ਵੇਰਕਾ ਦੀ ਅਗਵਾਈ ਹੇਠ ਹੋਈ ਮੀਟਿੰਗ ਦੌਰਾਨ ਦਿਨੇਸ਼ ਬੱਸੀ ਨੇ ਕਿਹਾ ਕਿ ਪੂਰਬੀ ਹਲਕੇ ਦੇ ਲੋਕਾਂ ਲਈ ਉਨ੍ਹਾਂ ਦੇ ਦਿਲ ਵਿਚ ਹਮੇਸ਼ਾ ਖ਼ਾਸ ਸਥਾਨ ਰਿਹਾ ਹੈ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਰਹਿੰਦੇ ਹੋਏ ਉਨ੍ਹਾਂ ਨੇ ਇਲਾਕੇ ਦੇ ਵਿਕਾਸ ਲਈ ਕਈ ਵੱਡੇ ਪ੍ਰੋਜੈਕਟ ਸ਼ੁਰੂ ਕਰਵਾਏ ਸਨ।ਉਨ੍ਹਾਂ ਕਿਹਾ ਕਿ ਆਪਣੇ ਕਾਰਜਕਾਲ ਦੌਰਾਨ ਅੰਡਰਪਾਸ ਨਿਰਮਾਣ, ਭੰਡਾਰੀ ਪੁਲ ਦੇ ਵਿਕਾਸ ਕਾਰਜ਼ਾਂ ਸਮੇਤ ਗੁਰੂ ਨਗਰੀ ਲਈ ਕਈ ਮਹੱਤਵਪੂਰਨ ਕੰਮ ਕਰਵਾਏ ਗਏ।ਉਨ੍ਹਾਂ ਦੱਸਿਆ ਕਿ ਵੇਰਕਾ ਵਿਚ ਕਰੀਬ ਤਿੰਨ ਸੌ ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਆਧੁਨਿਕ ਸਪੋਰਟਸ ਸਟੇਡੀਅਮ ਪ੍ਰੋਜੈਕਟ ਨੂੰ ਮਨਜ਼ੂਰੀ ਮਿਲ ਚੁੱਕੀ ਸੀ, ਪਰ ਸੱਤਾ ਬਦਲਦੇ ਹੀ ਇਸ ਪ੍ਰੋਜੈਕਟ ਨੂੰ ਰੋਕ ਦਿੱਤਾ ਗਿਆ। ਬੱਸੀ ਨੇ ਦੋਸ਼ ਲਗਾਇਆ ਕਿ ਇਹ ਪ੍ਰੋਜੈਕਟ ਸਿਰਫ਼ ਇਸ ਲਈ ਬੰਦ ਕੀਤਾ ਗਿਆ ਤਾਂ ਜੋ ਉਨ੍ਹਾਂ ਦਾ ਨਾਮ ਨਾ ਹੋ ਸਕੇ।ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਨਾਮ ਨਹੀਂ ਚਾਹੀਦਾ ਸੀ।ਉਹ ਸਿਰਫ਼ ਵੇਰਕਾ ਦੇ ਲੋਕਾਂ ਲਈ ਵਿਕਾਸ ਚਾਹੁੰਦਾ ਸੀ।ਜੇਕਰ ਸਟੇਡੀਅਮ ਬਣ ਜਾਂਦਾ ਤਾਂ ਇਲਾਕੇ ਦੇ ਨੌਜਵਾਨਾਂ ਨੂੰ ਵਧੀਆ ਖੇਡ ਸਹੂਲਤਾਂ ਮਿਲਦੀਆਂ, ਨਵੇਂ ਖਿਡਾਰੀ ਤਿਆਰ ਹੁੰਦੇ, ਬੱਚਿਆਂ ਨੂੰ ਖੇਡਣ ਲਈ ਸੁਰੱਖਿਅਤ ਥਾਂ ਮਿਲਦੀ।ਉਨ੍ਹਾਂ ਕਿਹਾ ਕਿ ਵੇਰਕਾ ਨੂੰ ਹਰ ਵਾਰ ਵਿਕਾਸ ਦੇ ਮਾਮਲਿਆਂ ਵਿਚ ਨਜ਼ਰਅੰਦਾਜ਼ ਕੀਤਾ ਜਾਂਦਾ ਹੈ, ਜਦਕਿ ਇਥੋਂ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਤੇ ਆਧੁਨਿਕ ਢਾਂਚੇ ਦੀ ਬਹੁਤ ਲੋੜ ਹੈ। ਮੀਟਿੰਗ ਦੌਰਾਨ ਸਥਾਨਕ ਲੋਕਾਂ ਨੇ ਵੀ ਇਲਾਕੇ ਨਾਲ ਜੁੜੇ ਕਈ ਮੁੱਦੇ ਉਠਾਏ। ਦਿਨੇਸ਼ ਬੱਸੀ ਨੇ ਭਰੋਸਾ ਦਿਵਾਇਆ ਕਿ ਉਹ ਭਵਿੱਖ ਵਿਚ ਵੀ ਵੇਰਕਾ ਦੇ ਵਿਕਾਸ ਤੇ ਲੋਕਾਂ ਦੀ ਆਵਾਜ਼ ਉਠਾਉਂਦੇ ਰਹਿਣਗੇ। ਉਨ੍ਹਾਂ ਕਿਹਾ ਕਿ ਇਸ ਇਲਾਕੇ ਵਿੱਚ ਹਮੇਸ਼ਾ ਕਾਂਗਰਸ ਨੇ ਕੰਮ ਕੀਤਾ ਹੈ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਕਾਂਗਰਸ ਜਿੱਤ ਕੇ ਮੁੜ ਹਲਕੇ ਦੀ ਤਸਵੀਰ ਬਦਲੇਗੀ।ਇਸ ਮੌਕੇ ਜਤਿੰਦਰ ਰਾਣਾ, ਲਾਡੀ, ਬੌਬੀ, ਜਸਪਾਲ ਸਿੰਘ, ਸੁਰਜੀਤ ਸਿੰਘ, ਧਵਨ ਸਿੰਘ, ਕਿੰਦਰ, ਜਗਤਾਰ ਸਮੇਤ ਹੋਰ ਹਾਜ਼ਰ ਸਨ।



# ਜੀਟੀਬੀ ਇੰਟਰਨੈਸ਼ਨਲ ਸਕੂਲ ਕਲਿਆਣਪੁਰ ਦਾ ਸੀ ਆਈ ਐੱਸ ਸੀ ਈ ਦਸਵੀਂ ਤੇ ਬਾਰ੍ਹਵੀਂ ਦੀ ਨਤੀਜਾ ਸ਼ਾਨਦਾਰ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਕੌਂਸਲ ਫਾਰ ਦਿ ਇੰਡੀਅਨ ਸਕੂਲ ਸਰਟੀਫਿਕੇਟ ਐਗਜ਼ਾਮੀਨੇਸ਼ਨ (ਸੀਆਈਐੱਸਸੀਈ) ਨਵੀਂ ਦਿੱਲੀ ਵੱਲੋਂ ਐਲਾਨੇ ਗਏ ਆਈਸੀਐੱਸਈ (10ਵੀਂ) ਅਤੇ ਆਈਐੱਸਸੀ (12ਵੀਂ) ਦੇ ਸਾਲਾਨਾ ਨਤੀਜਿਆਂ ਵਿੱਚ ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ (ਧਾਰੀਵਾਲ) ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ, ਡਾਇਰੈਕਟਰ ਪ੍ਰਿਤਪਾਲ ਸਿੰਘ ਐਡਵੋਕੇਟ ਅਤੇ ਪ੍ਰਿੰਸੀਪਲ ਸੈਮੂਅਲ ਦਾਸ ਨੇ ਸਾਂਝੇ ਤੌਰ 'ਤੇ ਖੁਸ਼ੀ ਸਾਂਝੀ ਕਰਦਿਆਂ ਦੱਸਿਆ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਕੂਲ ਦੇ ਸਾਰੇ ਵਿਦਿਆਰਥੀ ਮੈਰਿਟ ਅੰਕਾਂ ਨਾਲ ਪਾਸ ਹੋਏ ਹਨ। ਉਨ੍ਹਾਂ ਦੱਸਿਆ ਦਸਵੀਂ ਜਮਾਤ ਵਿੱਚੋਂ ਨਵਨੀਤ ਕੌਰ ਨੇ 96.2% ਅੰਕਾਂ ਨਾਲ ਸਕੂਲ ਵਿੱਚੋਂ ਪਹਿਲਾ ਸਥਾਨ, ਪਰਨੀਤ ਕੌਰ ਤੇ ਖੁਸ਼ਮੀਤ ਕੌਰ ਨੇ 93.6% ਅੰਕਾਂ ਨਾਲ ਦੂਜਾ ਅਤੇ ਅਵਨੀਤ ਕੌਰ ਤੇ ਭਾਵਨੀ ਨੇ 93.2 % ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਂ ਰੋਸ਼ਨ ਕੀਤਾ ਹੈ। ਦਸਵੀਂ ਵਿੱਚੋਂ 9 ਬੱਚਿਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ ਅਤੇ ਬਾਕੀ ਵੀ ਸਾਰੇ ਬੱਚੇ ਚੰਗੇ ਨੰਬਰ ਲੈ ਕੇ ਪਾਸ ਹੋਏ ਹਨ। ਇਸੇ ਤਰ੍ਹਾਂ ਬਾਰ੍ਹਵੀਂ ਜਮਾਤ ਦੇ ਸਾਇੰਸ ਗਰੁੱਪ ਵਿੱਚ ਰਿਧੀਮਾ ਮਹਾਜਨ ਨੇ 93.2% ਅੰਕਾਂ ਨਾਲ ਸਕੂਲ ਵਿੱਚੋਂ ਪਹਿਲਾ ਸਥਾਨ, ਗੁਰਮੰਨਤ ਕੌਰ ਤੇ ਕਰਨਬੀਰ ਸਿੰਘ ਨੇ 91% ਨਾਲ ਦੂਜਾ ਅਤੇ ਅਰਸ਼ਪ੍ਰੀਤ ਕੌਰ ਨੇ 87.25 % ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਕਾਮਰਸ ਗਰੁੱਪ ਵਿੱਚ ਆਸਥਾਦੀਪ ਧਾਲੀਵਾਲ 91.75 % ਅੰਕਾਂ ਨਾਲ ਪਹਿਲੇ, ਪ੍ਰਭਲੀਨ ਸਿੰਘ 90.75 % ਨਾਲ ਦੂਜੇ ਅਤੇ ਵੈਸ਼ਨਵੀ 85.75% ਅੰਕਾਂ ਨਾਲ ਤੀਜੇ ਸਥਾਨ 'ਤੇ ਰਹੇ। ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ, ਡਾਇਰੈਕਟਰ ਪ੍ਰਿਤਪਾਲ ਸਿੰਘ ਅਤੇ ਪ੍ਰਿੰਸੀਪਲ ਸੈਮੂਅਲ ਦਾਸ ਨੇ ਇਸ ਸ਼ਾਨਦਾਰ ਸਫਲਤਾ ਲਈ ਪ੍ਰਮਾਤਮਾ ਦਾ ਸ਼ੁਕਰਾਨਾ ਕਰਦੇ ਹੋਏ ਸਮੂਹ ਸਟਾਫ ਤੇ ਵਿਦਿਆਰਥੀਆਂ ਦੀ ਸਖਤ ਮਿਹਨਤ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਨੂੰ ਵਧਾਈ ਦਿੱਤੀ। ਇਸ ਮੌਕੇ ਸਕੂਲ ਵਿੱਚ ਮਿਠਾਈ ਵੰਡ ਕੇ ਤੇ ਢੋਲ ਵਜਾ ਕੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ।



# ਡੀਏਵੀ ਸਕੂਲ ਡੇਰਾ ਬੱਸੀ ਦਾ ਦਸਵੀਂ ਦਾ ਨਤੀਜਾ ਰਿਹਾ ਸ਼ਾਨਾਂਮੱਤਾ



**ਡੇਰਾ ਬੱਸੀ, (ਵਿਨੈ ਕੁਮਾਰ ਜੈਨ)**- ਡੇਰਾਬੱਸੀ ਦੇ ਡੀ. ਏ. ਵੀ. ਪਬਲਿਕ ਸਕੂਲ ਵਿੱਚ ਉਤਮਤਾ ਦੀ ਵਿਰਾਸਤ ਨੂੰ ਬਰਕਰਾਰ ਰੱਖਦਿਆਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਸਾਲ 2025-26 ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਸਕੂਲ ਦੇ ਵਿਦਿਆਰਥੀਆਂ ਨੇ ਅਕਾਦਮਿਕ ਖੇਤਰ ਵਿੱਚ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਉਂਦੇ ਹੋਏ ਸੰਸਥਾ ਦਾ ਨਾਂ ਰੌਸ਼ਨ ਕੀਤਾ ਹੈ।ਐਨੀ ਗੁਪਤਾ ਅਤੇ ਤਰੂ ਗੁਪਤਾ 97% ਅੰਕਾਂ ਨਾਲ ਸਾਂਝੇ ਤੌਰ 'ਤੇ ਮੋਹਰੀ ਰਹੇ।ਪਰਿਨਿਕਾ ਨੇ 95.40% ਅੰਕ ਪ੍ਰਾਪਤ ਕੀਤੇ।ਧੀਰੇਨ ਕੁਸ਼, ਆਸਥਾ ਸਿੰਘ ਅਤੇ ਮਾਨਵੀ ਨੇ 95.20% ਅੰਕਾਂ ਨਾਲ ਅਕਾਦਮਿਕ ਉੱਤਮਤਾ ਦਾ ਪ੍ਰਦਰਸ਼ਨ ਕੀਤਾ।ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ 28 ਵਿਦਿਆਰਥੀਆਂ ਨੇ 90% ਤੋਂ ਵੱਧ ਅਤੇ 48 ਵਿਦਿਆਰਥੀਆਂ ਨੇ 80% ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ।ਖਾਸ ਗੱਲ ਇਹ ਰਹੀ ਕਿ ਸਮੁੱਚੇ ਬੈਚ ਦੇ ਸਾਰੇ ਵਿਦਿਆਰਥੀਆਂ ਨੇ 70% ਤੋਂ ਵੱਧ ਅੰਕ ਹਾਸਲ ਕੀਤੇ, ਜੋ ਕਿ ਅਧਿਆਪਕਾਂ ਦੇ ਸਮਰਪਿਤ ਮਾਰਗਦਰਸ਼ਨ ਅਤੇ ਬੱਚਿਆਂ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ। ਸਕੂਲ ਪ੍ਰਸ਼ਾਸਨ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਡੀ. ਏ. ਵੀ. ਸੰਸਥਾ ਕੇਵਲ ਅੰਕਾਂ ਤੱਕ ਸੀਮਤ ਨਹੀਂ ਹੈ, ਸਗੋਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਅਤੇ ਮੁੱਲ-ਆਧਾਰਿਤ ਸਿੱਖਿਆ ਲਈ ਵਚਨਬੱਧ ਹੈ।

# ਸ਼ੈਰੀ ਕਲਸੀ ਨੇ ਸ਼ਰਧਾਲੂਆਂ ਦੀ ਭਰੀ ਬੱਸ ਨੂੰ ਕੀਤਾ ਰਵਾਨਾ

**ਬਟਾਲਾ, ਅਪ੍ਰੈਲ (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵਲੋਂ ਵਾਰਡ ਨੰਬਰ 5 ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪੰਜਾਬਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਨਾ ਸਿਰਫ਼ ਲੋਕਾਂ ਦੀਆਂ ਆਸਥਾਵਾਂ ਨੂੰ ਮਜ਼ਬੂਤੀ ਮਿਲੀ ਹੈ, ਬਲਕਿ ਸਮਾਜ ਵਿੱਚ ਏਕਤਾ ਅਤੇ ਸਾਂਝ ਨੂੰ ਵੀ ਹੋਰ ਮਜ਼ਬੂਤ ਕੀਤਾ ਗਿਆ ਹੈ।ਉਨ੍ਹਾਂ ਅੱਗੇ ਕਿਹਾ ਕਿ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਅਤੇ ਲੋਕ ਪੂਰੀ ਸ਼ਰਧਾ ਭਾਵਨਾ ਨਾਲ ਯਾਤਰਾ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਇਹ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ੍ਰੀ ਆਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ -ਏ-ਖਾਲਸਾ, ਸ੍ਰੀ ਕੀਰਤਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ।ਇਸ ਮੌਕੇ ਯਾਤਰਾ ਤੇ ਜਾ ਰਹੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਅਤੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਤੀਰਥ ਯੋਜਨਾ ਨਾਲ ਲੋਕਾਂ ਵਿੱਚ ਖੁਸ਼ੀ ਵਰਗਾ ਮਾਹੌਲ ਹੈ ਅਤੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬਹੁਤ ਉਤਸ਼ਾਹਿਤ ਹਨ।



# ਜੀਐੱਨਡੀਯੂ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਮੀਟਿੰਗ 'ਚ ਅਹਿਮ ਮਸਲਿਆਂ 'ਤੇ ਵਿਚਾਰ-ਵਟਾਂਦਰਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਪੈਨਸ਼ਨਰਜ਼ ਐਸੋਸੀਏਸ਼ਨ ਦੀ ਛਿਮਾਹੀ ਮੀਟਿੰਗ ਕੈਂਪਸ ਵਿਖੇ ਹੋਈ ਜਿਸ ਵਿੱਚ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਯੂਨੀਵਰਸਿਟੀ ਪੈਨਸ਼ਨਰਜ਼ ਦੀਆਂ ਅਹਿਮ ਮੰਗਾਂ ਮਸਲਿਆਂ ਬਾਰੇ ਵਿਸਥਾਰ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਦੋ ਹੀ ਮਸਲੇ ਵਿਚਾਰ ਲਈ ਰੱਖੇ ਗਏ। ਪਹਿਲਾ ਮੁੱਦਾ ਯੂਨੀਵਰਸਿਟੀ ਸੇਵਾ ਮੁਕਤ ਸਾਥੀਆਂ ਜਿਨ੍ਹਾਂ ਦੀ ਉਮਰ 75 ਸਾਲਾ ਤੋਂ ਉੱਪਰ ਹੈ, 1.1.2016 ਤੋਂ ਜੂਨ 2021 ਦੀ ਸੋਧੀ ਪੈਨਸ਼ਨ ਤੇ ਮਹਿਗਾਈ ਭੱਤੇ ਦੀ ਅਦਾਇਗੀ ਅਤੇ ਬਕਾਇਆ ਮੰਗਾਂ ਵਿਚਾਰਨ ਕਰਨ ਲਈ ਰੱਖੇ ਗਏ ਸਨ। ਮੀਟਿੰਗ ਦੀ ਸ਼ੁਰੂਆਤ ਕਰਦਿਆਂ ਐਸੋਸੀਏਸ਼ਨ ਦੇ ਜਨਰਲ ਸਕੱਤਰ ਅਮਰਜੀਤ ਸਿੰਘ ਬਾਈ ਨੇ ਪੈਨਸ਼ਨਰ ਐਸੋਸੀਏਸ਼ਨ ਦੇ ਮੈਂਬਰਾਂ ਵੱਲੋਂ ਵਿਛੜੇ ਸਾਥੀਆਂ ਰਮੇਸ਼ ਰਾਜ ਭੰਡਾਰੀ, ਪ੍ਰੋ. ਰਣਜੀਤ ਸਿੰਘ, ਕੁਲਵੰਤ ਸਿੰਘ ਭੰਡਾਲ, ਅਵਤਾਰ ਸਿੰਘ ਅਤੇ ਹਵੇਲਾ ਸਿੰਘ ਚੀਮਾ ਐਡਮਿਨ-ਕਮ-ਅਕਾਊਂਟਸ ਅਫ਼ਸਰ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਦਿੱਤੀ ਗਈ। ਐਸੋਸੀਏਸ਼ਨ ਦੇ ਪ੍ਰਧਾਨ ਡਾਕਟਰ ਅਮਰਜੀਤ ਸਿੰਘ ਸਿੱਧੂ ਨੇ ਪੈਨਸ਼ਨਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ 75 ਸਾਲ ਤੋਂ ਵੱਧ ਉਮਰ ਵਾਲੇ ਯੂਨੀਵਰਸਿਟੀ ਪੈਨਸ਼ਨਰਜ ਨੂੰ ਸੋਧੀ ਪੈਨਸ਼ਨ ਤੇ ਡੀ ਏ ਦੀ ਅਦਾਇਗੀ ਹੋਣ ਬਾਰੇ ਜਾਣੂ ਕਰਾਇਆ। ਉਹਨਾਂ ਨੇ ਬਕਾਇਆ ਮੰਗਾ ਬਾਰੇ ਉਪ ਕੁੱਲਪਤੀ ਡਾ. ਕਰਮਜੀਤ ਸਿੰਘ ਨਾਲ ਵਿਚਾਰ ਵਟਾਂਦਰਾ ਕੀਤਾ ਜਾਵੇਗਾ ਅਤੇ ਪੈਨਸ਼ਨਰਜ਼ ਐਸੋਸੀਏਸ਼ਨ ਦੇ ਮੈਂਬਰਾਂ ਨੇ ਉਪ ਕੁੱਲਪਤੀ ਦਾ ਸੋਧੀ ਪੈਨਸ਼ਨ ਤੇ ਡੀਏ ਦਾ ਬਕਾਇਆ ਦੇਣ ਬਾਰੇ ਧੰਨਵਾਦ ਕੀਤਾ। ਜਨਰਲ ਸਕੱਤਰ ਅਮਰਜੀਤ ਸਿੰਘ ਬਾਈ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਖੁਲਾਸਾ ਕੀਤਾ ਕਿ ਲਗਭਗ 700 ਸੇਵਾ ਮੁਕਤ ਯੂਨੀਵਰਸਿਟੀ ਪੈਨਸ਼ਨਰਜ਼ ਫੈਮਿਲੀ ਪੈਨਸ਼ਨਰਜ਼ ਨੂੰ ਉਪਰੋਕਤ ਅਦਾਇਗੀ ਹੋ ਚੁੱਕੀ ਹੈ। ਇਸ ਮੀਟਿੰਗ ਵਿੱਚ ਰਮੇਸ਼ ਸ਼ਰਮਾ ਸੀਨੀਅਰ ਮੀਤ ਪ੍ਰਧਾਨ, ਡਾਕਟਰ ਐੱਚ. ਪੀ. ਸਿੰਘ ਮੀਤ ਪ੍ਰਧਾਨ, ਪ੍ਰੋ. ਸਰੂਪ ਸਿੰਘ ਮੀਤ ਪ੍ਰਧਾਨ, ਪ੍ਰੋ. ਸੁਖਦੇਵ ਸਿੰਘ ਸੋਹਲ ਸਕੱਤਰ, ਸੁਰਜੀਤ ਸਿੰਘ ਵਿੱਤ ਸਕੱਤਰ, ਜਗੀਰ ਸਿੰਘ ਸੰਯੁਗਤ ਸਕੱਤਰ, ਪ੍ਰਤਾਪ ਸਿੰਘ ਮੈਂਬਰ, ਡਾਕਟਰ ਬਿਕਰਮ ਚੱਢਾ ਮੈਂਬਰ, ਨਰਿੰਦਰ ਸਿੰਘ ਸਿੱਧੂ ਮੈਂਬਰ ਅਤੇ ਪ੍ਰੋ. ਆਰ. ਸੀ. ਸਿੰਘ ਆਦਿ ਹਾਜ਼ਰ ਹੋਏ।



# ਆਮ ਆਦਮੀ ਪਾਰਟੀ ਦੋਹਰੇ ਮਿਆਰਾਂ ਵਾਲੀ ਪਾਰਟੀ ਬਣ ਚੁੱਕੀ ਹੈ : ਜਗਮੋਹਨ ਰਾਜੂ

**ਬਟਾਲਾ, (ਤਰਲੋਕ ਬੱਗਾ)**- ਭਾਰਤੀ ਜਨਤਾ ਪਾਰਟੀ ਦੇ ਬਟਾਲਾ ਦਫ਼ਤਰ ਵਿਖੇ ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਹੀਰਾ ਵਾਲੀਆ ਦੀ ਅਗਵਾਈ ਹੇਠ ਇਕ ਪ੍ਰੈੱਸ ਕਾਨਫਰੰਸ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਭਾਜਪਾ ਪੰਜਾਬ ਦੇ ਜਨਰਲ ਸੈਕਟਰੀ ਜਗਮੋਹਨ ਸਿੰਘ ਰਾਜੂ ਨੇ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਹਰ ਮੋਰਚੇ 'ਤੇ ਪੂਰੀ ਤਰ੍ਹਾਂ ਨਾਕਾਮ ਰਹੀ ਹੈ।ਉਨ੍ਹਾਂ ਕਿਹਾ ਕਿ ਜਿਹੜੇ ਵਾਅਦੇ ਕਰਕੇ ਆਮ ਆਦਮੀ ਪਾਰਟੀ ਸੱਤਾ ਵਿੱਚ ਆਈ ਸੀ, ਉਨ੍ਹਾਂ ਵਿੱਚੋਂ ਕੋਈ ਵੀ ਵਾਅਦਾ ਪੂਰਾ ਨਹੀਂ ਕੀਤਾ ਗਿਆ, ਸਗੋਂ ਭ੍ਰਿਸ਼ਟਾਚਾਰ, ਗੈਂਗਸਟਰਵਾਦ ਅਤੇ ਨਸ਼ਿਆਂ ਨੂੰ ਹੋਰ ਵਾਧਾ ਮਿਲਿਆ ਹੈ। ਉਨ੍ਹਾਂ ਦੱਸਿਆ ਕਿ ਇਸ ਕਾਰਨ ਪੰਜਾਬ ਨਾਲ ਹਮਦਰਦੀ ਰੱਖਣ ਵਾਲੇ ਕਈ ਲੋਕ ਅਤੇ ਆਗੂ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਆਮ ਆਦਮੀ ਪਾਰਟੀ ਦੇ ਸੱਤ ਰਾਜ ਸਭਾ ਮੈਂਬਰਾਂ ਨੇ ਭਾਜਪਾ ਵਿੱਚ ਸ਼ਾਮਲ ਹੋ ਕੇ ਇਹ ਸਪੱਸ਼ਟ ਕੀਤਾ ਕਿ ਆਮ ਆਦਮੀ ਪਾਰਟੀ ਪੰਜਾਬ ਵਿਰੋਧੀ ਹੈ।ਜਗਮੋਹਨ ਰਾਜੂ ਨੇ ਦੋਸ਼ ਲਾਇਆ ਕਿ ਭਾਜਪਾ ਦੀ ਵੱਧਦੀ ਲੋਕਪ੍ਰਿਯਤਾ ਤੋਂ ਘਬਰਾ ਕੇ ਆਮ ਆਦਮੀ ਪਾਰਟੀ ਆਪਣੇ ਹੀ ਆਗੂਆਂ ਨੂੰ ਗੱਦਾਰ ਕਹਿ ਰਹੀ ਹੈ, ਜਦਕਿ ਉਹ ਪੰਜਾਬ ਹਿਤਾਂ ਲਈ ਖੜ੍ਹੇ ਹੋਏ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਇੱਕ ਦੋਹਰੇ ਮਿਆਰਾਂ ਵਾਲੀ ਪਾਰਟੀ ਬਣ ਚੁੱਕੀ ਹੈ। ਇਸ ਮੌਕੇ ਸੂਰਜ ਭਾਰਦਵਾਜ (ਪੰਜਾਬ ਸੈਕਟਰੀ), ਰਵੀਕਰਨ ਸਿੰਘ ਕਾਹਲੋਂ, ਸੁਖਵਿੰਦਰ ਸਿੰਘ ਪਿੰਟੂ ( ਸਾਬਕਾ ਵਿਧਾਇਕ), ਬਲਵਿੰਦਰ ਸਿੰਘ ਲਾਡੀ, ਗੁਰਪ੍ਰਤਾਪ ਸਿੰਘ ਟਿੱਕਾ, ਸ਼੍ਰੀ ਹਰਗੋਬਿੰਦਪੁਰ ਸਾਹਿਬ ਦੇ ਕਨਵੀਨਰ ਬਲਜਿੰਦਰ ਸਿੰਘ ਦਕੋਆ, ਜ਼ਿਲ੍ਹਾ ਜਨਰਲ ਸੈਕਟਰੀ ਰੋਸ਼ਨ ਲਾਲ, ਜ਼ਿਲ੍ਹਾ ਜਨਰਲ ਸੈਕਟਰੀ ਲਾਜਵੰਤ ਸਿੰਘ ਲਾਟੀ, ਪੰਕਜ ਮਹਾਜਨ, ਭੂਸ਼ਣ ਬਜਾਜ, ਸ਼ਕਤੀ ਸ਼ਰਮਾ, ਪੰਕਜ ਸ਼ਰਮਾ, ਗੁਰਿੰਦਰ ਪਾਲ ਸਿੰਘ, ਵਿੱਕੀ ਕੌਸ਼ਲ, ਦੀਪਕ ਜੋਸ਼ੀ, ਬਲਵਿੰਦਰ ਮਹਿਤਾ, ਰੋਹਿਤ ਸ਼ੈਲੀ, ਅੰਸ਼ੂ ਹਾਂਡਾ, ਅਨੀਸ਼ ਅਗਰਵਾਲ, ਵਿਕਾਸ ਸ਼ਰਮਾ, ਅਜੇ ਸ਼ਰਮਾ, ਰੇਖਾ ਡਡਵਾਲ, ਵਰਨ ਡਡਵਾਲ ਅਤੇ ਵੇਦ ਪ੍ਰਕਾਸ਼ ਸਮੇਤ ਹੋਰ ਆਗੂ ਮੌਜੂਦ ਸਨ।



# ਓਬੇਨ ਇਲੈਕਟ੍ਰਿਕ ਨੇ ਲਾਂਚ ਕੀਤੀ ਰੋਰ ਈਵੀਓ

**ਅੰਮ੍ਰਿਤਸਰ** : ਇਲੈਕਟ੍ਰਿਕ ਮੋਟਰਸਾਈਕਲ ਬਣਾਉਣ ਵਾਲੀ ਕੰਪਨੀ ਓਬੇਨ ਇਲੈਕਟ੍ਰਿਕ ਨੇ ਨਵੀਂ ਰੋਰ ਈਵੀਓ ਨੂੰ ਪਹਿਲੇ 10,000 ਗਾਹਕਾਂ ਲਈ 99,999 ਰੁਪਏ (ਐਕਸ-ਸ਼ੋਰੂਮ) ਦੀ ਖਾਸ ਸ਼ੁਰੂਆਤੀ ਕੀਮਤ 'ਤੇ ਲਾਂਚ ਕਰਨ ਦਾ ਐਲਾਨ ਕੀਤਾ ਹੈ।ਇਸ ਲਾਂਚ ਮੌਕੇ ਓਬੇਨ ਇਲੈਕਟ੍ਰਿਕ ਦੀ ਸੰਸਥਾਪਕ ਅਤੇ ਸੀਈਓ ਮਧੁਮੀਤਾ ਅਗਰਵਾਲ ਨੇ ਕਿਹਾ ਕਿ ਭਾਰਤ ਵਿੱਚ ਇਲੈਕਟ੍ਰਿਕ ਮੋਟਰਸਾਈਕਲਿੰਗ ਹੁਣ ਇੱਕ ਨਵੇਂ ਪੜਾਅ ਵਿੱਚ ਦਾਖਲ ਹੋ ਰਹੀ ਹੈ, ਜਿੱਥੇ ਲੋਕ ਇਲੈਕਟ੍ਰਿਕ ਵਾਹਨਾਂ ਨੂੰ ਸਿਰਫ਼ ਇੱਕ ਵਿਕਲਪ ਨਹੀਂ ਸਗੋਂ ਪੂਰੀ ਮੋਟਰਸਾਈਕਲ ਵਜੋਂ ਦੇਖ ਰਹੇ ਹਨ।ਰੋਰ ਈਵੀਓ ਇਸੇ ਸੋਚ ਤੇ ਆਧਾਰਿਤ ਹੈ।ਇਹ ਮੋਟਰਸਾਈਕਲ ਪਹਿਲੇ 10,000 ਗਾਹਕਾਂ ਲਈ 99,999 ਰੁਪਏ (ਐਕਸ-ਸ਼ੋਰੂਮ) ਦੀ ਕੀਮਤ 'ਤੇ ਉਪਲਬਧ ਹੈ, ਜਿਸ ਤੋਂ ਬਾਅਦ ਇਸਦੀ ਕੀਮਤ 1,24,999 ਰੁਪਏ (ਐਕਸ-ਸ਼ੋਰੂਮ) ਹੋਵੇਗੀ।ਬੁਕਿੰਗ ਹੁਣ ਸਿਰਫ਼ 777 ਰੁਪਏ ਵਿੱਚ ਸ਼ੁਰੂ ਹੋ ਚੁੱਕੀ ਹੈ ਅਤੇ ਜੂਨ 2026 ਤੋਂ ਦੇਸ਼ ਭਰ ਵਿੱਚ ਓਬੇਨ ਦੇ 150 ਸ਼ੋਅਰੂਮਾਂ 'ਤੇ ਟੈਸਟ ਰਾਈਡ ਅਤੇ ਡਲਿਵਰੀ ਸ਼ੁਰੂ ਹੋਵੇਗੀ।

# ਵਿਧਾਇਕ ਸ਼ੈਰੀ ਕਲਸੀ ਵੱਲੋਂ ਸੁੰਦਰ ਨਗਰ ਵਿਖੇ ਐੱਲਈਡੀ ਸਟ੍ਰੀਟ ਲਾਈਟ ਲਾਉਣ ਦਾ ਉਦਘਾਟਨ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸ਼ਿੰਘ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਦੀਆਂ ਵੱਖ ਵੱਖ ਵਾਰਡਾਂ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤਹਿਤ ਵਾਰਡ ਨੰਬਰ 49 ਸੁੰਦਰ ਨਗਰ ਵਿਖੇ ਐੱਲ. ਈ. ਡੀ. ਸਟ੍ਰੀਟ ਲਾਈਟ ਲਾਉਣ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਗੁਰਜੀਤ ਸਿੰਘ ਅਤੇ ਵਾਰਡ ਵਾਸੀ ਮੌਜੂਦ ਸਨ।ਵਾਰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਨੂੰ ਹੋਰ ਖੂਬਸੂਰਤ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਤੇਜਗਤੀ ਨਾਲ ਚੱਲ ਰਹੇ ਹਨ।ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਬਟਾਲੇ ਦਾ ਸਰਬਪੱਖੀ ਵਿਕਾਸ ਕਰਵਾਉਣਾ ਤੇ ਦਹਾਕਿਆਂ ਤੋਂ ਮੁਸ਼ਕਿਲਾਂ ਨਾਲ ਜੂਝ ਰਹੇ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰਨਾ ਹੈ, ਜਿਸ ਲਈ ਉਹ ਦਿਨ ਰਾਤ ਲੋਕਾਂ ਦੀ ਸੇਵਾ ਵਿੱਚ ਲੱਗੇ ਹੋਏ ਹਨ।ਉਨ੍ਹਾਂ ਅੱਗੇ ਦੱਸਿਆ ਕਿ ਪਿਛਲੇ ਦਿਨਾਂ ਵਿੱਚ ਮੁੱਖ ਮੰਤਰੀ ਪੰਜਾਬ ਵਲੋਂ ਲੋਕਾਂ ਨੂੰ ਇੱਕ ਛੱਤ ਹੇਠਾਂ ਸਹੂਲਤਾਂ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਪੁਲਿਸ ਲਾਈਨ ਬਟਾਲਾ ਵਿਖੇ ਨਵਾਂ ਤਹਿਸੀਲ ਕੰਪਲੈਕਸ ਬਟਾਲਾ ਦਾ ਉਦਘਾਟਨ ਕੀਤਾ ਗਿਆ ਸੀ ਅਤੇ ਇਥੇ ਹੀ ਬੀਤੇ ਕੱਲ ਹੀ ਜ਼ਿਲਾ ਪੁਲਸ ਦਫਤਰ ਬਟਾਲਾ ਦੀ 5 ਮੰਜ਼ਿਲਾ ਨਵੀਂ ਇਮਾਰਤ ਬਣਾਉਣ ਦੀ ਸ਼ੁਰੂਆਤ ਕੀਤੀ ਗਈ ਹੈ।



# ਸਿਹਤ ਪ੍ਰਤੀ ਜਾਗਰੂਕਤਾ ਸਬੰਧੀ ਖਾਲਸਾ ਕਾਲਜ ਆਫ ਐਜੂਕੇਸ਼ਨ ਵਿਖੇ ਦੋ ਰੋਜ਼ਾ ਕੈਂਪ ਲੱਗਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**— ਖਾਲਸਾ ਕਾਲਜ ਆਫ ਐਜੂਕੇਸ਼ਨ ਜੀ.ਟੀ. ਰੋਡ ਵਿਖੇ ਸਿਹਤ ਪ੍ਰਤੀ ਜਾਗਰੂਕਤਾ ਸਬੰਧੀ ਦੋ ਰੋਜ਼ਾ ਕੈਂਪ ਲਗਾਇਆ ਗਿਆ। ਖ਼ਾਲਸਾ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਪ੍ਰੋਗਰਾਮ 'ਚ ਖਾਲਸਾ ਕਾਲਜ ਆਫ਼ ਨਰਸਿੰਗ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਆਪਣਾ ਮਹੱਤਵਪੂਰਨ ਯੋਗਦਾਨ ਪਾਇਆ। ਇਸ ਮੌਕੇ ਡਾ. ਕੁਮਾਰ ਨੇ ਕਿਹਾ ਕਿ ਵਰਤਮਾਨ ਸਮੇਂ 'ਚ ਹਰੇਕ ਵਿਅਕਤੀ ਆਪਣੀ ਰੋਜ਼ਮਰਾ ਦੀ ਜ਼ਿੰਦਗੀ 'ਚ ਇੰਨਾ ਜ਼ਿਆਦਾ ਵਿਅਸਤ ਹੈ ਕਿ ਆਪਣੀ ਖੁਰਾਕ ਅਤੇ ਸਿਹਤ ਪੱਖੋਂ ਅਵੇਸਲ੍ਹਾ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਮੁਕਾਬਲੇ ਦੀ ਦੌੜ 'ਚ ਤਣਾਅ ਦਾ ਸ਼ਿਕਾਰ ਹੋ ਜਾਂਦਾ ਹੈ ਜਿਸ ਸਦਕਾ ਸਿਹਤ ਦੇ ਪੱਧਰ 'ਚ ਦਿਨ-ਬ-ਦਿਨ ਗਿਰਾਵਟ ਆ ਰਹੀ ਹੈ ਤੇ ਜਿਆਦਾਤਰ ਵਿਅਕਤੀ ਵੱਖ-ਵੱਖ ਤਰ੍ਹਾਂ ਦੀਆਂ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ। ਇਸ ਲਈ ਸਮੇਂ-ਸਮੇਂ ਤੇ ਸਰੀਰ ਦਾ ਚੈਕਅੱਪ ਕਰਵਾਉਣਾ ਜ਼ਰੂਰੀ ਹੈ। ਇਸ ਮੌਕੇ ਪ੍ਰੋਗਰਾਮ ਕੋਆਰਡੀਨੇਟਰ ਅਸਿਸਟੈਂਟ ਪ੍ਰੋਫੈਸਰ ਡਾ. ਜਸਪ੍ਰੀਤ ਕੌਰ ਨੇ ਨਰਸਿੰਗ ਕਾਲਜ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਦੁਆਰਾ ਦਿੱਤੇ ਗਏ ਸਹਿਯੋਗ ਦਾ ਧੰਨਵਾਦ ਕਰਦਿਆਂ ਕਿਹਾ ਕਿ ਕੈਂਪ 'ਚ 115 ਵਿਦਿਆਰਥੀਆਂ ਨੇ ਭਾਗ ਲਿਆ। ਇਸ ਕੈਂਪ ਉਪਰੰਤ ਡਾ. ਕੁਮਾਰ ਨੇ ਡਾ. ਜਸਪ੍ਰੀਤ ਕੌਰ ਨਾਲ ਮਿਲ ਕੇ ਸਟੂਡੈਂਟ ਵਲੰਟੀਅਰਜ਼ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਵੀ ਕੀਤਾ।



# ਆਨਲਾਈਨ ਸਵੈ-ਜਨਗਣਨਾ ਪ੍ਰਕਿਰਿਆ ਸ਼ੁਰੂ



**ਬਟਾਲਾ (ਤਰਲੋਕ ਬੱਗਾ)**- ਸਵੈ ਗਣਨਾ ਲਈ 30 ਅਪ੍ਰੈਲ ਤੋਂ ਪੋਰਟਲ ਖੁੱਲ੍ਹ ਚੁੱਕਾ ਹੈ ਜੋ ਕਿ 14 ਮਈ ਤੱਕ ਖੁੱਲ੍ਹਾ ਰਹੇਗਾ। ਇਸ ਸਬੰਧੀ ਪੁਸ਼ਅੱਪ ਮੈਨ ਆਫ਼ ਪੰਜਾਬ ਅਤੇ ਇੰਡੀਆ, ਕੁੰਵਰ ਅੰਮ੍ਰਿਤਬੀਰ ਸਿੰਘ ਵੱਲੋਂ ਸਵੈ ਗਣਨਾ ਕੀਤੀ ਗਈ।ਇਸ ਮੌਕੇ ਮਾਸਟਰ ਟ੍ਰੇਨਰ ਗੁਰਦਾਸਪੁਰ ਲੈਕਚਰਾਰ ਗੁਰਮੀਤ ਸਿੰਘ ਭੋਮਾ ਅਤੇ ਜਨਗਣਨਾ ਵਿਭਾਗ ਤੋਂ ਚਰਨਜੀਤ ਸਿੰਘ ਅਤੇ ਮੈਡਮ ਅਮਨਦੀਪ ਵੀ ਹਾਜ਼ਰ ਸਨ। ਇਸ ਨਵੇਂ ਉਪਰਾਲੇ ਤਹਿਤ ਹੁਣ ਲੋਕ ਆਪਣੀ ਅਤੇ ਆਪਣੇ ਪਰਿਵਾਰ ਦੀ ਜਾਣਕਾਰੀ ਖ਼ੁਦ ਆਨਲਾਈਨ ਭਰ ਸਕਣਗੇ, ਜਿਸ ਨਾਲ ਜਨਗਣਨਾ ਦੀ ਪ੍ਰਕਿਰਿਆ ਹੋਰ ਤੇਜ਼ ਅਤੇ ਪਾਰਦਰਸ਼ੀ ਬਣੇਗੀ।ਉਨ੍ਹਾਂ ਦੱਸਿਆ ਕਿ ਸਵੈ-ਗਣਨਾ ਨਾਲ ਇਸ ਲੋਕਾਂ ਦਾ ਸਮਾਂ ਬਚੇਗਾ।ਜਿਹੜੇ ਲੋਕ ਡਿਜੀਟਲ ਸਹੂਲਤਾਂ ਦੀ ਵਰਤੋਂ ਕਰ ਸਕਦੇ ਹਨ, ਉਹ ਘਰ ਬੈਠੇ ਹੀ ਇਹ ਪ੍ਰਕਿਰਿਆ ਪੂਰੀ ਕਰ ਸਕਣਗੇ, ਜਦਕਿ ਹੋਰਨਾਂ ਲਈ ਫੀਲਡ ਕਰਮਚਾਰੀ ਪਹਿਲਾਂ ਵਾਂਗ ਮਦਦ ਲਈ ਉਪਲਬਧ ਰਹਿਣਗੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਇਸ ਸਹੂਲਤ ਦਾ ਲਾਭ ਲਿਆ ਜਾਵੇ ਅਤੇ ਸਹੀ ਜਾਣਕਾਰੀ ਦੇ ਕੇ ਜਨਗਣਨਾ ਪ੍ਰਕਿਰਿਆ ਨੂੰ ਕਾਮਯਾਬ ਬਣਾਇਆ ਜਾਵੇ।

# ਰੋਟਰੀ ਕਲੱਬ ਨਾਰਥ ਨੇ ਕਰਵਾਇਆ ਆਧੁਨਿਕ ਕੰਪਿਊਟਰ ਰੂਮ ਦਾ ਨਿਰਮਾਣ

**ਅੰਮ੍ਰਿਤਸਰ (ਅਰੋੜਾ)** ਰੋਟਰੀ ਕਲੱਬ ਨਾਰਥ ਵੱਲੋਂ ਦੇਸ਼ ਅਤੇ ਸਮਾਜ ਭਲਾਈ ਕੰਮਾਂ ਨੂੰ ਅੱਗੇ ਵਧਾਉਂਦੇ ਹੋਏ ਕਲੱਬ ਦੇ ਪ੍ਰਧਾਨ ਵਰੁਣ ਕੱਕੜ, ਸਕੱਤਰ ਪਰਮੀਤ ਸਿੰਘ ਖੇੜਾ, ਪ੍ਰਾਜੈਕਟ ਚੇਅਰਮੈਨ ਰੋਟਰੀ ਦੇ ਮੀਤ ਪ੍ਰਧਾਨ ਅਸ਼ੋਕ ਕੁਮਾਰ ਦੀ ਪ੍ਰਧਾਨਗੀ ਹੇਠ ਸਰਸਵਤੀ ਡੀ. ਏ. ਵੀ. ਸੀਨੀਅਰ ਸੈਕੰਡਰੀ ਸਕੂਲ ਢਾਬ ਖਟੀਕਾਂ ਵਿਖੇ ਸਿੱਖਿਆ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੀ ਸਹਾਇਤਾ ਲਈ ਇੱਕ ਆਧੁਨਿਕ ਕੰਪਿਊਟਰ ਦਾ ਨਿਰਮਾਣ ਕਰਵਾਇਆ।ਸਕੂਲ ਦੀ ਪ੍ਰਿੰਸੀਪਲ ਇੰਦੂ ਅਰੋੜਾ ਦੀ ਪ੍ਰਧਾਨਗੀ ਹੇਠ ਇੱਕ ਸਾਦਾ ਸਮਾਗਮ ਕਰਵਾਇਆ ਗਿਆ।ਸਮਾਗਮ ਵਿੱਚ ਰੋਟਰੀ ਦੇ ਆਉਣ ਵਾਲੇ ਗਵਰਨਰ ਐੱਚ. ਐੱਸ. ਜੋਗੀ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਿਲ ਹੋਏ।ਉਨ੍ਹਾਂ ਨੇ ਭਾਰਤੀ ਵਿਧੀ ਦੇ ਅਨੁਸਾਰ ਰੀਬਨ ਕੱਟ ਕੇ ਕੰਪਿਊਟਰ ਰੂਮ ਦਾ ਉਦਘਾਟਨ ਕੀਤਾ।ਉਨ੍ਹਾਂ ਨੇ ਰੋਟਰੀ ਮੈਂਬਰਾਂ ਨੂੰ ਵਿਸ਼ਵਾਸ ਦਿੱਤਾ ਕਿ ਭਵਿੱਖ ਵਿੱਚ ਵੀ ਰੋਟਰੀ ਵੱਲੋਂ ਅਜਿਹੇ ਪ੍ਰਾਜੈਕਟ ਕੀਤੇ ਜਾਣਗੇ। ਇੰਦੂ ਅਰੋੜਾ ਨੇ ਰੋਟਰ ਕਲੱਬ ਨਾਰਥ ਦੇ ਇਸ ਆਧੁਨਿਕ ਕੰਪਿਊਟਰ ਰੂਮ ਨੂੰ ਡੋਨੇਟ ਕਰਨ ਵਾਲੇ ਅਸ਼ੋਕ ਕੁਮਾਰ ਗ੍ਰੋਵਰ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਕਿਹਾ ਕਿ ਅਸ਼ੋਕ ਗ੍ਰੋਵਰ ਵਰਗੇ ਦੇਸ਼ ਅਤੇ ਸਮਾਜ ਭਲਾਈ ਦੇ ਕੰਮਾਂ ਵਿੱਚ ਸਹਿਯੋਗ ਦੇਣ ਵਾਲਿਆਂ ਦੀ ਸਮਾਜ ਨੂੰ ਜ਼ਰੂਰਤ ਹੈ।ਰੋਟਰੀ ਦੇ ਸਾਬਕਾ ਸਹਾਇਕ ਗਵਰਨਰ ਰਜਸੀਤ ਸਿੰਘ ਖੇੜਾ ਨੇ ਇਸ ਮੌਕੇ ਮੌਜੂਦ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ ਜੋ ਆਪਣਾ ਬਹੁਮੁੱਲਾ ਸਮਾਂ ਦੇ ਕੇ ਇਸ ਮੌਕੇ ਤੇ ਸ਼ਾਮਿਲ ਹੋਏ।ਇਸ ਮੌਕੇ ਡਾ. ਕੁਲਦੀਪ ਸਿੰਘ ਅਰੋੜਾ, ਡਾ. ਜੀ. ਐੱਸ ਮਦਾਨ, ਸਾਬਕਾ ਸਹਾਇਕ ਗਵਰਨਰ ਸੰਜੇ ਮਲਿਕ, ਆਉਣ ਵਾਲੀ ਸਕੱਤਰ ਮਨਿੰਦਰ ਕੌਰ ਅਰੋੜਾ, ਆਸ਼ਾ ਮਲਿਕ, ਐੱਮ. ਓ. ਸੀ. ਆਰ. ਐੱਸ ਚੱਠਾ, ਯਸ਼ਪਾਲ ਅਰੋੜਾ, ਨਿਰਮਲ ਸਿੰਘ, ਅਤੁਲ ਮਹਿਰਾ, ਵਿਪਨ ਲੂੰਬਾ, ਸੁਰਿੰਦਰ ਕੱਕੜ ਸਹਿਤ ਰੋਟਰੀ ਕਲੱਬ ਨਾਰਥ ਦੇ ਸਮੂਹ ਮੈਂਬਰ ਮੌਜੂਦ ਸਨ।



# ਸੱਤਲੁਜ ਪਬਲਿਕ ਸਕੂਲ ਠੱਕਰਪੁਰਾ 'ਚ ਦਰਜਾ ਚਾਰ ਕਰਮਚਾਰੀ ਸਨਮਾਨਿਤ



**ਪੱਟੀ, (ਬਲਦੇਵ ਸਿੰਘ ਸੰਧੂ)**- ਸਤਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਠੱਕਰਪੁਰਾ ਵਿਖੇ ਮਜ਼ਦੂਰ ਦਿਵਸ ਨੂੰ ਸਮਰਪਤ ਇਕ ਪ੍ਰੋਗਰਾਮ ਕਰਵਾਇਆ ਗਿਆ ।ਇਸ ਮੌਕੇ ਵਿਦਿਆਰਥੀਆਂ ਵੱਲੋਂ ਮਜ਼ਦੂਰਾਂ ਦੀ ਮਿਹਨਤ ਅਤੇ ਉਨ੍ਹਾਂ ਦੇ ਹੱਕਾਂ ਦੀ ਪ੍ਰਸ਼ੰਸਾ ਕਰਨ ਅਤੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਲਈ ਵਿਸ਼ੇਸ਼ ਭਾਸ਼ਣ ਦਿੱਤਾ ਗਿਆ ਕਿ ਹਰੇਕ ਵਿਅਕਤੀ ਮਜ਼ਦੂਰੀ ਭਾਵ ਕਿਰਤ ਕਰਦਾ ਹੈ, ਕਿਰਤ ਵੱਖ-ਵੱਖ ਤਰੀਕਿਆਂ 'ਚ ਹੁੰਦੀ ਹੈ ।ਸਕੂਲ ਮੈਨੇਜਮੈਂਟ ਮੈਂਬਰ ਹਰਬੀਰ ਸਿੰਘ ਗਿੱਲ ਤੇ ਪ੍ਰਿੰਸੀਪਲ ਮੈਡਮ ਰਾਜਬੀਰ ਕੌਰ ਨੇ ਮਜ਼ਦੂਰਾਂ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਕਿ ਮਜ਼ਦੂਰਾਂ ਦੇ ਵੱਡੇ ਸਹਿਯੋਗ ਕਰਕੇ ਸਾਡਾ ਦੇਸ਼ ਤੇ ਸਮਾਜ ਤਰੱਕੀ ਕਰਕੇ ਅੱਗੇ ਵੱਧ ਸਕਦਾ ਹੈ। ਮਜ਼ਦੂਰਾਂ ਦੇ ਸੰਘਰਸ਼ ਨੂੰ ਅੱਖੋਂ ਉਹਲੇ ਨਹੀਂ ਕੀਤਾ ਜਾ ਸਕਦਾ ।ਸਕੂਲ ਮੈਨੇਜਮੈਂਟ ਵੱਲੋਂ ਦਰਜਾ ਚਾਰ ਕਰਮਚਾਰੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕਰਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ ।ਇਸ ਮੌਕੇ ਵਾਈਸ ਪ੍ਰਿੰਸੀਪਲ ਦਲਬੀਰ ਕੌਰ, ਯਾਦਵਿੰਦਰ ਸਿੰਘ ਸਮੇਤ ਸਾਰਾ ਸਕੂਲ ਸਟਾਫ ਹਾਜ਼ਰ ਸੀ ।

# ਹੈਰੋਇਨ, ਇਲੈਕਟ੍ਰੋਨਿਕ ਕੰਡਾ ਤੇ ਮੋਟਰਸਾਈਕਲ ਸਮੇਤ 2 ਗ੍ਰਿਫਤਾਰ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਪੰਜਾਬ ਸਰਕਾਰ ਵੱਲੋਂ ਛੇੜੇ ਗਏ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਲੈ ਕੇ ਡੇਰਾ ਬਾਬਾ ਨਾਨਕ ਪੁਲਸ ਵੱਲੋਂ ਡੀਜੀਪੀ ਗੌਰਵ ਯਾਦਵ ਅਤੇ ਐੱਸਐੱਸਪੀ ਬਟਾਲਾ ਡਾਕਟਰ ਮਹਿਤਾਬ ਸਿੰਘ ਦੀਆਂ ਹਦਾਇਤਾਂ ਅਨੁਸਾਰ ਨਸ਼ਾ ਤਸਕਰਾਂ ਦਾ ਨੱਕ ਵਿੱਚ ਦਮ ਕੀਤਾ ਹੋਇਆ ਹੈ ਤੇ ਹਰ ਰੋਜ਼ ਬਰੀਕੀ ਨਾਲ ਚੈਕਿੰਗ ਕਰਕੇ ਨਸ਼ਾ ਤਸਕਰਾਂ ਉਪਰ ਮੁਕੱਦਮੇ ਦਰਜ ਕੀਤੇ ਜਾ ਰਹੇ ਹਨ।ਇਸੇ ਮੁਹਿੰਮ ਤਹਿਤ ਬੀਤੇ ਕੱਲ ਪਿੰਡ ਠੇਠਰਕੇ ਦੇ ਦੋ ਨਸ਼ਾ ਤਸਕਰਾਂ ਨੂੰ ਹੈਰੋਇਨ ਇਲੈਕਟਰੋਨਿਕ ਕੰਡਾ ਅਤੇ ਮੋਟਰਸਾਈਕਲ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਐੱਸਐੱਚਓ ਅਸ਼ੋਕ ਕੁਮਾਰ ਸ਼ਰਮਾ ਨੇ ਦੱਸਿਆ ਕਿ ਨਸ਼ਿਆਂ ਦਾ ਲੱਕ ਤੋੜਨ ਲਈ ਬੀਤੇ ਕੱਲ ਸਬ ਇੰਸਪੈਕਟਰ ਕੈਲਾਸ਼ ਚੰਦਰ ਦੀ ਅਗਵਾਈ ਹੇਠ ਸਮੇਤ ਪੁਲਸ ਪਾਰਟੀ ਪਿੰਡ ਰੱਤਾ ਦੇ ਪੁਲ ਉਪਰ ਨਾਕਾ ਲਗਾਇਆ ਹੋਇਆ ਸੀ ਤੇ ਪਿੰਡ ਪੱਡਾ ਤੋਂ ਮੋਟਰਸਾਈਕਲ ਤੇ ਸਵਾਰ ਹੋ ਕੇ ਆ ਰਹੇ ਦੋ ਨੌਜਵਾਨਾਂ ਦੀ ਬਰੀਕੀ ਨਾਲ ਜਾਂਚ ਕੀਤੀ ਤਾਂ ਇਨ੍ਹਾਂ ਕੋਲੋਂ ਅੱਠ ਗ੍ਰਾਮ ਹੈਰੋਇਨ, ਇਲੈਕਟਰੋਨਿਕ ਕੰਡਾ ਅਤੇ ਇੱਕ ਸਪਲੈਂਡਰ ਮੋਟਰਸਾਈਕਲ ਪੀਬੀ 06 ਏਡੀ 1297 ਬਰਾਮਦ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਫੜੇ ਗਏ ਦੋਸ਼ੀ ਸੁਭਾਸ਼ ਮਸੀਹ ਪੁੱਤਰ ਸਤਨਾਮ ਮਸੀਹ ਅਤੇ ਹਰਪ੍ਰੀਤ ਸਿੰਘ ਪੁੱਤਰ ਬਲਜਿੰਦਰ ਸਿੰਘ ਵਾਸੀ ਦੋਨੋਂ ਪਿੰਡ ਠੇਠਰਕੇ ਜਿਨ੍ਹਾਂ ਦੇ ਖਿਲਾਫ ਐੱਨਡੀਪੀਐੱਸ ਦੀਆਂ ਧਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਇਨ੍ਹਾਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ। ਰਿਮਾਂਡ ਦੌਰਾਨ ਇਨ੍ਹਾਂ ਕੋਲੋਂ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ।



# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਗੋਲਡਨ ਐਵੀਨਿਊ ਦਾ ਦਸਵੀਂ ਦਾ ਨਤੀਜਾ ਸ਼ਾਨਦਾਰ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਗੋਲਡਨ ਐਵੀਨਿਊ ਦੇ ਵਿਦਿਆਰਥੀਆਂ ਨੇ ਆਈਸੀਐੱਸਈ ਦਸਵੀਂ ਦੇ ਨਤੀਜਿਆਂ ਵਿਚ ਮੱਲਾਂ ਮਾਰੀਆਂ। ਜਸੁਮ ਖੁਰਾਨਾ ਨੇ 97.2 ਪ੍ਰਤੀਸ਼ਤ ਅੰਕਾਂ ਨਾਲ ਪਹਿਲਾ ਸਥਾਨ, ਨਵਲੀਨ ਕੌਰ ਨੇ 96.4 ਪ੍ਰਤੀਸ਼ਤ ਨਾਲ ਦੂਸਰਾ ਸਥਾਨ ਅਤੇ ਦਿਲਪ੍ਰੀਤ ਕੌਰ ਨੇ 96.2 ਪ੍ਰਤੀਸ਼ਤ ਅੰਕਾਂ ਨਾਲ ਤੀਸਰਾ ਸਥਾਨ ਹਾਸਲ ਕੀਤਾ। ਸਕੂਲ ਦਾ ਨਤੀਜਾ 100 ਪ੍ਰਤੀਸ਼ਤ ਰਿਹਾ। ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ, ਆਨਰੇਰੀ ਸਕੱਤਰ ਰਮਨੀਕ ਸਿੰਘ, ਸਮੇਤ ਸਮੂਹ ਅਹੁਦੇਦਾਰਾਂ ਅਤੇ ਐਡੀ. ਆਨਰੇਰੀ ਸਕੱਤਰ ਚੀਫ਼ ਖ਼ਾਲਸਾ ਦੀਵਾਨ ਅਤੇ ਸਕੂਲ ਮੈਂਬਰ ਇੰਚਾਰਜ ਜਸਪਾਲ ਸਿੰਘ ਢਿੱਲੋਂ, ਸਕੂਲ ਮੈਂਬਰਜ਼ ਇੰਚਾਰਜ ਅਜੀਤ ਸਿੰਘ ਬਸਰਾ, ਪ੍ਰਿੰਸੀਪਲ ਸਤਬੀਰ ਕੌਰ ਨੂੰ ਵਧਾਈ ਦਿੱਤੀ ਅਤੇ ਅੱਗੋਂ ਸਫਲਤਾ ਦੇ ਉੱਚ ਮੁਕਾਮ ਹਾਸਲ ਕਰਨ ਦਾ ਆਸ਼ੀਰਵਾਦ ਦਿੱਤਾ।

ਨਵਾਂ ਜ਼ਮਾਨਾ

ਸ਼ਨੀਵਾਰ, 2 ਮਈ 2026

# ਪ੍ਰੈੱਸ ਦੀ ਖੁਰਦੀ ਆਜ਼ਾਦੀ

*ਰਿਪੋਰਟਰਜ਼ ਵਿਦਾਊਟ ਬਾਰਡਰਜ਼ (ਆਰ ਡਬਲਿਊ ਬੀ), ਜਿਸ ਨੂੰ ਫਰੈਂਚ ਵਿੱਚ ਰਿਪੋਰਟਰਜ਼ ਸੈਨਜ਼ ਫਰੰਟੀਅਰਜ਼ (ਆਰ ਐੱਸ ਐੱਫ) ਕਹਿੰਦੇ ਹਨ, ਵੱਲੋਂ 30 ਅਪ੍ਰੈਲ ਨੂੰ ਜਾਰੀ ਕੀਤੇ ਗਏ 2026 ਦੇ ਵਿਸ਼ਵ ਪ੍ਰੈੱਸ ਆਜ਼ਾਦੀ ਸੂਚਕ ਅੰਕ ਵਿੱਚ ਭਾਰਤ 180 ਦੇਸ਼ਾਂ ਵਿੱਚੋਂ 157ਵੇਂ ਸਥਾਨ 'ਤੇ ਹੈ। 2025 ਵਿੱਚ ਭਾਰਤ 151ਵੇਂ ਸਥਾਨ 'ਤੇ ਸੀ, ਜੋ ਕਿ ਰੈਂਕਿੰਗ ਵਿੱਚ ਛੇ ਸਥਾਨ ਹੇਠਾਂ ਆ ਗਿਆ ਹੈ।ਇਸ ਗੈਰ-ਲਾਭਕਾਰੀ ਤੇ ਗੈਰ-ਸਰਕਾਰੀ ਪੱਤਰਕਾਰੀ ਨਿਗਰਾਨੀ ਸੰਸਥਾ, ਜਿਸ ਦਾ ਹੈੱਡਕੁਆਰਟਰ ਪੈਰਿਸ ਵਿੱਚ ਹੈ, ਨੇ ਕਿਹਾ ਹੈ ਕਿ ਪਿਛਲੇ 25 ਸਾਲਾਂ ਵਿੱਚ ਉਸ ਦੇ ਸੂਚਕ ਅੰਕ ਵਿੱਚ ਸ਼ਾਮਲ ਸਾਰੇ 180 ਦੇਸ਼ਾਂ ਅਤੇ ਪ੍ਰਦੇਸ਼ਾਂ ਲਈ ਔਸਤ ਸਕੋਰ ਕਦੇ ਵੀ ਇੰਨਾ ਘੱਟ ਨਹੀਂ ਰਿਹਾ। ਸੂਚਕ ਅੰਕ ਦੇ ਇਤਿਹਾਸ ਵਿੱਚ ਪਹਿਲੀ ਵਾਰ ਦੁਨੀਆ ਦੇ ਅੱਧੇ ਤੋਂ ਵੱਧ ਦੇਸ਼ ਹੁਣ ਪ੍ਰੈੱਸ ਆਜ਼ਾਦੀ ਦੀ 'ਮੁਸ਼ਕਲ' ਜਾਂ 'ਬਹੁਤ ਗੰਭੀਰ' ਸ਼੍ਰੇਣੀ ਵਿੱਚ ਆਉਂਦੇ ਹਨ। ਇਸ ਸੂਚਕ ਅੰਕ ਵਿੱਚ ਨਾਰਵੇ, ਨੀਦਰਲੈਂਡ, ਐਸਟੋਨੀਆ, ਡੈਨਮਾਰਕ ਅਤੇ ਸਵੀਡਨ ਸਿਖਰ 'ਤੇ ਹਨ, ਜਦੋਂ ਕਿ ਸਾਊਦੀ ਅਰਬ, ਈਰਾਨ, ਚੀਨ, ਉੱਤਰੀ ਕੋਰੀਆ ਅਤੇ ਏਰੀਟ੍ਰੀਆ ਸਭ ਤੋਂ ਹੇਠਾਂ ਹਨ।ਆਰ ਐੱਸ ਐੱਫ ਮੁਤਾਬਕ ਉਸ ਦਾ ਵਿਸ਼ਲੇਸ਼ਣ ਦੁਨੀਆ ਦੇ ਕਈ ਹਿੱਸਿਆਂ ਵਿੱਚ ਪੱਤਰਕਾਰੀ ਦੀ ਸਥਿਤੀ ਵਿੱਚ ਚਿੰਤਾਜਨਕ ਗਿਰਾਵਟ ਨੂੰ ਦਰਸਾਉਂਦਾ ਹੈ, ਭਾਵੇਂ ਕੁਝ ਥਾਵਾਂ 'ਤੇ ਸੀਮਤ ਸੁਧਾਰ ਹੋਏ ਹਨ। 180 ਦੇਸ਼ਾਂ ਵਿੱਚੋਂ 100 ਵਿੱਚ ਪ੍ਰੈੱਸ ਆਜ਼ਾਦੀ ਦੇ ਸਕੋਰ ਵਿੱਚ ਗਿਰਾਵਟ ਆਈ ਹੈ। ਕਾਨੂੰਨੀ ਸੂਚਕ ਅੰਕ ਵਿੱਚ ਪਿਛਲੇ ਸਾਲ ਸਭ ਤੋਂ ਵੱਧ ਗਿਰਾਵਟ ਆਈ ਹੈ, ਜੋ ਇਸ ਗੱਲ ਦਾ ਸੰਕੇਤ ਹੈ ਕਿ ਦੁਨੀਆ ਭਰ ਵਿੱਚ ਪੱਤਰਕਾਰੀ ਨੂੰ ਵਧਦੇ ਹੋਏ ਅਪਰਾਧ ਵਜੋਂ ਦੇਖਿਆ ਜਾ ਰਿਹਾ ਹੈ। ਇਸ ਸੂਚਕ ਅੰਕ ਵਿੱਚ ਭਾਰਤ ਦੇ ਲੱਗਭੱਗ ਸਾਰੇ ਗੁਆਂਢੀ ਭਾਰਤ ਨਾਲੋਂ ਉੱਚੇ ਸਥਾਨ 'ਤੇ ਹਨ-ਪਾਕਿਸਤਾਨ 153ਵੇਂ, ਭੂਟਾਨ 150ਵੇਂ, ਨੇਪਾਲ 87ਵੇਂ, ਸ੍ਰੀਲੰਕਾ 134ਵੇਂ ਅਤੇ ਬੰਗਲਾਦੇਸ਼ 152ਵੇਂ ਸਥਾਨ 'ਤੇ ਹੈ। ਹਾਲਾਂਕਿ ਚੀਨ 178ਵੇਂ ਸਥਾਨ 'ਤੇ ਹੈ।*

*ਆਰ ਐੱਸ ਐੱਫ ਨੇ ਭਾਰਤ ਵਿੱਚ ਪ੍ਰੈੱਸ ਦੀ ਆਜ਼ਾਦੀ ਦੇ ਸੰਕਟ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਉਨ੍ਹਾਂ ਦੀ ਪਾਰਟੀ ਦੀ ਭੂਮਿਕਾ ਦਾ ਹਵਾਲਾ ਦਿੰਦੇ ਹੋਏ ਕਿਹਾ ਹੈ ਕਿ ਪੱਤਰਕਾਰਾਂ ਵਿਰੁਧ ਵਧਦੀ ਹਿੰਸਾ, ਮੀਡੀਆ ਮਾਲਕੀ ਦਾ ਬਹੁਤ ਜ਼ਿਆਦਾ ਕੇਂਦਰੀਕਰਨ ਅਤੇ ਮੀਡੀਆ ਅਦਾਰਿਆਂ ਦਾ ਇੱਕ ਖਾਸ ਸਿਆਸੀ ਵਿਚਾਰਧਾਰਾ ਵੱਲ ਝੁਕਾਅ ਇਨ੍ਹਾਂ ਸਭ ਕਰਕੇ 'ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ' ਵਿੱਚ ਪ੍ਰੈੱਸ ਦੀ ਆਜ਼ਾਦੀ ਸੰਕਟ ਵਿੱਚ ਹੈ।ਇਸ ਦੇਸ਼ ਵਿੱਚ 2014 ਤੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸਰਕਾਰ ਹੈ, ਜੋ ਭਾਜਪਾ ਦੇ ਨੇਤਾ ਹਨ ਅਤੇ ਹਿੰਦੂ ਰਾਸ਼ਟਰਵਾਦੀ ਸੱਜੇ-ਪੱਖੀ ਵਿਚਾਰਧਾਰਾ ਦੇ ਪ੍ਰਤੀਕ ਹਨ। ਇਹ ਸੂਚਕ ਅੰਕਸਿਆਸੀ, ਆਰਥਿਕ, ਕਾਨੂੰਨੀ, ਸਮਾਜੀ ਅਤੇ ਸੁਰੱਖਿਆ ਵਰਗੇ ਕਈ ਮਾਪਦੰਡਾਂ 'ਤੇ ਅਧਾਰਤ ਹੈ ਅਤੇ ਭਾਰਤ ਨੂੰ ਇਨ੍ਹਾਂ ਸਾਰੇ ਖੇਤਰਾਂ ਵਿੱਚ ਵੱਖ-ਵੱਖ ਅੰਕ ਦਿੱਤੇ ਗਏ ਹਨ।ਇਸ ਵਿੱਚ ਕਿਹਾ ਗਿਆ ਹੈ ਕਿ ਭਾਰਤ ਵਿੱਚ ਮੀਡੀਆ ਦਾ ਘੇਰਾ ਵਿਸ਼ਾਲ ਤਾਂ ਹੈ, ਪਰ 2014 ਵਿੱਚ ਨਰਿੰਦਰ ਮੋਦੀ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਅਤੇ ਉਨ੍ਹਾਂ ਦੀ ਪਾਰਟੀ ਤੇ ਵੱਡੇ ਮੀਡੀਆ ਘਰਾਣਿਆਂ ਵਿਚਕਾਰ ਵਧਦੀ ਨੇੜਤਾ ਕਾਰਨ ਮੀਡੀਆ 'ਗੈਰ ਰਸਮੀ ਐਮਰਜੈਂਸੀ' ਦੀ ਸਥਿਤੀ ਵਿੱਚ ਆ ਗਿਆ ਹੈ। ਮੁਕੇਸ਼ ਅੰਬਾਨੀ ਦੀ ਮਲਕੀਅਤ ਵਾਲਾ ਰਿਲਾਇੰਸ ਇੰਡਸਟਰੀਜ਼ ਗਰੁੱਪ 70 ਤੋਂ ਵੱਧ ਮੀਡੀਆ ਅਦਾਰਿਆਂ ਦਾ ਮਾਲਕ ਹੈ, ਜਦੋਂ ਕਿ 2022 ਦੇ ਅੰਤ ਵਿੱਚ ਗੌਤਮ ਅਡਾਨੀ (ਮੋਦੀ ਦਾ ਕਰੀਬੀ ਵੱਡਾ ਕਾਰੋਬਾਰੀ) ਦੇ ਐੱਨ ਡੀ ਟੀ ਵੀ ਦਾ ਮਾਲਕ ਬਣਨ ਨੂੰ ਮੁੱਖ ਧਾਰਾ ਮੀਡੀਆ ਵਿੱਚ ਵਿਵਿਧਤਾ ਦੇ ਖਤਮ ਹੋਣ ਦਾ ਸੰਕੇਤ ਮੰਨਿਆ ਗਿਆ ਹੈ।ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਪ੍ਰਧਾਨ ਮੰਤਰੀ ਪ੍ਰੈੱਸ ਕਾਨਫਰੰਸਾਂ ਨਹੀਂ ਕਰਦੇ; ਉਹ ਸਿਰਫ ਉਨ੍ਹਾਂ ਪੱਤਰਕਾਰਾਂ ਅਤੇ ਯੂਟਿਊਬਰਾਂ ਨੂੰ ਇੰਟਰਵਿਊ ਦਿੰਦੇ ਹਨ, ਜੋ ਉਨ੍ਹਾਂ ਨੂੰ ਸਕਾਰਾਤਮਕ ਰੌਸ਼ਨੀ ਵਿੱਚ ਪੇਸ਼ ਕਰਦੇ ਹਨ ਅਤੇ ਉਨ੍ਹਾਂ ਦੀ ਆਲੋਚਨਾ ਕਰਨ ਵਾਲਿਆਂ ਵਿਰੁੱਧ ਸਖਤ ਰੁਖ ਅਪਣਾਉਂਦੇ ਹਨ। ਭਾਰਤੀ ਪੱਤਰਕਾਰਾਂ ਨੂੰ ਭਾਜਪਾ-ਸਮਰਥਤ ਟ੍ਰੋਲਾਂ ਦੀਆਂ ਮੁਹਿੰਮਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਰਿਪੋਰਟ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਸਰਕਾਰ ਮੀਡੀਆ ਨੂੰ ਦਬਾਉਣ ਲਈ ਬਸਤੀਵਾਦੀ ਯੁੱਗ ਦੇ ਕਾਨੂੰਨਾਂ, ਜਿਵੇਂ ਕਿ ਦੇਸ਼ਧ੍ਰੋਹ, ਮਾਣਹਾਨੀ ਅਤੇ ਦੇਸ਼ ਵਿਰੋਧੀ ਗਤੀਵਿਧੀਆਂ ਨਾਲ ਜੁੜੇ ਕਾਨੂੰਨਾਂ ਦੀ ਵਰਤੋਂ ਕਰਨ ਤੋਂ ਪਿੱਛੇ ਨਹੀਂ ਹਟਦੀ। ਪੱਤਰਕਾਰਾਂ ਵਿਰੁੱਧ ਅੱਤਵਾਦ ਵਿਰੋਧੀ ਕਾਨੂੰਨਾਂ ਦੀ ਵਰਤੋਂ ਵੀ ਵਧ ਰਹੀ ਹੈ।ਭਾਰਤ ਦੇ ਮੀਡੀਆ ਅਦਾਰਿਆਂ ਦੀ ਆਮਦਨ ਦਾ ਮੁੱਖ ਸਰੋਤ ਇਸ਼ਤਿਹਾਰ ਹਨ ਅਤੇ ਇਨ੍ਹਾਂ ਇਸ਼ਤਿਹਾਰਾਂ ਦਾ ਸਭ ਤੋਂ ਵੱਡਾ ਸਰੋਤ ਸਰਕਾਰਾਂ ਹੀ ਹਨ। ਇਸ ਲਈ ਕੇਂਦਰ ਅਤੇ ਰਾਜ ਦੋਵੇਂ ਸਰਕਾਰਾਂ ਮੀਡੀਆ 'ਤੇ ਦਬਾਅ ਪਾਉਣ ਦੀ ਸਥਿਤੀ ਵਿੱਚ ਹੁੰਦੀਆਂ ਹਨ ਅਤੇ ਆਪਣੇ ਖਿਲਾਫ ਕੁਝ ਛਪਣ ਨਹੀਂ ਦਿੰਦੀਆਂ। ਮੋਦੀ ਦੇ ਸ਼ਾਸਨ ਦੌਰਾਨ ਇਸ਼ਤਿਹਾਰਬਾਜ਼ੀ 'ਤੇ ਅਰਬਾਂ ਡਾਲਰ ਦਾ ਸਰਕਾਰੀ ਪੈਸਾ ਖਰਚ ਕੀਤਾ ਗਿਆ ਹੈ।*

*ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਹਿੰਦੂ ਰਾਸ਼ਟਰਵਾਦੀ ਵਿਚਾਰਧਾਰਾ ਇੱਕ ਹਾਵੀ ਤਾਕਤ ਬਣ ਗਈ ਹੈ, ਜੋ ਮੌਜੂਦਾ ਮਾਮਲਿਆਂ ਨੂੰ ਆਕਾਰ ਦੇ ਰਹੀ ਹੈ, ਸਿਆਸੀ ਬਹਿਸਾਂ ਦੀ ਰੂਪ ਰੇਖਾ ਤੈਅ ਕਰ ਰਹੀ ਹੈ, ਅਤੇ ਉਸ ਜਗ੍ਹਾ ਨੂੰ ਸੀਮਤ ਕਰ ਰਹੀ ਹੈ, ਜਿੱਥੇ ਅਸਹਿਮਤੀ ਜਾਂ ਘੱਟਗਿਣਤੀਆਂ ਦੀ ਆਵਾਜ਼ ਸੁਣੀ ਜਾ ਸਕੇ। ਜ਼ਿਆਦਾਤਰ ਟੀ ਵੀ ਮੀਡੀਆ ਚੈਨਲ, ਖਾਸ ਕਰਕੇ ਹਿੰਦੀ ਵਾਲੇ, ਆਪਣੇ ਪ੍ਰਸਾਰਣ ਸਮੇਂ ਦਾ ਇੱਕ ਵੱਡਾ ਹਿੱਸਾ ਧਾਰਮਿਕ ਖਬਰਾਂ ਨੂੰ ਸਮਰਪਤ ਕਰਦੇ ਹਨ ਅਤੇ ਕਈ ਵਾਰ ਖੁੱਲ੍ਹੇਆਮ ਮੁਸਲਮਾਨਾਂ ਵਿਰੁੱਧ ਨਫਰਤ ਨੂੰ ਉਤਸ਼ਾਹਤ ਕਰਦੇ ਹਨ। ਭਾਰਤ ਵਿੱਚ ਹਰ ਸਾਲ ਔਸਤਨ 2-3 ਪੱਤਰਕਾਰ ਆਪਣੇ ਕੰਮ ਦੇ ਕਾਰਨ ਮਾਰੇ ਜਾਂਦੇ ਹਨ, ਜਿਸ ਕਾਰਨ ਇਹ ਮੀਡੀਆ ਪੇਸ਼ੇਵਰਾਂ ਲਈ ਦੁਨੀਆ ਦੇ ਸਭ ਤੋਂ ਖਤਰਨਾਕ ਦੇਸ਼ਾਂ ਵਿੱਚੋਂ ਇੱਕ ਬਣ ਗਿਆ ਹੈ।ਸਰਕਾਰ ਦੀ ਆਲੋਚਨਾ ਕਰਨ ਵਾਲੇ ਪੱਤਰਕਾਰਾਂ ਨੂੰ ਅਕਸਰ ਆਨਲਾਈਨ ਪ੍ਰੇਸ਼ਾਨੀ, ਧਮਕੀ, ਮੌਤ ਦੀਆਂ ਧਮਕੀਆਂ ਅਤੇ ਸਰੀਰਕ ਹਮਲਿਆਂ ਦਾ ਸਾਹਮਣਾ ਕਰਨਾ ਪੈਂਦਾ ਹੈ; ਉਨ੍ਹਾਂ 'ਤੇ ਅਪਰਾਧਕ ਮੁਕੱਦਮੇ ਵੀ ਚਲਾਏ ਜਾਂਦੇ ਹਨ ਅਤੇ ਮਨਮਾਨੇ ਢੰਗ ਨਾਲ ਗ੍ਰਿਫਤਾਰ ਵੀ ਕੀਤਾ ਜਾਂਦਾ ਹੈ। ਉਹ ਪੁਲਸ ਅਧਿਕਾਰੀਆਂ ਅਤੇ ਸਿਆਸੀ ਕਾਰਕੁੰਨਾਂ ਦੇ ਨਾਲ-ਨਾਲ ਅਪਰਾਧੀ ਗਰੋਹਾਂ ਅਤੇ ਭ੍ਰਿਸ਼ਟ ਸਥਾਨਕ ਅਧਿਕਾਰੀਆਂ ਦੀ ਹਿੰਸਾ ਦਾ ਸ਼ਿਕਾਰ ਬਣਦੇ ਹਨ। ਹਿੰਦੂਤਵੀ ਵਿਚਾਰਧਾਰਾ ਦੇ ਸਮਰਥਕ ਉਨ੍ਹਾਂ ਆਲੋਚਕਾਂ ਵਿਰੁੱਧ ਜਨਤਕ ਬਦਲਾ ਲੈਣ ਦਾ ਸੱਦਾ ਦਿੰਦੇ ਹਨ, ਜਿਨ੍ਹਾਂ ਨੂੰ ਉਹ 'ਦੇਸ਼ ਧ੍ਰੋਹੀ' ਅਤੇ 'ਰਾਸ਼ਟਰ ਵਿਰੋਧੀ' ਕਰਾਰ ਦਿੰਦੇ ਹਨ।ਪਰਿਆਵਰਣ ਜਾਂ ਕਸ਼ਮੀਰ ਬਾਰੇ ਰਿਪੋਰਟਿੰਗ ਕਰਨ ਵਾਲੇ ਪੱਤਰਕਾਰਾਂ ਦੀ ਸਥਿਤੀ ਵੀ ਚਿੰਤਾਜਨਕ ਹੈ, ਜਿੱਥੇ ਉਨ੍ਹਾਂ ਨੂੰ ਪੁਲਸ ਅਤੇ ਨੀਮ ਫੌਜੀ ਬਲਾਂ ਵੱਲੋਂ ਪ੍ਰੇਸ਼ਾਨ ਕੀਤਾ ਜਾਂਦਾ ਹੈ ਅਤੇ ਕੁਝ ਮਾਮਲਿਆਂ ਵਿੱਚ ਲੰਬੇ ਸਮੇਂ ਤੱਕ 'ਅਸਥਾਈ' ਨਜ਼ਰਬੰਦੀ*

# ਆਖ਼ਰ ! ਕਿਸਾਨ ਖੇਤੀ ਛੱਡਣ ਲਈ ਮਜਬੂਰ ਕਿਉਂ



ਗੁਰਪ੍ਰੀਤ

ਬੇਸ਼ੱਕ ਸਰਕਾਰਾਂ ਅਤੇ ਖੇਤੀਬਾੜੀ ਵਿਭਾਗ ਵੱਲੋਂ ਦਾਅਵੇ ਕੀਤੇ ਜਾ ਰਹੇ ਹਨ ਕਿ ਫਸਲਾਂ ਦਾ ਝਾੜ ਪਿਛਲੇ ਚਾਰ-ਪੰਜ ਸਾਲਾਂ ਦੌਰਾਨ ਵਧਿਆ ਹੈ, ਪਰ ਅਸਲੀਅਤ ਇਸ ਦੇ ਉਲਟ ਹੈ। ਪੰਜਾਬ ਵਿੱਚ 2023 ਅਤੇ 2025 ਦੌਰਾਨ ਆਏ ਹੜ੍ਹਾਂ ਨੇ ਪੰਜਾਬ ਦੇ ਕਿਸਾਨਾਂ ਨੂੰ ਏਨਾ ਬੁਰੀ ਤਰ੍ਹਾਂ ਝੰਬਿਆ ਕਿ ਉਹ ਦੁਬਾਰਾ ਪੈਰਾਂ ਸਿਰ ਖੜ੍ਹੇ ਹੀ ਨਹੀਂ ਹੋ ਸਕੇ। ਇਸ ਵੇਲੇ ਹਾਲਾਤ ਇਹ ਹਨ ਕਿ ਜਿੱਥੇ ਗੜ੍ਹੇਮਾਰੀ ਨੇ ਕਿਸਾਨਾਂ ਦੀ ਫਸਲ ਦਾ ਵੱਡੇ ਪੱਧਰ 'ਤੇ ਨੁਕਸਾਨ ਕੀਤਾ ਹੈ, ਉੱਥੇ ਦੂਜੇ ਪਾਸੇ ਇਜ਼ਰਾਇਲ, ਅਮਰੀਕਾ ਅਤੇ ਈਰਾਨ ਵਿਚਾਲੇ ਲੱਗੀ ਜੰਗ ਨੇ ਕਿਸਾਨਾਂ ਦੇ ਸਾਹ ਸੁਕਾ ਦਿੱਤੇ ਨੇ। ਭਾਵੇਂ ਕਿ ਸਰਕਾਰ ਵੱਲੋਂ ਕਿਸਾਨਾਂ ਨਾਲ ਵਾਅਦਾ ਕੀਤਾ ਗਿਆ ਹੈ ਕਿ ਉਹਨਾਂ ਨੂੰ ਫਸਲ ਦਾ ਪੂਰਾ ਮੁੱਲ ਦਿੱਤਾ ਜਾਵੇਗਾ, ਪਰ ਦੂਜੇ ਪਾਸੇ ਜੇਕਰ ਵੇਖਿਆ ਜਾਵੇ ਤਾਂ ਇਹ ਵਾਅਦਾ ਜ਼ਮੀਨੀ ਹਕੀਕਤ ਤੋਂ ਕੋਹਾਂ ਦੂਰ ਹੈ।

ਦੱਸਣਾ ਬਣਦਾ ਹੈ ਕਿ ਪੰਜਾਬ ਵਿੱਚ ਬੇਮੌਸਮੀ ਬਰਸਾਤ ਨੇ ਮਾਰਚ ਮਹੀਨੇ ਅਤੇ ਅਪ੍ਰੈਲ ਦੇ ਪਹਿਲੇ ਹਫ਼ਤੇ ਪਏ ਮੀਂਹ ਅਤੇ ਗੜ੍ਹੇਮਾਰੀ ਨੇ ਕਿਸਾਨਾਂ ਦੀਆਂ ਆਸਾਂ 'ਤੇ ਪਾਣੀ ਫੇਰ ਦਿੱਤਾ। ਕਿਸਾਨ ਜਿੱਥੇ ਪਹਿਲਾਂ ਹੜ੍ਹਾਂ ਦੀ ਮਾਰ ਝੱਲ ਰਹੇ ਸਨ, ਉੱਥੇ ਹੀ ਕਿਸਾਨਾਂ ਨੂੰ ਇਸ ਕੁਦਰਤੀ ਮਾਰ ਨੇ ਹੋਰ ਮਧੋਲ ਕੇ ਰੱਖ ਦਿੱਤਾ ਹੈ। ਪਿਛਲੇ ਸਾਲਾਂ ਦੇ ਮੁਕਾਬਲੇ ਇਸ ਸਾਲ ਕਣਕ ਦੇ ਝਾੜ ਕਾਫ਼ੀ ਘੱਟ ਹਨ। ਖੇਤੀਬਾੜੀ ਵਿਭਾਗ ਦੀ ਮੰਨੀਏ ਤਾਂ ਇਸ ਵਿੱਤੀ ਵਰ੍ਹੇ ਦੌਰਾਨ ਦੋ ਕੁਇੰਟਲ ਪ੍ਰਤੀ ਏਕੜ ਝਾੜ ਘੱਟ ਨਿਕਲਿਆ ਹੈ, ਪਰ ਕਿਸਾਨਾਂ ਦੀ ਮੰਨੀਏ ਤਾਂ ਉਹਨਾਂ ਦਾ ਦਾਅਵਾ ਹੈ ਕਿ ਸਾਢੇ ਤਿੰਨ ਕੁਇੰਟਲ ਦੇ ਕਰੀਬ ਕਣਕ ਦਾ ਝਾੜ ਪਿਛਲੇ ਸਾਲਾਂ ਨਾਲੋਂ ਘੱਟ ਹੈ। ਇੱਕ ਅੰਦਾਜ਼ੇ ਦੇ ਮੁਤਾਬਕ ਕਿਸਾਨਾਂ ਨੂੰ ਕਰੀਬ ਸੱਤ ਤੋਂ 8 ਹਜ਼ਾਰ ਰੁਪਏ ਦਾ ਨੁਕਸਾਨ ਪ੍ਰਤੀ ਏਕੜ ਇਸ ਵਰ੍ਹੇ ਹੋਇਆ ਹੈ।

ਪੰਜਾਬ ਵਿੱਚ ਜੇਕਰ ਕਣਕ ਦੀ ਵਾਢੀ ਦੀ ਗੱਲ ਕਰੀਏ ਤਾਂ ਇਸ ਵੇਲੇ 90 ਫੀਸਦੀ ਤੱਕ ਕਣਕ ਦੀ ਵਾਢੀ ਦਾ ਕੰਮ ਪੂਰਾ ਹੋ ਚੁੱਕਿਆ ਹੈ ਅਤੇ ਲਿਫਟਿੰਗ ਵੀ ਸਰਕਾਰ ਦੁਆਰਾ ਲਗਾਤਾਰ ਕੀਤੀ ਜਾ ਰਹੀ ਹੈ। ਸਰਕਾਰ ਦਾ ਦਾਅਵਾ ਹੈ ਕਿ ਅਸੀਂ ਅਦਾਇਗੀ ਵੀ ਨਾਲ ਦੀ ਨਾਲ ਕਰ ਰਹੇ ਹਾਂ, ਪਰ ਜਿਹੜੀ ਕਿਸਾਨਾਂ ਦੀ ਬਰਬਾਦੀ ਖੇਤਾਂ ਵਿੱਚ ਹੋਈ ਅਤੇ ਫਸਲਾਂ ਦਾ ਵੱਡੇ ਪੱਧਰ 'ਤੇ ਉਜਾੜਾ ਹੋਇਆ, ਉਹਨਾਂ ਦਾ ਮੁਆਵਜ਼ਾ ਕਿਸਾਨਾਂ ਨੂੰ ਕਦੋਂ ਮਿਲੇਗਾ, ਇਸ ਦੀ ਉਡੀਕ ਪੰਜਾਬ ਦੇ ਹਜ਼ਾਰਾਂ ਹੀ ਕਿਸਾਨ ਕਰ ਰਹੇ ਹਨ।

ਇੱਥੇ ਹੀ ਬੱਸ ਨਹੀਂ, ਬਲਕਿ ਪਿਛਲੇ ਸਾਲ ਆਏ ਹੜ੍ਹਾਂ ਦਾ ਬਹੁ-ਗਿਣਤੀ ਸਰਹੱਦੀ ਇਲਾਕੇ ਦੇ ਕਿਸਾਨਾਂ ਨੂੰ ਮੁਆਵਜ਼ਾ ਤੱਕ ਨਹੀਂ ਮਿਲਿਆ, ਜਿਸ ਦੇ ਕਾਰਨ ਕਿਸਾਨ ਜਿੱਥੇ ਪਹਿਲਾਂ ਮੁਸੀਬਤਾਂ ਵਿੱਚ ਸਨ, ਉੱਥੇ ਹੀ ਕਿਸਾਨਾਂ ਨੂੰ ਫਸਲਾਂ ਦੇ ਘੱਟ ਝਾੜ ਕਾਰਨ ਹੋਰ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਿਸਾਨਾਂ ਦੀ ਮੰਨੀਏ ਤਾਂ ਇਸ ਵੇਲੇ ਹਾਲਾਤ ਪੰਜਾਬ ਦੇ ਇਹ ਹਨ ਕਿ ਮੰਡੀਆਂ ਵਿੱਚ ਝੋਨੇ ਦੀ ਖਰੀਦ ਤਾਂ ਹੋ ਰਹੀ ਹੈ, ਪਰ ਅਦਾਇਗੀ ਵਿੱਚ ਸਮੱਸਿਆ ਆ ਰਹੀ ਹੈ। ਕੁਝ ਪ੍ਰਾਈਵੇਟ ਫਰਮਾਂ ਵੱਲੋਂ ਜਿਹੜੀ ਪਿਛਲੇ ਸਾਲਾਂ ਦੇ ਦੌਰਾਨ ਵੱਡੇ ਪੱਧਰ 'ਤੇ ਖਰੀਦ ਕੀਤੀ ਜਾਂਦੀ ਸੀ, ਉਹਨਾਂ ਵੱਲੋਂ ਖਰੀਦ ਤੋਂ ਮੂੰਹ ਫੇਰ ਲਿਆ ਗਿਆ ਹੈ। ਪ੍ਰਾਈਵੇਟ ਫਰਮਾਂ ਦਾ ਕਹਿਣਾ ਹੈ ਕਿ ਇੱਕ ਤਾਂ ਕਣਕ ਦੀ ਕੁਆਲਿਟੀ ਵਿੱਚ ਕਾਫੀ ਜ਼ਿਆਦਾ ਅੰਤਰ ਹੈ, ਨਾਲ ਹੀ ਈਰਾਨ, ਇਜ਼ਰਾਇਲ ਅਤੇ ਅਮਰੀਕਾ ਵਿਚਾਲੇ ਲੱਗੀ ਜੰਗ ਕਾਰਨ ਵੀ ਉਹਨਾਂ ਨੂੰ ਇਹ ਡਰ ਸਤਾ ਰਿਹਾ ਹੈ



ਕਿ ਜੇਕਰ ਉਹਨਾਂ ਫਸਲ ਖਰੀਦ ਕੇ ਰੱਖ ਲਈ ਤਾਂ ਉਹ ਅੱਗੇ ਸਪਲਾਈ ਕਿੱਥੇ ਕਰਨਗੇ।

ਜੰਗ ਅਮਰੀਕਾ, ਇਜ਼ਰਾਇਲ ਅਤੇ ਈਰਾਨ ਦੇ ਵਿਚਾਲੇ ਲੱਗੀ ਹੈ, ਪਰ ਇਸ ਦਾ ਅਸਰ ਖਾਣ-ਪੀਣ ਵਾਲੀਆਂ ਵਸਤੂਆਂ 'ਤੇ ਤਾਂ ਪੈ ਰਿਹਾ ਹੈ, ਨਾਲ ਹੀ ਤੇਲ ਦੇ ਭਾਅ ਇੱਧਰ-ਉੱਧਰ ਹੋ ਰਹੇ ਨੇ। ਜਿੱਥੇ ਹੋਰ ਵਸਤੂਆਂ ਦੇ ਰੇਟ ਵਿੱਚ ਵਾਧਾ ਦਰਜ ਕੀਤਾ ਜਾ ਰਿਹਾ ਹੈ, ਉੱਥੇ ਹੀ ਕਿਸਾਨ ਦੀ ਫਸਲ ਤੇ ਸਬਜ਼ੀਆਂ ਦੇ ਭਾਅ ਪਹਿਲੋਂ ਵਾਲੇ ਹੀ ਹਨ। ਕਿਸਾਨਾਂ ਕੋਲੋਂ ਮੰਡੀਆਂ ਵਿੱਚ ਸਸਤੇ ਭਾਅ ਵਸਤੂਆਂ ਖਰੀਦ ਕੇ ਵਪਾਰੀ ਅੱਗੇ ਮਹਿੰਗੇ ਭਾਅ ਬਾਜ਼ਾਰਾਂ ਵਿੱਚ ਵੇਚ ਰਹੇ ਨੇ। ਪਿਛਲੇ ਸਾਲ ਬਾਜ਼ਾਰ ਵਿੱਚ ਕਣਕ ਦੇ ਭਾਅ ਡਿੱਗ ਗਏ, ਜਿਸ ਕਾਰਨ ਵਪਾਰੀਆਂ ਨੂੰ ਨੁਕਸਾਨ ਹੋਇਆ ਸੀ ਅਤੇ ਇਸ ਸਾਲ ਤਾਂ ਕਣਕ ਦੀ ਕੁਆਲਿਟੀ ਥੋੜ੍ਹੀ ਮਾੜੀ ਹੈ ਅਤੇ ਭਾਅ ਹੀ ਸਥਿਰ ਹੈ, ਪਰ ਫਿਰ ਵੀ ਵਪਾਰੀਆਂ ਨੇ ਕਣਕ ਖਰੀਦਣ ਤੋਂ ਮੂੰਹ ਮੋੜ ਲਿਆ ਹੈ।ਰੂਸ-ਯੂਕਰੇਨ ਜੰਗ ਦੌਰਾਨ ਵੀ ਵਪਾਰੀਆਂ ਨੂੰ ਆਸ ਸੀ ਕਿ ਇਹਨਾਂ ਪ੍ਰਭਾਵਤ ਮੁਲਕਾਂ ਵਿੱਚ ਕਣਕ ਅਤੇ ਹੋਰ ਖਾਣ ਵਾਲੀਆਂ ਵਸਤੂਆਂ ਪਹੁੰਚਾਈਆਂ ਜਾਣਗੀਆਂ ਅਤੇ ਭਾਅ ਵਧ ਜਾਣਗੇ, ਜਿਸ ਦੇ ਨਾਲ ਉਹਨਾਂ ਦੀਆਂ ਜੇਬਾਂ ਭਰ ਜਾਣਗੀਆਂ, ਪਰ ਅਜਿਹਾ ਨਹੀਂ ਹੋਇਆ। ਵਪਾਰੀ ਕਹਿ ਰਹੇ ਨੇ ਕਿ ਉਹਨਾਂ ਨੂੰ ਭਾਰੀ ਘਾਟੇ ਪੈ ਰਹੇ ਨੇ, ਪਰ ਕਿਸਾਨ ਦਾ ਹਾਲ ਤਾਂ ਸਭਨਾਂ ਨਾਲੋਂ ਮਾੜਾ ਹੋਇਆ ਪਿਆ ਹੈ। ਕਿਸਾਨ ਪੱਲੇ ਇਸ ਵੇਲੇ ਰੋਣ ਤੋਂ ਸਿਵਾਏ ਕੁਝ ਵੀ ਨਹੀਂ ਬਚਿਆ। ਮਾਲਵੇ ਅਤੇ ਮਾਝੇ ਖੇਤਰ ਦੇ ਬਹੁ-ਗਿਣਤੀ ਹਿੱਸਿਆਂ ਵਿੱਚ ਇਸ ਵਾਰ ਗੜ੍ਹੇਮਾਰੀ ਨੇ 40 ਤੋਂ 50 ਫੀਸਦੀ ਫਸਲਾਂ ਤਬਾਹ ਕਰ ਦਿੱਤੀਆਂ ਨੇ, ਜਿਸ ਕਾਰਨ ਕਿਸਾਨਾਂ ਦੀਆਂ ਉਮੀਦਾਂ ਬਿਲਕੁਲ ਟੁੱਟ ਚੁੱਕੀਆਂ ਹਨ।

ਕਿਸਾਨ ਨੇ ਭਾਵੇਂ ਕੋਰੋਨਾ ਕਾਲ ਦੇ ਦੌਰਾਨ ਅਤੇ ਹੋਰਨਾਂ ਮਹਾਂਮਾਰੀਆਂ ਵੇਲੇ ਲੋਕਾਂ ਦਾ ਢਿੱਡ ਭਰਨ ਵਿੱਚ ਆਪਣੀ ਜੀ ਜਾਨ ਲਗਾ ਦਿੱਤੀ ਹੋਵੇ, ਪਰ ਕਿਸਾਨ ਦੀ ਹਾਲਤ ਵੱਲ ਕੋਈ ਨਹੀਂ ਵੇਖਦਾ। ਹਰ ਕੋਈ ਆਪਣਾ ਫਾਇਦਾ ਹੀ ਚੁੱਕਦਾ ਹੈ। ਕਿਸਾਨ ਦੀ ਫਸਲ ਦਾ ਮੁੱਲ ਕਦੇ ਵੀ ਉਸ ਨੂੰ ਨਹੀਂ ਮਿਲਦਾ। ਪਿਛਲੇ ਦਿਨੀਂ ਆਲੂਆਂ ਦੀ ਫਸਲ ਬਹੁਗਿਣਤੀ ਕਿਸਾਨਾਂ ਨੂੰ ਖੇਤਾਂ ਵਿੱਚ ਹੀ ਵਾਹੁਣੀ ਪਈ ਸੀ। ਇਸ ਦਾ ਵੱਡਾ ਕਾਰਨ ਇਹ ਸਾਹਮਣੇ ਆਇਆ ਸੀ ਕਿ ਕਿਸਾਨਾਂ ਨੂੰ ਆਲੂਆਂ ਦੀ ਫਸਲ ਦਾ ਭਾਅ ਸਹੀ ਨਹੀਂ ਮਿਲਿਆ ਸੀ, ਪਰ ਦੂਜੇ ਪਾਸੇ ਇਹਨਾਂ ਆਲੂਆਂ ਤੋਂ ਚਿਪਸ ਅਤੇ ਹੋਰ ਮਖਾਣੇ ਵਗੈਰਾ ਬਣਾਉਣ ਵਾਲੀਆਂ ਕੰਪਨੀਆਂ ਅੱਜ ਕਰੋੜਾਂ ਵਿੱਚ ਖੇਡ ਰਹੀਆਂ ਨੇ। ਕਿਸਾਨ ਦੀ ਹਾਲਤ ਦਿਨ ਪ੍ਰਤੀ ਦਿਨ ਮਾੜੀ ਹੁੰਦੀ ਜਾ ਰਹੀ ਹੈ, ਪਰ ਇਸ ਵੱਲ ਕੋਈ ਧਿਆਨ ਨਹੀਂ ਦੇ ਰਿਹਾ। ਕੇਂਦਰ ਵਿਚਲੀ ਸਰਕਾਰ ਨੇ ਕਿਸਾਨਾਂ ਦੀ ਆਮਦਨ 2023 ਤੱਕ ਦੁੱਗਣੀ ਕਰਨ ਦਾ ਦਾਅਵਾ ਕੀਤਾ ਸੀ, ਪਰ ਇਸ ਵੇਲੇ ਹਾਲਾਤ ਇਹ ਹਨ ਕਿ ਕਿਸਾਨਾਂ ਦੀ ਆਮਦਨ ਦੁੱਗਣੀ ਤਾਂ ਕੀ, ਇੱਕ ਹਿੱਸਾ ਵੀ ਨਹੀਂ ਬਚੀ। ਕਿਸਾਨਾਂ ਦੇ ਉਪਰ ਵੱਧ ਕਰਜ਼ੇ ਦੇ ਬੋਝ ਅਤੇ ਮਹਿੰਗੀਆਂ ਪੈਸਟੀਸਾਈਡ ਨੇ ਕਿਸਾਨਾਂ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ।

ਜਿਹੜੀਆਂ ਤਾਕਤਾਂ ਜਾਂ ਜਿਹੜੇ ਲੋਕ ਸਰਕਾਰ ਹਮਾਇਤੀ ਹਨ, ਉਹਨਾਂ ਨੂੰ ਕਿਸਾਨ ਦੀ ਫਸਲ ਵੀ ਵਿਹੁ ਵਰਗੀ ਲੱਗਦੀ ਹੈ, ਪਰੰਤੂ ਦੂਜੇ ਪਾਸੇ ਅਸਲੀਅਤ ਇਹ ਹੈ ਕਿ ਉਹ ਕਿਸਾਨ ਦੁਆਰਾ ਉਗਾਇਆ ਗਿਆ ਅੰਨ ਹੀ ਖਾਂਦੇ ਹਨ, ਪਰ ਕਿਸਾਨ ਦੀ ਖੇਤੀ ਦੀ ਅਜਿਹੇ ਲੋਕਾਂ ਨੂੰ ਕੋਈ ਕਦਰ ਨਹੀਂ ਹੁੰਦੀ, ਜਿਹੜੇ ਲੋਕ ਕਿਸਾਨਾਂ ਨੂੰ ਹਮੇਸ਼ਾ ਟਿੱਚਰਾਂ ਕਰਦੇ ਰਹਿੰਦੇ ਨੇ।

ਖੈਰ, ਕਿਸਾਨਾਂ ਦੇ ਨਾਲ ਇਹ ਕੋਈ ਪਹਿਲੀ ਵਾਰੀ ਤਾਂ ਹੋ ਨਹੀਂ ਰਿਹਾ, ਹਰ ਸੀਜ਼ਨ ਹੀ ਕਿਸਾਨਾਂ ਦਾ ਇਸੇ ਤਰੀਕੇ ਹੀ ਬੁਰੇ ਹਾਲਾਤ ਵਿੱਚ ਗੁਜ਼ਰਦਾ ਹੈ। ਪਿਛਲੇ ਸਾਲ ਪੰਜਾਬ ਨੂੰ ਹੜ੍ਹਾਂ ਨੇ ਮਾਰਿਆ ਅਤੇ ਕਿਸਾਨ ਬੁਰੀ ਤਰ੍ਹਾਂ ਝੰਬਿਆ ਗਿਆ। ਜਿੱਥੇ ਕਿਸਾਨਾਂ ਨੂੰ ਉਮੀਦ ਸੀ ਕਿ ਕਣਕ ਦੀ ਫਸਲ ਚੰਗੀ ਹੋਵੇਗੀ ਅਤੇ ਉਹ ਮੁਨਾਫਾ ਕਮਾ ਕੇ ਆਪਣੇ ਬੈਂਕ ਦੇ ਕਰਜ਼ੇ ਅਤੇ ਵਿਆਹ-ਸ਼ਾਦੀਆਂ ਕਰ ਲੈਣਗੇ, ਪਰ ਕਿਸਾਨਾਂ 'ਤੇ ਹੋਰ ਕੁਦਰਤੀ ਮਾਰ ਤਾਂ ਪੈ ਹੀ ਗਈ ਹੈ, ਨਾਲ ਹੀ ਸਰਕਾਰਾਂ ਅਤੇ ਕਾਰਪੋਰੇਟ ਘਰਾਣਿਆਂ ਦੁਆਰਾ ਸ਼ੁਰੂ ਕੀਤੀ ਗਈ ਜੰਗ ਨੇ ਵੀ ਕਿਸਾਨਾਂ ਨੂੰ ਬੁਰੀ ਤਰ੍ਹਾਂ ਨਾਲ ਲਤਾੜ ਕੇ ਰੱਖ ਦਿੱਤਾ ਹੈ। ਬਹੁ-ਗਿਣਤੀ ਕਿਸਾਨ ਤਾਂ ਇਸ ਵੇਲੇ ਖੇਤੀ ਛੱਡਣ ਲਈ ਮਜਬੂਰ ਹੋ ਗਏ ਨੇ, ਕਿਉਂਕਿ ਉਹਨਾਂ ਮੁਤਾਬਕ ਖੇਤੀ ਘਾਟੇ ਦਾ ਸੌਦਾ ਹੈ।

**# ਸੰਪਰਕ : 095698-20314**

# ਬੁਰਜੂਆ ਦੀ ਹਵਸ ਅਤੇ ਪ੍ਰੋਲੇਤਾਰੀ ਦੀ ਮਜਬੂਰੀ



ਗੁਰਮੇਲ ਸਿੰਘ ਸੰਗਤਪੁਰਾ

ਪੰਜਾਬੀ ਕਹਾਵਤਾਂ ਅਤੇ ਮੁਹਾਵਰੇ ਸਿਰਫ਼ ਸਾਡੇ ਮਨੋਰੰਜਨ ਦਾ ਸਾਧਨ ਨਹੀਂ ਹਨ, ਸਗੋਂ ਇਹ ਸਮਾਜਿਕ ਮਨੋਵਿਗਿਆਨ ਅਤੇ ਆਰਥਿਕ ਸੰਬੰਧਾਂ ਦਾ ਡੂੰਘਾ ਦਸਤਾਵੇਜ਼ ਹਨ। ਅਜਿਹੀ ਹੀ ਇੱਕ ਪ੍ਰਸਿੱਧ ਕਹਾਵਤ ਹੈ, 'ਗੌਂਅ ਪਿਸਾਵੇ ਜੌਂ, ਭਾਵੇਂ ਗਿੱਲੇ ਹੋਂ।' ਉਪਰੋਂ ਵੇਖਣ ਨੂੰ ਇਹ ਇੱਕ ਸਧਾਰਨ ਗੱਲ ਲੱਗਦੀ ਹੈ ਕਿ ਗ਼ਰਜ਼ਮੰਦ ਬੰਦਾ ਔਖੇ ਕੰਮ ਵੀ ਕਰ ਲੈਂਦਾ ਹੈ, ਪਰ ਜੇਕਰ ਇਸ ਨੂੰ ਮਾਰਕਸਵਾਦੀ ਫਲਸਫੇ ਦੀ ਨਜ਼ਰ ਨਾਲ ਵੇਖੀਏ, ਤਾਂ ਇਹ ਸਮਾਜ ਦੇ ਦੋ ਵਿਰੋਧੀ ਧੜਿਆਂ (ਬੁਰਜੂਆ ਅਤੇ ਪ੍ਰੋਲੇਤਾਰੀ ਜਮਾਤ) ਦੇ ਜਮਾਤੀ ਸੰਬੰਧਾਂ ਦੀ ਇੱਕ ਬਾਰੀਕ ਪਰ ਬੇਹੱਦ ਖ਼ੌਫ਼ਨਾਕ ਤਸਵੀਰ ਪੇਸ਼ ਕਰਦੀ ਹੈ।

ਸਮਾਜਿਕ ਬਣਤਰ ਵਿੱਚ ਗੌਂ (ਗ਼ਰਜ਼) ਉਹ ਕੇਂਦਰੀ ਧੁਰਾ ਹੈ, ਜੋ ਇਹਨਾਂ ਦੋਵਾਂ ਵਿਰੋਧੀ ਪਾਤਰਾਂ ਨੂੰ ਇੱਕੋ ਚੱਕੀ 'ਤੇ ਲਿਆ ਕੇ ਖੜ੍ਹਾ ਕਰ ਦਿੰਦੀ ਹੈ, ਪਰ ਇੱਥੇ ਸਮਝਣ ਵਾਲੀ ਗੱਲ ਇਹ ਹੈ ਕਿ ਦੋਵਾਂ ਦੀ ਗੌਂਅ ਦਾ ਮਕਸਦ, ਸੁਭਾਅ ਅਤੇ ਪ੍ਰਕਿਰਤੀ ਇੱਕ-ਦੂਜੇ ਤੋਂ ਬਿਲਕੁਲ ਉਲਟ ਹੈ। ਇੱਕ ਦੀ ਗੌਂਅ ਜਿਊਂਦੇ ਰਹਿਣ ਦੀ ਜੱਦੋ-ਜਹਿਦ ਹੈ, ਜਦਕਿ ਦੂਜੇ ਦੀ ਗੌਂਅ ਵਧੇਰੇ ਸਰਮਾਇਆ ਇਕੱਠਾ ਕਰਨ ਦੀ ਅੰਨ੍ਹੀ ਹਵਸ।

ਪ੍ਰੋਲੇਤਾਰੀ ਜਾਂ ਮਜ਼ਦੂਰ ਜਮਾਤ ਲਈ ਗੌਂਅ ਕੋਈ ਚੋਣ ਜਾਂ ਸ਼ੌਕ ਨਹੀਂ, ਸਗੋਂ ਇੱਕ ਜੀਵ-ਵਿਗਿਆਨਕ ਅਤੇ ਪਰਿਵਾਰਕ ਮਜਬੂਰੀ ਹੈ। ਮਾਰਕਸ ਅਨੁਸਾਰ-ਪ੍ਰੋਲੇਤਾਰੀ ਉਹ ਹੈ, ਜਿਸ ਕੋਲ ਉਤਪਾਦਨ ਦੇ ਸਾਧਨ ਨਹੀਂ ਹਨ ਅਤੇ ਉਹ ਆਪਣੀ ਹੋਂਦ ਬਚਾਉਣ ਲਈ ਆਪਣੀ ਕਿਰਤ ਸ਼ਕਤੀ ਵੇਚਣ ਲਈ ਮਜਬੂਰ ਹੈ। ਜਦੋਂ ਪ੍ਰੋਲੇਤਾਰੀ ਗਿੱਲੇ ਜੌਂ ਪੀਹਣ ਲਈ ਤਿਆਰ ਹੁੰਦਾ ਹੈ, ਤਦ ਉਸ ਦੇ ਪਿੱਛੇ ਕੋਈ ਵਾਧੂ ਮੁਨਾਫ਼ਾ ਕਮਾਉਣ ਜਾਂ ਐਸ਼ੋ-ਆਰਾਮ ਦੀ ਇੱਛਾ ਨਹੀਂ ਹੁੰਦੀ, ਉਸ ਦਾ ਸਾਰਾ ਸੰਘਰਸ਼ ਆਪਣੇ ਅਤੇ ਆਪਣੇ ਪਰਵਾਰ ਦੇ ਵਜੂਦ ਨੂੰ ਬਚਾਉਣ ਲਈ ਹੁੰਦਾ ਹੈ। ਮਜਦੂਰ ਲਈ ਗਿੱਲੇ ਜੌਂ ਪੀਹਣਾ ਉਸ ਦੇ ਚੁੱਲ੍ਹੇ ਦੀ ਅੱਗ ਨੂੰ ਬਲਦਾ ਰੱਖਣ ਲਈ ਇੱਕ ਲਾਜ਼ਮੀ ਕਦਮ ਹੈ। ਉਹ ਜਾਣਦਾ ਹੈ ਕਿ ਇਸ ਨਾਲ ਉਸ ਦੀ ਸਰੀਰਕ ਸ਼ਕਤੀ ਵੱਧ ਖਰਚ ਹੋਵੇਗੀ, ਪਰ ਉਸ ਦੀ ਭੁੱਖ ਉਸ ਨੂੰ ਇੰਤਜ਼ਾਰ ਕਰਨ ਦੀ ਇਜਾਜ਼ਤ ਨਹੀਂ ਦਿੰਦੀ। ਇਸ ਤਰ੍ਹਾਂ ਪ੍ਰੋਲੇਤਾਰੀ ਲਈ ਪੀਹਣਾ ਇੱਕ ਅਜਿਹੀ ਪ੍ਰਕਿਰਿਆ ਬਣ ਜਾਂਦੀ ਹੈ, ਜਿਸ ਵਿੱਚ ਉਸ ਕੋਲ ਗੁਆਉਣ ਲਈ ਆਪਣੀ ਸਿਹਤ ਅਤੇ ਵਕਤ ਤੋਂ ਇਲਾਵਾ ਕੁਝ ਨਹੀਂ ਹੁੰਦਾ।

ਦੂਜੇ ਪਾਸੇ ਬੁਰਜੂਆ ਵਰਗ ਹੈ, ਜਿਸ ਲਈ ਗੌਂਅ ਦਾ ਮਤਲਬ ਸਿਰਫ਼ ਮੁਨਾਫ਼ਾ ਹੈ। ਉਸ ਦੀ ਗ਼ਰਜ਼ ਸਰੀਰਕ ਲੋੜਾਂ ਤੋਂ ਮੁਕਤ ਹੈ। ਉਹ ਬਾਜ਼ਾਰ ਦੀਆਂ ਪ੍ਰਸਥਿਤੀਆਂ ਨੂੰ ਆਪਣੇ ਹੱਕ ਵਿੱਚ ਵਰਤਣ ਲਈ ਗਿੱਲੇ ਜੌਂ ਵੀ ਪਿਸਵਾਉਣ ਤੋਂ ਨਹੀਂ ਹਿਚਕਦਾ। ਇੱਥੇ ਕੋਈ ਮਨੁੱਖੀ ਅਹਿਸਾਸ ਨਹੀਂ ਹੁੰਦਾ, ਸਗੋਂ ਸਿਰਫ਼ ਵਪਾਰਕ ਹਿਸਾਬ ਹੁੰਦਾ ਹੈ।

ਬੁਰਜੂਆ ਵਰਗ ਚੰਗੀ ਤਰ੍ਹਾਂ ਜਾਣਦਾ ਹੈ ਕਿ ਮਜ਼ਦੂਰ ਆਪਣੀ ਰੋਟੀ ਲਈ ਮਜਬੂਰ ਹੈ। ਉਹ ਇਸ ਮਜਬੂਰੀ ਦਾ ਫਾਇਦਾ ਉਠਾਉਂਦਾ ਹੈ ਅਤੇ ਮਜ਼ਦੂਰ ਨੂੰ ਔਖੇ ਅਤੇ ਅਣਮਨੁੱਖੀ ਕੰਮਾਂ ਵਿੱਚ ਝੋਕ ਦਿੰਦਾ ਹੈ। ਇਸ ਤਰ੍ਹਾਂ ਪੀਹਣਾ ਇੱਕ ਸਾਂਝੀ ਕਿਰਿਆ ਹੋਣ ਦੇ ਬਾਵਜੂਦ ਬਰਾਬਰੀ ਦੀ ਨਹੀਂ, ਸਗੋਂ ਸ਼ੋਸ਼ਣ 'ਤੇ ਅਧਾਰਤ ਬਣ ਜਾਂਦੀ ਹੈ।

ਇਸ ਦਰਮਿਆਨ ਇੱਕ ਵਰਗ ਮਜ਼ਦੂਰ ਆਗੂਆਂ ਦਾ ਵੀ ਹੈ, ਜੋ ਇਸ ਪ੍ਰਣਾਲੀ ਦਾ ਹਿੱਸਾ ਬਣਦੇ ਹਨ। ਜਿਨ੍ਹਾਂ ਵਿਚੋਂ ਇੱਕਾ-ਦੁੱਕਾ ਉਹ ਆਗੂ ਵੀ ਹੋਣਗੇ ਜੋ ਮਜ਼ਦੂਰਾਂ ਦੇ ਸਿਰ 'ਤੇ ਐਸ਼ ਕਰਦੇ ਹਨ। ਅਜਿਹੇ ਵਿਚ ਮਜ਼ਦੂਰ ਗ਼ੁਰਬਤ ਵਿੱਚ ਦਬਿਆ ਹੋਇਆ ਹੈ ਅਤੇ ਅਕਸਰ ਆਪਣੀ ਹੀ ਨੁਮਾਇੰਦਗੀ ਕਰਨ ਵਾਲਿਆਂ ਨੂੰ ਵੀ ਸਲਾਮ ਠੋਕਣ ਲਈ ਮਜਬੂਰ ਹੁੰਦਾ ਹੈ, ਜੋ ਇੱਕ ਹੋਰ ਦੁਖਦਾਈ ਵਿਡੰਬਨਾ ਹੈ, ਕਿਉਂਕਿ ਉਸ ਨੂੰ ਆਗੂਆਂ ਤੱਕ ਗੌਂਅ ਹੁੰਦੀ ਹੈ। ਗੌਂਅ ਪਿਸਾਵੇ ਜੌਂ ਦੀ ਕਹਾਵਤ ਵਿੱਚ ਪੀਹਣ ਦੀ ਕਿਰਿਆ ਦੋਵਾਂ ਪਾਤਰਾਂ ਨੂੰ ਇੱਕ ਥਾਂ ਜੋੜਦੀ ਜ਼ਰੂਰ ਹੈ, ਪਰ ਦੋਵਾਂ ਦੇ ਪੈਰਾਂ ਹੇਠਲੀ ਜ਼ਮੀਨ ਵਿੱਚ ਇੱਕ ਡੂੰਘਾ ਜਮਾਤੀ ਫਰਕ ਮੌਜੂਦ ਹੈ। ਪ੍ਰੋਲੇਤਾਰੀ ਲਈ ਇਹ ਮਿਹਨਤ ਉਸ ਦੇ ਅਸਤਿਤਵ ਨੂੰ ਬਚਾਉਣ ਦਾ ਸਾਧਨ ਹੈ, ਜਦਕਿ ਬੁਰਜੂਆ ਲਈ ਇਹ ਦੂਜੇ ਦੀ ਮਜਬੂਰੀ ਤੇ ਆਪਣੇ ਖ਼ਜ਼ਾਨੇ ਭਰਨ ਦਾ ਜ਼ਰੀਆ ਹੈ।

ਇਹ ਕਹਾਵਤ ਸਪੱਸ਼ਟ ਕਰਦੀ ਹੈ ਕਿ ਗੌਂਅ ਬੰਦੇ ਦੀ ਆਜ਼ਾਦੀ ਖੋਹ ਲੈਂਦੀ ਹੈ। ਇੱਕ ਪਾਸੇ ਮਜਬੂਰੀ ਅਤੇ ਦੂਜੇ ਪਾਸੇ ਲਾਲਚ, ਦੋਵਾਂ ਮਨੁੱਖ ਨੂੰ ਬੰਨ੍ਹ ਕੇ ਰੱਖਦੇ ਹਨ। ਇਸ ਖੇਡ ਵਿੱਚ ਸਭ ਤੋਂ ਵੱਡਾ ਨੁਕਸਾਨ ਮਨੁੱਖੀ ਕਿਰਤ ਦਾ ਹੁੰਦਾ ਹੈ।

ਜਦੋਂ ਤੱਕ ਸਮਾਜਿਕ ਅਤੇ ਆਰਥਿਕ ਢਾਂਚੇ ਵਿੱਚ ਮੁਨਾਫ਼ਾਖੋਰੀ ਦੀ ਇਹ ਅੰਨ੍ਹੀ ਗੌਂਅ ਕਾਇਮ ਹੈ, ਉਦੋਂ ਤੱਕ ਪ੍ਰੋਲੇਤਾਰੀ ਨੂੰ ਗਿੱਲੇ ਜੌਂ ਪੀਹਣ ਲਈ ਮਜਬੂਰ ਰਹਿਣਾ ਪਵੇਗਾ। ਇਹ ਕਹਾਵਤ ਸਾਨੂੰ ਯਾਦ ਕਰਾਉਂਦੀ ਹੈ ਕਿ ਸਮਾਜਿਕ ਨਿਆਂ ਉਦੋਂ ਤੱਕ ਸੰਭਵ ਨਹੀਂ, ਜਦੋਂ ਤੱਕ ਪੀਹਣ ਦੀ ਇਸ ਪ੍ਰਕਿਰਿਆ ਵਿੱਚੋਂ ਸ਼ੋਸ਼ਣ ਖ਼ਤਮ ਨਹੀਂ ਹੁੰਦਾ। ਮਨੁੱਖੀ ਆਜ਼ਾਦੀ ਦਾ ਮਾਰਗ ਉਸ ਵੇਲੇ ਹੀ ਖੁੱਲ੍ਹਦਾ ਹੈ, ਜਦੋਂ ਗੌਂਅ ਦੀ ਥਾਂ ਸਾਂਝੀਵਾਲਤਾ ਅਤੇ ਲੋੜ ਦੀ ਥਾਂ ਬਰਾਬਰੀ ਹੋਵੇ।

**# ਸੰਪਰਕ : 98769-57180**

# ਪੱਛਮੀ ਬੰਗਾਲ ਦੇ ਚੋਣ ਨਤੀਜੇ ਤੈਅ ਕਰਨਗੇ ਲੋਕਤੰਤਰ ਦਾ ਭਵਿੱਖ



ਹਰਜਿੰਦਰ ਸਿੰਘ ਗੁਲਪੁਰ

ਬੰਗਾਲ ਦੀਆਂ ਵਿਧਾਨ ਸਭਾਈ ਚੋਣਾਂ ਹੋ ਚੁੱਕੀਆਂ ਹਨ। ਭਾਜਪਾ ਨੇ ਇਹ ਚੋਣਾਂ ਜਿੱਤਣ ਲਈ ਸਾਰੀ ਸਰਕਾਰੀ ਅਤੇ ਗੈਰ-ਸਰਕਾਰੀ ਤਾਕਤ ਝੋਕ ਦਿੱਤੀ ਹੈ। ਪਹਿਲੇ ਗੇੜ ਵਿੱਚ 152 ਵਿਧਾਨ ਸਭਾ ਹਲਕਿਆਂ ਵਿੱਚ ਵੋਟਾਂ ਪਈਆਂ ਸਨ ਅਤੇ ਦੂਜੇ ਗੇੜ ਵਿੱਚ 142 ਹਲਕਿਆਂ ਵਿੱਚ ਵੋਟਾਂ ਪਈਆਂ। ਪਹਿਲੇ ਗੇੜ ਵਿੱਚ ਤਕਰੀਬਨ 93 ਫੀਸਦੀ ਰਿਕਾਰਡ ਪੋਲਿੰਗ ਹੋਈ ਸੀ। ਦੂਜੇ ਗੇੜ ਵਿੱਚ ਵੀ ਇਸੇ ਪੈਟਰਨ 'ਤੇ ਪੋਲਿੰਗ ਹੋਣ ਦੀਆਂ ਖਬਰਾਂ ਹਨ। ਪਹਿਲਾ ਚੋਣ ਕਮਿਸ਼ਨ ਦੋ-ਤਿੰਨ ਦਿਨ ਬਾਅਦ ਵੋਟ ਫੀਸਦੀ ਵਧਾਉਂਦਾ ਰਹਿੰਦਾ ਸੀ, ਪਰੰਤੂ ਜਿਸ ਤਰਾਂ ਦਾ ਵੋਟ ਪੈਟਰਨ ਇਸ ਵਾਰ ਚੱਲ ਰਿਹਾ ਹੈ, ਉਸ ਨੇ ਚੋਣ ਕਮਿਸ਼ਨ ਕੋਲ ਵੋਟ ਫੀਸਦੀ ਵਧਾਉਣ ਦਾ ਆਪਸ਼ਨ ਨਹੀ ਛੱਡਿਆ। ਰਾਜਸੀ ਪੰਡਤ ਇਸ ਵੋਟ ਪੈਟਰਨ ਦੀ ਨਬਜ਼ ਫੜਨ ਦਾ ਯਤਨ ਕਰ ਰਹੇ ਹਨ। ਕੁਝ ਚਿੰਤਕ ਇਸ ਨੂੰ ਐੱਸ ਆਈ ਆਰ ਖਿਲਾਫ ਲੋਕਾਂ ਵਿੱਚ ਪੈਦਾ ਹੋਏ ਰੋਸ ਦਾ ਨਤੀਜਾ ਦੱਸ ਰਹੇ ਹਨ ਅਤੇ ਕੁਝ ਲੋਕ ਇਸ ਪੈਟਰਨ ਨੂੰ ਮਮਤਾ ਬੈਨਰਜੀ ਰਾਜ ਖਿਲਾਫ ਲੋਕ ਰੋਹ ਦੇ ਪ੍ਰਗਟਾਵੇ ਵਜੋਂ ਦੇਖ ਰਹੇ ਹਨ। ਬੰਗਾਲ ਵਿੱਚ 20740 ਸੀ ਆਰ ਪੀ ਐੱਫ ਦੀਆਂ ਕੰਪਨੀਆਂ ਤਾਇਨਾਤ ਕੀਤੀਆਂ ਗਈਆਂ ਹਨ। ਤਕਰੀਬਨ ਦੋ ਲੱਖ ਤੋਂ ਜ਼ਿਆਦਾ ਜਵਾਨ ਇਹਨਾਂ ਚੋਣਾਂ ਵਿੱਚ ਭੇਜੇ ਗਏ ਹਨ। ਚੋਣਾਂ ਦੌਰਾਨ ਇਹਨਾਂ ਜਵਾਨਾਂ ਤੋਂ ਇਲਾਵਾ ਐੱਨ ਆਈ ਏ ਦੀ ਵੀ ਐਂਟਰੀ ਹੋ ਚੁੱਕੀ ਹੈ। ਐੱਨ ਆਈ ਏ ਦੀਆਂ ਟੀਮਾਂ ਚੋਣਾਂ ਦੌਰਾਨ ਬੰਗਾਲ ਵਿੱਚ ਕੀ ਕਰ ਰਹੀਆਂ ਹਨ, ਇਸ ਵਾਰੇ ਕਿਸੇ ਨੂੰ ਕੁਝ ਵੀ ਪਤਾ ਨਹੀਂ। ਟੀ ਐੱਮ ਸੀ ਅਤੇ ਭਾਜਪਾ ਨੇ ਸੋਚ ਰੱਖਿਆ ਹੈ ਕਿ ਚਾਹੇ ਕੁਝ ਵੀ ਹੋ ਜਾਵੇ, ਇਹ ਚੋਣਾਂ ਹਰ ਹਾਲਤ ਵਿੱਚ ਜਿੱਤਣੀਆਂ ਹਨ। ਟੀ ਐੱਮ ਸੀ ਚੋਣ ਕਮਿਸ਼ਨ ਅੱਗੇ ਬੇਵੱਸ ਹੈ, ਕਿਉਂ ਕਿ ਚੋਣ ਕਮਿਸ਼ਨ ਭਾਜਪਾ ਦੇ ਰਾਜਸੀ ਵਿੰਗ ਵਜੋਂ ਕੰਮ ਕਰ ਰਿਹਾ ਹੈ। ਭਾਜਪਾ 2019, 21ਅਤੇ 24 ਦੀਆਂ ਚੋਣਾਂ ਵਿੱਚ ਲੱਖ ਯਤਨ ਕਰਨ ਦੇ ਬਾਵਜੂਦ ਮਮਤਾ ਬੈਨਰਜੀ ਨੂੰ ਹਰਾਉਣ ਵਿੱਚ ਨਾਕਾਮ ਰਹੀ ਸੀ।2021 ਦੀਆਂ ਵਿਧਾਨ ਸਭਾ ਚੋਣਾਂ ਸਮੇ ਦੋਹਾਂ ਪਾਰਟੀਆਂ ਦਰਮਿਆਨ ਲੱਗਭੱਗ 10 ਫੀਸਦੀ ਵੋਟਾਂ ਦਾ ਫਰਕ ਸੀ।

ਭਾਜਪਾ ਇਹਨਾਂ ਚੋਣਾਂ ਦੇ ਮਾਮਲੇ ਵਿੱਚ ਪੱਛਮੀ ਬੰਗਾਲ ਨੂੰ ਇੱਕ ਪ੍ਰਯੋਗਸ਼ਾਲਾ ਦੇ ਰੂਪ ਵਿੱਚ ਵਰਤਣਾ ਚਾਹੁੰਦੀ ਹੈ। ਇੱਕ ਹਫ਼ਤਾ ਪਹਿਲਾਂ ਟੀ ਐੱਮ ਸੀ ਦਾ ਚੋਣ ਪ੍ਰਬੰਧ ਕਰਨ ਵਾਲੀ ਆਈ ਪੈਕ ਕੰਪਨੀ ਦੇ ਡਾਇਰੈਕਟਰ ਨੂੰ ਗ੍ਰਿਫਤਾਰ ਕਰ ਲਿਆ ਗਿਆ। ਇਸ ਨਾਲ ਮਮਤਾ ਬੈਨਰਜੀ ਨੂੰ ਕਿੰਨਾ ਵੱਡਾ ਨੁਕਸਾਨ ਹੋਇਆ ਹੋਵੇਗਾ ? ਭਵਾਨੀਪੁਰ ਦੇ ਜਿਸ ਵਿਅਕਤੀ ਨੇ ਮਮਤਾ ਬੈਨਰਜੀ ਦੇ ਨਾਂਅ ਦਾ ਪ੍ਰਸਤਾਵ ਕੀਤਾ ਸੀ, ਉਸ ਦੇ ਘਰ ਇਨਕਮ ਟੈਕਸ ਵਿਭਾਗ ਵੱਲੋਂ ਛਾਪੇਮਾਰੀ ਕੀਤੀ ਗਈ। ਮਮਤਾ ਬੈਨਰਜੀ ਦੀ ਸੁਰੱਖਿਆ ਨਾਲ ਸੰਬੰਧਤ ਇੱਕ ਉੱਚ ਪੁਲਸ ਅਧਿਕਾਰੀ ਦੇ ਘਰ ਵੀ ਛਾਪੇਮਾਰੀ ਕੀਤੀ ਗਈ। ਮਮਤਾ ਬੈਨਰਜੀ ਨੂੰ ਇਹਨਾਂ ਹਾਲਾਤ ਦੇ ਮੱਦੇਨਜਰ ਆਪਣੀ ਜਾਨ ਨੂੰ ਖਤਰੇ ਵਾਲਾ ਬਿਆਨ ਦੇਣਾ ਪਿਆ ਸੀ। ਚੋਣ ਅਬਜ਼ਰਵਰ ਵਜੋਂ ਤਾਇਨਾਤ ਯੂ ਪੀ ਦਾ ਆਈ ਪੀ ਐੱਸ ਅਧਿਕਾਰੀ ਅਜੈਪਾਲ ਸ਼ਰਮਾ ਜਿਸ ਤਰਾਂ ਤਿਣਮੂਲ ਕਾਂਗਰਸ ਦੇ ਉਮੀਦਵਾਰ ਜਹਾਂਗੀਰ ਖਾਨ ਦਾ ਨਾਂਅ ਲੈ ਕੇ ਧਮਕੀਆਂ ਦੇ ਰਿਹਾ ਸੀ, ਉਸ ਨੂੰ ਸਾਰੀ ਦੁਨੀਆ ਨੇ ਦੇਖਿਆ ਹੈ। ਉਸ ਦੇ ਇਸ ਹੋਛੇ ਵਿਵਹਾਰ ਦਾ ਬੰਗਾਲ ਪ੍ਰਸ਼ਾਸਨ ਨੇ ਬੁਰਾ ਮਨਾਇਆ ਹੈ। ਚੋਣ ਦੌਰਾਨ ਭਾਜਪਾ ਪ੍ਰਧਾਨ ਦੇ ਸੀ ਆਰ ਪੀ ਦੀ ਗੱਡੀ ਵਿੱਚ ਬੈਠਣ ਦੀਆਂ ਵੀਡੀਓਜ਼ ਵਾਇਰਲ ਹੋ ਰਹੀਆਂ ਹਨ। ਇਸ ਤੋਂ ਇਲਾਵਾ 27 ਲੱਖ ਵੋਟਰਾਂ ਦਾ ਨਾਂਅ ਇਹ ਆਖ ਕੇ ਹਟਾ ਦਿੱਤਾ ਗਿਆ ਕਿ 2002 ਦੀ ਲਿਸਟ ਵਿੱਚ ਕੋਈ ਕਨੂੰਨੀ ਅੜਚਨ ਹੈ। ਇਸ ਅੜਚਨ ਬਾਰੇ ਚੋਣ ਕਮਿਸ਼ਨ ਵੱਲੋਂ ਕੋਈ ਵੀ ਸਪੱਸ਼ਟੀਕਰਨ ਨਹੀ ਦਿੱਤਾ ਗਿਆ। ਸਿਤਮਜਰੀਫੀ ਇਹ ਕਿ 7 ਲੱਖ ਵੋਟਰ ਚੋਣ ਲਿਸਟ ਵਿੱਚ ਜੋੜ ਦਿੱਤੇ ਗਏ। ਕਿਉਂ ਜੋੜੇ ਗਏ, ਕੋਈ ਜਵਾਬ ਨਹੀਂ। ਐੱਸ ਆਈ ਆਰ ਨੂੰ ਜਿਸ ਤਰਾਂ ਬੰਗਾਲ ਵਿੱਚ ਲਾਗੂ ਕੀਤਾ ਗਿਆ ਹੈ, ਉਸ 'ਤੇ ਅਨੇਕਾਂ ਪ੍ਰਸ਼ਨ ਚਿੰਨ੍ਹ ਲੱਗੇ ਹੋਏ ਹਨ। ਮੁਰਸ਼ੀਦਾਬਾਦ ਅਤੇ ਮਾਲਦਾ ਇਲਾਕਿਆਂ ਵਿੱਚ ਲੱਖਾਂ ਵੋਟਰਾਂ ਦੇ ਨਾਂਅ ਕੱਟਣ ਦੀਆਂ ਚਰਚਾਵਾਂ ਹਨ।

ਚੋਣ ਕਮਿਸ਼ਨ ਵੱਲੋਂ ਮੁਸਲਿਮ ਅਤੇ ਮਤੁਆ ਸਮਾਜਾਂ ਨੂੰ ਆਪਣਾ ਨਿਸ਼ਾਨਾ ਬਣਾਇਆ ਗਿਆ ਹੈ। ਤ੍ਰਿਣਮੂਲ ਕਾਂਗਰਸ ਦਾ ਦੋਸ਼ ਹੈ ਕਿ ਉਹਨਾਂ ਦੇ ਸਮਰਥਕ ਵੋਟਰਾਂ ਦੇ ਨਾਂਅ ਇੱਕ ਸਾਜ਼ਿਸ਼ੀ ਵਿਉਂਤਬੰਦੀ ਅਧੀਨ ਹਟਾਏ ਗਏ ਹਨ। ਅਗਰ ਇਹ ਸੱਚ ਹੈ ਤਾਂ ਇਸ ਨਾਲ ਭਾਰਤੀ ਲੋਕਤੰਤਰੀ ਪ੍ਰਣਾਲੀ ਨੂੰ ਵੱਡਾ ਧੱਕਾ ਲੱਗ ਸਕਦਾ ਹੈ। ਜੇਕਰ ਭਾਜਪਾ ਦਾ ਇਹ ਪ੍ਰਯੋਗ ਸਫਲ ਹੋ ਜਾਂਦਾ ਹੈ ਤਾਂ ਇਸ ਨੂੰ ਦੇਸ਼ ਵਿਆਪੀ ਦੁਹਰਾਇਆ ਜਾ ਸਕਦਾ ਹੈ। ਅਜੇ ਤੱਕ ਬੰਗਾਲ ਵਿਚੋਂ ਕਵਰੇਜ ਕਰ ਰਹੇ ਪੱਤਰਕਾਰਾਂ ਤੋਂ ਜੋ ਜ਼ਮੀਨੀ ਪੱਧਰ ਦੀ ਜਾਣਕਾਰੀ ਮਿਲ ਰਹੀ ਹੈ, ਉਸ ਅਨੁਸਾਰ ਤ੍ਰਿਣਮੂਲ ਕਾਂਗਰਸ ਦਾ ਹੱਥ ਉਪਰ ਦਿਖਾਈ ਦੇ ਰਿਹਾ ਹੈ।

ਇਸ ਦੇ ਨਾਲ ਹੀ ਇਹ ਪੱਤਰਕਾਰ ਗਿਣਤੀ ਦੌਰਾਨ ਕੀਤੀਆਂ ਜਾਣ ਵਾਲੀਆਂ ਗੜਬੜੀਆਂ ਵਾਰੇ ਵੀ ਖਦਸ਼ਾ ਜ਼ਾਹਰ ਕਰ ਰਹੇ ਹਨ। ਗੋਦੀ ਮੀਡੀਆ ਨੂੰ ਛੱਡ ਕੇ ਜਿੰਨੀਆਂ ਵੀ ਰਿਪੋਰਟਾਂ ਆ ਰਹੀਆਂ ਹਨ, ਉਹਨਾਂ ਮੁਤਾਬਕ ਤ੍ਰਿਣਮੂਲ ਕਾਂਗਰਸ ਗਰਾਊਂਡ ਲੈਵਲ ਉੱਤੇ ਅੱਗੇ ਚੱਲ ਰਹੀ ਹੈ। ਉਸ ਦਾ ਸੰਗਠਨ ਬੂਥ ਪੱਧਰ ਤੱਕ ਬਹੁਤ ਮਜ਼ਬੂਤ ਹੈ। ਕੇਵਲ ਐੱਸ ਆਈ ਆਰ ਅਤੇ ਗਿਣਤੀ ਦੌਰਾਨ ਕੀਤੀ ਗੜਬੜ ਹੀ ਉਸ ਨੂੰ ਹਰਾ ਸਕਦੀ ਹੈ। ਮਮਤਾ ਬੈਨਰਜੀ ਦੀ ਜਿੱਤ ਦੀਆਂ ਸੰਭਾਵਨਾਵਾਂ ਵਿੱਚ ਔਰਤਾਂ ਅਤੇ ਮੁਸਲਿਮ ਵੋਟਰਾਂ ਦਾ ਯੋਗਦਾਨ ਮੁੱਖ ਹੋਵੇਗਾ। 2021 ਵਿੱਚ ਮੁਸਲਮਾਨਾਂ ਦੀਆਂ 75 ਫੀਸਦੀ ਵੋਟਾਂ ਉਸ ਦੇ ਹੱਕ ਵਿਚ ਭੁਗਤੀਆਂ ਸਨ। ਮੁਸਲਮਾਨਾਂ ਦੀਆਂ ਕੁੱਲ ਵੋਟਾਂ 27 ਫੀਸਦੀ ਦੇ ਕਰੀਬ ਹਨ, ਜੋ ਇੱਕ ਬਹੁਤ ਵੱਡੀ ਗਿਣਤੀ ਹੈ। ਇਸ ਵਾਰ ਇਹ ਅੰਕੜਾ 75 ਫੀਸਦੀ ਪਾਰ ਕਰ ਸਕਦਾ ਹੈ। ਇਸ ਤਰਾਂ ਜਿੱਤ-ਹਾਰ ਦੇ ਮਾਮਲੇ ਵਿੱਚ ਇਹ ਬਹੁਤ ਵੱਡਾ ਫੈਕਟਰ ਹੈ। ਇਸ ਤੋਂ ਇਲਾਵਾ ਦੂਜਾ ਵੱਡਾ ਫੈਕਟਰ ਔਰਤ ਵੋਟਾਂ ਦਾ ਹੈ। 2021 ਦੀਆਂ ਚੋਣਾਂ ਵਿੱਚ 50 ਫੀਸਦੀ ਔਰਤਾਂ ਤ੍ਰਿਣਮੂਲ ਕਾਂਗਰਸ ਦੇ ਹੱਕ ਵਿੱਚ ਭੁਗਤੀਆਂ ਸਨ ਅਤੇ 37 ਫੀਸਦੀ ਔਰਤਾਂ ਭਾਜਪਾ ਦੇ ਹੱਕ ਵਿੱਚ ਭੁਗਤੀਆਂ ਸਨ। ਇਹ ਸਥਿਤੀ ਇਸ ਵਾਰ ਵੀ ਬਰਕਰਾਰ ਰਹਿਣ ਦੀਆਂ ਸੰਭਾਵਨਾਵਾਂ ਹਨ। ਬੰਗਾਲ ਦੇ ਚੋਣ ਵਰਤਾਰੇ ਨੂੰ ਜੇ ਸਮੁੱਚਤਾ ਵਿੱਚ ਦੇਖਿਆ ਜਾਵੇ ਤਾਂ ਇਹ ਚੋਣਾਂ ਭਾਜਪਾ ਬਨਾਮ ਬੰਗਾਲੀ ਮਾਣ-ਸਨਮਾਨ ਦਰਮਿਆਨ ਲੜੀਆਂ ਜਾ ਰਹੀਆਂ ਹਨ। ਤ੍ਰਿਣਮੂਲ ਕਾਂਗਰਸ ਵੱਲੋਂ ਇਹਨਾਂ ਚੋਣਾਂ ਨੂੰ ਬਾਹਰੀ ਬਨਾਮ ਬੰਗਾਲੀ ਵਜੋਂ ਵੀ ਪੇਸ਼ ਕੀਤਾ ਜਾ ਰਿਹਾ ਹੈ।

ਦੇਖਣਾ ਇਹ ਹੋਵੇਗਾ ਕਿ ਭਾਜਪਾ ਬੰਗਾਲੀ ਮਾਣ-ਸਨਮਾਨ 'ਤੇ ਭਾਰੂ ਹੁੰਦੀ ਹੈ ਜਾਂ ਨਹੀਂ। ਬੰਗਾਲ ਦੇ ਸੱਭਿਆਚਾਰ ਨੂੰ ਸਮਝਣ ਵਾਲੇ ਵਿਦਵਾਨਾਂ ਦਾ ਕਹਿਣਾ ਹੈ ਕਿ ਬੰਗਾਲ ਦਾ ਸਮਾਜ ਬਹੁਤ ਸਮਝਦਾਰ ਅਤੇ ਸੰਵੇਦਨਸ਼ੀਲ ਹੈ। ਉਹ ਕਿਸੇ ਪਰਕਾਰ ਦੀ ਧੌਂਸ ਨੂੰ ਬਰਦਾਸ਼ਤ ਨਹੀ ਕਰਦਾ। ਇਸ ਸਮੇਂ ਤੱਕ ਵੱਖ-ਵੱਖ ਏਜੰਸੀਆਂ ਵੱਲੋਂ ਕੀਤੇ ਐਗਜ਼ਿਟ ਪੋਲ ਵੀ ਆ ਚੁੱਕੇ ਹਨ। ਇਹਨਾਂ ਵਿੱਚ ਤ੍ਰਿਣਮੂਲ ਕਾਂਗਰਸ ਦਾ ਪੱਲੜਾ ਭਾਰੀ ਤਾਂ ਦਿਖਾਇਆ ਗਿਆ ਹੈ, ਪਰ ਭਾਜਪਾ ਨੂੰ ਵੀ ਬਰਾਬਰ ਦੀ ਟੱਕਰ ਦਿੰਦੇ ਦੱਸਿਆ ਗਿਆ ਹੈ।

ਜਿੱਤਹਾਰ ਦਾ ਫ਼ੈਸਲਾ ਤਾਂ 4 ਮਈ ਨੂੰ ਹੀ ਹੋਵੇਗਾ, ਪਰੰਤੂ ਇਹ ਚੋਣਾਂ ਭਾਰਤ ਦਾ ਲੋਕਤੰਤਰੀ ਭਵਿੱਖ ਜ਼ਰੂਰ ਤਹਿ ਕਰ ਦੇਣਗੀਆਂ।

**# ਸੰਪਰਕ : 79735-01892**



# ਮਈ ਦਿਵਸ ਦਾ ਪ੍ਰਣ : ਮਜ਼ਦੂਰ ਵਿਰੋਧੀ ਕਿਰਤ ਕੋਡਾਂ ਨੂੰ ਰੱਦ ਕਰਵਾਉਣ ਤੱਕ ਸੰਘਰਸ਼ ਜਾਰੀ ਰਹੇਗਾ : ਏਟਕ, ਸੀਟੂ

**ਧਰਮ-ਨਿਰਪੱਖ ਲੋਕਤੰਤਰ ਦੀ ਰੱਖਿਆ ਲਈ ਸੰਵਿਧਾਨ ਦੀ ਰੱਖਿਆ ਕਰਾਂਗੇ**




**ਲੁਧਿਆਣਾ (ਰੈਕਟਰ ਕਥੂਰੀਆ/ਸਤੀਸ਼ ਸਚਦੇਵਾ/ਪ੍ਰਦੀਪ ਸ਼ਰਮਾ)**

ਦੁਨੀਆ ਭਰ ਦੇ ਮਿਹਨਤਕਸ਼ੋ ਇੱਕ ਹੋ ਜਾਓ।ਇਹ ਨਾਅਰਾ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਆਲ ਇੰਡੀਆ ਟ੍ਰੇਡ ਯੂਨੀਅਨ ਕਾਂਗਰਸ (ਏਟਕ) ਤੇ ਸੈਂਟਰ ਆਫ਼ ਇੰਡੀਅਨ ਟ੍ਰੇਡ ਯੂਨੀਅਨਜ਼ (ਸੀਟੂ) ਦੇ ਕਾਰਕੁਨਾਂ ਵੱਲੋਂ ਸਾਂਝੇ ਤੌਰ 'ਤੇ ਬੱਸ ਸਟੈਂਡ ਵਿਖੇ ਕੀਤੇ ਗਏ ਇੱਕ ਇਕੱਠ ਦੇ ਸ਼ੁਰੂ ਵਿੱਚ ਲਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਵੱਖ-ਵੱਖ ਅਦਾਰਿਆਂ ਦੇ ਮਜ਼ਦੂਰਾਂ ਤੇ ਮੁਲਾਜ਼ਮਾਂ, ਆਸ਼ਾ ਵਰਕਰਾਂ, ਆਂਗਣਵਾੜੀ ਵਰਕਰਾਂ, ਮਿਡ ਡੇ ਮੀਲ ਵਰਕਰਾਂ ਨੇ ਹੋਰਾਂ ਦੇ ਨਾਲ ਭਾਰੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਮਈ ਦਿਵਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਆਗੂਆਂ ਨੇ ਕਿਹਾ ਕਿ ਅੱਜ ਅਸੀਂ ਜਿਨ੍ਹਾਂ ਸ਼ਹੀਦਾਂ ਨੂੰ ਯਾਦ ਕਰ ਰਹੇ ਹਾਂ, ਉਨ੍ਹਾਂ ਆਪਣੀਆਂ ਜ਼ਿੰਦਗੀਆਂ ਵਾਰ ਕੇ ਮਜ਼ਦੂਰ ਜਮਾਤ ਲਈ 8 ਘੰਟੇ ਦੀ ਦਿਹਾੜੀ ਲੈ ਕੇ ਦਿੱਤੀ ਹੈ, ਪਰ ਅੱਜ ਦੀਆਂ ਸਰਕਾਰਾਂ ਭਾਵੇਂ ਉਹ ਕੇਂਦਰ ਦੀ ਮੋਦੀ ਸਰਕਾਰ ਹੋਵੇ ਤੇ ਭਾਵੇਂ ਸੂਬੇ ਦੀ ਭਗਵੰਤ ਮਾਨ ਦੀ ਸਰਕਾਰ, ਸਾਰੇ ਕਿਰਤ ਕਾਨੂੰਨਾਂ ਨੂੰ ਛਿੱਕੇ ਟੰਗ ਕੇ ਮਜ਼ਦੂਰਾਂ ਤੋਂ 10 ਘੰਟੇ ਜਾਂ 12 ਘੰਟੇ ਕੰਮ ਲੈਣ ਦੇ ਰਾਹ ਖੋਲ੍ਹ ਰਹੀਆਂ ਹਨ।ਮਜ਼ਦੂਰਾਂ ਦੀ ਕੰਮ ਵਾਲੀ ਥਾਂ 'ਤੇ ਸੁਰੱਖਿਆ ਦੇ ਕੋਈ ਪੁਖਤਾ ਪ੍ਰਬੰਧ ਨਹੀਂ ਹਨ।ਮਜ਼ਦੂਰਾਂ ਲਈ ਬਣਾਏ ਗਏ 29 ਕਾਨੂੰਨਾਂ ਨੂੰ ਖਤਮ ਕਰਕੇ ਸਰਮਾਏਦਾਰਾਂ ਦੇ ਪੱਖ ਵਿੱਚ ਚਾਰ ਲੇਬਰ ਕੋਡ ਬਣਾ ਦਿੱਤੇ ਗਏ ਹਨ, ਜੋ ਉਨ੍ਹਾਂ ਨੂੰ ਕਾਰੋਬਾਰ ਕਰਨ ਲਈ ਲਾਹੇਵੰਦ ਹਨ।ਕਿਰਤ ਵਿਭਾਗ ਨੂੰ ਨਕਾਰਾ ਕਰ ਦਿੱਤਾ ਗਿਆ ਹੈ।ਕੋਈ ਵੀ ਅਧਿਕਾਰੀ ਫੈਕਟਰੀਆਂ ਵਿੱਚ ਹੋ ਰਹੀਆਂ ਬੇਨਿਯਮੀਆਂ ਦੀ ਚੈਕਿੰਗ ਨਹੀਂ ਕਰ ਸਕਦਾ।ਆਗੂਆਂ ਨੇ ਕਿਹਾ ਕਿ ਵਧਦੀਆਂ ਕੀਮਤਾਂ ਤੇ ਵਧਦੀ ਬੇਰੁਜ਼ਗਾਰੀ ਨਾਲ ਜਨਤਾ ਵਿੱਚ ਨਿਰਾਸ਼ਾ ਵਧ ਰਹੀ ਹੈ।ਪਿਛਲੇ 14 ਸਾਲ ਤੋਂ ਪੰਜਾਬ ਵਿੱਚ ਘੱਟੋ ਘੱਟ ਉਜਰਤ ਨਹੀਂ ਵਧਾਈ ਗਈ।ਵਧ ਰਹੀ ਮਹਿੰਗਾਈ ਕਾਰਨ ਮਜ਼ਦੂਰਾਂ ਦਾ ਬਣਦਾ ਮਹਿੰਗਾਈ ਭੱਤਾ ਜਾਰੀ ਨਹੀਂ ਕੀਤਾ ਜਾ ਰਿਹਾ।ਇਹੀ ਕਾਰਨ ਹੈ ਕਿ ਦੇਸ਼ ਭਰ ਦੇ ਵਿੱਚ ਮਜ਼ਦੂਰਾਂ ਦੇ ਵਿੱਚ ਬੇਚੈਨੀ ਤੇ ਰੋਸ ਹੈ, ਜਿਸ ਦਾ ਪ੍ਰਗਟਾਵਾ ਸੂਰਤ, ਬਰੌਨੀ, ਪਾਨੀਪਤ, ਨੋਇਡਾ ਤੇ ਮਨੇਸਰ ਵਿੱਚ ਪ੍ਰਗਟ ਹੋਇਆ ਹੈ, ਪਰ ਮਜ਼ਦੂਰਾਂ ਦੀਆਂ ਜਾਇਜ਼ ਮੰਗਾਂ ਮੰਗਣ ਦੀ ਬਜਾਏ ਸਰਕਾਰ ਤਸ਼ੱਦਦ ਦੇ ਰਾਹ 'ਤੇ ਚੱਲ ਰਹੀ ਹੈ ਤੇ ਬਹੁਤ ਸਾਰੇ ਮਜ਼ਦੂਰਾਂ ਤੇ ਉਨ੍ਹਾਂ ਦੇ ਆਗੂਆਂ ਨੂੰ ਗ੍ਰਿਫਤਾਰ ਲਿਆ ਗਿਆ ਹੈ।ਅਸੀਂ ਮੰਗ ਕਰਦੇ ਹਾਂ ਕਿ ਉਨ੍ਹਾਂ ਨੂੰ ਤੁਰੰਤ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ ਤੇ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਮੰਨੀਆਂ ਜਾਣ।ਇਕੱਠ ਨੇ ਜਿੱਥੇ ਚਾਰ ਲੇਬਰ ਕੋਡ ਰੱਦ ਕਰਾਉਣ ਤੱਕ ਸੰਘਰਸ਼ ਜਾਰੀ ਰੱਖਣ ਦਾ ਐਲਾਨ ਕੀਤਾ, ਉਥੇ ਦੇਸ਼ ਦੀ ਧਰਮ-ਨਿਰਪੱਖਤਾ ਵਾਸਤੇ ਲੋਕਤੰਤਰ ਦੀ ਰਾਖੀ ਲਈ ਵੀ ਆਪਣੀ ਵਚਨਬਧਤਾ ਦੁਹਰਾਈ।ਇਸ ਦੇ ਨਾਲ ਹੀ ਘੱਟੋ ਘੱਟ 26000/- ਰੁਪਏ ਮਹੀਨਾ ਵੇਤਨ ਲੈਣ ਦੇ ਸੰਘਰਸ਼ ਨੂੰ ਵੀ ਤਿੱਖਾ ਕਰਨ ਦਾ ਪ੍ਰਣ ਕੀਤਾ ਗਿਆ।ਇਸ ਇਕੱਠ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਕਾਮਰੇਡ ਐੱਮ ਐੱਸ ਭਾਟੀਆ, ਸੁਖਵਿੰਦਰ ਸਿੰਘ ਲੋਟੇ, ਵਿਜੇ ਕੁਮਾਰ, ਸੁਰਜੀਤ ਕੌਰ, ਡਾਕਟਰ ਰਜਿੰਦਰ ਪਾਲ ਸਿੰਘ ਔਲਖ, ਹਨੂਮਾਨ ਪ੍ਰਸ਼ਾਦ ਦੂਬੇ, ਚਮਕੌਰ ਸਿੰਘ, ਡਾਕਟਰ ਬਲਵਿੰਦਰ ਸਿੰਘ ਔਲਖ, ਸ਼ਮਸ਼ੇਰ ਸਿੰਘ, ਗੁਰਮੇਲ ਮੈਲਡੇ, ਬਲਵੀਰ ਕੌਰ, ਨਰਕੇਸ਼ਰ ਰਾਏ ਆਦਿ ਸ਼ਾਮਲ ਸਨ।ਇਨ੍ਹਾਂ ਤੋਂ ਇਲਾਵਾ ਕਾਮਰੇਡ ਡੀ ਪੀ ਮੌੜ, ਰਾਮ ਲਾਲ, ਕੇਵਲ ਸਿੰਘ ਬਨਵੈਤ, ਰਮੇਸ਼ ਰਤਨ, ਨਰੇਸ਼ ਗੌੜ, ਵਿਨੋਦ ਤਿਵਾੜੀ, ਰਾਮ ਬ੍ਰਿਕਸ਼, ਟਾਈਗਰ ਸਿੰਘ, ਆਸ਼ਾ ਰਾਣੀ, ਜੋਗਿੰਦਰ ਰਾਏ ਆਦਿ ਮੌਜੂਦ ਸਨ।

## ਵਿਸ਼ੇਸ਼ ਇਜਲਾਸ ਦੀ ਡਰਾਮੇਬਾਜ਼ੀ ਛੱਡ, ਮਿੰਨੀਮਮ ਵੇਜ ਰੀਵਾਈਜ਼ ਕਰੇ ਸਰਕਾਰ : ਚੌਹਾਨ/ਉੱਡਤ

**ਸ਼ਿਕਾਗੋ ਦੇ ਸ਼ਹੀਦਾਂ ਨੂੰ ਸਮਰਪਤ ਮਨਾਇਆ ਮਈ ਦਿਵਸ**

**ਮਾਨਸਾ (ਆਤਮਾ ਸਿੰਘ ਪਮਾਰ)**-ਆਲ ਇੰਡੀਆ ਟਰੇਡ ਯੂਨੀਅਨ ਏਟਕ ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਉੱਡਤ ਤੇ ਮਜ਼ਦੂਰ ਆਗੂ ਕਾਮਰੇਡ ਕ੍ਰਿਸ਼ਨ ਸਿੰਘ ਚੌਹਾਨ ਨੇ ਸ਼ਿਕਾਗੋ ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਤ ਮਈ ਦਿਵਸ ਲੇਬਰ ਚੌਂਕ ਤੇ ਤੇਜਾ ਸਿੰਘ ਸੁਤੰਤਰ ਭਵਨ ਵਿਖੇ ਮਨਾਇਆ ਗਿਆ।

ਪ੍ਰੋਗਰਾਮ ਏਟਕ ਆਗੂ ਰਤਨ ਭੋਲਾ, ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਦੇ ਆਗੂ ਲਾਭ ਸਿੰਘ ਮੰਢਾਲੀ, ਪੇਂਟਰ ਯੂਨੀਅਨ ਦੇ ਜੀਤ ਰਾਮ, ਐੱਫ ਸੀ ਆਈ ਪੱਲੇਦਾਰ ਯੂਨੀਅਨ ਦੇ ਬੂਟਾ ਸਿੰਘ ਬਰਨਾਲਾ, ਪੀ ਆਰ ਟੀ ਸੀ ਦੇ ਬਲਵੰਤ ਸਿੰਘ ਫੱਕਰ ਦੀ ਅਗਵਾਈ ਹੇਠ ਕਿਰਤੀਆਂ ਦੀ ਕਤਾਰਬੰਦੀ ਤੇ ਸੰਘਰਸ਼ ਨੂੰ ਮਜ਼ਬੂਤ ਤੇ ਸ਼ਕਤੀਸ਼ਾਲੀ ਬਣਾਉਣ ਦਾ ਸੱਦਾ ਦਿੱਤਾ ਗਿਆ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਏਟਕ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਤੇ ਮਜ਼ਦੂਰ ਆਗੂ ਕਾਮਰੇਡ ਕ੍ਰਿਸ਼ਨ ਸਿੰਘ ਚੌਹਾਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਲੰਮੇ ਸੰਘਰਸ਼ਾਂ ਤੇ ਕੁਰਬਾਨੀਆਂ ਸਦਕਾ ਬਣੇ ਮਜ਼ਦੂਰ ਕਾਨੂੰਨਾਂ ਨੂੰ ਹਟਾ ਕੇ ਸਮੇਂ ਦੇ ਹਾਕਮਾਂ ਨੇ ਕਾਰਪੋਰੇਟ ਪੱਖੀ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ।

ਕੇਂਦਰ ਦੀ ਮੋਦੀ ਸਰਕਾਰ ਵੱਲੋਂ ਕਿਰਤ ਕਾਨੂੰਨਾਂ 'ਚ ਸੋਧਾਂ ਦੇ ਨਾਮ ਹੇਠ ਚਾਰ ਲੇਬਰ ਕੋਡ ਲਾਗੂ ਕਰਕੇ ਮਜ਼ਦੂਰ ਜਮਾਤ ਨੂੰ ਮੁੜ ਗੁਲਾਮੀ ਵੱਲ ਧੱਕਣ ਦੀ ਸਾਜ਼ਿਸ਼ ਰਚੀ ਗਈ.ਗਈ ਹੈ ਅਤੇ ਕੰਮ ਦਿਹਾੜੀ ਵਿੱਚ ਵਾਧਾ ਕਰਨ ਦੀ ਬਜਾਏ 8 ਘੰਟਿਆਂ ਤੋਂ 12 ਘੰਟੇ ਕੰਮ ਸਮੇਂ ਵਿੱਚ ਵਾਧਾ ਕੀਤਾ ਗਿਆ, ਜਿਸ ਨੂੰ ਰੱਦ ਕਰਾਉਣ ਲਈ ਤਿੱਖੇ ਸੰਘਰਸ਼ ਸਮੇਂ ਦੀ ਲੋੜ ਹੈ।ਇਸ ਮੌਕੇ ਆਗੂਆਂ ਨੇ ਸੂਬੇ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਨੇ ਮਜ਼ਦੂਰ ਦਿਵਸ ਮੌਕੇ ਵਿਸ਼ੇਸ਼ ਇਜਲਾਸ ਕਰਕੇ ਜੋ ਡਰਾਮੇਬਾਜ਼ੀ ਕੀਤੀ ਜਾ ਰਹੀ ਹੈ, ਨੂੰ ਰੱਦ ਕਰ ਮਿੰਨੀਵੇਜ ਰੀਵਾਈਜ਼ ਕੀਤੀ ਜਾਵੇ।ਇਸ ਮੌਕੇ ਉਨ੍ਹਾਂ ਮਿਹਨਤਕਸ਼ ਜਨਤਾ ਦੇ ਸੰਘਰਸ਼, ਏਕਤਾ ਤੇ ਅਧਿਕਾਰਾਂ ਦੀ ਲੜਾਈ ਨੂੰ ਹੋਰ ਮਜ਼ਬੂਤ ਕਰਨ ਦੀ ਅਪੀਲ ਕੀਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਜੈਬ ਸਿੰਘ, ਪਵਨ ਕੁਮਾਰ, ਸੁਖਦੇਵ ਸਿੰਘ, ਸੁਖਦੇਵ ਸਿੰਘ ਪੰਧੇਰ, ਜਾਗਰ ਸਿੰਘ ਖਿਆਲਾ, ਅਵਤਾਰ ਸਿੰਘ ਆਦਿ ਆਗੂਆਂ ਨੇ ਸੰਬੋਧਨ ਕੀਤਾ।

# ਮਈ ਦਿਵਸ ਮੌਕੇ ਮੁੱਖ ਦਫਤਰ 'ਤੇ ਜਥੇਬੰਦੀ ਦਾ ਝੰਡਾ ਲਹਿਰਾਇਆ

**ਪੰਜਾਬ ਸਰਕਾਰ ਮੁਲਾਜ਼ਮਾਂ ਦੇ ਮਸਲੇ ਹੱਲ ਕਰੇ : ਬੱਲਪੁਰੀਆ, ਚਾਹਲ**



**ਬਰਨਾਲਾ (ਰਾਜਿੰਦਰ ਬਰਾੜ)**-ਬਿਜਲੀ ਮੁਲਾਜ਼ਮਾਂ ਦੀ ਪ੍ਰਮੁੱਖ ਜਥੇਬੰਦੀ ਇੰਪਲਾਈਜ਼ ਫੈਡਰੇਸ਼ਨ ਚਾਹਲ ਨੇ ਜਥੇਬੰਦੀ ਦੇ ਮੁੱਖ ਦਫਤਰ ਵਿਖੇ ਕੇਸਰੀ ਝੰਡਾ ਲਹਿਰਾਅ ਕੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਜਥੇਬੰਦੀ ਵੱਲੋਂ ਬਿਆਨ ਜਾਰੀ ਕਰਦਿਆਂ ਸੂਬਾਈ ਪ੍ਰਧਾਨ ਗੁਰਵੇਲ ਸਿੰਘ ਬੱਲਪੁਰੀਆ, ਜਨਰਲ ਸਕੱਤਰ ਹਰਬੰਸ ਸਿੰਘ ਦੀਦਾਰਗੜ੍ਹ ਤੇ ਸੂਬਾਈ ਬੁਲਾਰੇ ਮਨਜੀਤ ਸਿੰਘ ਚਾਹਲ ਨੇ ਕਿਹਾ ਕਿ ਮਜ਼ਦੂਰਾਂ ਦੀ ਫੈਡਰੇਸ਼ਨ ਨੇ ਇੱਕ ਮਈ 1886 ਨੂੰ ਅੱਠ ਘੰਟੇ ਕੰਮ ਕਰਨ ਦੀ ਮੰਗ ਲਈ ਲੰਮੀਆਂ ਹੜਤਾਲਾਂ ਤੇ ਸੰਘਰਸ਼ ਕੀਤੇ ਸਨ।ਸ਼ਿਕਾਗੋ ਪੁਲਸ ਨੇ ਹੜਤਾਲ ਕਰ ਰਹੇ ਮਜ਼ਦੂਰਾਂ 'ਤੇ ਗੋਲੀ ਚਲਾਈ, ਜਿਸ ਕਾਰਨ 6 ਮਜ਼ਦੂਰ ਸ਼ਹੀਦ ਹੋ ਗਏ।ਅੱਜ ਮਜ਼ਦੂਰਾਂ ਤੇ ਮੁਲਾਜ਼ਮਾਂ ਨੂੰ 8 ਘੰਟੇ ਕੰਮ ਕਰਨ ਦਾ ਸਿਹਰਾ ਸ਼ਿਕਾਗੋ ਦੇ ਸ਼ਹੀਦਾਂ ਦੀ ਦੇਣ ਹੈ।ਉਨ੍ਹਾਂ ਕਿਹਾ ਕਿ ਅੱਜ ਵੀ ਕੇਂਦਰ ਸਰਕਾਰ ਕ੍ਰਿਤ ਕਨੂੰਨਾਂ ਵਿੱਚ ਬਦਲਾਅ ਕਰਕੇ ਦੇਸ਼ ਨੂੰ ਪੂੰਜੀਪਤੀਆਂ ਦੇ ਹੱਥਾਂ ਵਿੱਚ ਦੇਣ ਜਾ ਰਹੀ ਹੈ।ਇਸ ਕਾਨੂੰਨ ਤਹਿਤ ਮੁਲਾਜ਼ਮਾਂ ਤੇ ਮਜ਼ਦੂਰਾਂ ਤੋਂ 12 ਘੰਟੇ ਕੰਮ ਲਿਆ ਜਾ ਸਕਦਾ ਹੈ, ਲੇਬਰ ਕਾਨੂੰਨਾਂ ਨੂੰ ਪੂੰਜੀਪਤੀਆਂ ਦੇ ਅਨੁਸਾਰ ਪ੍ਰੀਭਾਸ਼ਤ ਕੀਤਾ ਜਾ ਰਿਹਾ ਹੈ।ਪੰਜਾਬ ਸਰਕਾਰ ਵੀ ਮੁਲਾਜ਼ਮਾਂ ਤੇ ਮਜ਼ਦੂਰਾਂ ਦੇ ਮਸਲੇ ਹੱਲ ਨਹੀਂ ਕਰ ਰਹੀ ਹੈ।ਠੇਕੇਦਾਰੀ ਸਿਸਟਮ ਨੂੰ ਉਤਸ਼ਾਹਤ ਕੀਤਾ ਜਾ ਰਿਹਾ ਹੈ, ਜਿਸ ਨਾਲ ਮਜ਼ਦੂਰ ਦੀ ਲੁੱਟ ਹੋ ਰਹੀ ਹੈ।ਉਨ੍ਹਾਂ ਪੰਜਾਬ ਸਰਕਾਰ 'ਤੇ ਦੋਸ਼ ਲਗਾਇਆ ਕਿ ਉਹ ਮਾਨਯੋਗ ਕੋਰਟਾਂ ਦੇ ਫੈਸਲਿਆਂ ਨੂੰ ਲਾਗੂ ਕਰਨ ਲਈ ਸੰਜੀਦਾ ਨਹੀਂ। ਉਨ੍ਹਾਂ ਮੰਗ ਕੀਤੀ ਕਿ ਕੇਂਦਰ ਸਰਕਾਰ ਦੇ ਪੈਟਰਨ 'ਤੇ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਮਹਿੰਗਾਈ ਭੱਤਾ ਜਾਰੀ ਕੀਤਾ ਜਾਵੇ।ਠੇਕੇ 'ਤੇ ਕੰਮ ਕਰ ਰਹੇ ਵਰਕਰਾਂ ਨੂੰ ਪੱਕਾ ਕੀਤਾ ਜਾਵੇ, 2004 ਤੋ ਬਾਅਦ ਹੋਈ ਭਰਤੀ ਤੇ ਪੁਰਾਣੀ ਪੈਨਸ਼ਨ ਲਾਗੂ ਕੀਤੀ ਜਾਵੇ।ਇਸ ਮੌਕੇ ਜਥੇਬੰਦੀ ਦੇ ਸੂਬਾਈ ਆਗੂ ਪੂਰਨ ਸਿੰਘ ਖਾਈ, ਹਰਵਿੰਦਰ ਸਿੰਘ ਚੱਠਾ, ਰਾਜਿੰਦਰ ਸਿੰਘ ਨਿੰਮਾ, ਰਘਬੀਰ ਸਿੰਘ ਘੱਗਾ, ਦਰਸ਼ਨ ਸਿੰਘ ਰਾਜੀਆਂ, ਪ੍ਰਤਾਪ ਸਿੰਘ ਸੁਖੇਵਾਲ, ਗੁਰਦੀਪ ਸਿੰਘ ਬੋਲੜ ਕਲਾਂ, ਰਿਸ਼ੂ ਅਰੋੜਾ, ਪ੍ਰਿਤਪਾਲ ਸਿੰਘ ਲਾਡੀ, ਜਗਜੀਤ ਸਿੰਘ ਮੱਤੀ, ਰਾਮ ਚੰਦਰ ਸਿੰਘ ਖਾਈ, ਸਲਵਿੰਦਰ ਕੁਮਾਰ, ਹਰੀ ਸਿੰਘ ਪਾਤੜਾ ਆਦਿ ਹਾਜ਼ਰ ਸਨ।

## ਕਾਤਰਾਂ

### ਸੇਵਾ ਭਾਰਤੀ ਵੱਲੋਂ ਮੁਫ਼ਤ ਮੈਡੀਕਲ ਕੈਂਪ ਭਲਕੇ

**ਬੁਢਲਾਡਾ (ਅਸ਼ੋਕ ਲਾਕੜਾ)**-ਸੇਵਾ ਭਾਰਤੀ ਸੰਸਥਾ ਵੱਲੋਂ 3 ਮਈ ਐਤਵਾਰ ਨੂੰ ਮੂਨ ਲਾਈਟ ਸਕੂਲ ਵਿੱਚ ਲੱਗਣ ਵਾਲੇ ਵਿਸ਼ਾਲ ਮੁਫ਼ਤ ਮੈਡੀਕਲ ਜਾਂਚ ਕੈਂਪ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਪ੍ਰੋਜੈਕਟ ਚੇਅਰਮੈਨ ਹੇਮ ਰਾਜ ਸ਼ਰਮਾ ਨੇ ਦੱਸਿਆ ਕਿ ਕੈਂਪ ਵਿੱਚ ਮਾਹਰ ਡਾਕਟਰਾਂ ਵੱਲੋਂ ਵੱਖ-ਵੱਖ ਬਿਮਾਰੀਆਂ ਦੀ ਜਾਂਚ ਕੀਤੀ ਜਾਵੇਗੀ ਤੇ ਮਰੀਜ਼ਾਂ ਨੂੰ ਉਚਿਤ ਸਲਾਹ ਵੀ ਦਿੱਤੀ ਜਾਵੇਗੀ।ਉਨ੍ਹਾਂ ਬੁਢਲਾਡਾ ਵਾਸੀਆਂ ਨੂੰ ਅਪੀਲ ਕੀਤੀ ਕਿ ਇਸ ਮੁਫ਼ਤ ਮੈਡੀਕਲ ਕੈਂਪ ਦਾ ਵੱਧ ਤੋਂ ਵੱਧ ਲਾਹਾ ਲਿਆ ਜਾਵੇ।

### ਰੇਲ ਗੱਡੀ ਦੀ ਲਪੇਟ 'ਚ ਆਉਣ ਕਾਰਨ ਨਾਮਾਲੂਮ ਵਿਅਕਤੀ ਦੀ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸਰਹਿੰਦ ਰੇਲਵੇ ਸਟੇਸ਼ਨ ਨਜ਼ਦੀਕ ਰੇਲਗੱਡੀ ਦੀ ਲਪੇਟ ਵਿੱਚ ਆਉਣ ਕਾਰਨ ਇੱਕ ਨਾਮਾਲੂਮ ਵਿਅਕਤੀ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ।ਮਾਮਲੇ ਦੀ ਜਾਂਚ ਕਰ ਰਹੀ ਜੀ.ਆਰ.ਪੀ. ਥਾਣਾ ਸਰਹਿੰਦ ਦੇ ਸਹਾਇਕ ਥਾਣੇਦਾਰ ਜਗਜੀਤ ਸਿੰਘ ਨੇ ਦੱਸਿਆ ਕਿ ਸਰਹਿੰਦ ਰੇਲਵੇ ਸਟੇਸ਼ਨ ਦੀ ਬ੍ਰਾਹਮਣਮਾਜਰਾ ਸਾਈਡ ਰੇਲਵੇ ਕਿਲੋਮੀਟਰ ਨੰਬਰ 314/28 ਨਜ਼ਦੀਕ ਰੇਲਵੇ ਲਾਈਨ ਪਾਰ ਕਰਦੇ ਸਮੇਂ ਰੇਲਗੱਡੀ ਦੀ ਲਪੇਟ ਵਿੱਚ ਆਉਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ।ਉਨ੍ਹਾਂ ਦੱਸਿਆ ਕਿ ਮ੍ਰਿਤਕ ਜਿਸ ਦੀ ਸ਼ਨਾਖ਼ਤ ਨਹੀ ਹੋ ਸਕੀ, ਦੀ ਲਾਸ਼ ਨੂੰ 72 ਘੰਟਿਆਂ ਲਈ ਸਿਵਲ ਹਸਪਤਾਲ ਵਿਖੇ ਰਖਵਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਮ੍ਰਿਤਕ ਦੀ ਉਮਰ ਕਰੀਬ 40/45 ਸਾਲ, ਗੋਲ ਚਿਹਰਾ, ਸਿਰ ਤੇ ਦਾੜ੍ਹੀ ਦੇ ਵਾਲ਼ ਕੱਟੇ ਹੋਏ, ਜਿਸ ਦੇ ਨੀਲੇ ਰੰਗ ਦੀ ਟੀ ਸ਼ਰਟ ਤੇ ਫਿੱਕੇ ਨੀਲੇ ਰੰਗ ਦੀ ਪੈਂਟ ਪਹਿਨੀ ਹੋਈ ਸੀ, ਦੀ ਪਛਾਣ ਸਬੰਧੀ ਜੇਕਰ ਕਿਸੇ ਕੋਲ ਕੋਈ ਵੀ ਜਾਣਕਾਰੀ ਹੋਵੇ ਤਾਂ ਤੁਰੰਤ ਜੀ.ਆਰ.ਪੀ. ਥਾਣਾ ਸਰਹਿੰਦ ਨਾਲ ਸੰਪਰਕ ਕੀਤਾ ਜਾਵੇ।

### ਜ਼ਿਲ੍ਹੇ 'ਚ ਹੁੱਕਾ ਬਾਰ ਚਲਾਉਣ 'ਤੇ ਪਾਬੰਦੀ

**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਮੈਜਿਸਟਰੇਟ ਸ਼੍ਰੀਮਤੀ ਨਵਜੋਤ ਕੌਰ ਆਈ.ਏ.ਐੱਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਮਾਨਸਾ ਦੀ ਹਦੂਦ ਅੰਦਰ ਕਿਸੇ ਵੀ ਦੁਕਾਨ, ਹੋਟਲ, ਰੈਸਟੋਰੈਂਟ, ਹੁੱਕਾ ਬਾਰਾਂ ਤੇ ਪਬਲਿਕ ਸਥਾਨਾਂ ਆਦਿ 'ਤੇ ਹੁੱਕਾ ਪੀਣ 'ਤੇ ਪੂਰਨ ਪਾਬੰਦੀ ਲਗਾਈ ਹੈ।ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਪੰਜਾਬ (ਤੰਬਾਕੂ ਕੰਟਰੋਲ ਸੈੱਲ ਪੰਜਾਬ) ਦੇ ਪੱਤਰ ਰਾਹੀਂ ਮਾਨਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਦੀ ਪਾਲਣਾ ਹਿੱਤ ਆਮ ਲੋਕਾਂ ਦੀ ਸਿਹਤ ਨੂੰ ਮੁੱਖ ਰੱਖਦੇ ਹੋਏ ਇਸ ਜ਼ਿਲ੍ਹੇ ਦੀ ਹਦੂਦ ਅੰਦਰ ਹੁੱਕਾ ਬਾਰਾਂ 'ਤੇ ਇਹ ਹੁਕਮ ਸਖ਼ਤੀ ਨਾਲ ਲਾਗੂ ਕਰਵਾਉਣਾ ਜ਼ਰੂਰੀ ਹੈ।ਇਹ ਹੁਕਮ 31 ਮਈ 2026 ਤੱਕ ਲਾਗੂ ਰਹਿਣਗੇ।

## ...ਤੇ ਹੁਣ ਲੜਕੀਆਂ ਦੇ ਸਰਕਾਰੀ ਕਾਲਜ 'ਤੇ ਕਬਜ਼ਾ ਕਰਨ ਦੀ ਤਿਆਰੀ!

**ਕਾਲਜ ਵਿੱਚੋਂ ਧੱਕੇ ਨਾਲ ਸੜਕ ਕੱਢਣ ਦੀ ਕੋਸ਼ਿਸ਼, ਕਾਲਜ ਪ੍ਰਸ਼ਾਸਨ ਵੱਲੋਂ ਜ਼ਮੀਨ ਦੇਣ ਤੋਂ ਕੋਰਾ ਜਵਾਬ**

**ਕਾਲਜ ਦੀ ਇੱਕ ਇੰਚ ਜ਼ਮੀਨ 'ਤੇ ਵੀ ਕਬਜ਼ਾ ਨਹੀਂ ਕਰਨ ਦਿੱਤਾ ਜਾਵੇਗਾ : ਐਡਵੋਕੇਟ ਢਾਬਾਂ, ਸੰਜਨਾ ਰਾਣੀ**



**ਜਲਾਲਾਬਾਦ (ਬਲਵਿੰਦਰ ਸਿੰਘ)**-ਸਰਕਾਰੀ ਕਾਲਜ (ਲੜਕੀਆਂ) ਜਲਾਲਾਬਾਦ 'ਤੇ ਕਬਜ਼ਾ ਕਰਨ ਦੇ ਮਾਮਲੇ ਨੂੰ ਲੈ ਕੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ, ਸਰਬ ਭਾਰਤ ਨੌਜਵਾਨ ਸਭਾ ਤੇ ਬਾਕੀ ਯੂਨੀਅਨਾਂ ਨੇ ਸਖਤ ਨੋਟਿਸ ਲਿਆ ਹੈ।ਇਸ ਸਬੰਧੀ ਲੜਕੀਆਂ ਦੇ ਕਾਲਜ ਵਾਲੀ ਉਸ ਜਗ੍ਹਾ 'ਤੇ ਜਿੱਥੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਉਸ ਜਗ੍ਹਾ 'ਤੇ ਮੰਜਾ ਡਾਹ ਕੇ ਕੀਤੀ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਏਆਈਐੱਸਐੱਫ ਦੇ ਸਾਬਕਾ ਕੌਮੀ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ, ਸੂਬਾ ਖਜ਼ਾਨਚੀ ਸੰਜਨਾਂ ਢਾਬਾਂ, ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਸੋਨਾ ਧੁੰਨਕੀਆ, ਬਲਾਕ ਮੀਤ ਪ੍ਰਧਾਨ ਧਰਮਿੰਦਰ ਮੁਰਕਵਾਲਾ, ਸੰਦੀਪ ਜੋਧਾ ਨੇ ਦੱਸਿਆ ਕਿ ਜਲਾਲਾਬਾਦ ਦੇ ਸਰਕਾਰੀ ਲੜਕੀਆਂ ਦੇ ਕਾਲਜ ਨੂੰ ਪਰਮਾਨੈਂਟ ਚਲਾਉਣ ਵਾਸਤੇ ਸਾਲ 2013 ਵਿੱਚ ਵਿਦਿਆਰਥੀ ਜਥੇਬੰਦੀ ਏਆਈਐੱਸਐੱਫ ਵੱਲੋਂ 45 ਦਿਨ ਲਗਾਤਾਰ ਭੁੱਖ ਹੜਤਾਲ ਰੱਖੀ ਗਈ ਸੀ, ਉਸ ਦਾ ਨਤੀਜਾ ਹੈ ਕਿ ਅੱਜ ਇਹ ਕਾਲਜ ਲਗਾਤਾਰ ਚੱਲ ਰਿਹਾ ਹੈ।ਐਡਵੋਕੇਟ ਪਰਮਜੀਤ ਢਾਬਾਂ ਨੇ ਦੋਸ਼ ਲਾਉਂਦਿਆਂ ਕਿਹਾ ਕਿ ਇਸ ਕਾਲਜ ਨੂੰ ਸੱਤਾ ਧਿਰ ਦੀ ਸ਼ਹਿ 'ਤੇ ਕਬਜ਼ਾ ਕਰਨ ਦੀ ਨੀਅਤ ਨਾਲ ਕਾਲਜ ਦੀ ਬੰਦ ਚਾਰਦੁਆਰੀ ਵਿੱਚੋਂ ਜ਼ਬਰਦਸਤੀ ਰਸਤਾ ਕੱਢਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਦੋਂ ਕਿ ਕਾਲਜ ਪ੍ਰਸ਼ਾਸਨ ਵੱਲੋਂ ਲਿਖਤੀ ਤੌਰ 'ਤੇ ਨਗਰ ਕੌਂਸਲ, ਐੱਸਡੀਐੱਮ ਜਲਾਲਾਬਾਦ, ਜ਼ਿਲ੍ਹਾ ਪ੍ਰਸ਼ਾਸਨ ਤੇ ਸਿੱਖਿਆ ਵਿਭਾਗ ਨੂੰ ਲਿਖ ਕੇ ਕਾਲਜ ਦੀ ਜ਼ਮੀਨ ਦੇਣ ਦਾ ਸਿੱਧੇ ਤੌਰ 'ਤੇ ਕੋਰਾ ਜਵਾਬ ਦਿੱਤਾ ਗਿਆ ਹੈ।ਇਸ ਦੇ ਬਾਵਜੂਦ ਲਗਾਤਾਰ ਕਾਲਜ ਪ੍ਰਸ਼ਾਸਨ 'ਤੇ ਦਬਾਅ ਬਣਾਇਆ ਜਾ ਰਿਹਾ ਹੈ ਤੇ ਕਾਲਜ ਵਿੱਚੋਂ ਬਿਨਾਂ ਵਜ੍ਹਾ ਜ਼ਬਰਦਸਤੀ ਰਸਤਾ ਕੱਢਣ ਲਈ ਕੁਝ ਹੱਥ ਕੰਡੇ ਵਰਤੇ ਜਾ ਰਹੇ ਹਨ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਕਾਲਜ 'ਤੇ ਕਬਜ਼ਾ ਕਰਨ ਵਾਲੇ ਸਿਆਸੀ ਲੋਕਾਂ ਨੂੰ ਤੁਰੰਤ ਰੋਕਿਆ ਜਾਵੇ, ਨਹੀਂ ਤਾਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।ਕਾਲਜ ਦੇ ਗਰਾਊਂਡ ਵਿੱਚ ਮੰਜਾ ਡਾਹ ਕੇ ਕੀਤੀ ਗਈ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਨ ਮੌਕੇ ਸੁਮਨ ਰਾਣੀ, ਸੁਨੀਲ ਢਾਣੀ ਬਚਨ ਸਿੰਘ, ਕਰਮ ਸਿੰਘ ਤੇ ਗੱਜਣ ਸਿੰਘ ਹਾਜ਼ਰ ਸਨ।

## ਲੱਖਾਂ ਰੁਪਏ ਖਰਚ ਤੋਂ ਬਾਅਦ ਵੀ ਆਸਟ੍ਰੇਲੀਆ ਤੋਂ ਮੁੜਨਾ ਪਿਆ ਵਾਪਸ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਸਟ੍ਰੇਲੀਆ ਤੋਂ ਡਿਪੋਰਟ ਕੀਤੇ ਗਏ 9 ਲੋਕਾਂ ਨੂੰ ਵੀਰਵਾਰ ਬਾਅਦ ਦੁਪਹਿਰ ਪਟਿਆਲਾ ਪੁਲਿਸ ਲਾਈਨ ਲਿਆਂਦਾ ਗਿਆ।ਦਿੱਲੀ ਏਅਰਪੋਰਟ ਤੋਂ ਪਟਿਆਲਾ ਪੁਲਿਸ ਲਾਈਨ ਲਿਆਂਦੇ ਗਏ ਇਨ੍ਹਾਂ ਸਾਰਿਆਂ ਨੂੰ ਉਨ੍ਹਾਂ ਦੇ ਜ਼ਿਲ੍ਹੇ ਦੀ ਪੁਲਸ ਅਤੇ ਪਰਵਾਰ ਦੀ ਮੌਜੂਦਗੀ ਵਿੱਚ ਸੌਂਪ ਦਿੱਤਾ ਗਿਆ।ਇਨ੍ਹਾਂ ਨੌਂ ਲੋਕਾਂ ਵਿੱਚ ਇੱਕ ਔਰਤ ਵੀ ਸ਼ਾਮਲ ਸੀ, ਜੋ ਜਲੰਧਰ, ਹੁਸ਼ਿਆਰਪੁਰ, ਖੰਨਾ, ਮੋਗਾ, ਨਵਾਂਸ਼ਹਿਰ, ਗੜ੍ਹਸ਼ੰਕਰ, ਤਰਨਤਾਰਨ, ਫਿਰੋਜ਼ਪੁਰ ਤੇ ਰੂਪਨਗਰ ਦੇ ਰਹਿਣ ਵਾਲੇ ਸਨ।ਇਨ੍ਹਾਂ ਵਿੱਚੋਂ ਕੋਈ ਵੀ ਵਿਅਕਤੀ ਪਟਿਆਲਾ ਜ਼ਿਲ੍ਹੇ ਨਾਲ ਸਬੰਧਤ ਨਹੀਂ ਸੀ।ਇਸ ਸਥਿਤੀ ਵਿੱਚ ਦਿੱਲੀ ਪੁਲਸ ਦੀ ਨਿਗਰਾਨੀ ਹੇਠ ਇਨ੍ਹਾਂ ਸਾਰਿਆਂ ਨੂੰ ਪਟਿਆਲਾ ਲਿਆਂਦਾ ਗਿਆ ਤੇ ਸ਼ਾਮ ਸਾਢੇ ਚਾਰ ਵਜੇ ਉਨ੍ਹਾਂ ਦੇ ਪਰਵਾਰਾਂ ਤੇ ਸਬੰਧਤ ਜ਼ਿਲ੍ਹੇ ਦੀ ਪੁਲਸ ਨੂੰ ਤਸਦੀਕ (ਵੈਰੀਫਿਕੇਸ਼ਨ) ਤੋਂ ਬਾਅਦ ਸੌਂਪਣਾ ਸ਼ੁਰੂ ਕਰ ਦਿੱਤਾ ਗਿਆ।ਡਿਪੋਰਟ ਲੋਕਾਂ ਨੇ ਮੀਡੀਆ ਤੋਂ ਦੂਰੀ ਬਣਾਈ ਰੱਖੀ।ਪਿੰਡ ਦੋਧਰਾ ਦੇ ਵਸਨੀਕ ਮਨਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦਾ ਪੁੱਤਰ ਹਰਪ੍ਰੀਤ ਸਿੰਘ ਕਰੀਬ ਅੱਠ ਸਾਲ ਪਹਿਲਾਂ ਪੜ੍ਹਾਈ ਦੇ ਆਧਾਰ 'ਤੇ ਆਸਟ੍ਰੇਲੀਆ ਗਿਆ ਸੀ, ਜਿੱਥੇ ਉਸ ਦੀ ਪਤਨੀ ਵੀ ਰਹਿੰਦੀ ਸੀ।ਕਰੀਬ ਛੇ ਸਾਲ ਆਪਣੀ ਪਤਨੀ ਨਾਲ ਰਹਿਣ ਤੋਂ ਬਾਅਦ ਉਨ੍ਹਾਂ ਦੇ ਪੁੱਤਰ ਦੀ ਉਸ ਨਾਲ ਅਣਬਣ ਹੋ ਗਈ।ਇਸ ਤੋਂ ਬਾਅਦ ਪਤਨੀ ਨੇ ਆਪਣੇ ਕਾਗ਼ਜ਼ਾਤ ਤਾਂ ਤਿਆਰ ਕਰਾ ਲਏ, ਪਰ ਪਤੀ ਦੇ ਨਹੀਂ ਕਰਵਾਏ।ਇਸ ਕਾਰਨ ਉਹ ਆਸਟ੍ਰੇਲੀਆ 'ਚ ਗੈਰ-ਕਾਨੂੰਨੀ ਢੰਗ ਨਾਲ ਰਹਿਣ ਦਾ ਦੋਸ਼ੀ ਬਣ ਗਿਆ।ਮਨਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੇ ਪੁੱਤਰ ਨੂੰ ਆਸਟ੍ਰੇਲੀਆ ਭੇਜਣ ਲਈ ਕਰੀਬ 30 ਲੱਖ ਰੁਪਏ ਖਰਚ ਕੀਤੇ ਸਨ।

## ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਨੇ ਮਈ ਦਿਵਸ ਮਨਾਇਆ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਐਂਡ ਟਰਾਂਸਕੋ ਸਿਟੀ ਮੰਡਲ ਤੇ ਸਬ-ਅਰਬਨ ਮੰਡਲ ਮੋਗਾ ਵੱਲੋਂ ਸਾਂਝੇ ਤੌਰ 'ਤੇ ਸਾਥੀ ਬਲੌਰ ਸਿੰਘ ਪ੍ਰਧਾਨ ਤੇ ਸਾਥੀ ਜਗਰੂਪ ਸਿੰਘ ਪ੍ਰਧਾਨ ਦੀ ਅਗਵਾਈ ਹੇਠ ਡਵੀਜ਼ਨ ਦਫਤਰ ਦੇ ਗੇਟ ਉੱਪਰ ਮਈ ਦਿਵਸ ਦੇ ਸ਼ਹੀਦਾਂ ਨੂੰ ਲਾਲ ਸਲਾਮ, ਸ਼ਿਕਾਗੋ ਦੇ ਸ਼ਹੀਦਾਂ ਨੂੰ ਲਾਲ ਸਲਾਮ ਦੇ ਅਕਾਸ਼ ਗੁੰਜਾਊ ਨਾਹਰਿਆਂ ਨਾਲ ਜਥੇਬੰਦੀ ਦਾ ਝੰਡਾ ਚੜ੍ਹਾਇਆ ਗਿਆ। ਉਪਰੰਤ ਸਮੂਹ ਪੈਨਸ਼ਨਰਜ਼ ਸਾਥੀਆਂ ਨੇ ਮਈ ਦਿਵਸ ਦੇ ਸ਼ਹੀਦਾਂ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ।ਸਟੇਜ ਦੀ ਕਾਰਵਾਈ ਸਾਥੀ ਬਲਵਿੰਦਰ ਸਿੰਘ ਸਕੱਤਰ ਸਿਟੀ ਮੋਗਾ ਨੇ ਸ਼ੁਰੂ ਕਰਦੇ ਹੋਏ ਦੱਸਿਆ ਕਿ ਅੱਜ ਤੋਂ 140 ਸਾਲ ਪਹਿਲਾਂ 1886 ਵਿੱਚ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿੱਚ ਸਾਡੇ ਕਿਰਤੀ ਬਜ਼ੁਰਗ ਸਾਥੀਆਂ ਵੱਲੋਂ ਸ਼ਹੀਦੀਆਂ ਦੇ ਕੇ ਸਮੇਂ ਦੀ ਹਕੂਮਤ ਕੋਲੋਂ ਕੰਮ ਦਾ ਸਮਾ 8 ਘੰਟੇ, ਹਫਤਾਵਾਰੀ ਰੈਸਟ, ਘਟੋ ਘੱਟ ਉਜ਼ਰਤ ਦਾ ਕਾਨੂੰਨ ਤੇ ਮੁਲਾਜ਼ਮ, ਮਜ਼ਦੂਰਾਂ/ਕਾਮਿਆਂ ਲਈ ਹੋਰ ਸਹੂਲਤਾਂ ਮੰਨਵਾਈਆਂ ਸੀ, ਜਿਨ੍ਹਾਂ ਨੂੰ ਮੁਲਾਜ਼ਮ, ਮਜ਼ਦੂਰ, ਕਿਰਤੀ ਕਾਮੇ ਮਾਣਦੇ ਆ ਰਹੇ ਸਨ। ਅੱਗੇ ਗੱਲ ਕਰਦੇ ਹੋਏ ਸਾਥੀ ਬਲੌਰ ਸਿੰਘ ਪ੍ਰਧਾਨ, ਸਾਥੀ ਜਗਰੂਪ ਸਿੰਘ ਪ੍ਰਧਾਨ ਨੇ ਦੱਸਿਆ ਕਿ ਅੱਜ ਦੇ ਸਮੇਂ ਦੀ ਹਕੂਮਤ ਵੱਲੋਂ ਕਾਰਪੋਰੇਟ/ਸਾਮਰਾਜੀ ਨੀਤੀਆਂ ਤਹਿਤ ਪੁੱਠਾ ਗੇੜਾ ਦਿੰਦੇ ਹੋਏ ਮੁਲਾਜ਼ਮ, ਮਜ਼ਦੂਰ, ਕਿਰਤੀ ਵਰਗ ਦੇ ਹਿੱਤ ਵਿੱਚ ਬਣੇ 29 ਲੇਬਰ ਕਾਨੂੰਨ ਭੰਗ ਕਰਕੇ ਚਾਰ ਲੇਬਰ ਕੋਡ ਬਣਾ ਕੇ ਕੰਮ ਦਾ ਸਮਾਂ 12 ਘੰਟੇ ਕੀਤਾ, ਜਥੇਬੰਦੀ ਬਣਾਉਣ ਦਾ ਹੱਕ ਵੀ ਖੋਹਣ ਦੀ ਕੋਸ਼ਿਸ਼ ਕੀਤੀ ਗਈ ਤੇ ਹੋਰ ਵੀ ਕਿਰਤੀ ਵਰਗ ਖਿਲਾਫ ਫੈਸਲੇ ਕੀਤੇ ਗਏ ਹਨ, ਜਿਨ੍ਹਾਂ ਨੂੰ ਮੌਜੂਦਾ ਪੰਜਾਬ ਸਰਕਾਰ ਵੱਲੋਂ ਅਪ੍ਰੈਲ 2026 ਵਿੱਚ ਲਾਗੂ ਕਰ ਦਿੱਤਾ ਗਿਆ। ਕਾਰਪੋਰੇਟੀ ਨੀਤੀਆਂ ਦੇ ਤਹਿਤ ਹੀ ਪੰਜਾਬ ਸਰਕਾਰ ਵੱਲੋਂ ਮੁਲਾਜ਼ਮ/ਪੈਨਸ਼ਨਰਜ਼ ਦਾ ਡੀ ਏ ਜਾਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਮੁਲਾਜ਼ਮ ਵਰਗ ਦਾ 18% ਡੀ ਏ ਡਿਊ ਬਣਦਾ, 31-12-15 ਤੱਕ ਸੇਵਾਮੁਕਤ ਪੈਨਸ਼ਨਰਜ਼ ਨੂੰ ਪੈਨਸ਼ਨ ਸੋਧਣ ਸਮੇਂ 2.59 ਫੈਕਟਰ ਨਹੀਂ ਲਾਇਆ ਜਾ ਰਿਹਾ ਉਪਰੋਕਤ ਮੰਗਾਂ ਤੇ ਮੁਲਾਜ਼ਮ/ਪੈਨਸ਼ਨਰਜ਼, ਕਿਰਤੀ ਵਰਗ ਵਿਰੋਧੀ ਫੈਸਲਿਆਂ ਨੂੰ ਰੱਦ ਕਰਵਾਉਣ ਤੇ ਮੰਗਾਂ ਮੰਨਵਾਉਣ ਲਈ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝੇ ਫਰੰਟ ਵੱਲੋਂ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿੱਚ ਮਿਤੀ 17-05-2026 ਨੂੰ ਸੂਬਾ ਪੱਧਰੀ ਕਨਵੈਨਸ਼ਨ ਕੀਤੀ ਜਾਵੇਗੀ, ਜਿਸ ਵਿੱਚ ਅਗਲੇ ਸੰਘਰਸ਼ ਕਰਨ ਸੰਬੰਧੀ ਫੈਸਲਾ ਲਿਆ ਜਾਵੇਗਾ।ਸਮਾਗਮ ਵਿੱਚ ਸਾਥੀ ਜੰਗੀਰ ਸਿੰਘ, ਸਾਥੀ ਜੋਗਿੰਦਰ ਸਿੰਘ, ਪ੍ਰੀਤਮ ਸਿੰਘ, ਪਰਗਟ ਸਿੰਘ, ਰਣਜੀਤ ਸਿੰਘ, ਕੁਲਦੀਪ ਕੁਮਾਰ, ਤਰਸੇਮ ਲਾਲ, ਪਾਲ ਸਿੰਘ ਤੇ ਹੋਰ ਪੈਨਸ਼ਨਰਜ਼ ਸਾਥੀਆਂ ਨੇ ਭਰਵੀਂ ਸ਼ਮੂਲੀਅਤ ਕੀਤੀ।

## ਨਸ਼ੇ ਵਧਣ ਦਾ ਕਾਰਨ ਭ੍ਰਿਸ਼ਟ ਅਫਸਰਸ਼ਾਹੀ ਤੇ ਲੀਡਰ : ਹਰਪਾਲ ਕੁੱਸਾ



**ਬੱਧਨੀ ਕਲਾਂ (ਨਛੱਤਰ ਸੰਧੂ)**-ਪੰਜਾਬ ਵਿੱਚ ਦਿਨੋਂ ਦਿਨ ਨਸ਼ਿਆਂ ਦਾ ਰੁਝਾਨ ਵਧਣ ਕਾਰਨ ਹਰ ਰੋਜ਼ 8-10 ਦੇ ਕਰੀਬ ਨੌਜਵਾਨ ਚਿੱਟੇ ਦੀ ਭੇਟ ਚੜ੍ਹ ਰਹੇ ਹਨ।ਪਹਿਲਾਂ ਕਾਂਗਰਸੀਆਂ, ਬਾਦਲ, ਭਾਜਪਾ ਸਰਕਾਰਾਂ ਨੇ ਹੱਥ ਵਿੱਚ ਗੁਟਕੇ ਫੜ ਕੇ ਪੰਜਾਬ ਦੇ ਲੋਕਾਂ ਅੱਗੇ ਸਹੁੰਆਂ ਖਾਧੀਆ ਸੀ ਕਿ ਅਸੀਂ ਕੁਝ ਮਹੀਨਿਆਂ ਵਿੱਚ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰ ਦੇਵਾਗੇ, ਪਰ ਹੋਇਆ ਕੁਝ ਵੀ ਨਹੀਂ।ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾ ਕੇ ਨਸ਼ਿਆਂ ਨੂੰ ਖਤਮ ਕਰਨ ਦਾ ਦਾਅਵਾ ਕੀਤਾ ਹੈ, ਪਰ ਪਿਛਲੀਆਂ ਸਰਕਾਰਾਂ ਤੇ ਮੌਜੂਦਾ ਸਰਕਾਰ ਦੇ ਰਾਜ ਵਿੱਚ ਰੋਜ਼ ਨੌਜਵਾਨ ਨਸ਼ੇ ਦੀ ਭੇਟ ਚੜ੍ਹ ਰਹੇ ਹਨ ਅਤੇ ਸਾਡੇ ਪੰਜਾਬ ਦੀਆਂ ਮਾਵਾਂ ਤੇ ਭੈਣਾਂ ਪੁੱਤਾਂ ਦੀਆਂ ਅਰਥੀਆਂ ਦੇਖ ਕੇ ਕੁਰਲਾ ਰਹੀਆਂ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਸ਼੍ਰੋਮਣੀ ਅਕਾਲੀ ਦਲ (ਅ) ਪੰਜਾਬ ਦੇ ਐਗਜ਼ੈਕਟਿਵ ਮੈਂਬਰ ਜਥੇਦਾਰ ਹਰਪਾਲ ਸਿੰਘ ਕੁੱਸਾ ਨੇ ਪ੍ਰੈੱਸ ਮਿਲਣੀ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਅੱਜ ਪੰਜਾਬ ਵਿੱਚ ਨਸ਼ਾ ਵਧਣ ਦਾ ਕਾਰਨ ਅਫਸਰਸ਼ਾਹੀ ਤੇ ਲੀਡਰ ਜ਼ੁੰਮੇਵਾਰ ਹਨ, ਜਿਨ੍ਹਾਂ ਨੇ ਨਸ਼ਾ ਤਸਕਰਾਂ ਕੋਲੋਂ ਕਰੋੜਾਂ ਅਰਬਾਂ ਰੁਪਏ ਇਕੱਠੇ ਕਰ ਲਏ ਹਨ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚੋਂ ਨਸ਼ਾ ਉਦੋਂ ਤੱਕ ਖ਼ਤਮ ਨਹੀਂ ਹੋਵੇਗਾ, ਜਦੋਂ ਤੱਕ ਸਿਮਰਨਜੀਤ ਸਿੰਘ ਮਾਨ ਵਰਗੇ ਬੇਦਾਗ ਲੀਡਰ ਦਾ ਜਨਤਾ ਸਾਥ ਨਹੀਂ ਦਿੰਦੀ।ਅਖੀਰ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵਪਾਰ ਨੂੰ ਵਧਾਉਣ ਲਈ ਨੇੜਲੇ ਦੇਸ਼ਾਂ ਦੇ ਬਾਰਡਰ ਖੁੱਲ੍ਹਣੇ ਚਾਹੀਦੇ ਹਨ ਤਾਂ ਜੋ ਵਪਾਰੀ, ਕਿਸਾਨ ਤੇ ਮਜ਼ਦੂਰ ਖੁਸ਼ਹਾਲ ਹੋ ਸਕੇ।

## ਲਿਫਟਿੰਗ ਨਾ ਹੋਣ ਕਾਰਨ ਆੜ੍ਹਤੀ ਬੋਰੀਆਂ ਦੀ ਰਾਖੀ ਕਰਨ ਲਈ ਮਜਬੂਰ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਪੰਜਾਬ ਅੰਦਰ ਕਣਕ ਦੀ ਖਰੀਦ ਦਾ ਕੰਮ ਆਖਰੀ ਪੜਾਅ 'ਤੇ ਪਹੁੰਚ ਚੁੱਕਾ ਹੈ, ਪ੍ਰੰਤੂ ਕਣਕ ਦੀ ਖਰੀਦ ਤੋਂ ਇਕ ਮਹੀਨਾ ਬਾਅਦ ਵੀ ਅਜੇ ਤੱਕ ਮੰਡੀਆਂ ਬੋਰੀਆਂ ਨਾਲ ਭਰੀਆਂ ਪਈਆਂ ਹਨ। ਮੰਡੀਆਂ 'ਚੋਂ ਖ਼ਰੀਦ ਦੇ ਮੁਕਾਬਲੇ ਅਜੇ ਤੱਕ 40 ਪ੍ਰਤੀਸ਼ਤ ਤੋਂ ਵੱਧ ਕਣਕ ਦੀ ਲਿਫਟਿੰਗ ਬਕਾਇਆ ਪਈ ਹੈ, ਜਿਸ ਕਾਰਨ ਆੜ੍ਹਤੀਆਂ ਨੂੰ ਮੰਡੀਆਂ ਵਿੱਚ ਬੋਰੀਆਂ ਦੀ ਰਾਖੀ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ। ਮੰਡੀਆਂ ਵਿੱਚ ਬੋਰੀਆਂ ਦੀਆਂ ਨਿੱਤ ਵਧ ਰਹੀਆਂ ਚੋਰੀਆਂ ਦੀਆਂ ਦੀਆਂ ਘਟਨਾਵਾਂ ਨੇ ਆੜ੍ਹਤੀ ਵਰਗ ਨੂੰ ਜਿੱਥੇ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉੱਥੇ ਚੋਰੀਆਂ ਕਾਰਨ ਆਰਥਿਕ ਤੌਰ 'ਤੇ ਭਾਰੀ ਨੁਕਸਾਨ ਉਠਾਉਣਾ ਪੈ ਰਿਹਾ ਹੈ, ਪ੍ਰੰਤੂ ਪ੍ਰਸ਼ਾਸਨ ਤੇ ਸਰਕਾਰ ਨੇ ਚੁੱਪ ਧਾਰੀ ਹੋਈ ਹੈ। ਪੰਜਾਬ ਦੀਆਂ ਸਮੂਹ ਮੰਡੀਆਂ ਵਿੱਚ ਕਣਕ ਦੀ ਆਮਦ ਨਾ ਮਾਤਰ ਦੇ ਬਰਾਬਰ ਹੀ ਹੋ ਰਹੀ ਹੈ ਤੇ ਕਣਕ ਦੀ ਖਰੀਦ ਦਾ ਕੰਮ ਵੀ 97 ਫ਼ੀਸਦੀ ਨੇਪਰੇ ਚੜ੍ਹ ਚੁੱਕਾ ਹੈ, ਪ੍ਰੰਤੂ ਮੰਡੀਆਂ 'ਚੋਂ ਖ਼ਰੀਦ ਕੀਤੀ ਗਈ ਕਣਕ ਦੀ ਲਿਫ਼ਟਿੰਗ ਨਾ ਮਾਤਰ ਹੋਣ ਕਾਰਨ ਆੜ੍ਹਤੀਆਂ ਨੂੰ ਬੋਰੀਆਂ ਨੂੰ ਮੰਡੀਆਂ ਵਿੱਚ ਹੀ ਸਟੈਕ ਕਰਨ ਦੇ ਕਾਰਨ ਦੂਹਰੀ ਮਾਰ ਝੱਲਣ ਲਈ ਮਜ਼ਬੂਰ ਕਰਨ ਲਈ ਮਜਬੂਰ ਹੋਣਾ ਪੈ ਰਿਹਾ, ਜਿਸ ਕਾਰਨ ਉਹਨਾਂ ਨੂੰ ਭਾਰੀ ਨੁਕਸਾਨ ਉਠਾਉਣਾ ਪੈ ਰਿਹਾ ਹੈ।

ਪਟਿਆਲ਼ਾ ਜ਼ਿਲ੍ਹੇ ਦੀਆਂ ਪ੍ਰਮੁੱਖ ਮੰਡੀਆਂ ਰਾਜਪੁਰਾ, ਸਮਾਣਾ, ਪਟਿਆਲ਼ਾ, ਸਨੌਰ ਡਕਾਲਾ ਦੇਵੀਗੜ੍ਹ, ਭੁਨਰਹੇੜੀ, ਬਲਬੇੜਾ, ਪੰਜੋਲਾ ਦੀਆਂ ਮੰਡੀਆਂ 'ਚ ਆੜ੍ਹਤੀ ਕਣਕ ਦੀ ਲਿਫਟਿੰਗ ਦਾ ਇੰਤਜ਼ਾਰ ਕਰ ਰਹੇ ਹਨੇ ਆੜਤੀਆਂ ਐਸੋਸੀਏਸ਼ਨ ਡਕਾਲਾ ਦੇ ਪ੍ਰਧਾਨ ਅਤੁਲ ਗੋਇਲ, ਬੀਜੇਪੀ ਦੇ ਜ਼ਿਲਾ ਪ੍ਰਧਾਨ ਹਰਮੇਸ਼ ਗੋਇਲ ਡਕਾਲਾ ਤੇ ਵਿਸਨ ਪ੍ਰਕਾਸ਼ ਡਕਾਲਾ ਨੇ ਸਰਕਾਰ ਅਤੇ ਪ੍ਰਸਾਸ਼ਨ ਤੋਂ ਮੰਡੀਆਂ 'ਚੋਂ ਕਣਕ ਦੀ ਲਿਫਟਿੰਗ ਜਲਦ ਕਰਾਉਣ ਦੀ ਮੰਗ ਕੀਤੀ ਹੈ।

ਅਜੇ ਤੱਕ ਖਰੀਦ ਕੀਤੀ ਜਾ ਚੁੱਕੀ ਕਣਕ ਦੀ 50 ਤੋਂ 60 ਪ੍ਰਤੀਸ਼ਤ ਲਿਫ਼ਟਿੰਗ ਹੀ ਹੋਈ ਹੈ, ਜਿਸ ਕਾਰਨ ਮੰਡੀਆਂ ਵਿਚ ਬੋਰੀਆਂ ਦੇ ਅੰਬਾਰ ਲੱਗੇ ਪਏ ਹਨ ਤੇ ਆੜ੍ਹਤੀਆਂ 'ਚ ਬੇਚੈਨੀ ਦਾ ਆਲਮ ਹੈ।ਸਰਕਾਰੀ ਹਦਾਇਤਾਂ ਅਨੁਸਾਰ ਮੰਡੀਆਂ 'ਚੋਂ ਖਰੀਦ ਕੀਤੀ ਜਿਨਸ ਨੂੰ 48 ਘੰਟੇ ਦੇ ਅੰਦਰ ਅੰਦਰ ਲਿਫਟ ਕਰਾਉਣਾ ਹੁੰਦਾ ਹੈ, ਪ੍ਰੰਤੂ 25 ਦਿਨਾਂ ਤੋਂ ਮੰਡੀਆਂ ਵਿਚੋਂ ਕਣਕ ਦੀ ਅਜੇ ਤੱਕ ਖਰੀਦ ਏਜੰਸੀਆਂ ਵੱਲੋਂ ਲਿਫਟਿੰਗ ਨਹੀਂ ਕਰਾਈ ਜਾ ਰਹੀ।

ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਨੇ ਦੱਸਿਆ ਕਿ ਸਰਕਾਰ ਦੀਆਂ ਖਰੀਦ ਏਜੰਸੀਆਂ ਵੱਲੋਂ ਕਣਕ ਦੀ ਖਰੀਦ ਸੁਚਾਰੂ ਢੰਗ ਨਾਲ ਕੀਤੀ ਗਈ ਹੈ। ਸਰਕਾਰ ਵੱਲੋਂ ਕਿਸਾਨਾਂ ਤੇ ਆੜ੍ਹਤੀਆਂ ਨੂੰ ਖ਼ਰੀਦ ਅਤੇ ਅਦਾਇਗੀ 'ਚ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਗਈ, ਜਿਸ ਕਾਰਨ ਕਿਸਾਨ ਤੇ ਆੜ੍ਹਤੀ ਸਰਕਾਰ ਤੋਂ ਪੂਰੀ ਤਰਾਂ ਖੁਸ਼ ਹਨ। ਸੂਬਾ ਪ੍ਰਧਾਨ ਜਸਵਿੰਦਰ ਰਾਣਾ ਨੇ ਪ੍ਰਸਾਸ਼ਨ ਤੋਂ ਮੰਡੀਆਂ 'ਚੋਂ ਖ਼ਰੀਦ ਕੀਤੀ ਜਾ ਚੁੱਕੀ ਕਣਕ ਦੀ ਲਿਫਟਿੰਗ ਜਲਦ ਕਰਾਉਣ ਮੰਗ ਕੀਤੀ ਤੇ ਕਿਹਾ ਕਿ ਮੰਡੀਆਂ 'ਚ ਆੜ੍ਹਤੀਆਂ ਨੂੰ ਬੋਰੀਆਂ ਦੇ ਸਟੈਕ ਤੇ ਧਾਕਾਂ ਲਵਾਉਣ ਲਈ ਲੇਬਰ ਨੂੰ ਆਪਣੇਂ ਕੋਲੋਂ ਭਾਰੀ ਅਦਾਇਗੀ ਕਰਨ ਦੇ ਕਾਰਨ ਭਾਰੀ ਵਿੱਤੀ ਨੁਕਸਾਨ ਉਠਾਉਣ ਲਈ ਮਜ਼ਬੂਰ ਹੋਣਾ ਪੈ ਰਿਹਾ ਹੈ।

## ਜ਼ਿਲ੍ਹਾ ਬਠਿੰਡਾ ਦੇ ਕਮਿਊਨਿਸਟਾਂ ਮਨਾਇਆ ਮਈ ਦਿਹਾੜਾ

**ਧਰਮ ਸਿੰਘ ਫੱਕਰ ਭਵਨ ਵਿਖੇ ਲਹਿਰਾਇਆ ਲਾਲ ਝੰਡਾ**



**ਤਲਵੰਡੀ ਸਾਬੋ/ਬਠਿੰਡਾ (ਜਗਦੀਪ ਗਿੱਲ)**

ਅੰਤਰਰਾਸ਼ਟਰੀ ਮਜ਼ਦੂਰ ਦਿਵਸ ਮੌਕੇ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਬਠਿੰਡਾ ਵੱਲੋਂ ਮਜ਼ਦੂਰ ਦਿਵਸ ਇਨਕਲਾਬੀ ਜੋਸ਼ੋ ਖਰੋਸ਼ ਨਾਲ ਮਨਾਇਆ ਗਿਆ ਤੇ ਝੰਡਾ ਚੜ੍ਹਾਉਣ ਦੀ ਰਸਮ ਵੀ ਕੀਤੀ ਗਈ। ਜ਼ਿਲ੍ਹਾ ਪਾਰਟੀ ਦਫਤਰ ਧਰਮ ਸਿੰਘ ਫੱਕਰ ਭਵਨ ਵਿਖੇ ਇਕੱਤਰ ਹੋਏ ਵਰਕਰਾਂ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜ਼ਿਲ੍ਹਾ ਸਕੱਤਰ ਬਲਕਰਨ ਸਿੰਘ ਬਰਾੜ ਨੇ ਕਿਹਾ ਕਿ ਗੁਲਾਮ ਯੁੱਗ ਤੋਂ ਲੈ ਕੇ ਸਦੀਆਂ ਤੱਕ ਮਜ਼ਦੂਰਾਂ ਉੱਪਰ ਭਾਰੀ ਜ਼ੁਲਮ ਕੀਤੇ ਜਾਂਦੇ ਸਨ ਤੇ ਉਨ੍ਹਾਂ ਤੋਂ ਪਸ਼ੂਆਂ ਵਾਂਗ ਕੰਮ ਲਿਆ ਜਾਂਦਾ ਸੀ।ਕਾਰਲ ਮਾਰਕਸ ਦੀ ਇਨਕਲਾਬੀ ਵਿਚਾਰਧਾਰਾ ਨਾਲ ਮਜ਼ਦੂਰਾਂ ਅੰਦਰ ਚੇਤਨਤਾ ਦਾ ਵਿਕਾਸ ਹੋਇਆ।ਇਸ ਚੇਤਨਤਾ ਨਾਲ ਮਜ਼ਦੂਰਾਂ ਅੰਦਰ ਆਪਣੇ ਹੱਕ ਹਾਸਲ ਕਰਨ ਲਈ ਇਨਕਲਾਬ ਦੀ ਲਹਿਰ ਤੇਜ਼ ਹੋਈ। ਮਜ਼ਦੂਰਾਂ ਨੇ ਭਾਰੀ ਕੁਰਬਾਨੀਆਂ ਤੇ ਸ਼ਹੀਦੀਆਂ ਦੇ ਕੇ ਹੱਕ ਹਕੂਕ ਹਾਸਲ ਕੀਤੇ ਹਨ।ਅੱਜ ਅਸੀਂ ਉਨ੍ਹਾਂ ਸ਼ਹੀਦਾਂ ਦੀ ਕੁਰਬਾਨੀ ਨੂੰ ਸਿਜਦਾ ਕਰਦੇ ਹਾਂ।ਕੇਂਦਰ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਾ. ਬਰਾੜ ਨੇ ਦੋਸ਼ ਲਾਇਆ ਕਿ ਮੋਦੀ ਸਰਕਾਰ ਨੇ ਪੂੰਜੀਵਾਦੀ ਨੀਤੀਆਂ 'ਤੇ ਚਲਦਿਆਂ ਮਜ਼ਦੂਰਾਂ ਦੇ ਹੱਕਾਂ ਲਈ ਸੰਵਿਧਾਨ ਵਿੱਚ ਮਿਲੇ ਹੋਏ ਸਾਰੇ ਅਧਿਕਾਰਾਂ ਨੂੰ ਰੱਦ ਕਰਕੇ ਚਾਰ ਕੋਡ ਬਣਾ ਦਿੱਤੇ ਹਨ, ਜਿਨ੍ਹਾਂ ਵਿੱਚ ਮਜ਼ਦੂਰਾਂ ਦੇ ਕੰਮ ਦੇ ਘੰਟੇ, ਕੰਮ ਦੌਰਾਨ ਸੇਵਾ ਭੱਤਾ, ਦੁਰਘਟਨਾਵਾਂ ਹੋਣ ਤੇ ਮਜ਼ਦੂਰਾਂ ਲਈ ਬੀਮਾ ਸੁਰੱਖਿਆ ਅਤੇ ਪੈਨਸ਼ਨ ਵਰਗੇ ਲਾਭਾਂ ਨੂੰ ਖਤਮ ਕਰ ਦਿੱਤਾ ਹੈ।ਵੱਡੇ ਪੱਧਰ 'ਤੇ ਠੇਕੇਦਾਰੀ ਪ੍ਰਬੰਧ ਲਾਗੂ ਕਰਕੇ ਮਜ਼ਦੂਰਾਂ ਨੂੰ ਬੰਧੂਆ ਮਜ਼ਦੂਰ ਬਣਾਇਆ ਜਾ ਰਿਹਾ ਹੈ।ਉਨ੍ਹਾਂ ਮੰਗ ਕੀਤੀ ਤੇ ਚਾਰ ਲੇਬਰ ਕੋਡ ਰੱਦ ਕੀਤੇ ਜਾਣ ਤੇ ਮਜ਼ਦੂਰਾਂ ਦੇ ਹੱਕਾਂ ਲਈ ਬਣੇ ਹੋਏ ਕਾਨੂੰਨ ਬਹਾਲ ਕੀਤੇ ਜਾਣ।ਠੇਕੇਦਾਰੀ ਸਿਸਟਮ ਬੰਦ ਕਰਕੇ ਹਰ ਨਾਗਰਿਕ ਲਈ ਪੱਕੇ ਰੁਜ਼ਗਾਰ ਦਾ ਪ੍ਰਬੰਧ ਕੀਤਾ ਜਾਵੇ।ਇਸ ਸਮੇਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਕੌਂਸਲ ਮੈਂਬਰ ਜਸਵੀਰ ਸਿੰਘ ਆਕਲੀਆ, ਬਲਾਕ ਸਕੱਤਰ ਮਿੱਠੂ ਸਿੰਘ ਘੁੱਦਾ, ਪੂਰਨ ਸਿੰਘ ਗੁੰਮਟੀ ਤੇ ਮੱਖਣ ਸਿੰਘ ਗੁਰੂਸਰ ਨੇ ਦੋਸ਼ ਲਾਇਆ ਕਿ ਮੋਦੀ ਸਰਕਾਰ ਨੇ ਨਰੇਗਾ ਵਰਗੀ ਮਜ਼ਦੂਰ ਪੱਖੀ ਸਕੀਮ ਖਤਮ ਕਰਕੇ ਗਰੀਬ ਮਜ਼ਦੂਰਾਂ ਦਾ ਰੁਜ਼ਗਾਰ ਖੋਹ ਲਿਆ ਹੈ।ਉਨ੍ਹਾਂ ਮੰਗ ਕੀਤੀ ਕਿ ਜਲਦ ਤੋਂ ਜਲਦ ਨਰੇਗਾ ਕਾਨੂੰਨ ਬਹਾਲ ਕੀਤਾ ਜਾਵੇ ਤੇ ਮਜ਼ਦੂਰਾਂ ਨੂੰ ਘੱਟੋ ਘੱਟ 300 ਦਿਨ ਦਾ ਰੁਜ਼ਗਾਰ ਪੂਰੇ ਸਾਲ ਵਿੱਚ ਦਿੱਤਾ ਜਾਵੇ।ਇਸ ਸਮੇਂ ਹੋਰਨਾਂ ਤੋਂ ਇਲਾਵਾ ਜਸਵੀਰ ਕੌਰ ਸਰਾਂ, ਗੁਰਜੰਟ ਸਿੰਘ ਕੋਟਸ਼ਮੀਰ, ਸੁਖਦੇਵ ਸਿੰਘ ਕੁੱਬੇ, ਰਾਜਾ ਸਿੰਘ ਦਾਨ ਸਿੰਘ ਵਾਲਾ, ਸੁਖਦੇਵ ਸਿੰਘ ਨਥਾਣਾ, ਰਣਜੀਤ ਸਿੰਘ ਮਹਿਰਾਜ, ਕੁੱਕਾ ਸਿੰਘ ਨਥਾਣਾ, ਦੇਸਾ ਸਿੰਘ ਭਾਗੀਵਾਂਦਰ, ਮੇਜਰ ਸਿੰਘ ਤੁੰਗਵਾਲੀ, ਭਗਵੰਤ ਸਿੰਘ ਲਾਲੇਆਣਾ, ਹਰਦੀਪ ਸਿੰਘ ਮਾਈਸਰਖਾਨਾ, ਸੁਖਨ ਲਾਲ ਝੁੰਬਾ ਆਦਿ ਨੇ ਵੀ ਸੰਬੋਧਨ ਕੀਤਾ।

# ਮਜ਼ਦੂਰ ਦਿਵਸ ਮੌਕੇ ਟਰਾਂਸਪੋਰਟ ਵਿਭਾਗ ਦੇ ਗੇਟਾਂ 'ਤੇ ਗਰਜੇ ਕੱਚੇ ਮੁਲਾਜ਼ਮ

**ਜੇਲ੍ਹ 'ਚੋਂ ਮੁਲਾਜ਼ਮ ਰਿਹਾਅ ਕਰਨ ਦੀ ਕੀਤੀ ਮੰਗ**




**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਮਜ਼ਦੂਰ ਦਿਵਸ ਮੌਕੇ ਪੰਜਾਬ ਰੋਡਵੇਜ਼ ਪਨਬਸ/ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਪੂਰੇ ਪੰਜਾਬ ਵਿੱਚ ਸਾਰੇ ਡਿੱਪੂਆਂ ਦੇ ਗੇਟਾਂ 'ਤੇ ਝੰਡਾ ਲਹਿਰਾਇਆ ਗਿਆ ਤੇ ਗੇਟ ਰੈਲੀਆਂ ਕੀਤੀਆਂ ਗਈਆਂ। ਬਠਿੰਡਾ ਡਿੱਪੂ ਦੇ ਗੇਟ 'ਤੇ ਰੈਲੀ ਨੂੰ ਸੰਬੋਧਨ ਕਰਦਿਆਂ ਸਰਬਜੀਤ ਸਿੰਘ ਨੇ ਕਿਹਾ ਕਿ ਅੱਜ ਦੇ ਦਿਨ 1886 ਨੂੰ ਸ਼ਿਕਾਗੋ ਦੇ ਸ਼ਹੀਦਾਂ ਨੇ ਕੁਰਬਾਨੀਆਂ ਦੇ ਕੇ 1889 ਵਿੱਚ 8 ਘੰਟੇ ਦਾ ਹੱਕ ਲੋਕਾਂ ਨੂੰ ਦਿਵਾਇਆ ਗਿਆ ਸੀ। ਉਨ੍ਹਾਂ ਸ਼ਹੀਦਾਂ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਕਿਹਾ ਕਿ ਅੱਜ ਫੇਰ ਤੋਂ ਮੌਜੂਦਾ ਹਾਲਤਾਂ ਵਿੱਚ ਭਾਰਤ ਸਰਕਾਰ ਲੇਬਰ ਕੋਡ ਵਿੱਚ ਸੋਧ ਦੇ ਨਾਮ 'ਤੇ ਸਾਰੇ ਹੱਕ ਖੋਹਣ 'ਤੇ ਲੱਗੀ ਹੈ। ਦੂਸਰੇ ਪਾਸੇ ਪੰਜਾਬ ਸਰਕਾਰ ਵੀ ਪਿੱਛੇ ਨਹੀਂ ਰਹੀ, ਕਿਉਂਕਿ ਕਿਸਾਨ ਮਜ਼ਦੂਰ ਮੁਲਾਜ਼ਮ ਜਥੇਬੰਦੀਆਂ ਦੀ ਹਮਾਇਤ ਦੇ ਵਾਅਦੇ ਕਰਕੇ ਤੇ ਆਪਣੇ ਆਪ ਨੂੰ ਆਮ ਆਦਮੀ ਦੇ ਨਾਮ ਨਾਲ ਜੋੜ ਕੇ ਪੰਜਾਬ ਦੀ ਸੱਤਾ 'ਤੇ ਕਾਬਜ਼ ਹੋਈ ਆਪ ਸਰਕਾਰ ਹੁਣ ਕਾਰਪੋਰੇਟ ਘਰਾਣਿਆਂ ਅਤੇ ਖਾਸ ਲੋਕਾਂ ਦੀ ਸਰਕਾਰ ਬਣ ਚੁੱਕੀ ਹੈ, ਜਿਸ ਦਾ ਨਮੂਨਾ ਟਰਾਂਸਪੋਰਟ ਵਿਭਾਗ ਵਿੱਚ ਪ੍ਰਾਈਵੇਟ ਮਾਲਕਾਂ ਦੀਆਂ ਕਿਲੋਮੀਟਰ ਸਕੀਮ ਬੱਸਾਂ ਰਾਹੀਂ ਖ਼ਜ਼ਾਨੇ ਦੀ ਕਰੋੜਾਂ ਰੁਪਏ ਲੁੱਟ ਨੂੰ ਖੁੱਲ੍ਹ ਦੇਣ ਲਈ ਮੁਲਾਜ਼ਮਾਂ ਉੱਪਰ 307 ਦੇ ਪਰਚੇ ਦਰਜ ਕਰਕੇ 5 ਮਹੀਨਿਆਂ ਤੋਂ ਸੰਗਰੂਰ ਜੇਲ੍ਹ ਵਿੱਚ ਬੰਦ ਕਰਨਾ ਇਹ ਸਾਬਿਤ ਕਰਦਾ ਹੈ ਕਿ ਆਪਣੇ ਚਹੇਤਿਆਂ ਦੇ ਘਰ ਭਰਨ ਲਈ ਮਜ਼ਦੂਰ ਮੁਲਾਜ਼ਮ ਕਿਸਾਨ ਜਥੇਬੰਦੀਆਂ ਤੇ ਪੱਤਰਕਾਰ ਭਾਈਚਾਰੇ ਦੀ ਪੁਲਸ ਤੰਤਰ ਨਾਲ ਡੰਡੇ ਦੇ ਜ਼ੋਰ ਨਾਲ ਪਰਚੇ ਦਰਜ ਕਰਕੇ ਜ਼ੁਬਾਨਬੰਦੀ ਕੀਤੀ ਜਾ ਰਹੀ ਹੈ, ਜਿਸ ਦਾ ਯੂਨੀਅਨ ਵੱਲੋਂ ਸਖ਼ਤ ਵਿਰੋਧ ਕੀਤਾ ਜਾਵੇਗਾ, ਜਿਸ ਦੀ ਸ਼ੁਰੂਆਤ 1 ਮਈ ਤੋਂ ਕੀਤੀ ਗਈ ਹੈ। ਅੱਜ ਵੱਖ-ਵੱਖ ਸ਼ਹਿਰਾਂ ਵਿੱਚ ਬੱਸ ਸਟੈਂਡਾਂ ਵਿੱਚ ਸਰਕਾਰ ਦੇ ਇਸ ਚਿਹਰੇ ਨੂੰ ਨੰਗਾ ਕਰਨ ਲਈ ਭੰਡੀ ਪ੍ਰਚਾਰ ਸ਼ੁਰੂ ਕੀਤਾ ਜਾ ਰਿਹਾ ਹੈ। ਡੀਪੂ ਪ੍ਰਧਾਨ ਹਰਤਾਰ ਸ਼ਰਮਾ, ਮੀਤ ਪ੍ਰਧਾਨ ਕੁਲਵਿੰਦਰ ਸਿੰਘ ਰੋਮਾਣਾ, ਬਲਕਾਰ ਗਿੱਲ ਨੇ ਕਿਹਾ ਕਿ ਸਰਕਾਰ ਨੇ ਆਪਣੇ ਚਾਰ ਸਾਲ ਦੇ ਕਾਰਜਕਾਲ ਵਿੱਚ ਇੱਕ ਵੀ ਸਰਕਾਰੀ ਬੱਸ ਨਹੀਂ ਪਾਈ, ਪੁਰਾਣੀਆਂ ਮੌਜੂਦਾ ਬੱਸਾਂ ਵਿੱਚੋਂ ਲੱਗਭੱਗ 200 ਬੱਸਾਂ ਨੂੰ ਟਾਇਰਾਂ ਤੇ ਸਪੇਅਰਪਾਰਟ ਦੀ ਘਾਟ ਤੋਂ ਡਿੱਪੂਆਂ ਦਾ ਸ਼ਿਗਾਰ ਬਣਾ ਕੇ ਖੜੀਆਂ ਕੀਤੀਆਂ ਗਈਆਂ ਹਨ।

ਜਰਨਲ ਸਕੱਤਰ ਅੰਗਰੇਜ ਸਿੰਘ, ਕੈਸ਼ੀਅਰ ਬਲਕਾਰ ਗਿੱਲ, ਮੀਤ ਗੁਰਪ੍ਰੀਤ ਕਮਾਲੂ, ਅਜਮੇਰ ਸਿੰਘ ਮਨਦੀਪ ਸਿੰਘ, ਪਨਬੱਸ ਪੀ ਆਰ ਟੀ ਸੀ ਦੇ ਕੱਚੇ ਮੁਲਾਜ਼ਮਾਂ ਦੀ ਲੁੱਟ ਕਰ ਰਹੇ ਹਨ ਦਾਤਾਰ ਸਕਿਊਰਟੀ ਠੇਕੇਦਾਰ ਸਕਿਊਰਟੀਆ ਤੇ ਗਰੁੱਪ ਬੀਮੇ ਦੇ 11-12 ਕਰੋੜ ਰੁਪਏ ਦੀ ਲੁੱਟ ਕਰਕੇ ਅਤੇ ਆਊਟ ਸੋਰਸ ਤੇ ਰਿਸ਼ਵਤਖੋਰੀ ਰਾਹੀਂ ਭਰਤੀ ਕਰਕੇ ਭੱਜ ਗਿਆ। ਫੇਰ ਸਾਈਂ ਰਾਮ, ਐੱਸ ਐੱਸ ਪ੍ਰੋਵਾਇਡਰ ਤੇ ਹੁਣ ਐੱਸ ਰਾਮ ਠੇਕੇਦਾਰ ਵਿਚੋਲੀਏ ਰਾਹੀਂ ਲੁੱਟ ਕਰਵਾਈ ਜਾ ਰਹੀ ਹੈ। ਜੇਕਰ ਸਰਕਾਰ ਨੇ ਸਾਡੀਆਂ ਮੰਗਾਂ ਦਾ ਹੱਲ ਨਾ ਕੀਤਾ ਤਾਂ ਸਰਕਾਰ ਦੀਆਂ ਮਾਰੂ ਨੀਤੀਆਂ ਬਾਰੇ ਭੰਡੀ ਪ੍ਰਚਾਰ ਦੇ ਰੂਪ ਵਿੱਚ ਬੱਸਾਂ 'ਚ ਤੇ ਬੱਸ ਸਟੈਂਡਾਂ 'ਤੇ ਪ੍ਰਚਾਰ ਕੀਤਾ ਜਾਵੇਗਾ। ਇਸ ਤੋਂ ਪਹਿਲਾਂ ਯੂਨੀਅਨ ਵੱਲੋਂ ਉਲੀਕੇ ਪ੍ਰੋਗਰਾਮਾਂ ਅਨੁਸਾਰ 10 ਮਈ ਨੂੰ ਟਰਾਂਸਪੋਰਟ ਮੰਤਰੀ ਪੰਜਾਬ ਦੇ ਹਲਕੇ ਵਿੱਚ ਵਿਸ਼ਾਲ ਰੋਸ ਰੈਲੀ ਕੀਤੀ ਜਾਵੇਗੀ, 18 ਮਈ ਨੂੰ ਇੱਕ ਰੋਜ਼ਾ ਹੜਤਾਲ ਕਰਕੇ ਸਮੂਹ ਐੱਮ ਐੱਲ ਏ ਦੇ ਘਰਾਂ ਅੱਗੇ ਪ੍ਰਦਰਸ਼ਨ ਕਰਕੇ ਮੰਗ ਪੱਤਰ ਸੌਂਪਏ ਜਾਣਗੇ ਅਤੇ ਫੇਰ 25-26-27 ਮਈ ਨੂੰ ਤਿੰਨ ਰੋਜ਼ਾ ਹੜਤਾਲ ਕਰਕੇ ਮੁੱਖ ਮੰਤਰੀ ਪੰਜਾਬ ਦੀ ਰਹਾਇਸ਼ ਅੱਗੇ ਧਰਨਾ ਦਿੱਤਾ ਜਾਵੇਗਾ। ਜੇਕਰ ਫੇਰ ਵੀ ਮੰਗਾ ਦਾ ਹੱਲ ਨਾ ਕੱਢਿਆ ਗਿਆ ਤਾਂ ਭੰਡੀ ਪ੍ਰਚਾਰ ਸਮੇਤ ਅਣਮਿੱਥੇ ਸਮੇਂ ਦੀ ਹੜਤਾਲ ਤੇ ਤਿੱਖੇ ਸੰਘਰਸ਼ ਕੀਤੇ ਜਾਣਗੇ।

## ਸੱਤਾ ਪ੍ਰਾਪਤੀ ਬਿਨਾਂ ਮਜ਼ਦੂਰਾਂ ਦੀ ਬੰਦ ਖਲਾਸੀ ਨਹੀਂ ਹੋ ਸਕਦੀ : ਸੇਖੋਂ

**ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝੇ ਫਰੰਟ ਨੇ ਮਨਾਇਆ ਕਿਰਤ ਦਿਵਸ**



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝੇ ਫਰੰਟ ਵੱਲੋਂ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿੱਚ ਮਜ਼ਦੂਰ ਦਿਵਸ ਮਨਾਇਆ ਗਿਆ।ਇਸ ਮੌਕੇ ਸਟੇਜ ਦੀ ਕਾਰਵਾਈ ਕੁਲਬੀਰ ਸਿੰਘ ਢਿੱਲੋਂ ਨੇ ਨਿਭਾਈ।ਸ਼ੁਰੂਆਤ ਪ੍ਰੇਮ ਕੁਮਾਰ, ਪਿਆਰਾ ਸਿੰਘ ਚਾਹਲ, ਪਿਆਰਾ ਸਿੰਘ ਦੇ ਇਨਕਲਾਬੀ ਗੀਤਾਂ ਨਾਲ ਕੀਤੀ ਗਈ।ਗੁਰਮੇਲ ਸਿੰਘ ਨਾਹਰ, ਦਰਸ਼ਨ ਲਾਲ ਸ਼ਰਮਾ, ਰਾਜ ਕੁਮਾਰ ਕਾਲੜਾ, ਜਗਦੀਸ਼ ਸਿੰਘ ਚਾਹਲ, ਰਾਜਿੰਦਰ ਰਿਆੜ, ਗੁਰਜੰਟ ਸਿੰਘ ਕੋਕਰੀ, ਸੁਖਮੰਦਰ ਸਿੰਘ ਬਾਘਾਪੁਰਾਣਾ, ਬਲੌਰ ਸਿੰਘ ਘਾਲੀ, ਬੂਟਾ ਸਿੰਘ ਭੱਟੀ, ਸੁਰਿੰਦਰ ਰਾਮ ਕੁੱਸਾ, ਭੁਪਿੰਦਰ ਸਿੰਘ ਸੇਖੋਂ, ਜਸਪਤ ਰਾਏ ਆਦਿ ਨੇ ਸੰਬੋਧਨ ਕੀਤਾ।ਮਜ਼ਦੂਰਾਂ ਦੇ ਹੱਕਾਂ 'ਤੇ ਡਾਕਾ ਮਾਰਨ ਲਈ 44 ਕਾਨੂੰਨਾਂ ਨੂੰ ਤੋੜ ਕੇ ਚਾਰ ਕੋਡਾਂ ਵਿੱਚ ਬਦਲਣ ਲਈ ਕੇਂਦਰ ਸਰਕਾਰ ਦੀ ਨਿਖੇਧੀ ਕੀਤੀ ਗਈ।ਬੁਲਾਰਿਆਂ ਨੇ ਕਿਹਾ ਕਿ ਇਹ ਸਰਕਾਰਾਂ ਕਾਰਪੋਰੇਟ ਘਰਾਣਿਆਂ ਦੀਆਂ ਰਖੇਲ ਬਣੀਆਂ ਹੋਈਆਂ ਹਨ।ਇਨ੍ਹਾਂ ਨੂੰ ਏਕੇ ਤੇ ਸੰਘਰਸ਼ ਨਾਲ ਹੀ ਸਿੱਧੇ ਰਸਤੇ ਪਾਇਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਕੇਂਦਰ ਦੀ ਸਰਕਾਰ ਤੇ ਰਾਜ ਸਰਕਾਰਾਂ ਮਜ਼ਦੂਰਾਂ ਮੁਲਾਜ਼ਮਾਂ ਦੇ ਹੱਕ ਖੋਂਹਦੇ ਕਾਨੂੰਨ ਬਣਾ ਰਹੀਆਂ ਹਨ ਤੇ ਅਮੀਰਾਂ ਨੂੰ ਫਾਇਦਾ ਪਹੁੰਚਾਇਆ ਜਾ ਰਿਹਾ ਹੈ, ਮਜ਼ਦੂਰਾਂ ਲਈ ਇਹ ਜ਼ਰੂਰੀ ਹੈ ਕਿ ਸੱਤਾ ਪ੍ਰਾਪਤੀ ਲਈ ਜਾਗਰੂਕ ਲਹਿਰ ਉਸਾਰਨ।ਸੱਤਾ ਪ੍ਰਾਪਤੀ ਬਿਨਾਂ ਮਜ਼ਦੂਰਾਂ ਦੀ ਮੁਕਤੀ ਨਹੀਂ ਹੋ ਸਕਦੀ।ਉਨ੍ਹਾਂ ਇਹ ਵੀ ਕਿਹਾ ਕਿ ਜਿੰਨਾ ਚਿਰ ਮਜ਼ਦੂਰ ਜਮਾਤ ਦੇ ਨੁਮਾਇੰਦੇ ਸੱਤਾ ਵਿੱਚ ਭਾਈਵਾਲ ਨਹੀਂ ਬਣਦੇ ਜਾਂ ਸੱਤਾ 'ਤੇ ਕਾਬਜ਼ ਨਹੀਂ ਹੋ ਜਾਂਦੇ, ਓਨਾ ਚਿਰ ਮਜ਼ਦੂਰਾਂ ਦੀਆਂ ਸਮੱਸਿਆਵਾਂ ਦਾ ਹੱਲ ਨਹੀਂ ਹੋ ਸਕਦਾ।ਇਸ ਮੌਕੇ ਲਾਲ ਸਿੰਘ ਢਿੱਲੋਂ, ਸਰਬਜੀਤ ਕੌਰ, ਸੰਦੀਪ, ਡਾ. ਸੁਰਜੀਤ ਬਰਾੜ, ਸਵਰਨ ਖੋਸਾ, ਗਿਆਨ ਸਿੰਘ ਆਦਿ ਹਾਜ਼ਰ ਸਨ।ਅੰਤ ਵਿੱਚ ਮਜ਼ਦੂਰਾਂ ਮੁਲਾਜ਼ਮਾਂ ਪੈਨਸ਼ਨਰਾਂ ਨੇ ਝੰਡੇ ਲੈ ਕੇ ਮੇਨ ਬਜ਼ਾਰ ਵਿੱਚ ਮਾਰਚ ਵੀ ਕੀਤਾ।

# ਸਾਂਝੇ ਏਟਕ ਪਰਵਾਰ ਨੇ ਡਵੀਜ਼ਨ ਰਾਜਪੁਰਾ ਤੇ ਪੈਨਸ਼ਨਰ ਦਫਤਰ ਵਿਖੇ ਲਹਿਰਾਏ ਝੰਡੇ



**ਰਾਜਪੁਰਾ (ਰਮੇਸ਼ ਕਟਾਰੀਆ)**

ਪੀ ਐੱਸ ਸੀ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਤੇ ਪਾਵਰਕਾਮ ਟਰਾਂਸਕੋ ਪੈਨਸ਼ਨਰ ਯੂਨੀਅਨ ਏਟਕ ਦੇ ਸਾਥੀਆਂ ਨੇ ਮਈ ਦਿਵਸ 'ਤੇ ਜਥੇਬੰਦੀ ਦਾ ਝੰਡਾ ਲਹਿਰਾਇਆ। ਝੰਡਾ ਲਹਿਰਾਉਂਦੇ ਸਮੇਂ ਕੌਮੀ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ, ਜਥੇਬੰਦੀ ਦੇ ਸਟੇਟ ਆਗੂ ਸਾਥੀ ਬਲਜੀਤ ਕੁਮਾਰ ਧੀਮਾਨ, ਪੈਨਸ਼ਨ ਯੂਨੀਅਨ ਪੰਜਾਬ ਦੇ ਮੀਤ ਪ੍ਰਧਾਨ ਕਾਮਰੇਡ ਰਜਿੰਦਰ ਸਿੰਘ ਨੇ ਬੋਲਦਿਆਂ ਸਾਥੀਆਂ ਨੂੰ ਇਸ ਦਿਨ ਦੇ ਮਹੱਤਵ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਨ 1886 ਨੂੰ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿਖੇ ਕਿਵੇਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਮਨਵਾਉਣ ਲਈ ਬੱਚਿਆਂ ਨੂੰ ਸ਼ਹੀਦ ਕਰਵਾ ਕੇ ਮੁਲਾਜ਼ਮਾਂ ਤੇ ਮਜ਼ਦੂਰਾਂ ਦੇ ਹੱਕਾਂ ਵਿੱਚ ਕਾਨੂੰਨ ਬਣਵਾਏ।ਅਮਰੀਕਾ ਦੇ ਸ਼ਹਿਰ ਸ਼ਿਕਾਗੋ ਦੇ ਸ਼ਹੀਦਾਂ ਵੱਲੋਂ 1886 ਵਿੱਚ ਸ਼ਾਂਤਮਈ ਸੰਘਰਸ਼ ਕਰਕੇ ਅੱਠ ਘੰਟੇ ਡਿਊਟੀ ਤੇ ਹਫਤਾਵਾਰੀ ਰੈਸਟ ਨੂੰ ਪ੍ਰਾਪਤ ਕੀਤਾ ਗਿਆ ਸੀ।ਇਸ ਪ੍ਰਾਪਤੀ ਨੂੰ ਖਤਮ ਕਰਨ ਲਈ ਸਮੇਂ ਦੀਆਂ ਸਰਕਾਰਾਂ ਨੇ ਲਾਠੀ, ਗੋਲੀ ਦਾ ਸਹਾਰਾ ਲੈ ਕੇ ਬਹੁਤ ਸਾਰੇ ਸੰਘਰਸ਼ਸ਼ੀਲ ਲੋਕਾਂ ਨੂੰ ਸ਼ਹੀਦ ਕਰ ਦਿੱਤਾ ਹੈ।ਇਸ ਦਿਨ ਨੂੰ ਯਾਦ ਕਰਦੇ ਹੋਏ ਰਾਜਪੁਰਾ ਡਵੀਜ਼ਨ ਦੇ ਗੇਟਾਂ ਤੇ ਪਾਵਰਕੌਮ ਟਰਾਂਸਕੋ ਪੈਨਸ਼ਨਰ ਯੂਨੀਅਨ ਏਟਕ ਦੇ ਦਫਤਰ ਸਾਹਮਣੇ ਸਾਥੀਆਂ ਨੇ ਝੰਡਾ ਲਹਿਰਾਇਆ।ਸਰਕਲ ਪਟਿਆਲਾ ਦੇ ਪ੍ਰਧਾਨ ਸਾਥੀ ਗੁਰਦਿਆਲ ਸਿੰਘ ਬੱਬੂ, ਸਾਥੀ ਚਰਨ ਸਿੰਘ ਜੰਡੋਲੀ ਨੇ ਦੱਸਿਆ ਕਿ ਅੱਜ ਵੀ ਕੇਂਦਰ ਸਰਕਾਰ, ਪੰਜਾਬ ਸਰਕਾਰ ਤੇ ਪਾਵਰ ਮੈਨੇਜਮੈਂਟ ਵੀ ਇਨ੍ਹਾਂ ਸਾਮਰਾਜਵਾਦੀ ਤਾਕਤਾਂ ਅੱਗੇ ਸਿਰ ਝੁਕਾ ਕੇ ਕੰਮ ਕਰ ਰਹੀਆਂ ਹਨ, ਪਰ ਸਰਕਾਰਾਂ ਨੂੰ ਸੰਘਰਸ਼ਸ਼ੀਲ ਲੋਕਾਂ ਦੇ ਸੰਘਰਸ਼ਾਂ ਤੋਂ ਮਜਬੂਰ ਹੋ ਕੇ ਮਜ਼ਦੂਰ ਮੁਲਾਜ਼ਮ ਵਿਰੋਧੀ ਕਾਨੂੰਨਾਂ ਨੂੰ ਵਾਪਸ ਲੈਣਾ ਪਵੇਗਾ।ਜੇਕਰ ਸਰਕਾਰਾਂ ਅਜਿਹਾ ਨਹੀਂ ਕਰਦੀਆਂ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ਸ਼ੀਲ ਲੋਕਾਂ ਵੱਲੋਂ ਸੰਘਰਸ਼ ਵਿੱਢ ਕੇ ਮਜ਼ਦੂਰ ਮੁਲਾਜ਼ਮ ਵਿਰੋਧੀ ਕਾਨੂੰਨ ਵਾਪਸ ਕਰਵਾਏ ਜਾਣਗੇ।

ਝੰਡਾ ਲਹਿਰਾਉਣ ਸਮੇਂ ਉਪਰੋਕਤ ਸਾਥੀਆਂ ਸਮੇਤ ਸਾਥੀ ਜਗਤਾਰ ਸਿੰਘ ਮੁਹਾਲੀ, ਸਰਕਲ ਪਟਿਆਲਾ ਆਗੂ ਸਾਥੀ ਸੁਖਦੇਵ ਸਿੰਘ, ਸਾਥੀ ਹਰਦੀਪ ਸਿੰਘ ਸਾਥੀ ਕੁਲਦੀਪ ਸਿੰਘ, ਸਾਥੀ ਮੰਗਤ ਸਿੰਘ, ਸਾਥੀ ਬਲਵੀਰ ਸਿੰਘ, ਸਾਥੀ ਜਗਜੀਤ ਸਿੰਘ, ਸਾਥੀ ਜੀਵਨ ਸਿੰਘ, ਸਾਥੀ ਜੁਗਿੰਦਰ ਸਿੰਘ ਚੱਠਾ, ਸਾਥੀ ਜਸਪਾਲ ਸਿੰਘ, ਸਾਥੀ ਦੇਵੀ ਸਿੰਘ, ਸਾਥੀ ਸ਼ਾਮ ਸੁੰਦਰ, ਸਾਥੀ ਸੁੱਚਾ ਸਿੰਘ, ਸਾਥੀ ਸਤਨਾਮ ਸਿੰਘ ਆਗੂ ਸਾਥੀਆਂ ਤੇ 100 ਤੋਂ ਵੀ ਵੱਧ ਮੈਂਬਰ ਸਾਥੀਆਂ ਨੇ ਇਕੱਤਰ ਹੋ ਕੇ ਡਵੀਜ਼ਨ ਦਫਤਰ ਸਾਹਮਣੇ ਤੇ ਜਥੇਬੰਦੀ ਦੇ ਦਫਤਰ ਵਿਖੇ ਝੰਡਾ ਲਹਿਰਾਇਆ ਅਤੇ ਸ਼ਹੀਦਾਂ ਨੂੰ ਯਾਦ ਕਰਦੇ ਹੋਏ ਲਾਲ ਸਲਾਮ ਪੇਸ਼ ਕੀਤੀ।ਪਹੁੰਚੇ ਸਮੁੱਚੇ ਸਾਥੀਆਂ ਦਾ ਧੰਨਵਾਦ ਰਾਜਪੁਰਾ ਡਵੀਜ਼ਨ ਦੇ ਸਕੱਤਰ ਸਾਥੀ ਜਗਜੀਤ ਸਿੰਘ ਵੱਲੋਂ ਕੀਤਾ ਗਿਆ।

# ਪੰਜਾਬੀ ਯੂਨੀਵਰਸਿਟੀ ਨੇ ਮਨਾਇਆ ਆਪਣਾ 65ਵਾਂ ਸਥਾਪਨਾ ਦਿਵਸ

■ ਪੰਜਾਬੀ ਯੂਨੀਵਰਸਿਟੀ ਨੇ ਮਾਲਵਾ ਖੇਤਰ ਦੇ ਪੱਛੜੇਪਣ ਨੂੰ ਦੂਰ ਕੀਤਾ : ਡਾ. ਕਪੂਰ




**ਪਟਿਆਲਾ (ਰਾਜਿੰਦਰ ਥਿੰਦ)**-ਪੰਜਾਬੀ ਯੂਨੀਵਰਸਿਟੀ ਨੇ ਦੁਨੀਆਂ ਭਰ ਵਿੱਚ ਪੰਜਾਬੀਅਤ ਦੀ ਮਹਿਕ ਬਿਖੇਰੀ ਹੈ।ਸਾਡੀ ਇਹ ਮਾਣਮੱਤੀ ਸੰਸਥਾ ਸਾਡੇ ਸਭ ਲਈ ਮਾਂ ਵਰਗਾ ਦਰਜਾ ਰੱਖਦੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬੀ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋ ਇੱਥੇ ਯੂਨੀਵਰਸਿਟੀ ਦੇ 65ਵੇਂ ਸਥਾਪਨਾ ਦਿਵਸ ਮੌਕੇ ਰੱਖੇ ਗਏ ਵਿਸ਼ੇਸ਼ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਸਿਰਫ਼ ਇੱਕ ਰਵਾਇਤੀ ਕਿਸਮ ਦਾ ਵਿੱਦਿਅਕ ਅਦਾਰਾ ਹੀ ਨਹੀਂ, ਸਗੋਂ ਪੰਜਾਬੀ ਭਾਸ਼ਾ, ਕਲਾ ਤੇ ਸੱਭਿਆਚਾਰ ਦਾ ਇੱਕ ਅਜਿਹਾ ਧੁਰਾ ਹੈ, ਜਿਸ ਨੇ ਪਿਛਲੇ ਛੇ ਦਹਾਕਿਆਂ ਤੋਂ ਵੱਧ ਸਮੇਂ ਦੌਰਾਨ ਆਪਣੀ ਇੱਕ ਵਿਲੱਖਣ ਪਛਾਣ ਬਣਾਈ ਹੈ।ਉਨ੍ਹਾਂ ਯੂਨੀਵਰਸਿਟੀ ਦੇ ਸਫ਼ਰ ਨੂੰ ਯਾਦ ਕਰਦਿਆਂ ਕਿਹਾ ਕਿ ਇਸ ਸੰਸਥਾ ਨੇ ਵਿਸ਼ਵ ਭਰ ਵਿੱਚ ਫੈਲੇ ਪੰਜਾਬੀਆਂ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਈ। ਸਥਾਪਨਾ ਦਿਵਸ ਭਾਸ਼ਣ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਉਪ-ਕੁਲਪਤੀ ਡਾ. ਸਤਿਬੀਰ ਸਿੰਘ ਗੋਸਲ ਵੱਲੋਂ ਦਿੱਤਾ ਗਿਆ।ਡਾ. ਗੋਸਲ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਤੇ ਪੰਜਾਬੀ ਯੂਨੀਵਰਸਿਟੀ ਦੀਆਂ ਆਪਸੀ ਅਕਾਦਮਿਕ ਸਾਂਝਾਂ ਦੇ ਹਵਾਲੇ ਨਾਲ ਆਪਣੀ ਗੱਲ ਰੱਖੀ।ਡਾ. ਨਰਿੰਦਰ ਸਿੰਘ ਕਪੂਰ ਨੇ ਇਸ ਮੌਕੇ ਦਿੱਤੇ ਗਏ ਭਾਵਪੂਰਤ ਭਾਸ਼ਣ ਦੌਰਾਨ ਕਿਹਾ ਕਿ ਕਿਸੇ ਸਮੇਂ ਪੰਜਾਬ ਦੇ ਮਾਲਵਾ ਖਿੱਤੇ ਨੂੰ ਪੱਛੜਿਆ ਹੋਇਆ ਇਲਾਕਾ ਸਮਝਿਆ ਜਾਂਦਾ ਸੀ, ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਨੇ ਮਾਲਵਾ ਖੇਤਰ ਦੇ ਪੱਛੜੇਪਣ ਨੂੰ ਦੂਰ ਕੀਤਾ ਹੈ।ਉਨ੍ਹਾਂ ਕਿਹਾ ਕਿ ਉਹ ਇਸ ਗੱਲ 'ਤੇ ਸਦਾ ਮਾਣ ਕਰਦੇ ਹਨ ਕਿ ਉਹ ਪੰਜਾਬੀ ਯੂਨੀਵਰਸਿਟੀ ਦੀ ਸ਼ੁਰੂਆਤ ਸਮੇਂ ਦੇ ਦੂਜੇ ਬੈਚ ਦੇ ਵਿਦਿਆਰਥੀ ਰਹੇ ਹਨ।ਡਾ. ਕਪੂਰ ਨੇ ਕਿਹਾ ਕਿ ਹੁਣ ਜਦੋਂ ਵਿਸ਼ਵੀਕਰਨ ਦਾ ਦੌਰ ਹੈ ਤਾਂ ਪੰਜਾਬੀ ਯੂਨੀਵਰਸਿਟੀ ਨੂੰ ਵੀ ਨਵੀਆਂ ਚੁਣੌਤੀਆਂ ਦਰਪੇਸ਼ ਹਨ।ਹੁਣ ਅਸੀਂ ਆਪਣੀ ਯੂਨੀਵਰਸਿਟੀ ਦਾ ਮੁਕਾਬਲਾ ਸਿਰਫ ਨੇੜਲੇ ਖੇਤਰਾਂ ਦੀਆਂ ਹੋਰ ਯੂਨੀਵਰਸਿਟੀਆਂ ਨਾਲ ਹੀ ਨਹੀਂ ਮੰਨ ਕੇ ਚੱਲ ਸਕਦੇ, ਬਲਕਿ ਸੰਸਾਰ ਦੇ ਕਿਸੇ ਵੀ ਹਿੱਸੇ ਵਿੱਚ ਸਥਿਤ ਹੋਰ ਗਲੋਬਲ ਪੱਧਰ ਦੀਆਂ ਯੂਨੀਵਰਸਿਟੀਆਂ ਅੱਜ ਸਾਡੇ ਮੁਕਾਬਲੇ ਵਿੱਚ ਹਨ। ਇਸ ਲਈ ਸਾਨੂੰ ਨਵੇਂ ਤਕਨੀਕੀ ਹੁਨਰਾਂ ਤੇ ਆਧੁਨਿਕ ਸਿੱਖਿਆ ਪ੍ਰਣਾਲੀ ਨੂੰ ਅਪਣਾਉਣ ਦੀ ਲੋੜ ਹੈ ਤਾਂ ਜੋ ਅਸੀਂ ਇਸ ਗਲੋਬਲ ਮੁਕਾਬਲੇ ਵਿੱਚ ਨਾ ਸਿਰਫ਼ ਟਿਕੇ ਰਹੀਏ, ਬਲਕਿ ਮੋਹਰੀ ਭੂਮਿਕਾ ਵੀ ਨਿਭਾ ਸਕੀਏ।ਇਸ ਮੌਕੇ ਪੰਜਾਬੀ ਯੂਨੀਵਰਸਿਟੀ ਦੇ ਪਹਿਲੇ ਬੈਚ ਦੇ ਵਿਦਿਆਰਥੀ ਡਾ. ਤਰਲੋਕ ਸਿੰਘ ਅਨੰਦ, ਜੀਵ ਵਿਗਿਆਨ ਵਿਭਾਗ ਦੇ ਪਹਿਲੇ ਪੀਐੱਚ.ਡੀ. ਵਿਦਿਆਰਥੀ ਡਾ. ਮਲਕੀਤ ਸਿੰਘ ਸੈਣੀ ਤੇ ਹਾਲ ਹੀ ਵਿੱਚ ਨੇਪਾਲ ਦੀ ਐਮਾ ਡੈਬਲਮ ਚੋਟੀ ਨੂੰ ਸਰ ਕਰਦਿਆਂ ਪਹਿਲੀ ਪੰਜਾਬੀ ਮਹਿਲਾ ਦਾ ਮਾਣ ਹਾਸਲ ਕਰਨ ਵਾਲੀ ਸੁੱਖੀ ਬੱਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਸਮਾਗਮ ਦਾ ਸਵਾਗਤੀ ਭਾਸ਼ਣ ਰਜਿਸਟਰਾਰ ਡਾ. ਦਵਿੰਦਰ ਪਾਲ ਸਿੰਘ ਸਿੱਧੂ ਨੇ ਦਿੱਤਾ, ਜਦੋਂ ਕਿ ਧੰਨਵਾਦੀ ਸ਼ਬਦ ਡੀਨ ਅਕਾਦਮਿਕ ਮਾਮਲੇ ਡਾ. ਜਸਵਿੰਦਰ ਸਿੰਘ ਬਰਾੜ ਨੇ ਕਹੇ।ਸਮਾਗਮ ਵਿੱਚ ਯੂਨੀਵਰਸਿਟੀ ਦੇ ਵਿਦਿਆਰਥੀਆਂ ਅਧਿਆਪਕਾਂ ਕਰਮਚਾਰੀਆਂ ਤੇ ਅਧਿਕਾਰੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।

## ਹੇਮਕੁੰਟ ਸਕੂਲ ਦੇ ਵਿਦਿਆਰਥੀਆਂ ਨੇ ਮਨਾਇਆ ਮਜ਼ਦੂਰ ਦਿਵਸ



**ਕੋਟ ਈਸੇ ਖਾਂ (ਅਰੋੜਾ)**-ਸ੍ਰੀ ਹੇਮਕੁੰਟ ਸੀਨੀਅਰ ਸੈਕੰ. ਸਕੂਲ ਕੋਟ ਈਸੇ ਖਾਂ ਵਿਖੇ ਵਿਦਿਆਰਥੀਆਂ ਦੇ ਸਮੂਹਕ ਵਿਕਾਸ ਤੇ ਸਮਾਜਿਕ ਜਾਗਰੂਕਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਵੱਖ-ਵੱਖ ਦਿਵਸ ਮਨਾਏ ਜਾਂਦੇ ਹਨ।ਇਸ ਤਹਿਤ ਮਜ਼ਦੂਰਾਂ ਦੇ ਸਨਮਾਨ ਵਿੱਚ ਮਜ਼ਦੂਰ ਦਿਵਸ ਸਤਿਕਾਰ ਨਾਲ ਮਨਾਇਆ ਗਿਆ।ਸਵੇਰ ਦੀ ਵਿਸ਼ੇਸ਼ ਪ੍ਰਾਰਥਨਾ ਸਭਾ ਮਜ਼ਦੂਰਾਂ ਨੂੰ ਸਮਰਪਤ ਰਹੀ।ਵਿਦਿਆਰਥੀਆਂ ਨੇ ਮਜ਼ਦੂਰ ਦਿਵਸ ਦੇ ਵਿਸ਼ੇ ਨਾਲ ਸਬੰਧਤ ਭਾਸ਼ਣ, ਕਵਿਤਾਵਾਂ ਰਾਹੀਂ ਮਜ਼ਦੂਰਾਂ ਦੀ ਮਹੱਤਤਾ ਤੇ ਉਨ੍ਹਾਂ ਦੇ ਯੋਗਦਾਨ ਬਾਰੇ ਜਾਣਕਾਰੀ ਸਾਂਝੀ ਕੀਤੀ ਤੇ ਦੱਸਿਆ ਕਿ ਮਜ਼ਦੂਰ ਸਾਡੇ ਸਮਾਜ ਦੀ ਰੀੜ੍ਹ ਦੀ ਹੱਡੀ ਹਨ। ਅਧਿਆਪਕਾਂ ਵੱਲੋਂ ਵੀ ਮਜ਼ਦੂਰ ਦਿਵਸ ਦੀ ਮਹੱਤਤਾ ਬਾਰੇ ਪ੍ਰੇਰਣਾਦਾਇਕ ਭਾਸ਼ਣ ਸਾਂਝੇ ਕਰਦੇ ਕਿਹਾ ਕਿ ਸਾਨੂੰ ਹਰ ਮਜ਼ਦੂਰ ਦੀ ਇੱਜ਼ਤ ਕਰਨੀ ਚਾਹੀਦੀ ਹੈ ਤੇ ਉਨ੍ਹਾਂ ਦੇ ਕੰਮ ਦੀ ਕਦਰ ਕਰਨੀ ਚਾਹੀਦੀ ਹੈ।ਸਕੂਲ ਦੇ ਵਿਦਿਆਰਥੀਆਂ ਵੱਲੋਂ ਭੱਠੇ 'ਤੇ ਜਾ ਕੇ ਮਜ਼ਦੂਰਾਂ ਨਾਲ ਖੁਸ਼ੀਆਂ ਸਾਂਝੇ ਕਰਦੇ ਹੋਏ ਲੱਡੂ ਖਵਾਏ।ਇਸ ਕਾਰਜ ਰਾਹੀਂ ਵਿਦਿਆਰਥੀਆਂ ਨੂੰ ਮਜ਼ਦੂਰਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ।ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਸ੍ਰ: ਕੁਲਵੰਤ ਸਿੰਘ ਸੰਧੂ ਤੇ ਐੱਮ. ਡੀ. ਰਣਜੀਤ ਕੌਰ ਸੰਧੂ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਮਜ਼ਦੂਰਾਂ ਦੇ ਬਿਨਾਂ ਕਿਸੇ ਵੀ ਸਮਾਜ ਦੀ ਤਰੱਕੀ ਸੰਭਵ ਨਹੀਂ ਹੈ।ਉਨ੍ਹਾਂ ਸਭ ਨੂੰ ਅਪੀਲ ਕੀਤੀ ਕਿ ਮਜ਼ਦੂਰਾਂ ਦੇ ਹੱਕਾਂ ਦੀ ਰੱਖਿਆਂ ਕਰਨ ਤੇ ਇੱਜ਼ਤ ਕਰਨਾ ਸਾਡੀ ਜ਼ਿੰਮੇਵਾਰੀ ਹੈ।ਇਸ ਮੌਕੇ ਪ੍ਰਿੰਸੀਪਲ ਰਮਨਜੀਤ ਕੌਰ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਮਜ਼ਦੂਰ ਦਿਵਸ ਸਾਨੂੰ ਮਿਹਨਤ ਦੀ ਕਦਰ ਤੇ ਮਨੁੱਖਤਾ ਦੇ ਮੂਲ ਮੁੱਲਾਂ ਨੂੰ ਸਮਝਣ ਦੀ ਸਿੱਖ ਦਿੰਦਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਹਮੇਸ਼ਾ ਮਿਹਨਤ ਦਾ ਸਤਿਕਾਰ ਕਰਨ।

## ਬੀ ਬੀ ਐੱਸ ਬੀ ਕਾਨਵੈਂਟ ਸਕੂਲ ਸਿੱਧਵਾਂ ਬੇਟ ਦਾ ਨਤੀਜਾ ਸ਼ਾਨਦਾਰ



**ਜਗਰਾਉਂ (ਅਮਿਤ ਖੰਨਾ)**-ਬੀ ਬੀ ਐੱਸ ਬੀ ਕਾਨਵੈਂਟ ਸਕੂਲ ਸਿੱਧਵਾਂ ਬੇਟ ਦੇ ਵਿਦਿਆਰਥੀਆਂ ਨੇ ਕੱਲ੍ਹ ਐਲਾਨੇ ਦਸਵੀਂ ਤੇ ਬਾਰਵੀਂ ਜਮਾਤ ਦੇ ਨਤੀਜਿਆਂ ਵਿੱਚੋਂ ਚੰਗੇ ਅੰਕ ਪ੍ਰਾਪਤ ਕਰਦਿਆਂ ਆਪਣੀ ਚੜ੍ਹਤ ਨੂੰ ਕਾਇਮ ਰੱਖਿਆ ਹੈ।ਬਾਰਵੀਂ ਜਮਾਤ ਵਿੱਚ ਮੈਡੀਕਲ ਤੇ ਨਾਨ-ਮੈਡੀਕਲ ਵਿੱਚ ਹਰਕੀਰਤ ਕੌਰ ਨੇ 95.75% ਅੰਕ ਪ੍ਰਾਪਤ ਕਰਕੇ ਪਹਿਲਾ, ਤਰਨਵੀਰ ਕੌਰ ਖਹਿਰਾ ਨੇ 91.25% ਅੰਕ ਪ੍ਰਾਪਤ ਕਰਕੇ ਦੂਜਾ ਤੇ ਪ੍ਰਭਸਿਮਰਨ ਕੌਰ ਨੇ 88.75% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਕਾਮਰਸ ਵਿੱਚੋਂ ਪ੍ਰਨੀਤ ਕੌਰ ਨੇ 90.75% ਅੰਕਾਂ ਨਾਲ ਪਹਿਲਾ, ਜਸਕਰਨ ਸਿੰਘ ਕਿੰਗਰਾ ਨੇ 90.25% ਅੰਕ ਪ੍ਰਾਪਤ ਕਰਕੇ ਦੂਜਾ ਤੇ ਮਨਜੋਤ ਕੌਰ ਨੇ 90% ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਇਸੇ ਪ੍ਰਕਾਰ ਦਸਵੀਂ ਜਮਾਤ ਵਿੱਚ ਮੈਡੀਕਲ/ਨਾਨ-ਮੈਡੀਕਲ ਵਿੱਚ ਅਨਮੋਲ ਸਿੰਘ ਨੇ 90.6% ਅੰਕ ਪ੍ਰਾਪਤ ਕਰਕੇ ਪਹਿਲਾ, ਨਵਜੋਤ ਕੌਰ ਨੇ 90% ਨਾਲ ਦੂਜਾ ਤੇ ਨਵਰਾਜ ਸਿੰਘ ਨੇ 87.8% ਅੰਕ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਸਾਇੰਸ ਤੇ ਕਾਮਰਸ ਵਿਸ਼ੇ ਵਿੱਚ ਲਵਪ੍ਰੀਤ ਸਿੰਘ ਨੇ 88.2% ਅੰਕ ਪ੍ਰਾਪਤ ਕਰਕੇ ਪਹਿਲਾ, ਅਰਮਾਨ ਸਿੰਘ ਸਿੱਧੂ ਨੇ 87.6% ਅੰਕਾਂ ਨਾਲ ਦੂਜਾ ਤੇ ਮਨਮੀਤ ਸਿੰਘ ਨੇ 82.8% ਅੰਕ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਉਪਰੰਤ ਪ੍ਰਿੰਸੀਪਲ ਮੈਡਮ ਮਿਸਜ਼ ਮੋਨਾ ਠਾਕੁਰ ਨੇ ਬੱਚਿਆਂ ਦਾ ਮੂਹ ਮਿਠਾ ਕਰਵਾਇਆ।ਇਸ ਮੌਕੇ ਸਕੂਲ ਦੀ ਸਮੂਹ ਮੈਨੇਜਮੈਂਟ ਜਿਸ ਵਿੱਚ ਚੇਅਰਮੈਨ ਸਨੀ ਅਰੋੜਾ, ਵਾਈਸ ਚੇਅਰਮੈਨ ਰਜਿੰਦਰ ਕੁਮਾਰ ਬਾਵਾ, ਪ੍ਰੈਜ਼ੀਡੈਂਟ ਹਰੀਕ੍ਰਿਸ਼ਨ ਭਗਵਾਨ ਦਾਸ, ਮੈਨੇਜਿੰਗ ਡਾਇਰੈਕਟਰ ਸ਼ਾਮ ਸੁੰਦਰ ਭਾਰਦਵਾਜ, ਜਨਰਲ ਸੈਕਰੇਟਰੀ ਅੰਜੂ ਬਾਲਾ, ਗਗਨਦੀਪ ਬਾਵਾ ਵੀ ਮੌਜੂਦ ਸਨ।

## ਪਾਵਰਕਾਮ ਠੇਕਾ ਕਾਮਿਆਂ ਨੇ ਵਿੱਤ ਮੰਤਰੀ ਦੇ ਪੁਤਲੇ ਨੂੰ ਲਾਇਆ ਲਾਂਬੂ

**ਜਲਾਲਾਬਾਦ (ਜੀਤ ਕੁਮਾਰ, ਜੰਗੀਰ ਕੌਰ)**-ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਪੰਜਾਬ ਵੱਲੋਂ ਆਊਟਸੋਰਸ ਠੇਕਾ ਕਾਮਿਆਂ ਨੂੰ ਸਿੱਧਾ ਵਿਭਾਗ ਵਿੱਚ ਸ਼ਾਮਲ ਕਰਨ, ਘੱਟੋ-ਘੱਟ ਗੁਜ਼ਾਰੇ ਯੋਗ ਤਨਖਾਹ ਲਾਗੂ ਕਰਨ, ਬਿਜਲੀ ਦਾ ਕਰੰਟ ਲੱਗਣ ਕਾਰਨ ਝੁਲਸ ਗਏ ਕਾਮਿਆਂ ਤੇ ਮੌਤ ਦੇ ਮੂੰਹ ਪਏ ਕਾਮਿਆਂ ਦੇ ਵਾਰਸਾਂ ਨੂੰ ਪੱਕੀ ਨੌਕਰੀ, ਪੱਕੀ ਪੈਨਸ਼ਨ ਦੀ ਗਾਰੰਟੀ ਕਰਨ ਤੇ ਨਿੱਜੀਕਰਨ ਦੀ ਨੀਤੀ ਨੂੰ ਰੱਦ ਕਰਾਉਣ ਦੇ ਲਈ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ। ਡਵੀਜ਼ਨ ਪ੍ਰਧਾਨ ਨਰਿੰਦਰ ਸਿੰਘ ਬਾਠ ਤੇ ਸਰਕਲ ਸਕੱਤਰ ਛਿੰਦਰ ਸਿੰਘ ਨੇ ਦੱਸਿਆ ਪਿਛਲੇ ਦਿਨ 16 ਦਿਨ ਲਗਾਤਾਰ ਹੜਤਾਲ ਕਰ ਬਿਜਲੀ ਮੰਤਰੀ ਸਮੇਤ ਅਮਨ ਅਰੋੜਾ ਤੇ ਪਾਵਰਕਾਮ ਦੇ ਮੁੱਖ ਦਫ਼ਤਰ ਅੱਗੇ ਲਗਾਤਾਰ ਰੋਸ ਪ੍ਰਦਰਸ਼ਨ ਕੀਤਾ ਗਿਆ, ਜਿਸ ਦੇ ਸਿੱਟੇ ਵਜੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਬਿਜਲੀ ਮੰਤਰੀ ਨਾਲ ਬੈਠਕ ਹੋਈ, ਜਿਸ ਵਿੱਚ 30 ਅਪ੍ਰੈਲ ਨੂੰ ਮੀਟਿੰਗ ਕਰਕੇ ਮੰਗਾਂ ਦਾ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ, ਜਿਸ 'ਤੇ 16 ਦਿਨ ਬਾਅਦ ਧਰਨਾ ਜਥੇਬੰਦੀ ਵੱਲੋਂ ਮੁਲਤਵੀ ਕਰ ਦਿੱਤਾ ਗਿਆ ਸੀ, ਪਰ ਅੱਜ ਫਿਰ ਪੰਜਾਬ ਸਰਕਾਰ ਵੱਲੋਂ 30 ਅਪ੍ਰੈਲ ਦੀ ਮੀਟਿੰਗ ਮੁਲਤਵੀ ਕਰ ਦਿੱਤੀ ਗਈ ਹੈ ਅਤੇ ਮੰਗਾਂ ਦਾ ਨਿਪਟਾਰਾ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਬਿਜਲੀ ਸਪਲਾਈ ਨੂੰ ਬਹਾਲ ਰੱਖਦਿਆਂ ਲਗਾਤਾਰ ਬਿਜਲੀ ਦੀ ਲਪੇਟ 'ਚ ਆਏ ਕਾਮਿਆਂ ਦੀਆਂ ਕੀਮਤੀ ਜਾਨਾਂ ਜਾ ਰਹੀਆਂ ਹਨ ਤੇ ਕਈ ਕਾਮੇ ਅਪੰਗ ਹੋ ਰਹੇ ਹਨ, ਜਥੇਬੰਦੀ ਵੱਲੋਂ ਮੰਗ ਕੀਤੀ ਜਾ ਰਹੀ ਹੈ ਕਿ ਸੁਰੱਖਿਆ ਲਈ ਪੁਖਤਾ ਪ੍ਰਬੰਧ ਕੀਤੇ ਜਾਣ ਤੇ ਸਮੂਹ ਆਊਟਸੋਰਸ ਠੇਕਾ ਕਾਮਿਆਂ ਨੂੰ ਸਿੱਧਾ ਵਿਭਾਗ ਵਿੱਚ ਸ਼ਾਮਲ ਕੀਤਾ ਜਾਵੇ। ਘੱਟੋ-ਘੱਟ ਗੁਜ਼ਾਰੇ ਯੋਗ ਤਨਖਾਹ ਲਾਗੂ ਕੀਤੀ ਜਾਵੇ। ਹਾਦਸਾ ਪੀੜਤ ਪੱਕੀ ਨੌਕਰੀ ਪੱਕੀ ਪੈਨਸ਼ਨ ਦੀ ਗਰੰਟੀ ਕੀਤੀ ਜਾਵੇ। ਠੇਕੇਦਾਰੀ ਸਿਸਟਮ ਦਾ ਦਾਖਲਾ ਬਿਜਲੀ ਖੇਤਰ ਵਿੱਚੋਂ ਬੰਦ ਕੀਤਾ ਜਾਵੇ। ਜਥੇਬੰਦੀ ਵੱਲੋਂ ਮੁਕੰਮਲ ਹੜਤਾਲ ਸ਼ੁਰੂ ਕਰਕੇ ਪੰਜਾਬ ਦੇ ਵਿੱਤ ਮੰਤਰੀ ਸਮੇਤ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਗਏ ਤੇ ਉਦੋਂ ਤੱਕ ਸੰਘਰਸ਼ ਜਾਰੀ ਰੱਖਣ ਦਾ ਫੈਸਲਾ ਕੀਤਾ ਜਦੋਂ ਤੱਕ ਮੰਗਾਂ ਦਾ ਨਿਪਟਾਰਾ ਨਹੀਂ ਹੁੰਦਾ। 1 ਮਈ ਨੂੰ ਮਈ ਦਿਵਸ ਮੌਕੇ ਵਿੱਤ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਦਾ ਫ਼ੈਸਲਾ ਕੀਤਾ।

## ਸਿਲਵਰ ਓਕਸ ਸਕੂਲ 'ਚ ਇਨਵੈਸਟਿਚਰ ਸਮਾਰੋਹ ਕਰਵਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਬਠਿੰਡਾ ਵਿੱਚ ਇਨਵੈਸਟਿਚਰ ਸਮਾਰੋਹ ਕਰਵਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੀ ਡਾਇਰੈਕਟਰ ਸ੍ਰੀਮਤੀ ਬਰਨਿੰਦਰ ਪਾਲ ਸੇਖੋਂ ਤੇ ਪ੍ਰਿੰਸੀਪਲ ਸ੍ਰੀਮਤੀ ਛਾਇਆ ਵਿਨੋਚਾ ਵੱਲੋਂ ਦੀਪ ਜਗ੍ਹਾ ਕੇ ਤੇ ਸਰਸਵਤੀ ਵੰਦਨਾ ਨਾਲ ਕੀਤੀ ਗਈ।ਇਸ ਤੋਂ ਬਾਅਦ ਨਵ-ਚੁਣੇ ਸਕੂਲ ਕੈਬਨਿਟ ਦੇ ਮੈਂਬਰਾਂ ਨੇ ਪੂਰੇ ਆਤਮਵਿਸ਼ਵਾਸ ਤੇ ਅਨੁਸ਼ਾਸਨ ਨਾਲ ਮਾਰਚ ਪਾਸਟ ਪੇਸ਼ ਕੀਤਾ।ਇਸ ਉਪਰੰਤ ਪ੍ਰਿੰਸੀਪਲ ਸ੍ਰੀਮਤੀ ਛਾਇਆ ਵਿਨੋਚਾ ਦੀ ਅਗਵਾਈ ਵਿੱਚ ਸਕੂਲ ਕੈਬਨਿਟ ਨੇ ਆਪਣੇ ਕਰਤੱਵਾਂ ਨੂੰ ਪੂਰੀ ਨਿਸ਼ਠਾ, ਇਮਾਨਦਾਰੀ ਤੇ ਜ਼ਿੰਮੇਵਾਰੀ ਨਾਲ ਨਿਭਾਉਣ ਦੀ ਸਹੁੰ ਚੁੱਕੀ।ਇਸ ਤੋਂ ਬਾਅਦ ਇਨਵੈਸਟਿਚਰ ਸੈਰੇਮਨੀ ਦੇ ਤਹਿਤ ਵਿਦਿਆਰਥੀ ਕੌਂਸਲ ਦੇ 10 ਅਹੁਦੇਦਾਰਾਂ ਹੈੱਡ ਬੁਆਏ, ਹੈੱਡ ਗਰਲ, ਆਜ਼ਾਦ ਹਾਊਸ ਪ੍ਰਿਫੈਕਟ, ਭਗਤ ਹਾਊਸ ਪ੍ਰਿਫੈਕਟ, ਸੁਭਾਸ਼ ਹਾਊਸ ਪ੍ਰਿਫੈਕਟ, ਊਧਮ ਹਾਊਸ ਪ੍ਰਿਫੈਕਟ, ਸਪੋਰਟਸ ਕੈਪਟਨ, ਐੱਸ.ਕੇ.ਓ. ਕੋਆਰਡੀਨੇਟਰ, ਐੱਸ ਈ ਏ ਕੋਆਰਡੀਨੇਟਰ ਤੇ ਡਸਿਪਲਿਨ ਇੰਚਾਰਜ ਨੂੰ ਉਨ੍ਹਾਂ ਦੀਆਂ ਭੂਮਿਕਾਵਾਂ ਦੇ ਪ੍ਰਤੀਕ ਵਜੋਂ ਬੈਜ ਤੇ ਸ਼ੈਸ਼ੇ ਪ੍ਰਦਾਨ ਕੀਤੇ ਗਏ।ਇਸ ਮੌਕੇ ਨਵ-ਚੁਣੇ ਹੈੱਡ ਬੁਆਏ ਤੇ ਹੈੱਡ ਗਰਲ ਨੇ ਆਪਣੇ ਪ੍ਰੇਰਣਾਦਾਇਕ ਭਾਸ਼ਣ ਪੇਸ਼ ਕੀਤੇ।ਇਸ ਮੌਕੇ ਪਿਛਲੀ ਸਕੂਲ ਕੈਬਨਿਟ ਨੂੰ ਵੀ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਤੇ ਆਪਣੇ ਕਰਤੱਵਾਂ ਨੂੰ ਸਫਲਤਾਪੂਰਵਕ ਢੰਗ ਨਾਲ ਨਿਭਾਉਣ ਲਈ ਗਵਰਨਿੰਗ ਬਾਡੀ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਕਲਾਸ ਛੇਵੀਂ ਦੀ ਵਿਦਿਆਰਥਣ ਜਪਜੀਤ ਪਾਲ ਕੌਰ ਤੇ ਕਲਾਸ ਅੱਠਵੀਂ ਦੀ ਵਿਦਿਆਰਥਣ ਜਸਕਰਨ ਕੌਰ ਨੂੰ ਉਨ੍ਹਾਂ ਦੀ ਸਾਲ ਭਰ ਦੀ 100% ਹਾਜ਼ਰੀ ਲਈ ਵਿਸ਼ੇਸ਼ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਕੂਲ ਦੀ ਡਾਇਰੈਕਟਰ ਸ੍ਰੀਮਤੀ ਬਰਨਿੰਦਰ ਪਾਲ ਸੇਖੋਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਸਾਰੇ ਨਵ-ਚੁਣੇ ਵਿਦਿਆਰਥੀ ਕੌਂਸਲ ਮੈਂਬਰਾਂ, ਪੁਰਾਣੀ ਕੈਬਨਿਟ ਤੇ ਹੋਣਹਾਰ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਸਕੂਲ ਦੇ ਅਸੂਲਾਂ ਤੇ ਪ੍ਰੰਪਰਾਵਾਂ ਨੂੰ ਕਾਇਮ ਰੱਖਦੇ ਹੋਏ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਸਕੂਲ ਪ੍ਰਿੰਸੀਪਲ ਸ੍ਰੀਮਤੀ ਛਾਇਆ ਵਿਨੋਚਾ ਨੇ ਵਿਦਿਆਰਥੀਆਂ ਨੂੰ ਅਨੁਸ਼ਾਸਨ, ਮਿਹਨਤ ਤੇ ਚੰਗੇ ਸੰਸਕਾਰਾਂ ਦੀ ਮਹੱਤਤਾ ਬਾਰੇ ਸਮਝਾਉਂਦੇ ਹੋਏ ਆਪਣੇ ਕੰਮ ਨੂੰ ਇਮਾਨਦਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸਾਰੇ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਦੇ ਸਹਿਯੋਗ ਲਈ ਧੰਨਵਾਦ ਪ੍ਰਗਟ ਕੀਤਾ। ਇਸ ਪ੍ਰੇਰਣਾਦਾਇਕ ਸਮਾਰੋਹ ਦੀ ਸਮਾਪਤੀ ਧੰਨਵਾਦ ਭਾਸ਼ਣ ਤੇ ਰਾਸ਼ਟਰਗਾਨ ਨਾਲ ਹੋਈ।

## ਆਧੁਨਿਕ ਤਕਨਾਲੋਜੀ ਚਿਕਿਤਸਾ ਦਾ ਭਵਿੱਖ ਤੈਅ ਕਰੇਗੀ : ਜੇ ਪੀ ਨੱਢਾ

■ ਵੱਖ ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੂੰ ਡਿਗਰੀਆਂ ਵੰਡੀਆਂ




**ਸਮਰਾਲਾ (ਸੁਰਜੀਤ ਸਿੰਘ)**

ਆਧੁਨਿਕ ਤਕਨਾਲੋਜੀ ਚਿਕਿਤਸਾ ਦਾ ਭਵਿੱਖ ਤੈਅ ਕਰੇਗੀ, ਪਰ ਦਇਆ ਸਿਹਤ ਸੇਵਾਵਾਂ ਦੀ ਆਤਮਾ ਰਹੇਗੀ। ਆਰਟੀਫ਼ੀਸ਼ਲ ਇੰਟੈਲੀਜੈਂਸ, ਟੈਲੀਮੈਡੀਸਨ ਤੇ ਪ੍ਰਿਸੀਜ਼ਨ ਮੈਡੀਸਨ ਇਲਾਜ ਨੂੰ ਅੱਗੇ ਵਧਾ ਸਕਦੇ ਹਨ, ਪਰ ਮਨੁੱਖੀ ਸਪਰਸ਼ ਤੇ ਹਮਦਰਦੀ ਦੀ ਤਾਕਤ ਦਾ ਕੋਈ ਬਦਲ ਨਹੀਂ।ਇਹ ਵਿਚਾਰ ਪੀਜੀਆਈ ਚੰਡੀਗੜ੍ਹ ਵਿਖੇ 39ਵੇਂ ਕਨਵੋਕੇਸ਼ਨ ਸਮਾਗਮ ਦੌਰਾਨ ਹਾਜ਼ਰ ਡਿਗਰੀਆਂ ਲੈਣ ਵਾਲੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕੇਂਦਰੀ ਪਰਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਢਾ ਨੇ ਪ੍ਰਗਟ ਕੀਤੇ।ਇਸ ਮੌਕੇ ਵੱਖ ਵੱਖ ਵਿਭਾਗਾਂ ਦੇ 682 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ, ਜਦਕਿ 95 ਮੈਡਲ ਮਿਹਨਤੀ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਅਕਾਦਮਿਕ ਪ੍ਰਾਪਤੀਆਂ ਲਈ ਦਿੱਤੇ ਗਏ।ਪੀਜੀਆਈ ਚੰਡੀਗੜ੍ਹ ਵਿੱਚ ਆਯੋਜਿਤ ਇੱਕ ਗੌਰਵਮਈ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਕੇਂਦਰੀ ਸਿਹਤ ਤੇ ਪਰਿਵਾਰ ਭਲਾਈ ਅਤੇ ਰਸਾਇਣ ਤੇ ਖਾਦ ਮੰਤਰੀ ਜਗਤ ਪ੍ਰਕਾਸ਼ ਨੱਢਾ ਤੋਂ ਇਲਾਵਾ ਪੰਜਾਬ ਦੇ ਰਾਜਪਾਲ ਤੇ ਚੰਡੀਗੜ੍ਹ ਯੂਟੀ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ, ਜਦਕਿ ਡਾ. ਵਿਨੋਦ ਕੇ. ਪੌਲ, ਸਾਬਕਾ ਮੈਂਬਰ, ਨੀਤੀ ਆਯੋਗ ਨੇ ਗੈਸਟ ਆਫ ਆਨਰ ਵਜੋਂ ਹਾਜ਼ਰੀ ਭਰੀ।ਪ੍ਰੋ. ਵਿਵੇਕ ਲਾਲ ਡਾਇਰੈਕਟਰ ਪੀਜੀਆਈ ਤੇ ਪ੍ਰੋ. ਆਰ. ਕੇ. ਰਾਠੌ, ਡੀਨ (ਅਕੈਡਮਿਕਸ) ਵੀ ਮੰਚ 'ਤੇ ਮੌਜੂਦ ਸਨ।ਕਨਵੋਕੇਸ਼ਨ ਸੰਬੋਧਨ ਦੌਰਾਨ ਨੱਢਾ ਨੇ ਚਿਕਿਤਸਾ ਵਿੱਚ ਤਕਨੀਕੀ ਤਰੱਕੀ ਤੇ ਮਨੁੱਖੀ ਸੰਵੇਦਨਾ ਦੇ ਮੇਲ ਦੀ ਲੋੜ 'ਤੇ ਜ਼ੋਰ ਦਿੱਤਾ।ਪੀਜੀਆਈ ਦੇ ਯੋਗਦਾਨ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾਂ ਕਿਹਾ ਕਿ ਪੀਜੀਆਈ ਦੇਸ਼ ਵਿੱਚ ਚਿਕਿਤਸਾ ਸਿੱਖਿਆ, ਮਰੀਜ਼ ਸੇਵਾ ਤੇ ਖੋਜ ਵਿੱਚ ਅਗੇਤਰੀ ਕੇਂਦਰ ਵਜੋਂ ਆਪਣੀ ਪਛਾਣ ਹੋਰ ਮਜ਼ਬੂਤ ਕਰ ਰਿਹਾ ਹੈ।ਪ੍ਰੋ. ਵਿਵੇਕ ਲਾਲ ਨੇ ਸੰਸਥਾ ਦੀਆਂ ਉਪਲਬਧੀਆਂ ਬਾਰੇ ਦੱਸਦਿਆਂ ਕਿਹਾ ਕਿ ਟੈਲੀਮੈਡੀਸਨ ਸੇਵਾਵਾਂ ਰਾਹੀਂ 40 ਲੱਖ ਤੋਂ ਵੱਧ ਮੁਫ਼ਤ ਕੰਸਲਟੇਸ਼ਨ ਦਿੱਤੀਆਂ ਗਈਆਂ ਹਨ, ਜਿਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ।ਉਨ੍ਹਾਂ ਆਯੁਸ਼ਮਾਨ ਭਾਰਤ ਯੋਜਨਾ ਹੇਠ 2.5 ਲੱਖ ਤੋਂ ਵੱਧ ਮਰੀਜ਼ਾਂ ਦੇ ਇਲਾਜ ਤੇ 650 ਕਰੋੜ ਰੁਪਏ ਦੀ ਵਰਤੋਂ ਬਾਰੇ ਵੀ ਜਾਣਕਾਰੀ ਦਿੱਤੀ।ਅੰਤ ਵਿੱਚ ਪ੍ਰੋ. ਆਰ. ਕੇ. ਰਾਠੌ ਵੱਲੋਂ ਧੰਨਵਾਦ ਪ੍ਰਸਤਾਵ ਪੇਸ਼ ਕੀਤਾ ਗਿਆ।

## ਸਕੂਲ ਆਫ ਐਮੀਨੈਂਸ 'ਚ ਬਿਜ਼ਨੈੱਸ ਬਲਾਸਟਰ ਮੇਲਾ



**ਦੋਰਾਹਾ (ਹਰਮਿੰਦਰ ਸੇਠ)**-ਸਕੂਲ ਆਫ ਐਮੀਨੈਂਸ ਦੋਰਾਹਾ ਵੱਲੋਂ ਸਕੂਲ ਦੇ ਇੰਚਾਰਜ ਸ੍ਰੀ ਸੁਖਵੰਤ ਸਿੰਘ ਦੀ ਅਗਵਾਈ ਹੇਠ ਬਿਜ਼ਨਸ ਬਲਾਸਟਰ ਮੇਲੇ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਪ੍ਰੋਗਰਾਮ ਦੇ ਸਹਾਇਕ ਨੋਡਲ ਇੰਚਾਰਜ ਤੇ ਬਲਾਕ ਦੋਰਾਹਾ ਦੇ ਮਾਸਟਰ ਟ੍ਰੇਨਰ ਮਨਪ੍ਰੀਤ ਸਿੰਘ ਤੇ ਗਾਈਡੈਂਸ ਇੰਚਾਰਜ ਪਰਵੇਸ਼ ਕੁਮਾਰ ਵੱਲੋਂ ਵਿਦਿਆਰਥੀਆਂ ਨੂੰ ਮਾਰਗਦਰਸ਼ਨ ਦਿੱਤਾ ਗਿਆ।ਮੇਲੇ ਦੌਰਾਨ ਬਲਾਕ ਦੋਰਾਹਾ ਦੇ ਗਾਈਡੈਂਸ ਕੌਂਸਲਰ ਸ੍. ਬਲਜੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਦੌਰਾ ਕਰਦੇ ਹੋਏ ਸਮੂਹ ਗਤੀਵਿਧੀਆਂ ਦੀ ਨਿਗਰਾਨੀ ਕੀਤੀ।ਇਸ ਮੌਕੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਉਤਪਾਦਾਂ ਦੇ ਸਟਾਲ ਲਗਾ ਕੇ ਆਪਣੀ ਕਾਰੋਬਾਰੀ ਸੋਚ ਅਤੇ ਹੁਨਰ ਦਾ ਪ੍ਰਦਰਸ਼ਨ ਕੀਤਾ ਗਿਆ, ਜਦਕਿ ਕਈ ਤਰ੍ਹਾਂ ਦੀਆਂ ਸੇਵਾਵਾਂ ਵੀ ਪ੍ਰਦਾਨ ਕੀਤੀਆਂ ਗਈਆਂ।ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਉਪਰਾਲੇ ਵਿਦਿਆਰਥੀਆਂ ਵਿੱਚ ਉੱਦਮੀ ਸੋਚ ਨੂੰ ਉਤਸ਼ਾਹਤ ਕਰਨ ਦੇ ਨਾਲ-ਨਾਲ ਉਨ੍ਹਾਂ ਦੀਆਂ ਪ੍ਰਯੋਗਾਤਮਕ ਯੋਗਤਾਵਾਂ ਨੂੰ ਵੀ ਨਿਖਾਰਦੇ ਹਨ।

## ਧੋਖੇ ਨਾਲ ਪੈਸੇ ਕਢਾਉਣ ਦੇ ਦੋਸ਼ ਹੇਠ ਇੱਕ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਇੱਕ ਮਾਂ-ਪੁੱਤ ਦੇ ਬੈਂਕ ਖਾਤੇ 'ਚੋਂ ਧੋਖੇ ਨਾਲ ਲੱਖਾਂ ਰੁਪਏ ਆਪਣੇ ਖਾਤਿਆਂ ਵਿੱਚ ਟਰਾਂਸਫਰ ਕਰਨ ਦੇ ਕਥਿਤ ਮਾਮਲੇ ਵਿੱਚ ਸਾਈਬਰ ਕ੍ਰਾਈਮ ਪੁਲਿਸ ਵੱਲੋਂ ਇੱਕ ਵਿਅਕਤੀ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਮਨਜੀਤ ਕੌਰ ਨਾਮੀ ਔਰਤ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੋਸ਼ ਲਾਏ ਸਨ ਕਿ ਰਵਿੰਦਰ ਖਾਨ ਵਾਸੀ ਪਿੰਡ ਲੁਲੋਂ ਨੇ ਧੋਖੇ ਨਾਲ ਉਸਦੇ ਤੇ ਉਸਦੇ ਲੜਕੇ ਦੇ ਬੈਂਕ ਖਾਤਿਆਂ ਤੇ ਕ੍ਰੈਡਿਟ ਕਾਰਡਾਂ ਚੋਂ 15 ਲੱਖ 67 ਹਜ਼ਾਰ 300 ਰੁਪਏ ਆਪਣੇ ਖਾਤਿਆਂ ਵਿੱਚ ਟਰਾਂਸਫਰ ਕਰ ਲਏ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਰਵਿੰਦਰ ਖਾਨ ਵਾਸੀ ਪਿੰਡ ਲੁਲੋਂ ਵਿਰੁੱਧ ਅ/ਧ 406,420,506 ਆਈ.ਪੀ.ਐਸ. ਤਹਿਤ ਮੁਕੱਦਮਾ ਕਰਕੇ ਥਾਣਾ ਸਾਈਬਰ ਕ੍ਰਾਈਮ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

## ਅਕਾਲੀ ਦਲ ਵੱਲੋਂ ਬਿਜਲੀ ਦੇ ਨਾਕਸ ਪ੍ਰਬੰਧਾਂ ਖਿਲਾਫ ਧਰਨਾ



**ਸਮਰਾਲਾ (ਸੁਰਜੀਤ ਸਿੰਘ)**-'ਕਹਿਰ ਦੀ ਗਰਮੀ ਦੇ ਮੌਸਮ ਦੀ ਸ਼ੁਰੂਆਤ ਵਿੱਚ ਹੀ ਪੰਜਾਬ ਵਿੱਚ ਨਾਕਸ ਬਿਜਲੀ ਸਪਲਾਈ ਤੇ ਲੱਗ ਰਹੇ ਲੰਮੇ ਪਾਵਰ ਕੱਟਾਂ ਤੋਂ ਪੰਜਾਬ ਦੇ ਲੋਕ ਤੰਗ ਆ ਚੁੱਕੇ ਹਨ।' ਇਹ ਵਿਚਾਰ ਸ਼੍ਰੋਮਣੀ ਅਕਾਲੀ ਦਲ ਵੱਲੋਂ ਐਕਸੀਅਨ ਦਫਤਰ ਘੁਲਾਲ ਵਿਖੇ ਦਿੱਤੇ ਵਿਸ਼ਾਲ ਧਰਨੇ ਨੂੰ ਸੰਬੋਧਨ ਕਰਦਿਆਂ ਵਿਧਾਨ ਸਭਾ ਹਲਕਾ ਸਮਰਾਲਾ ਦੇ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਨੇ ਪ੍ਰਗਟ ਕੀਤੇ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਰ ਫਰੰਟ 'ਤੇ ਬੁਰੀ ਤਰ੍ਹਾਂ ਅਸਫਲ ਹੀ ਚੁੱਕੀ ਹੈ।ਉਨ੍ਹਾਂ ਕਿਹਾ ਕਿ ਇਸ ਸਮੇਂ ਨਾ ਤਾਂ ਝੋਨੇ ਦੀ ਫਸਲ ਲਈ ਬਿਜਲੀ ਦੀ ਲੋੜ ਹੈ ਤੇ ਨਾ ਹੀ ਬਿਜਲੀ ਸਪਲਾਈ ਸਿਸਟਮ 'ਤੇ ਕੋਈ ਵਾਧੂ ਲੋਡ ਹੀ ਚਲਦਾ ਹੈ।ਬਿਜਲੀ ਮਹਿਕਮਾ ਇਸ ਤਰ੍ਹਾਂ ਦੇ ਸੁਖਾਵੇਂ ਮਾਹੌਲ ਵਿੱਚ ਵੀ ਪੰਜਾਬ ਦੇ ਲੋਕਾਂ ਨੂੰ ਸੁਚਾਰੂ ਬਿਜਲੀ ਸਪਲਾਈ ਦੇਣ ਵਿੱਚ ਵੀ ਬੁਰੀ ਤਰ੍ਹਾਂ ਨਾਕਾਮ ਰਿਹਾ ਹੈ।ਉਨ੍ਹਾਂ ਕਿਹਾ ਕਿ ਬਿਜਲੀ ਦੇ ਨਾਕਸ ਪ੍ਰਬੰਧਾਂ ਤੋਂ ਅੱਕੇ ਹੋਏ ਲੋਕਾਂ ਨੂੰ ਆਪਣੇ ਹੱਕ ਲੈਣ ਲਈ ਸੜਕਾਂ 'ਤੇ ਉਤਰਨਾ ਪੈ ਰਿਹਾ ਹੈ। ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਇਹ ਸਰਕਾਰ ਲੋਕਾਂ ਨੂੰ ਝੂਠ ਬੋਲ ਕੇ ਸੱਤਾ ਵਿੱਚ ਆਈ ਤੇ ਲੋਕਾਂ ਦੀਆਂ ਆਸਾਂ 'ਤੇ ਪੂਰਾ ਨਹੀਂ ਉੱਤਰੀ।ਹੁਣ ਲੋਕ ਮੁੜ ਅਕਾਲੀ ਸਰਕਾਰ ਨੂੰ ਹੀ ਚਾਹੁੰਦੇ ਹਨ।ਅਕਾਲੀ ਆਗੂ ਨੇ ਕਿਹਾ ਕਿ ਬਿਜਲੀ ਦੇ ਲੰਬੇ ਕੱਟਾਂ ਕਾਰਨ ਪੰਜਾਬ ਦੇ ਲੋਕਾਂ ਅੰਦਰ ਹਾਹਾਕਾਰ ਮੱਚੀ ਪਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਅੱਜ ਅਮਨ ਕਾਨੂੰਨ ਨਾਂ ਦੀ ਕੋਈ ਚੀਜ਼ ਨਹੀਂ ਹੈ, ਦਿਨ ਦਿਹਾੜੇ ਲੁੱਟਾਂ ਖੋਹਾਂ ਹੋ ਰਹੀਆਂ ਹਨ, ਕਤਲ ਹੋ ਰਹੇ ਹਨ, ਗੋਲੀਆਂ ਚੱਲ ਰਹੀਆਂ, ਫਿਰੌਤੀਆਂ ਮੰਗੀਆਂ ਜਾ ਰਹੀਆਂ ਹਨ।ਇਸ ਤੋਂ ਇਲਾਵਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ, ਉਨ੍ਹਾਂ ਵਿੱਚੋਂ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ, ਪੰਜਾਬ ਅੰਦਰ ਸੱਤਾ ਵੀ ਲੋਕਾਂ ਨਾਲ ਝੂਠੇ ਵਾਅਦੇ ਕਰਕੇ ਹਾਸਲ ਕੀਤੀ ਹੈ, ਪ੍ਰੰਤੂ ਹੁਣ ਪੰਜਾਬ ਦੇ ਲੋਕ ਸਮਝ ਚੁੱਕੇ ਹਨ ਤੇ ਇਨ੍ਹਾਂ ਨੂੰ ਮੁੜ ਮੂੰਹ ਨਹੀਂ ਲਾਉਣਗੇ।

## ਬਿਜਲੀ ਕੱਟਾਂ ਖ਼ਿਲਾ.ਫ ਐੱਸ ਡੀ ਐੱਮ ਦ.ਫਤਰ ਅੱਗੇ ਰੋਸ ਧਰਨਾ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਨਿਹਾਲ ਸਿੰਘ ਵਾਲਾ ਦੇ ਇੰਚਾਰਜ ਰਾਜਵਿੰਦਰ ਸਿੰਘ ਧਰਮਕੋਟ ਦੀ ਅਗਵਾਈ ਹੇਠ ਨਿਹਾਲ ਸਿੰਘ ਵਾਲਾ ਵਿਖੇ ਬਿਜਲੀ ਕੱਟਾਂ ਸਬੰਧੀ ਪੰਜਾਬ ਸਰਕਾਰ ਖ਼ਿਲਾਫ਼ ਐੱਸ.ਡੀ.ਐੱਮ. ਦਫ਼ਤਰ ਨਿਹਾਲ ਸਿੰਘ ਵਾਲਾ ਅੱਗੇ ਰੋਸ ਧਰਨਾ ਦਿੱਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਦਿਹਾਤੀ ਪ੍ਰਧਾਨ ਨਿਹਾਲ ਸਿੰਘ ਭੁੱਲਰ, ਜ਼ਿਲ੍ਹਾ ਸ਼ਹਿਰੀ ਪ੍ਰਧਾਨ ਖਣਮੁਖ ਭਾਰਤੀ ਪੱਤੋ, ਰਾਜਵਿੰਦਰ ਸਿੰਘ ਧਰਮਕੋਟ, ਰਣਵਿੰਦਰ ਸਿੰਘ ਰਾਮੂੰਵਾਲਾ, ਹਰਭੁਪਿੰਦਰ ਸਿੰਘ ਲਾਡੀ ਬੁੱਟਰ ਨੇ ਕਿਹਾ ਕਿ ਪੰਜਾਬ ਅੰਦਰ ਬਿਜਲੀ ਦੇ ਲੰਬੇ ਲੰਬੇ ਲੱਗ ਰਹੇ ਕੱਟਾਂ ਕਾਰਨ ਲੋਕਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਪਰ ਭਗਵੰਤ ਮਾਨ ਦੀ ਸਰਕਾਰ ਚੌਵੀ ਘੰਟੇ ਬਿਜਲੀ ਸਪਲਾਈ ਦੇਣ ਦੇ ਵੱਡੇ ਵੱਡੇ ਝੂਠ ਮਾਰ ਰਹੀ ਹੈ।ਗਰਮੀ ਸ਼ੁਰੂ ਹੋਣ ਸਾਰ ਹੀ ਬਿਜਲੀ ਸਪਲਾਈ ਦੇ ਲੱਗ ਰਹੇ ਲੰਬੇ ਲੰਬੇ ਕੱਟਾਂ ਕਾਰਨ ਲੋਕਾਂ ਦਾ ਜਿਉਣਾ ਮੁਹਾਲ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਅਕਾਲੀ ਦਲ ਦੀ ਸਰਕਾਰ ਸਮੇਂ ਬਿਜਲੀ ਸਪਲਾਈ ਨੂੰ ਸਰਪਲੱਸ ਕਰਨ ਲਈ ਪੰਜਾਬ ਅੰਦਰ ਅਨੇਕਾਂ ਪਾਵਰ ਪਲਾਂਟ ਲਗਾਏ ਗਏ।ਉਕਤ ਆਗੂਆਂ ਨੇ ਕਿਹਾ ਕਿ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਕਾਮਯਾਬ ਕੀਤਾ ਜਾਵੇ ਤੇ ਸੁਖਬੀਰ ਸਿੰਘ ਬਾਦਲ ਨੂੰ ਮੁੱਖ ਮੰਤਰੀ ਬਣਾਇਆ ਜਾਵੇ।ਇਸ ਮੌਕੇ ਚਰਨਜੀਤ ਸਿੰਘ ਡਾਲਾ, ਅਜੀਤਪਾਲ ਸਿੰਘ ਰਣੀਆਂ, ਹਰਪ੍ਰੀਤ ਸਿੰਘ ਲਵਲੀ ਘੋਲੀਆ, ਇੰਦਰਜੀਤ ਸਿੰਘ ਭਾਗੀਕੇ, ਪ੍ਰਧਾਨ ਬਲਕਰਨ ਸਿੰਘ ਮਾਣੂੰਕੇ, ਸਰਪੰਚ ਗੁਰਮੀਤ ਸਿੰਘ ਭੋਲਾ ਦੀਨਾ, ਪ੍ਰਧਾਨ ਰੁਪਿੰਦਰ ਸਿੰਘ ਦੀਦਾਰੇ ਵਾਲਾ, ਸੁਰਜੀਤ ਸਿੰਘ ਨੰਗਲ, ਪਰਮਿੰਦਰ ਸਿੰਘ ਖੋਟੇ, ਜਸਵਿੰਦਰ ਸਿੰਘ ਖੋਟੇ, ਪ੍ਰਧਾਨ ਵਿਜੇ ਕੁਮਾਰ, ਅਮਨਿੰਦਰ ਸਿੰਘ ਬੁੱਟਰ, ਸੁਖਮੰਦਰ ਸਿੰਘ ਮੱਦੋਕੇ, ਬਲਵੀਰ ਸਿੰਘ ਸੈਦੋਕੇ, ਚਰਨਜੀਤ ਸਿੰਘ ਝੰਡੇਆਣਾ, ਪ੍ਰਧਾਨ ਸੁਰਜੀਤ ਸਿੰਘ ਰਣਸੀਂਹ, ਸਤਪਾਲ ਸਿੰਘ ਮੀਨੀਆਂ, ਸੁਖਦੇਵ ਸਿੰਘ ਰਣਸੀਂਹ, ਅਜਮੇਰ ਸਿੰਘ ਦੀਨਾ, ਸੁਖਪਾਲ ਸਿੰਘ ਘੋਲੀਆ, ਹਰਮੇਲ ਸਿੰਘ ਬੁੱਟਰ, ਗੁਰਮੇਲ ਸਿੰਘ ਦੀਨਾ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸ਼੍ਰੋਮਣੀ ਅਕਾਲੀ ਦੇ ਆਗੂ ਤੇ ਵਰਕਰ ਹਾਜ਼ਰ ਸਨ।

## ਸਰਕਾਰ ਸੂਬੇ ਦੇ ਮੁਢਲੇ ਢਾਂਚੇ ਨੂੰ ਵਿਕਸਿਤ ਕਰਨ ਲਈ ਪ੍ਰਤੀਬੱਧ : ਵਿਧਾਇਕ ਸਿੰਗਲਾ



**ਭੀਖੀ (ਧਰਮਵੀਰ ਸ਼ਰਮਾ)**-ਹਲਕਾ ਵਿਧਾਇਕ ਵਿਜੈ ਸਿੰਗਲਾ ਨੇ ਭੀਖੀ ਵਿਖੇ ਸ਼ਹਿਰੀ ਮੁੱਢਲਾ ਸਿਹਤ ਕੇਂਦਰ ਤੇ ਭੀਖੀ ਧਨੌਲਾ ਸੜਕ ਦੇ ਦਰਜਾ ਵਿਸਥਾਰ ਦੇ ਨੀਂਹ ਪੱਥਰ ਰੱਖਦੇ ਹੋਏ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਰਕਾਰ ਸੂਬੇ ਦੇ ਮੁੱਢਲੇ ਢਾਂਚੇ ਨੂੰ ਵਿਕਸਿਤ ਕਰਨ ਤੇ ਨਾਗਰਿਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਪ੍ਰਤੀਬੱਧ ਹਨ। ਉਨ੍ਹਾਂ ਦੱਸਿਆ ਕਿ ਨਗਰ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਬੇਹਤਰ ਕਰਨ ਲਈ ਮੁਹੱਲਾ ਕਲੀਨਿਕ ਤੋਂ ਇਲਾਵਾ ਹੁਣ ਇਥੇ ਇੱਕ ਸ਼ਹਿਰੀ ਮੁੱਢਲਾ ਸਿਹਤ ਕੇਂਦਰ ਉਸਾਰਿਆ ਜਾ ਰਿਹਾ ਹੈ, ਜਿਸ ਵਿੱਚ 3 ਡਾਕਟਰਾਂ ਦੀ ਤੈਨਾਤੀ ਤੋਂ ਇਲਾਵਾ ਸਿਹਤ ਨਾਲ ਸਬੰਧਤ ਹੋਰ ਵੀ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਸ ਕੇਂਦਰ ਦੀ ਉਸਾਰੀ 'ਤੇ ਇੱਕ ਕਰੋੜ 15 ਲੱਖ ਰੁਪਏ ਖਰਚੇ ਜਾਣਗੇ। ਉਨ੍ਹਾਂ ਭੀਖੀ ਵਿਖੇ ਚੱਲ ਰਹੀ ਸੀ.ਐੱਚ.ਸੀ. ਨੂੰ ਇਥੋਂ ਤਬਦੀਲ ਕਰਨ ਦੀਆਂ ਚਰਚਾਵਾਂ ਨੂੰ ਅਫਵਾਹ ਦੱਸਦਿਆਂ ਕਿਹਾ ਕਿ ਇਸ ਹਸਪਤਾਲ ਦੀ ਬਿਲਡਿੰਗ ਲਈ 9 ਕਰੋੜ 87 ਲੱਖ ਰੁਪਏ ਦੇ ਤਖਮੀਨੇ ਮਨਜ਼ੂਰ ਕੀਤੇ ਗਏ ਹਨ। ਅਗਾਮੀ ਮਹੀਨਿਆਂ ਵਿੱਚ ਇਸ ਹਸਪਤਾਲ ਦੀ ਉਸਾਰੀ ਦਾ ਵੀ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਇਲਾਕੇ ਵਿਚੋਂ ਗੁਜ਼ਰਦੇ ਭਵਾਨੀਗੜ੍ਹ-ਕੋਟਸ਼ਮੀਰ ਮੁੱਖ ਮਾਰਗ ਦੀ ਮੁਰੰਮਤ ਦੇ ਕਾਰਜ ਵੀ ਜਲਦੀ ਸ਼ੁਰੂ ਹੋਣਗੇ। ਵਿਧਾਇਕ ਸਿੰਗਲਾ ਨੇ ਕਿਹਾ ਕਿ ਭੀਖੀ-ਧਨੌਲਾ ਸੜਕ ਦੇ ਨਵੀਨੀਕਰਨ ਦੇ ਕੰਮ ਸ਼ੁਰੂ ਕੀਤੇ ਗਏ ਹਨ ਤੇ ਨਾਲ ਨਾਲ ਵੱਖ ਵੱਖ ਪਿੰਡਾਂ ਦੀਆਂ ਫਿਰਨੀਆਂ ਤੇ ਸੰਪਰਕ ਸੜਕਾਂ ਦੇ ਨਿਰਮਾਣ ਵੀ ਆਰੰਭੇ ਹੋਏ ਹਨ ਤਾਂ ਜੋ ਲੋਕਾਂ ਨੂੰ ਆਵਾਜਾਈ ਦੌਰਾਨ ਕੋਈ ਦਿੱਕਤ ਪੇਸ਼ ਨਾ ਆਵੇ। ਇਸ ਮੌਕੇ ਸੀ.ਐੱਮ.ਓ. ਡਾ. ਰਣਜੀਤ ਸਿੰਘ ਰਾਏ, ਜ਼ਿਲ੍ਹਾ ਪ੍ਰੋਗਰਾਮ ਅਫਸਰ ਅਵਤਾਰ ਸਿੰਘ, ਕਾਰਜਕਾਰੀ ਇੰਜੀਨੀਅਰ ਪ੍ਰਤੀਕ ਸਿੰਗਲਾ, ਉਪ ਮੰਡਲ ਅਫਸਰ ਜਤਿੰਦਰ ਕੁਮਾਰ, ਮਾਰਕਿਟ ਕਮੇਟੀ ਭੀਖੀ ਦੇ ਚੇਅਰਮੈਨ ਮਾ. ਵਰਿੰਦਰ ਸੋਨੀ, ਕੌਂਸਲਰ ਪ੍ਰੇਮ ਕੁਮਾਰ ਗਰਗ, ਕਿਸਾਨ ਵਿੰਗ ਦੇ ਕੋਆਰਡੀਨੇਟਰ ਗੁਰਬਚਨ ਸਿੰਘ ਜਵੰਧਾ, ਕੌਂਸਲਰ ਰਜਿੰਦਰ ਕੌਰ, ਡਾ. ਮਨਪ੍ਰੀਤ ਸਿੰਘ ਹਾਜ਼ਰ ਸਨ।

## ਪੈਨਸ਼ਨਰ ਵੈੱਲ.ਫੇਅਰ ਐਸੋਸੀਏਸ਼ਨ ਨੇ ਮਈ ਦਿਵਸ ਮਨਾਇਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**

ਦੀ ਪੈਨਸ਼ਨਰ ਵੈਲਫ਼ੇਅਰ ਐਸੋਸੀਏਸ਼ਨ ਵੱਲੋਂ ਮਈ ਦਿਵਸ ਪੈਨਸ਼ਨਰ ਭਵਨ ਵਿਖੇ ਮਨਾਇਆ ਗਿਆ।ਐਸੋਸੀਏਸ਼ਨ ਨੇ ਮਈ ਦਿਵਸ ਨੂੰ ਕੇਂਦਰ ਤੇ ਪੰਜਾਬ ਸਰਕਾਰ ਵਿਰੋਧੀ ਦਿਵਸ ਵਜੋਂ ਮਨਾਇਆ ਗਿਆ।ਸਾਥੀ ਰਾਮ ਸਰੂਪ ਢੈਪਈ ਨੇ ਐਸੋਸੀਏਸ਼ਨ ਦਾ ਝੰਡਾ ਲਹਿਰਾਇਆ ਤੇ ਇਕੱਠੇ ਹੋਏ ਪੈਨਸ਼ਨਰਾਂ ਨੇ ਸ਼ਰਧਾਂਜਲੀ ਭੇਟ ਕੀਤੀ।ਬੁਲਾਰਿਆਂ ਨੇ ਮੁੱਖ ਤੌਰ 'ਤੇ ਕੇਂਦਰ ਦੇ ਮਜ਼ਦੂਰ ਮਾਰੂ ਫ਼ੈਸਲਿਆਂ ਦੀ ਨੁਕਤਾਚੀਨੀ ਕੀਤੀ।ਦੇਸ਼ ਦੇ ਮੌਜੂਦਾ ਸ਼ਾਸਕਾਂ ਵਲੋਂ ਲੋਕਤੰਤਰ ਦੇ ਕੀਤੇ ਜਾ ਰਹੇ ਘਾਣ ਤੇ ਉਨ੍ਹਾਂ ਦੀਆਂ ਫਿਰਕਾਪ੍ਰਸਤੀ ਵਾਲੀ ਸੋਚ ਨੂੰ ਭੰਡਿਆ।ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਦੀ ਅਦਾਇਗੀ ਸਬੰਧੀ ਮਾਨਯੋਗ ਹਾਈਕੋਰਟ ਦੇ ਹੁਕਮਾਂ ਨੂੰ ਲਾਗੂ ਨਾ ਕਰਨ ਦੀ ਬੁਲਾਰਿਆਂ ਨੇ ਜ਼ੋਰਦਾਰ ਨਿਖੇਧੀ ਕਰਦਿਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪਿਛਲੀਆਂ ਸਰਕਾਰਾਂ ਵਾਂਗ ਮੌਜੂਦਾ ਭਗਵੰਤ ਮਾਨ ਸਰਕਾਰ ਨੂੰ ਵੀ ਸਬਕ ਸਿਖਾਉਣ 'ਤੇ ਜ਼ੋਰ ਦਿੱਤਾ ਤੇ ਸ਼ਿਕਾਗੋ ਦੇ ਸ਼ਹੀਦਾਂ ਦੀ ਸੋਚ ਅਤੇ ਸੁਪਨਿਆਂ ਨੂੰ ਸਾਕਾਰ ਕਰਨ ਕਰਨ ਲਈ ਅੱਗੇ ਪ੍ਰੋਗਰਾਮ ਬਣਾਉਣ ਦਾ ਫ਼ੈਸਲਾ ਲਿਆ ਭਵਿੱਖ ਵਿੱਚ ਸਰਕਾਰ ਵਿਰੋਧੀ ਸੰਘਰਸ਼ਾਂ ਦੀਆਂ ਤਿਆਰੀਆਂ ਕਰਨ ਦਾ ਫੈਸਲਾ ਲਿਆ।

ਸ਼ਹੀਦੀ ਸਮਾਗਮ ਨੂੰ ਬਲਵਿੰਦਰ ਸਿੰਘ ਜਿਲੇਦਾਰ, ਅੰਗਰੇਜ਼ ਸਿੰਘ ਚੀਮਾਂ, ਭੁਪਿੰਦਰ ਸਿੰਘ ਛਾਜਲੀ, ਤਰਕਸ਼ੀਲ ਸੁਸਾਇਟੀ ਦੇ ਵਿਸਵਕਾਂਤ ਸ਼ਰਮਾ, ਹਜ਼ੂਰਾ ਸਿੰਘ ਬਿਰਛ ਲਾਲ ਧੀਮਾਨ, ਪਵਨ ਕੁਮਾਰ ਸ਼ਰਮਾ, ਰਣਜੀਤ ਸਿੰਘ ਛਾਜਲਾ, ਨਰਿੰਦਰ ਸ਼ਰਮਾ, ਜਸਵੰਤ ਸਿੰਘ ਅਸਮਾਨੀ, ਹਰਜਸ ਸਿੰਘ ਅੰਬੇਦਕਰ ਸਭਾ, ਸ੍ਰੀ ਰਾਮ ਗਰਗ, ਲਾਭ ਸਿੰਘ ਛਾਜਲਾ, ਕਾਮਰੇਡ ਹਰਦੇਵ ਸਿੰਘ ਕਿਸਾਨ ਸਭਾ, ਐਡਵੋਕੇਟ ਕਾਮਰੇਡ ਸੰਪੂਰਨ ਸਿੰਘ ਛਾਜਲੀ, ਦਰਸ਼ਨ ਸਿੰਘ ਮੱਟੂ ਭੂਰੂ, ਉਜਾਗਰ ਸਿੰਘ ਜੱਗਾ ਮੁਲਾਜ਼ਮ ਆਗੂ ਨੇ ਸੰਬੋਧਨ ਕੀਤਾ ਅਤੇ ਮੰਚ ਸੰਚਾਲਨ ਜੀਤ ਸਿੰਘ ਬੰਗਾ ਜਰਨਲ ਸਕੱਤਰ ਨੇ ਕੀਤਾ।ਪ੍ਰੋਗਰਾਮ ਦੇ ਆਖਿਰ ਵਿੱਚ ਰਾਮ ਸਰੂਪ ਢੈਪਈ ਪ੍ਰਧਾਨ ਨੇ ਭਵਿੱਖ ਵਿੱਚ ਹੋਣ ਵਾਲੇ ਸੰਘਰਸ਼ਾਂ ਦੀ ਜ਼ੋਰਦਾਰ ਤਿਆਰੀ ਕਰਨ ਅਤੇ ਸੰਘਰਸ਼ਾਂ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ ਸਾਰੇ ਪੈਨਸ਼ਨਰਾਂ ਤੇ ਭਰਾਤਰੀ ਜਥੇਬੰਦੀਆਂ ਦਾ ਧੰਨਵਾਦ ਕੀਤਾ।

## ਤਰਖਾਣਵਾਲਾ ਵਿਖੇ ਸੰਤੁਲਤ ਖਾਦ ਵਰਤੋਂ ਸੰਬੰਧੀ ਟ੍ਰੇਨਿੰਗ ਕੈਂਪ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ, ਓਮ ਪ੍ਰਕਾਸ਼ ਸ਼ੇਖੂ)**-ਖਾਦਾਂ ਦੀ ਸੰਤੁਲਤ ਤੇ ਸੁਚੱਜੀ ਵਰਤੋਂ ਨੂੰ ਉਤਸ਼ਾਹਤ ਕਰਨ ਲਈ ਚੱਲ ਰਹੀ ਮੁਹਿੰਮ ਤਹਿਤ ਕ੍ਰਿਸ਼ੀ ਵਿਗਿਆਨ ਕੇਂਦਰ, ਸ੍ਰੀ ਮੁਕਤਸਰ ਸਾਹਿਬ ਵੱਲੋਂ ਪਿੰਡ ਤਰਖਾਣਵਾਲਾ ਵਿਖੇ ਇੱਕ ਜਾਗਰੂਕਤਾ ਤੇ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ।ਟ੍ਰੇਨਿੰਗ ਕੈਂਪ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਸੁਧਾਰਣ, ਖਾਦਾਂ ਦੀ ਸੰਤੁਲਿਤ ਵਰਤੋਂ ਅਤੇ ਸਰਵਪੱਖੀ ਖੁਰਾਕੀ ਤੱਤ ਪ੍ਰਬੰਧਨ ਬਾਰੇ ਜਾਣਕਾਰੀ ਦੇਣਾ ਸੀ।ਡਾ. ਕਰਮਜੀਤ ਸ਼ਰਮਾ, ਐਸੋਸੀਏਟ ਡਾਇਰੈਕਟਰ, ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਖਾਦਾਂ ਦੀ ਅਸੰਤੁਲਤ ਵਰਤੋਂ ਨਾਲ ਹੋਣ ਵਾਲੇ ਨੁਕਸਾਨਾਂ ਤੇ ਇਸ ਦੇ ਵਾਤਾਵਰਣ ਤੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ।ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਮਿੱਟੀ ਦੀ ਸਿਹਤ ਨੂੰ ਬਰਕਰਾਰ ਰੱਖਣ ਲਈ ਮਿੱਟੀ ਪਰਖ ਅਧਾਰਤ ਖਾਦ ਵਰਤੋਂ ਬਹੁਤ ਜ਼ਰੂਰੀ ਹੈ ਤੇ ਕਿਸਾਨਾਂ ਨੂੰ ਸਿਫ਼ਾਰਸ਼ਾਂ ਅਨੁਸਾਰ ਹੀ ਖਾਦਾਂ ਦੀ ਵਰਤੋਂ ਕਰਨੀ ਚਾਹੀਦੀ ਹੈ।ਇਸ ਦੌਰਾਨ ਡਾ. ਸੁਖਜਿੰਦਰ ਸਿੰਘ, ਸਹਾਇਕ ਪ੍ਰੋਫ਼ੈਸਰ ਨੇ ਸਰਬਪੱਖੀ ਖੁਰਾਕੀ ਤੱਤ ਪ੍ਰਬੰਧਨ, ਜੈਵਿਕ ਸਰੋਤਾਂ ਦੀ ਵਰਤੋਂ, ਹਰੀ ਖਾਦ ਤੇ ਫਸਲੀ ਅਵਸ਼ੇਸ਼ ਪ੍ਰਬੰਧਨ ਦੀ ਅਹਿਮੀਅਤ ਬਾਰੇ ਵਿਸਥਾਰ ਨਾਲ ਚਰਚਾ ਕੀਤੀ।ਉਨ੍ਹਾਂ ਦੱਸਿਆ ਕਿ ਖਾਦਾਂ ਦੀ ਲੋੜ ਮੁਤਾਬਕ ਵਰਤੋਂ ਨਾਲ ਖਰਚ ਘਟਾਇਆ ਜਾ ਸਕਦਾ ਹੈ ਤੇ ਫ਼ਸਲਾਂ ਦੀ ਉਤਪਾਦਕਤਾ ਵਿੱਚ ਵਾਧਾ ਕੀਤਾ ਜਾ ਸਕਦਾ ਹੈ।ਕੈਂਪ ਦੌਰਾਨ ਡਾ. ਗੁਰਵਿੰਦਰ ਸਿੰਘ, ਸਹਾਇਕ ਪ੍ਰੋਫ਼ੈਸਰ ਕਿਸਾਨਾਂ ਨੂੰ ਖਾਦਾਂ ਦੀ ਕਮੀ ਦੇ ਸਮੇਂ ਵਿਕਲਪਿਕ ਖਾਦਾਂ ਦੀ ਵਰਤੋਂ, ਪੱਤਾ ਰੰਗ ਚਾਰਟ ਰਾਹੀਂ ਨਾਈਟ੍ਰੋਜਨ ਪ੍ਰਬੰਧਨ ਤੇ ਸੂਖਮ ਪੋਸ਼ਕ ਤੱਤਾਂ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ ਗਈ।ਕਿਸਾਨਾਂ ਨੇ ਵੀ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਆਪਣੀਆਂ ਮੁਸ਼ਕਲਾਂ ਸੰਬੰਧੀ ਸਵਾਲ ਪੁੱਛੇ ਤੇ ਮੌਕੇ 'ਤੇ ਹੀ ਵਿਗਿਆਨੀਆਂ ਵੱਲੋਂ ਉਨ੍ਹਾਂ ਦੇ ਸੰਤੁਸ਼ਟੀਭਰਪੂਰ ਉੱਤਰ ਦਿੱਤੇ ਗਏ।

## ਪੰਜਾਬ ਪਬਲਿਕ ਸਕੂਲ ਦੇ ਵਿਦਿਆਰਥੀਆਂ 10ਵੀਂ ਤੇ 12ਵੀਂ ਦੇ ਨਤੀਜਿਆਂ 'ਚ ਮਾਰੀ ਬਾਜ਼ੀ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਪਬਲਿਕ ਸਕੂਲ ਨਾਭਾ ਦੇ ਵਿਦਿਆਰਥੀਆਂ ਨੇ ਆਈਸੀਐੱਸਈ 10ਵੀਂ ਤੇ 12ਵੀਂ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਿਸ ਦੇ ਨਤੀਜੇ ਅੱਜ ਕੌਂਸਲ ਫਾਰ ਦ ਇੰਡੀਅਨ ਸਕੂਲ ਸਰਟੀਫਿਕੇਟ ਐਗਜ਼ਾਮੀਨੇਸ਼ਨ ਨਵੀਂ ਦਿੱਲੀ ਦੁਆਰਾ ਐਲਾਨੇ ਗਏ, ਜਿਸ ਵਿੱਚ ਆਈਸੀਐੱਸਈ 10ਵੀਂ ਵਿੱਚ ਤਨਮਯ ਸਿੰਗਲ 97.4% ਅੰਕਾਂ ਨਾਲ ਪਹਿਲੇ, ਜਦਕਿ ਜਸ਼ਨਪ੍ਰੀਤ ਕੌਰ 97.2% ਅੰਕਾਂ ਨਾਲ ਦੂਜੇ ਸਥਾਨ 'ਤੇ ਰਹੀ।ਤੇਜਸਵੀਰ ਬਡਿਆਲ ਤੇ ਹਰਵਰਿਸ ਸਿੰਘ 96.2% ਅੰਕਾਂ ਨਾਲ ਤੀਜੇ ਸਥਾਨ 'ਤੇ ਰਹੇ।ਆਈਐੱਸਸੀ ਵਿੱਚ ਅਨਾਹਤਜੋਤ ਕੌਰ ਹਰੀ (ਸਾਇੰਸ) 99.8% ਅੰਕਾਂ ਨਾਲ ਪਹਿਲੇ ਸਥਾਨ 'ਤੇ ਰਹੀ।ਅਨਿਆ ਬਾਠ ਤੇ ਅਕਾਸ਼ਵੀਰ ਸਿੰਘ (ਹਿਊਮੈਨਿਟੀਜ਼) ਅਤੇ ਇਸ਼ਮੀਤ ਕੌਰ ਤੇ ਨਮਨ ਗੋਇਲ (ਸਾਇੰਸ) 99% ਅੰਕਾਂ ਨਾਲ ਦੂਜੇ ਸਥਾਨ 'ਤੇ ਰਹੇ।ਮਨਤੇਸ਼ਵਰ ਸਿੰਘ ਰਾਣੂ (ਹਿਊਮੈਨਿਟੀਜ਼) 98.5% ਅੰਕਾਂ ਨਾਲ ਤੀਜੇ ਸਥਾਨ 'ਤੇ ਰਹੇ।ਹਿਊਮੈਨਿਟੀਜ਼ ਸਟ੍ਰੀਮ ਵਿੱਚ, ਅਨਿਆ ਬਾਠ ਤੇ ਅਕਾਸ਼ਵੀਰ ਸਿੰਘ 99% ਅੰਕਾਂ ਨਾਲ ਪਹਿਲੇ ਸਥਾਨ 'ਤੇ ਰਹੇ।ਮਨਤੇਸ਼ਵਰ ਸਿੰਘ ਰਾਣੂ 98.5% ਅੰਕਾਂ ਨਾਲ ਤੀਜੇ ਸਥਾਨ 'ਤੇ ਰਹੇ।ਕਾਮਰਸ ਸਟ੍ਰੀਮ ਵਿੱਚ, ਚਰਨਪ੍ਰੀਤ ਕੌਰ ਸੌਂਦ 97.8% ਅੰਕਾਂ ਨਾਲ ਪਹਿਲੇ ਸਥਾਨ 'ਤੇ ਰਹੀ।ਨਵਰਾਜ ਸਿੰਘ 96.5% ਅੰਕਾਂ ਨਾਲ ਦੂਜੇ ਸਥਾਨ 'ਤੇ ਰਹੇ, ਜਦਕਿ ਜਪਤੇਸ਼ ਸਿੰਘ 96.3% ਅੰਕਾਂ ਨਾਲ ਤੀਜੇ ਸਥਾਨ 'ਤੇ ਰਹੇ।ਸਾਇੰਸ ਸਟ੍ਰੀਮ ਵਿੱਚ ਅਨਾਹਤਜੋਤ ਕੌਰ ਹਰੀ 99.8% ਅੰਕਾਂ ਨਾਲ ਪਹਿਲੇ, ਇਸ਼ਮੀਤ ਕੌਰ ਤੇ ਨਮਨ ਗੋਇਲ 99% ਅੰਕਾਂ ਨਾਲ ਦੂਜੇ ਸਥਾਨ 'ਤੇ ਰਹੇ।ਇਸ ਮੌਕੇ ਹੈੱਡਮਾਸਟਰ ਡਾ. ਡੀ. ਸੀ. ਸ਼ਰਮਾ ਨੇ ਮੈਨੇਜਮੈਂਟ ਵੱਲੋਂ ਸਟਾਫ਼, ਵਿਦਿਆਰਥੀਆਂ, ਮਾਪਿਆਂ ਤੇ ਸਾਰੇ ਸੰਬੰਧਤਾਂ ਨੂੰ 10ਵੀਂ ਤੇ 12ਵੀਂ ਜਮਾਤਾਂ ਵਿੱਚ ਸ਼ਾਨਦਾਰ ਨਤੀਜਿਆਂ ਲਈ ਵਧਾਈ ਦਿੱਤੀ।

## ਯੂ ਪੀ ਐਸ ਸੀ ਟੌਪਰ ਸਿਮਰਨਦੀਪ ਕੌਰ ਨਾਲ ਅਕਾਦਮਿਕ ਵਿਕਾਸ ਸੈਸ਼ਨ ਦਾ ਆਯੋਜਨ




**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸਿੱਖਿਆ ਵਿਭਾਗ ਵੱਲੋਂ ਯੂਪੀਐਸਸੀ ਟੌਪਰ ਸਿਮਰਨਦੀਪ ਕੌਰ, ਜਿਨ੍ਹਾਂ ਨੇ ਨਾਗਰਿਕ ਸੇਵਾਵਾਂ ਪ੍ਰੀਖਿਆ ਵਿੱਚ ਅਖਿਲ ਭਾਰਤੀ ਰੈਂਕ 15 ਹਾਸਲ ਕੀਤੀ ਹੈ, ਦੇ ਨਾਲ ਇੱਕ ਪ੍ਰੇਰਣਾਦਾਇਕ ਅਕਾਦਮਿਕ ਵਿਕਾਸ ਸਤਰ ਸਫ਼ਲਤਾਪੂਰਵਕ ਆਯੋਜਤ ਕੀਤਾ ਗਿਆ।ਡਾ. ਹਰਨੀਤ ਬਿਲਿੰਗ, ਮੁਖੀ ਸਿੱਖਿਆ ਵਿਭਾਗ ਨੇ ਦੱਸਿਆ ਕਿ ਇਸ ਸੈਸ਼ਨ ਦਾ ਉਦੇਸ਼ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨਾ ਤੇ ਉਨ੍ਹਾਂ ਨੂੰ ਸਿਵਲ ਸਰਵਿਸਸ ਦੀ ਤਿਆਰੀ ਦੇ ਸਫ਼ਰ ਬਾਰੇ ਕੀਮਤੀ ਜਾਣਕਾਰੀ ਪ੍ਰਦਾਨ ਕਰਨਾ ਸੀ, ਨਾਲ ਹੀ ਅਕਾਦਮਿਕ ਉਤਕ੍ਰਿਸ਼ਟਤਾ ਦੇ ਵੱਖ-ਵੱਖ ਪੱਖਾਂ ਨਾਲ ਜਾਣੂ ਕਰਾਉਣਾ ਵੀ ਇਸਦਾ ਉਦੇਸ਼ ਸੀ।

ਇਸ ਦੌਰਾਨ ਰੁਚਿਕਰ ਤੇ ਸੰਵਾਦਾਤਮਕ ਸੈਸ਼ਨ ਵਿੱਚ ਸਿਮਰਨਦੀਪ ਕੌਰ ਨੇ ਆਪਣੀਆਂ ਤਿਆਰੀ ਰਣਨੀਤੀਆਂ ਸਾਂਝੀਆਂ ਕਰਦਿਆਂ ਲਗਾਤਾਰਤਾ, ਸੰਕਲਪਕ ਸਪੱਸ਼ਟਤਾ ਤੇ ਅਨੁਸ਼ਾਸਿਤ ਅਧਿਐਨ ਕਰਨ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ।ਉਨ੍ਹਾਂ ਨੇ ਮਜ਼ਬੂਤ ਬੁਨਿਆਦ ਤਿਆਰ ਕਰਨ, ਮੌਜੂਦਾ ਮਾਮਲਿਆਂ ਨਾਲ ਅਪਡੇਟ ਰਹਿਣ ਅਤੇ ਪੜ੍ਹਾਈ ਦੇ ਨਾਲ ਮਾਨਸਿਕ ਸੰਤੁਲਨ ਬਣਾਈ ਰੱਖਣ ਦੀ ਲੋੜ ਬਾਰੇ ਵੀ ਚਰਚਾ ਕੀਤੀ।ਉਨ੍ਹਾਂ ਦੀ ਜੀਵਨ ਯਾਤਰਾ ਦ੍ਰਿੜ ਨਿਸ਼ਚੇ, ਸੰਘਰਸ਼ਸ਼ੀਲਤਾ ਤੇ ਉੱਚੇ ਲਕਸ਼ ਪ੍ਰਤੀ ਸਮਰਪਣ ਨੂੰ ਦਰਸਾਉਂਦੀ ਹੈ।ਇਸ ਸੈਸ਼ਨ ਦੌਰਾਨ ਵਿਦਿਆਰਥੀਆਂ ਨੂੰ ਸਿੱਧਾ ਵਕਤਾ ਨਾਲ ਸੰਵਾਦ ਕਰਨ ਦਾ ਵੀ ਮੌਕਾ ਮਿਲਿਆ।ਸਮਾਂ ਪ੍ਰਬੰਧਨ, ਚੋਣ ਵਿਸ਼ੇ ਦੀ ਚੋਣ, ਉੱਤਰ ਲਿਖਣ ਦੀ ਤਕਨੀਕ ਤੇ ਪ੍ਰੀਖਿਆ ਦੌਰਾਨ ਦਬਾਅ ਨੂੰ ਸੰਭਾਲਣ ਸਬੰਧੀ ਪ੍ਰਸ਼ਨਾਂ ਦੇ ਉਨ੍ਹਾਂ ਨੇ ਵਿਆਪਕ ਤੇ ਤਸੱਲੀਬਖ਼ਸ਼ ਜਵਾਬ ਦਿੱਤੇ।

ਵਾਇਸ-ਚਾਂਸਲਰ (ਪ੍ਰੋ.) ਡਾ. ਪ੍ਰਿਤਪਾਲ ਸਿੰਘ ਨੇ ਵਿਭਾਗ ਦੀ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਰਾਸ਼ਟਰੀ ਪੱਧਰ ਦੇ ਉਪਲਬਧੀ ਹਾਸਲ ਕਰਨ ਵਾਲੇ ਵਿਅਕਤੀਆਂ ਨਾਲ ਸੰਵਾਦ ਵਿਦਿਆਰਥੀਆਂ ਦੀਆਂ ਆਕਾਂਖਾਵਾਂ ਨੂੰ ਨਵੀਂ ਦਿਸ਼ਾ ਦਿੰਦੇ ਹਨ ਤੇ ਉਨ੍ਹਾਂ ਦੇ ਅਕਾਦਮਿਕ ਦ੍ਰਿਸ਼ਟੀ ਨੂੰ ਵਿਸਤਾਰਦੇ ਹਨ।ਉਨ੍ਹਾਂ ਯੂਨੀਵਰਸਿਟੀ ਦੀ ਇਸ ਵਚਨਬੱਧਤਾ ਨੂੰ ਦੁਹਰਾਇਆ ਕਿ ਸੰਸਥਾ ਵਿਦਿਆਰਥੀਆਂ ਵਿੱਚ ਉਤਕ੍ਰਿਸ਼ਟਤਾ, ਆਲੋਚਨਾਤਮਕ ਸੋਚ ਅਤੇ ਨੇਤ੍ਰਿਤਵ ਦੇ ਗੁਣ ਵਿਕਸਿਤ ਕਰਨ ਲਈ ਵਚਨਬੱਧ ਹੈ।ਡਾ. ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਵੀ ਇਸ ਸੈਸ਼ਨ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਕਲਾਸਰੂਮ ਤੋਂ ਬਾਹਰ ਦੇ ਅਨੁਭਵਾਤਮਕ ਅਧਿਐਨ ਦੀ ਮਹੱਤਤਾ ਬਹੁਤ ਵੱਧ ਹੈ। ਉਨ੍ਹਾਂ ਨੇ ਕਿਹਾ ਕਿ ਸਫਲ ਵਿਅਕਤੀਆਂ ਨਾਲ ਸਿੱਧਾ ਸੰਪਰਕ ਵਿਦਿਆਰਥੀਆਂ ਨੂੰ ਪ੍ਰਯੋਗਿਕ ਜਾਣਕਾਰੀ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਵੱਲ ਆਤਮਵਿਸ਼ਵਾਸ ਨਾਲ ਅੱਗੇ ਵਧਣ ਲਈ ਪ੍ਰੇਰਿਤ ਕਰਦਾ ਹੈ।ਸਿੱਖਿਆ ਵਿਭਾਗ ਦੇ ਅਧਿਆਪਕਾਂ ਨੇ ਵੀ ਇਸ ਸੈਸ਼ਨ ਨੂੰ ਅਕਾਦਮਿਕ ਵਿਕਾਸ ਤੇ ਆਪਣੇ ਪੇਸ਼ੇ ਦੀ ਚੋਣ ਲਈ ਮਾਰਗਦਰਸ਼ਨ ਵੱਲ ਇੱਕ ਮਹੱਤਵਪੂਰਨ ਕਦਮ ਕਰਾਰ ਦਿੱਤਾ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥੀਆਂ ਦੀ ਸੋਚ ਦਾ ਦਾਇਰਾ ਵਧਾਉਂਦੇ ਹਨ ਤੇ ਉਨ੍ਹਾਂ ਨੂੰ ਆਪਣੇ ਲਕਸ਼ ਪ੍ਰਤੀ ਸਮਰਪਿਤ ਰਹਿਣ ਲਈ ਪ੍ਰੇਰਿਤ ਕਰਦੇ ਹਨ।

## ਲਛਮਣ ਸਿੰਘ ਮਲੂਕਾ ਭਾਰਤ ਵਿਭੂਸ਼ਣ ਐਵਾਰਡ ਨਾਲ ਸਨਮਾਨਤ



**ਬਠਿੰਡਾ (ਰਾਜੀਵ ਗੋਇਲ)**

ਮਲੂਕਾ ਕੋਚਿੰਗ ਸੈਂਟਰ ਵੱਲੋਂ ਬੱਚਿਆਂ ਨੂੰ ਉਨ੍ਹਾਂ ਦੀ ਜ਼ਿੰਦਗੀ ਵਿੱਚ ਕਾਮਯਾਬ ਬਣਾਉਣ ਲਈ ਆਈ.ਪੀ.ਐਸ ਅਤੇ ਆਈ.ਏ.ਐਸ ਦੀ ਦਿੱਤੀ ਜਾ ਰਹੀ ਕੋਚਿੰਗ ਨੂੰ ਲੈ ਕੇ ਸੈਂਟਰ ਦੇ ਸੰਚਾਲਕ ਲਛਮਣ ਸਿੰਘ ਮਲੂਕਾ ਨੂੰ ਭਾਰਤ ਵਿਭੂਸ਼ਣ ਸਨਮਾਨ-2026 ਨਾਲ ਨਿਵਾਜ਼ਿਆ ਗਿਆ ਹੈ।ਇਹ ਸਨਮਾਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੀ ਅਗਵਾਈ ਹੇਠ ਚੰਡੀਗੜ੍ਹ ਵਿਖੇ ਇੰਸਟੀਚਿਊਟ ਫਾਰ ਸੋਸ਼ਲ ਰਿਫਾਰਮ ਐਂਡ ਹਾਇਰ ਐਜੂਕੇਸ਼ਨ ਚੈਰੀਟੇਬਲ ਟਰੱਸਟ ਵੱਲੋਂ ਕਰਾਏ ਗਏ ਰਾਸ਼ਟਰੀ ਸਮਾਗਮ ਦੌਰਾਨ ਪ੍ਰਦਾਨ ਕੀਤਾ ਗਿਆ।ਇਸ ਸਨਮਾਨ ਦੇ ਹਾਸਲ ਕਰਨ ਨਾਲ ਮਲੂਕਾ ਕੋਚਿੰਗ ਸੈਂਟਰ ਦੀ ਆਮ ਲੋਕਾਂ ਵਿੱਚ ਹੋਰ ਵੀ ਪ੍ਰਸਿੱਧੀ ਹੋਈ ਹੈ ਤੇ ਕੁਝ ਕੁ ਦਿਨ ਪਹਿਲਾਂ ਆਏ ਨਤੀਜਿਆਂ ਵਿੱਚ ਵੀ ਇਸੇ ਸੈਂਟਰ ਤੋਂ ਕਚਿੰਗ ਹਾਸਲ ਕਰਨ ਵਾਲੇ ਸਭ ਤੋਂ ਵੱਧ ਬੱਚਿਆਂ ਨੇ ਬਾਜ਼ੀ ਮਾਰ ਕੇ ਸੈਂਟਰ ਦੇ ਨਾਂਅ ਨੂੰ ਚਾਰ ਚੰਨ ਲਾਏ ਗਏ ਹਨ।ਦੱਸਣਾ ਬਣਦਾ ਹੈ ਕਿ ਲਛਮਣ ਸਿੰਘ ਮਲੂਕਾ ਦੇ ਪਿਤਾ ਰਘੂਬੀਰ ਸਿੰਘ, ਜੋ ਭਗਤਾ ਇਲਾਕੇ ਦੇ ਪ੍ਰਸਿੱਧ ਸੰਵਰਨਕਾਰ ਹਨ, ਨੇ ਵੀ ਸਮਾਜ ਭਲਾਈ ਦੇ ਖੇਤਰ ਵਿੱਚ ਵੱਖਰਾ ਨਾਮਣਾ ਕਮਾਇਆ ਹੈ।ਜਦੋਂ ਵੀ ਕਦੇ ਕੋਈ ਕੁਦਰਤੀ ਕਰੋਪੀ ਜਾਂ ਫਿਰ ਕੋਈ ਵੀ ਬੱਚਾ ਕੁਝ ਖਾਸ ਕਰਦਾ ਹੈ ਤਾਂ ਉਹਨਾਂ ਵੱਲੋਂ ਅੱਗੇ ਹੋ ਕੇ ਸੇਵਾ ਕੀਤੀ ਜਾਂਦੀ ਹੈ।

# 40 ਪੇਟੀਆਂ ਨਜਾਇਜ਼ ਸ਼ਰਾਬ ਸਮੇਤ ਇੱਕ ਕਾਬੂ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਵਿੱਢੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਬਲਾਚੌਰ ਪੁਲਿਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਭਾਰੀ ਮਾਤਰਾ ਵਿੱਚ ਨਜਾਇਜ਼ ਸ਼ਰਾਬ ਸਮੇਤ ਇੱਕ ਤਸਕਰ ਨੂੰ ਗ੍ਰਿਫਤਾਰ ਕੀਤਾ ਗਿਆ। ਇਹ ਕਾਰਵਾਈ ਸੀਨੀਅਰ ਕਪਤਾਨ ਪੁਲਿਸ ਸ਼ਹੀਦ ਭਗਤ ਸਿੰਘ ਨਗਰ, ਤੁਸ਼ਾਰ ਗੁਪਤਾ ਅਤੇ ਉਪ ਕਪਤਾਨ ਪੁਲਿਸ ਬਲਾਚੌਰ ਹੇਮੰਤ ਮਲਹੋਤਰਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਮਲ ਵਿੱਚ ਲਿਆਂਦੀ ਗਈ। ?ਥਾਣਾ ਬਲਾਚੌਰ ਦੇ ਮੁੱਖ ਅਫਸਰ ਸਬ-ਇੰਸਪੈਕਟਰ ਬਿਕਰਮ ਸਿੰਘ ਦੀ ਯੋਗ ਅਗਵਾਈ ਹੇਠ, ਏ ਐਸ ਆਈ ਸਿਕੰਦਰਪਾਲ ਅਤੇ ਪੁਲਸ ਪਾਰਟੀ ਵੱਲੋਂ ਕੀਤੀ ਗਈ ਕਾਰਵਾਈ ਦੌਰਾਨ ਦੋਸ਼ੀ ਗੁਰਪ੍ਰੀਤ ਸਿੰਘ ਵਾਸੀ ਲਧਾਣਾ ਝਿੱਕਾ ਥਾਣਾ ਸਦਰ ਬੰਗਾ ਨੂੰ ਕਾਬੂ ਕੀਤਾ ਗਿਆ।ਪੁਲਿਸ ਵੱਲੋਂ ਕੀਤੀ ਗਈ ਤਲਾਸ਼ੀ ਦੌਰਾਨ ਦੋਸ਼ੀ ਕੋਲੋਂ 432 ਬੋਤਲਾਂ ਸ਼ਰਾਬ ਮਾਰਕਾ 91 ਵਿਸਕੀ, ਸੇਲ ਫਾਰ ਚੰਡੀਗੜ੍ਹ ਦੋਸ਼ੀ ਵੱਲੋਂ ਲੁਕਾ ਕੇ ਰੱਖੀਆਂ 48 ਬੋਤਲਾਂ ਮਾਰਕਾ 999 ਵਿਸਕੀ, ਸੇਲ ਫਾਰ ਚੰਡੀਗੜ੍ਹ ਪਹਿਲਾਂ ਹੀ ਬਰਾਮਦ ਕੀਤੀਆਂ ਜਾ ਚੁੱਕੀਆਂ ਸਨ। ਦੋਸ਼ੀ ਪਾਸੋਂ ਹੁਣ ਤੱਕ ਕੁੱਲ 40 ਪੇਟੀਆਂ 480 ਬੋਤਲਾਂ ਚੰਡੀਗੜ੍ਹ ਮਾਰਕਾ ਸ਼ਰਾਬ ਬਰਾਮਦ ਕੀਤੀ ਗਈ ਹੈ।ਪੁਲਿਸ ਨੇ ਦੋਸ਼ੀ ਵਿਰੁੱਧ ਮੁਕੱਦਮਾ ਨੰਬਰ 45, ਮਿਤੀ 19.04.2026, ਅਧੀਨ ਧਾਰਾ 61-01-14 ਐਕਸਾਈਜ਼ ਐਕਟ ਤਹਿਤ ਥਾਣਾ ਬਲਾਚੌਰ ਵਿਖੇ ਮਾਮਲਾ ਦਰਜ ਕੀਤਾ ਹੈ। ਦੋਸ਼ੀ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ 2 ਦਿਨਾਂ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਹੈ।



# ਮਜ਼ਦੂਰ ਦਿਵਸ ਨੂੰ ਸਮਰਪਤ ਸਮਾਗਮ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਕੌਮਾਂਤਰੀ ਮਜ਼ਦੂਰ ਦਿਵਸ ਅੱਜ ਸੁਲਤਾਨਪੁਰ ਲੋਧੀ ਦੇ ਚੌਂਕ ਚੇਲਿਆਂ ਵਿਖੇ ਸ਼ਾਨਦਾਰ ਅਤੇ ਜੋਸ਼ ਭਰੇ ਮਾਹੌਲ ਵਿੱਚ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਮਜ਼ਦੂਰਾਂ, ਕਿਰਤੀਆਂ ਅਤੇ ਸਮਾਜਿਕ ਆਗੂਆਂ ਦੀ



ਹਾਜ਼ਰੀ ਨੇ ਸਮਾਗਮ ਨੂੰ ਰੌਣਕਮਈ ਬਣਾ ਦਿੱਤਾ।

ਸਮਾਗਮ ਦੌਰਾਨ ਬੋਲਦਿਆਂ ਰਛਪਾਲ ਸਿੰਘ (ਸੂਬਾ ਆਗੂ), ਐਡਵੋਕੇਟ ਰਜਿੰਦਰ ਸਿੰਘ ਰਾਣਾ, ਅਮਰਜੀਤ ਸਿੰਘ ਟਿੱਬਾ, ਮਾਸਟਰ ਚਰਨ ਸਿੰਘ ਅਤੇ ਸਾਬਕਾ ਚੇਅਰਮੈਨ ਤੇਜਵੰਤ ਸਿੰਘ ਨੇ ਕਿਹਾ ਕਿ ਮਜ਼ਦੂਰ ਵਰਗ ਦੇਸ਼ ਦੀ ਤਰੱਕੀ ਦੀ ਮੂਲ ਤਾਕਤ ਹੈ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਜੇ ਮਜ਼ਦੂਰ ਮਜ਼ਬੂਤ ਹੋਵੇਗਾ ਤਾਂ ਹੀ ਦੇਸ਼ ਮਜ਼ਬੂਤ ਬਣੇਗਾ, ਇਸ ਲਈ ਮਜ਼ਦੂਰਾਂ ਦੇ ਹੱਕਾਂ ਦੀ ਰੱਖਿਆ ਕਰਨਾ ਹਰ ਸਰਕਾਰ ਅਤੇ ਸਮਾਜ ਦੀ ਪ੍ਰਾਥਮਿਕਤਾ ਹੋਣੀ ਚਾਹੀਦੀ ਹੈ।

ਇਸ ਮੌਕੇ ਕਾਮਰੇਡ ਬਲਦੇਵ ਸਿੰਘ, ਦਿਆਲ ਸਿੰਘ ਦੀਪੇਵਾਲ, ਰਾਜੂ ਧੀਰ (ਸਾਬਕਾ ਪ੍ਰਧਾਨ), ਸੁਖਦੇਵ ਸਿੰਘ ਟਿੱਬਾ ਅਤੇ ਪ੍ਰਤਾਪ ਸਿੰਘ ਮੌਮੀ ਨੇ ਵੀ ਮਜ਼ਦੂਰ ਹੱਕਾਂ ਦੀ ਵਕਾਲਤ ਕਰਦਿਆਂ ਸਰਕਾਰਾਂ ਨੂੰ ਚੇਤਾਵਨੀ ਦਿੱਤੀ ਕਿ ਜੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਪ੍ਰਤਾਪ ਸਿੰਘ ਮੌਮੀ, ਨਿਰਮਲ ਸਿੰਘ ਸ਼ੇਰਪੁਰ ਸੱਦਾ, ਹਰਬੰਸ ਸਿੰਘ ਚੱਕ ਕੋਟਲਾ ਸੁਖਵਿੰਦਰ ਸਿੰਘ ਚੱਕ ਕੋਟਲਾ, ਫੌਜਾ ਸਿੰਘ, ਪਰਸਨਲ ਭੋਲਾ, ਮਾਸਟਰ ਸੁੱਚਾ ਸਿੰਘ ਮਿਰਜਾਪੁਰ, ਕੁਲਦੀਪ ਕੌਰ, ਰਾਜਪ੍ਰੀਤ ਸਿੰਘ, ਗਿਆਨ ਚੰਦ, ਚਰਨ ਕਮਲ ਪਿੰਟਾ ਆਦਿ ਹਾਜ਼ਰ ਸਨ।

# ਰਾਜ਼ੀਨਾਮੇ ਦੇ ਦਬਾਅ ਤੋਂ ਪ੍ਰੇਸ਼ਾਨ ਨੌਜਵਾਨ ਦੇ ਪਿਤਾ ਨੇ ਨਿਗਲਿਆ ਜ਼ਹਿਰੀਲਾ ਪਦਾਰਥ

**ਮਾਹਿਲਪੁਰ (ਸਫ਼ਰੀ)**- ਮਾਹਿਲਪੁਰ ਦੇ ਵਾਰਡ ਨੰਬਰ 12 ਦੇ ਇਕ ਵਸਨੀਕ ਦੀ ਮਹੀਨਾ ਕੁ ਪਹਿਲਾ ਹੋਈ ਲੜਾਈ ਦੇ ਰਾਜ਼ੀਨਾਮੇ ਦੇ ਰਾਜਨੀਤਿਕ ਦਬਾਅ ਨੂੰ ਲੈ ਕੇ ਇਕ ਧਿਰ ਦੇ ਨੌਜਵਾਨ ਦੇ ਪਿਤਾ ਨੇ



ਜਹਿਰੀਲੀ ਚੀਜ ਨਿਗਲ ਲਈ ਤੇ ਮੌਤ ਨਾਲ ਆਪਣੀ ਜਿੰਦਗੀ ਦੀ ਲੜਾਈ ਲੜ ਰਿਹਾ ਹੈ। ਸਿਵਲ ਹਸਪਤਾਲ ਮਾਹਿਲਪੁਰ ਵਿਖੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਪ੍ਰਿੰਸ ਅਟਵਾਲ ਨੇ ਦਵਿੰਦਰ ਸਿੰਘ ਸੈਣੀ ਪ੍ਰਧਾਨ ਨਗਰ ਪੰਚਾਇਤ ਮਾਹਿਲਪੁਰ ਤੇ ਕੌਂਸਲਰ ਰਾਜ ਕੁਮਾਰ ਰਾਜੂ ਦੀ ਹਾਜ਼ਰੀ 'ਚ ਦੱਸਿਆ ਕਿ ਉਸ ਦੇ ਪਿਤਾ ਮਹਿੰਦਰਪਾਲ ਜੋ ਕਿ ਨਗਰ ਪੰਚਾਇਤ ਮਾਹਿਲਪੁਰ 'ਚ ਸਫਾਈ ਕਰਮਚਾਰੀ ਵਜੋਂ ਕੰਮ ਕਰ ਰਿਹਾ ਹੈ । ਉਨ੍ਹਾਂ ਦੱਸਿਆ ਕਿ ਅੱਜ ਤੋਂ ਤਕਰੀਬਨ ਇਕ ਮਹੀਨਾ ਪਹਿਲਾ ਮੇਰੇ ਛੋਟੇ ਭਰਾ ਦੀ ਇਸੇ ਵਾਰਡ ਦੇ ਕੁਝ ਮੁੰਡਿਆ ਨਾਲ ਲੜਾਈ ਝਗੜਾ ਹੋਇਆ ਸੀ ਜਿਸ ਦੀ ਐੱਮ ਐਲ ਆਰ ਵੀ ਕੱਟ ਹੋਈ ਸੀ । ਉਸ ਨੇ ਦੱਸਿਆ ਕਿ ਉਸ ਕੇਸ ਦੀ ਸੁਣਵਾਈ ਥਾਣੇਦਾਰ ਸਤਨਾਮ ਸਿੰਘ ਕਰ ਰਿਹਾ ਹੈ । ਉਸ ਨੇ ਦੱਸਿਆ ਕਿ ਹੁਣ ਦੂਜੀ ਧਿਰ ਰਾਜੀਨਾਮੇ ਵਲੋਂ ਉਨਾ ਦੇ ਪਿਤਾ ਮਹਿੰਦਰਪਾਲ ਤੇ ਰਾਜਨੀਤਿਕ ਪਹੁੰਚ ਕਰਕੇ ਰਾਜੀਨਾਮੇ ਲਈ ਦਬਾਅ ਪਾਇਆ ਜਾ ਰਿਹਾ ਸੀ ਤੇ ਵੱਖ ਵੱਖ ਆਗੂਆਂ ਵਲੋਂ ਕਥਿਤ ਧਮਕੀਆਂ ਦਿੱਤੀਆ ਜਾ ਰਹੀਆਂ ਸਨ । ਉਨ੍ਹਾਂ ਦੱਸਿਆ ਕਿ ਇਨ੍ਹਾਂ ਧਮਕੀਆਂ ਕਾਰਨ ਪਿਤਾ ਮਹਿੰਦਰਪਾਲ ਪਿਛਲੇ ਕੁਝ ਦਿਨਾਂ ਤੋਂ ਕਾਫੀ ਪ੍ਰੇਸ਼ਾਨ ਸੀ ਅੱਜ ਉਸ ਕੋਈ ਜਹਿਰੀਲੀ ਚੀਜ ਨਿਗਲ ਲਈ ਜਿਸ ਨੂੰ ਸਰਕਾਰੀ ਹਸਪਤਾਲ ਮਾਹਿਲਪੁਰ ਵਿੱਚ ਦਾਖਲ ਕਰਾਇਆ ਗਿਆ ਜਿਥੇ ਡਾਕਟਰਾ ਨੇ ਉਸ ਦੀ ਹਾਲਤ ਨੂੰ ਨਾਜੁਕ ਦੇਖਦੇ ਹੋਏ ਹੁਸ਼ਿਆਰਪੁਰ ਦੇ ਸਰਕਾਰੀ ਹਸਪਤਾਲ ਚ ਰੈਫਰ ਕਰ ਦਿੱਤਾ । ਉਸ ਨੇ ਦੱਸਿਆ ਕਿ ਉਸ ਦੇ ਪਿਤਾ ਵਲੋਂ ਇਕ ਸੂਆਸਾਇਡ ਨੋਟ ਲਿਖਿਆ ਮਿਲਿਆ ਹੈ , ਜਿਸ ਵਿੱਚ ਵਾਰਡ ਦੀਆਂ ਦੋ ਔਰਤਾਂ ਤੇ ਇੱਕ ਨੌਜਵਾਨ ਦਾ ਨਾਂਅ ਲਿਖੇ ਹੋਏ ਹਨ ਜਿਹੜੇ ਉਸ ਦੀ ਮੌਤ ਦਾ ਕਾਰਨ ਹੋਣਗੇ । ਥਾਣੇਦਾਰ ਸਤਨਾਮ ਸਿੰਘ ਨੇ ਦੱਸਿਆ ਕਿ ਮੈ ਉਨ੍ਹਾਂ ਦੇ ਬਿਆਨ ਲਿੱਖ ਲਏ ਸੀ ਤੇ ਨਗਰ ਪੰਚਾਇਤ ਮਾਹਿਲਪੁਰ ਦੇ ਪ੍ਰਧਾਨ ਨੇ ਕਿਹਾ ਇਹ ਬੱਚੇ ਨਬਾਲਗ ਹਨ ਤੇ ਅਸੀ ਇਨ੍ਹਾਂ ਦਾ ਫੈਸਲਾ ਕਰਵਾ ਦੇਣਾ ਹੈ । ਨਗਰ ਪੰਚਾਇਤ ਮਾਹਿਲਪੁਰ ਪ੍ਰਧਾਨ ਦਵਿੰਦਰ ਸਿੰਘ ਸੈਣੀ ਨੇ ਦੱਸਿਆ ਕਿ ਅੱਜ ਇਨ੍ਹਾਂ ਦਾ ਰਾਜ਼ੀਨਾਮਾ ਕਰਵਾਉਣ ਦਾ ਟਾਈਮ ਰੱਖਿਆ ਹੋਇਆ ਸੀ । ਪਰ ਉਹ ਹੁਣ ਤੱਕ ਸਾਡੇ ਕੋਲ ਨਹੀਂ ਪਹੁੰਚੇ।

# ਮੈਡੀਕਲ ਪ੍ਰੈਕਟੀਸ਼ਨਰਾਂ ਨੇ ਮਜ਼ਦੂਰ ਦਿਵਸ ਮਨਾਇਆ

**ਬੰਗਾ (ਅਵਤਾਰ ਕਲੇਰ)**- ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ (ਰਜਿ. 295) ਬਲਾਕ ਮੁਕੰਦਪੁਰ ਦੀ ਮਾਸਿਕ ਮੀਟਿੰਗ ਅੱਜ ਡਾ. ਪਸ਼ੋਤਮ ਲਾਲ ਪੋਸਵਾਲ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ। ਇਸ ਵਿਸ਼ੇਸ਼ ਇਕੱਤਰਤਾ ਵਿੱਚ ਜਿੱਥੇ ਜਥੇਬੰਦਕ ਮੁੱਦਿਆਂ 'ਤੇ ਚਰਚਾ ਕੀਤੀ ਗਈ, ਉੱਥੇ ਹੀ



ਕੌਮਾਂਤਰੀ ਮਜ਼ਦੂਰ ਦਿਵਸ ਦੇ ਸ਼ਹੀਦਾਂ ਨੂੰ ਨਿੱਘੀ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾਂ ਦੇ ਸੰਘਰਸ਼ ਨੂੰ ਯਾਦ ਕੀਤਾ ਗਿਆ। ਜ਼ਿਲ੍ਹਾ ਕਮੇਟੀ ਦੇ ਆਗੂ ਡਾ. ਦਿਲਦਾਰ ਸਿੰਘ ਚਾਹਲ ਅਤੇ ਡਾ. ਤਜਿੰਦਰ ਸਿੰਘ ਜੋਤ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮਈ ਦਿਵਸ ਦਾ ਇਤਿਹਾਸ ਅਤੇ ਮਹੱਤਤਾ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਡਾ. ਤਜਿੰਦਰ ਸਿੰਘ ਜੋਤ ਨੇ 1 ਮਈ ਦੇ ਇਤਿਹਾਸਕ ਪਿਛੋਕੜ ਬਾਰੇ ਚਾਨਣਾ ਪਾਇਆ 19ਵੀਂ ਸਦੀ ਵਿੱਚ ਮਜ਼ਦੂਰਾਂ ਤੋਂ 12 ਤੋਂ 16 ਘੰਟੇ ਕੰਮ ਲਿਆ ਜਾਂਦਾ ਸੀ। ਇਸ ਸ਼ੋਸ਼ਣ ਵਿਰੁੱਧ 1 ਮਈ 1886 ਨੂੰ ਸ਼ਿਕਾਗੋ ਵਿੱਚ '8 ਘੰਟੇ ਕੰਮ' ਦੀ ਮੰਗ ਨੂੰ ਲੈ ਕੇ ਇਤਿਹਾਸਕ ਹੜਤਾਲ ਹੋਈ। ਕਿਰਤੀਆਂ ਦੇ ਹੱਕਾਂ ਲਈ ਆਵਾਜ਼ ਬੁਲੰਦ ਕਰਨ ਦਾ ਪ੍ਰਣ ਡਾ. ਦਿਲਦਾਰ ਸਿੰਘ ਚਾਹਲ ਨੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਸ਼ਿਕਾਗੋ ਦੇ ਸ਼ਹੀਦਾਂ ਦਾ ਖੂਨ ਅੱਜ ਵੀ ਮਿਹਨਤਕਸ਼ ਲੋਕਾਂ ਨੂੰ ਆਪਣੇ ਹੱਕਾਂ ਲਈ ਲੜਨ ਦਾ ਜਜ਼ਬਾ ਦਿੰਦਾ ਹੈ। ਐਸੋਸੀਏਸ਼ਨ ਦੇ ਮੈਂਬਰਾਂ ਨੇ ਪ੍ਰਣ ਲਿਆ ਕਿ ਉਹ ਆਪਣੇ ਡਾਕਟਰੀ ਕਿੱਤੇ ਪ੍ਰਤੀ ਵਫ਼ਾਦਾਰ ਰਹਿਣ ਦੇ ਨਾਲ-ਨਾਲ ਸਮਾਜ ਦੇ ਦਬੇ-ਕੁਚਲੇ ਅਤੇ ਕਿਰਤੀ ਵਰਗ ਦੇ ਹੱਕਾਂ ਲਈ ਹਮੇਸ਼ਾ ਤਤਪਰ ਰਹਿਣਗੇ। ?ਇਸ ਮੌਕੇ ਜ਼ਿਲ੍ਹਾ ਕਮੇਟੀ ਮੈਂਬਰ ਡਾ. ਰਾਮਜੀ, ਡਾ. ਜਗਦੀਸ਼ ਕਾਹਮਾ, ਚੇਅਰਮੈਨ ਡਾ. ਰਜਿੰਦਰ ਪਾਂਡੇ, ਡਾ. ਅੰਮ੍ਰਿਤ ਲਾਲ, ਉਪ ਪ੍ਰਧਾਨ ਡਾ. ਗੁਰਪ੍ਰੀਤ ਸਾਧਪੁਰੀ, ਸੈਕਟਰੀ ਡਾ. ਦੇਸ ਰਾਜ, ਡਾ. ਅਮਰੀਕ ਸਿੰਘ, ਡਾ. ਸੰਤੋਖ ਸਿੰਘ ਬੀਟਾ, ਡਾ. ਹਰਬਿਲਾਸ ਖਮਾਚੋਂ, ਡਾ. ਗੁਦਵਾਰ ਰਾਮ, ਡਾ. ਜੀਵਨ ਕੁਮਾਰ ਬੱਲੋਵਾਲ ਅਤੇ ਡਾ. ਵਿਜੇ ਗੁਰੂ ਸਮੇਤ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ।

# ਅੰਤਰਰਾਸ਼ਟਰੀ ਮਜ਼ਦੂਰ ਦਿਵਸ ਨੂੰ ਸਮਰਪਤ ਕਵੀ ਦਰਬਾਰ ਕਰਵਾਇਆ

**ਗੁਰਾਇਆ (ਬਿੰਦਰ ਸੁੰਮਨ)**- ਪੰਜਾਬੀ ਸਾਹਿਤ ਸਭਾ ਗੁਰਾਇਆ ਰਜਿ. ਅਤੇ ਪੰਜਾਬੀ ਸਾਹਿਤ ਸਭਾ ਦੁਸਾਂਝ ਕਲਾਂ ਵਲੋ ਜੋਗਿੰਦਰ ਸਿੰਘ ਕਲਸੀ ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਨੂੰ ਸਮਰਪਿਤ ਵਿਸ਼ਾਲ ਕਵੀ ਦਰਬਾਰ ਬਾਬਾ ਸੰਗ ਪਬਲਿਕ ਲਾਇਬਰੇਰੀ ਪਿੰਡ ਸੰਗ ਢੇਸੀਆ ਵਿਖੇ



ਕਰਵਾਇਆ ਗਿਆ। ਕਵੀ ਦਰਬਾਰ ਦੀ ਪ੍ਰਧਾਨਗੀ, ਬਲਜੀਤ ਸਿੰਘ ਰਿਟਾਇਰ ਤਹਿਸੀਲਦਾਰ, ਸੁਖਦੇਵ ਸਿੰਘ ਨਿਰਮੋਹੀ, ਅਮਰੀਕ ਸਿੰਘ ਮਦਹੋਸ, ਭਿੰਡਰ ਪਟਵਾਰੀ , ਕੁਲਵੰਤ ਸਿੰਘ ਸੱਗੂ ਵਲੋਂ ਕੀਤੀ ਗਈ। ਜਿਸ ਵਿੱਚ ਪੰਜਾਬ ਭਰ ਦੇ ਨਾਮਵਾਰ ਕਵੀ ਰਿਖੀ ਰੰਧਾਵਾ, ਗੁਰਦਿਆਲ ਮੁਠੱਡਾ, ਦਕਸ਼ ਬੰਧਨ, ਲਸ਼ਕਰ ਸਰਗੁੰਦੀ, ਡਾ ਕਿਸ਼ੋਰ ਕੁਮਾਰ ਲਾਹੜ, ਸੁਖਦੇਵ ਗੰਢਵਾ, ਸੋਡੀ ਸੱਤੋਵਾਲੀਆ, ਨਿਰਮਲ ਸਿੰਘ ਬੱਲ, ਅਸ਼ਵਨੀ ਅਣਜਾਨ, ਹਰਨਿੰਦਰ ਕੌਰ, ਚਰਨਜੀਤ ਅੱਟਾ, ਸੀਤਲ ਬੰਗਾ, ਅਮਰੀਕ ਸਿੰਘ ਮਦਹੋਸ਼, ਮਨੋਜ ਫਗਵਾੜਵੀ, ਦਿਲਬਹਾਰ ਸ਼ੌਕਤ, ਰਾਮ ਪ੍ਰਕਾਸ਼ ਟੋਨੀ, ਬਲਜੀਤ ਸਿੰਘ ਸੰਧੂ ਰਿਟਾਇਰ ਤਸੀਲਦਾਰ, ਗੱਗੀ ਸ਼ਾਹਪੁਰ, ਹਰਭਜਨ ਸਿੰਘ, ਅਵਤਾਰ ਸਿੰਘ ਗੋਬਿੰਦਵਾਲ, ਨਾਨਕ ਚੰਦ ਨੇ ਆਪਣੀ ਹਾਜ਼ਰੀ ਭਰੀ। ਇਸ ਮੌਕੇ ਬੋਲਦਿਆਂ ਪ੍ਰਧਾਨ ਸੁਖਦੇਵ ਸਿੰਘ ਨਿਰਮੋਹੀ, ਖਜ਼ਾਨਚੀ ਅਮਰੀਕ ਸਿੰਘ ਮਦਹੋਸ਼ ਨੇ ਕਿਹਾ ਕਿ ਇਹ ਕਵੀ ਦਰਬਾਰ ਸ਼ਿਕਾਗੋ ਦੇ ਸ਼ਹੀਦਾਂ ਨੂੰ ਸਮਰਪਿਤ ਕਰਵਾਇਆ ਗਿਆ। ਉਨਾਂ ਕਿਹਾ ਕਿ ਅਮਰੀਕਾ ਦੀਆਂ ਮਜ਼ਦੂਰ ਜਥੇਬੰਦੀਆਂ ਨੇ ਸੰਨ 1886 ਵਿੱਚ ਕੰਮ ਦਿਹਾੜੀ ਸਮਾ 8 ਘੰਟੇ ਕਰਵਾਉਣ ਲਈ ਕੁਰਬਾਨੀਆਂ ਭਰਿਆ ਸੰਘਰਸ ਲੜਿਆ ਤੇ ਜਿੱਤਿਆ। ਇਸ ਮੌਕੇ ਕਵੀਆਂ ਨੇ ਮਜ਼ਦੂਰਾਂ ਨੂੰ ਸਮਰਪਿਤ ਆਪੋ ਆਪਣੇ ਰੰਗ ਵਿੱਚ ਕਵਿਤਾਵਾਂ ਪੇਸ਼ ਕੀਤੀਆਂ। ਇਸ ਮੌਕੇ ਸੰਸਥਾਂ ਵਲੋਂ ਕਵੀ ਦਰਬਾਰ ਵਿੱਚ ਹਿੱਸਾ ਲੈਣ ਵਾਲੇ ਕਵੀਆਂ ਨੂੰ ਸੰਸਥਾਂ ਦੇ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਅੰਤ ਵਿੱਚ ਕੁਲਵੰਤ ਸਿੰਘ ਸੱਗੂ ਨੇ ਕਵੀ ਦਰਬਾਰ ਨੂੰ ਸਫਲ ਬਣਾਉਣ ਵਾਲੇ ਸਹਿਯੋਗੀਆਂ ਦਾ ਤਹਿ ਦਿਲੋ ਧੰਨਵਾਦ ਕੀਤਾ।

# 14 ਪਿੰਡਾਂ ਦੇ ਵਿਕਾਸ ਲਈ 41 ਕਰੋੜ 58 ਲੱਖ ਨਗਰ ਨਿਗਮ ਵੱਲੋਂ ਮਨਜ਼ੂਰ

**ਮੋਹਾਲੀ (ਗੁਰਜੀਤ ਬਿੱਲਾ)**- ਵਿਧਾਇਕ ਮੋਹਾਲੀ ਕੁਲਵੰਤ ਸਿੰਘ ਦਾ ਧੰਨਵਾਦ ਕਰਨ ਦੇ ਲਈ ਮੋਹਾਲੀ ਕਾਰਪੋਰੇਸ਼ਨ ਦੇ ਵਿੱਚ ਸ਼ਾਮਿਲ ਕੀਤੇ ਗਏ 14 ਪਿੰਡਾਂ ਦੇ



ਸਰਪੰਚ ਅਤੇ ਮੁਹਤਰਮ ਵਿਅਕਤੀਆਂ ਨੇ ਸੈਕਟਰ -79 ਸਥਿਤ ਦਫਤਰ ਪਹੁੰਚੇ, ਇਸ ਮੌਕੇ ਤੇ ਪਹੁੰਚੇ ਪੰਚਾਂ ਸਰਪੰਚਾਂ ਅਤੇ ਮੁਹਤਰਮ ਵਿਅਕਤੀਆਂ ਨੇ ਪੱਤਰਕਾਰਾਂ ਨਾਲ ਗੱਲ ਸਾਂਝੇ ਤੌਰ ਤੇ ਗੱਲਬਾਤ ਕਰਦੇ ਹੋਏ ਕਿਹਾ ਕਿ ਮੋਹਾਲੀ ਕਾਰਪੋਰੇਸ਼ਨ ਦੇ ਵਿੱਚ ਸ਼ਾਮਿਲ ਕੀਤੇ ਗਏ 14 ਪਿੰਡਾਂ ਦੇ ਸਰਪੱਖੀ ਵਿਕਾਸ ਲਈ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਦੀਆਂ ਕੋਸ਼ਿਸ਼ਾਂ ਦੇ ਚਲਦਿਆਂ 41 ਕਰੋੜ 58 ਲੱਖ ਰੁਪਏ ਨਗਰ ਨਿਗਮ ਮੋਹਾਲੀ ਵੱਲੋਂ ਮਨਜ਼ੂਰ ਕਰ ਲਏ ਗਏ ਹਨ ਅਤੇ ਇਹਨਾਂ ਵਿੱਚੋਂ ਜ਼ਿਆਦਾਤਰ ਕੰਮਾਂ ਦੇ ਟੈਂਡਰ ਵੀ ਲੱਗ ਚੁੱਕੇ ਹਨ ਅਤੇ ਕੰਮ ਸ਼ੁਰੂ ਹੋਣ ਜਾ ਰਹੇ ਹਨ। ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸਰਪੰਚ ਮੌਲੀ ਵੈਦਵਾਨ ਗੁਰਸੇਵਕ ਪ੍ਰੇਮੀ ਨੇ ਦੱਸਿਆ ਕਿ ਉਹ ਵਿਧਾਇਕ ਕੁਲਵੰਤ ਸਿੰਘ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕਰਦੇ ਹਨ ਜਿਨਾਂ ਦੀਆਂ ਕੋਸ਼ਿਸ਼ਾਂ ਤੇ ਚੱਲਦਿਆਂ ਉਹਨਾਂ ਦੇ ਪਿੰਡ ਦੇ ਵਿਕਾਸ ਲਈ ਦੋ ਕਰੋੜ ਰੁਪਏ ਤੋਂ ਵੱਧ ਦੇ ਕੰਮ ਪਾਸ ਕਰ ਦਿੱਤੇ ਗਏ ਹਨ, ਜੋ - ਜੋ ਵੀ ਮੰਗਾਂ ਅਸੀਂ ਵਿਧਾਇਕ ਕੁਲਵੰਤ ਸਿੰਘ ਹੋਰਾਂ ਕੋਲੋਂ ਰੱਖੀਆਂ ਸਨ ਉਹਨਾਂ ਸਭ ਨੂੰ ਪੂਰਾ ਕਰ ਦਿੱਤਾ ਗਿਆ। ਇਸ ਮੌਕੇ ਤੇ ਗੁਰਸੇਵਕ ਸਿੰਘ ਸਰਪੰਚ ਮੌਲੀ , ਗੁਰਜਿੰਦਰ ਸਿੰਘ ਸਰਪੰਚ ਬੱਲੋਮਾਜਰਾ , ਗੁਰਪ੍ਰੀਤ ਸਿੰਘ ਬਲਿਆਲੀ ਗੌਰਵ ਸ਼ਰਮਾ ਸਰਪੰਚ ਸੰਭਾਲਕੀ , ਭੁਪਿੰਦਰ ਸਿੰਘ ਪੰਚ, ਆਰ ਪੀ ਸ਼ਰਮਾ, ਫੂਲਰਾਜ ਸਿੰਘ ਵੀ ਹਾਜ਼ਰ ਸਨ।

## ਕੰਗਣੀਵਾਲ ਬੇਈਂ ਦਾ ਪੁਲ ਛੇਤੀ ਬਣਾਇਆ ਜਾਵੇ : ਸੰਧੂ, ਪੱਬਵਾਂ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਕਿਰਤੀ ਕਿਸਾਨ ਯੂਨੀਅਨ ਅਤੇ ਪੇਂਡੂ ਮਜ਼ਦੂਰ ਯੂਨੀਅਨ ਅਤੇ ਆਲੇ ਦੁਆਲੇ ਦੇ ਪਿੰਡਾਂ ਦੇ ਲੋਕਾਂ ਨਾਲ ਸੰਪਰਕ ਕਰਕੇ ਜਲੰਧਰ ਕੰਗਣੀਵਾਲਪੁਲ ਤੇ ਰੋਸ ਧਰਨਾ ਲਗਾਇਆ ਗਿਆ ਤੇ ਮੰਗ ਕੀਤੀ ਕਿ ਸਰਕਾਰ ਅਤੇ ਪਰਸ਼ਾਸਨ ਇਸ ਪੁਲ ਨੂੰ ਜਲਦੀ ਬਣਾਵੇ। ਪਹਿਲਾਂ 21 ਜਨਵਰੀ ਨੂੰ ਡੀ ਸੀ ਜਲੰਧਰ ਅਤੇ ਮੁੱਖ ਮੰਤਰੀ ਦੇ ਓ ਐਸ ਡੀ ਨੂੰ ਵੀ ਵਿਸ਼ਾਲ ਡੈਪੂਟੇਸ਼ਨ ਰਾਹੀਂ ਮੰਗ ਪੱਤਰ ਹੋਰ ਸਮਾਜ ਸੇਵੀ ਜਥੇਬੰਦੀਆਂ ਨਾਲ ਮਿਲਕੇ ਦੇ ਚੁੱਕੇ ਹਾਂ। ਕੰਮ ਰੋਕ ਰੋਕ ਕੇ ਚਾਲੂ ਕੀਤਾ ਜਾਂਦਾ ਹੈ। ਹੁਣ ਕੰਮ ਬੰਦ ਪਿਆ ਹੈ। ਕੋਈ ਵੀ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ। ਇਹੀ ਹਾਲ ਨਾਨਕ ਪਿੰਡੀ ਵਾਲੇ ਪੁਲ ਦਾ ਹੈ।ਕਿਰਤੀ ਕਿਸਾਨ ਯੂਨੀਅਨ ਆਗੂ ਸੰਤੋਖ ਸਿੰਘ ਸੰਧੂ ਅਤੇ ਪੇਂਡੂ ਮਜ਼ਦੂਰ ਯੂਨੀਅਨ ਆਗੂ ਹੰਸ ਰਾਜ ਪੱਬਵਾਂ ਨੇ ਸੰਬੋਧਨ ਕੀਤਾ।

# ਪ੍ਰੀ-ਐਸ ਆਈ ਆਰ ਮੈਪਿੰਗ 'ਚ ਹੋਰ ਤੇਜ਼ੀ ਲਿਆਂਦੀ ਜਾਵੇ : ਜ਼ਿਲ੍ਹਾ ਚੋਣ ਅ.ਫਸਰ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)** : ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਸ਼ੁੱਕਰਵਾਰ ਪ੍ਰੀ-ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ) ਸਬੰਧੀ



ਚੱਲ ਰਹੀ ਮੈਪਿੰਗ ਪ੍ਰਕਿਰਿਆ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਮੈਪਿੰਗ ਦੇ ਕੰਮ ਵਿਚ ਹੋਰ ਤੇਜ਼ੀ ਲਿਆਂਦੀ ਜਾਵੇ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰੀ ਐਸ.ਆਈ.ਆਰ. ਸਬੰਧੀ ਸ਼ੁਰੂ ਕੀਤੀ ਪ੍ਰਕਿਰਿਆ ਤਹਿਤ ਮੌਜੂਦਾ ਵੋਟਰ ਸੂਚੀ ਦੇ ਵੋਟਰਾਂ ਦਾ ਮਿਲਾਨ/ਮੈਪਿੰਗ 2003 ਦੀ ਵੋਟਰ ਸੂਚੀ ਨਾਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਜਲੰਧਰ ਜ਼ਿਲ੍ਹੇ ਦੇ ਕੁੱਲ 16,56,549 ਵੋਟਰ ਹਨ, ਜਿਸ ਵਿੱਚੋਂ 13,01,302 (ਕੁੱਲ 78.55 ਫੀਸਦੀ) ਵੋਟਰਾਂ ਦਾ ਮਿਲਾਨ ਬੀ.ਐਲ.ਓਜ਼ ਵੱਲੋਂ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ 9 ਵਿਧਾਨ ਸਭਾ ਹਲਕਿਆਂ ਵਿੱਚ ਆਦਮਪੁਰ ਵਿਖੇ 87.97 ਫੀਸਦੀ, ਕਰਤਾਰਪੁਰ ਵਿਖੇ 87.15 ਫੀਸਦੀ, ਫਿਲੌਰ 86.48 ਫੀਸਦੀ, ਸ਼ਾਹਕੋਟ 86.18 ਫੀਸਦੀ, ਨਕੋਦਰ 85.92, ਜਲੰਧਰ ਕੈਂਟ 75.53 ਫੀਸਦੀ, ਜਲੰਧਰ ਵੈਸਟ 66.90 ਫੀਸਦੀ, ਜਲੰਧਰ ਉੱਤਰੀ ਵਿਖੇ 65.30 ਫੀਸਦੀ ਅਤੇ ਵਿਧਾਨ ਸਭਾ ਹਲਕਾ ਜਲੰਧਰ ਸੈਂਟਰਲ ਵਿਖੇ 64.70 ਫੀਸਦੀ ਪ੍ਰੀ-ਐਸ.ਆਈ.ਆਰ ਮੈਪਿੰਗ (ਕੁੱਲ 78.55 ਫੀਸਦੀ) ਹੋ ਚੁੱਕੀ ਹੈ।

# ਸ਼ਿਕਾਗੋ ਦੇ ਸ਼ਹੀਦਾਂ ਦੀ ਕੁਰਬਾਨੀ ਨੂੰ ਕੀਤਾ ਸਲਾਮ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਅੰਤਰਰਾਸ਼ਟਰੀ ਮਜ਼ਦੂਰ ਦਿਵਸ ਦੇ ਮੌਕੇ 'ਤੇ ਬਿਜਲੀ ਕਾਮਿਆਂ ਦੀਆਂ ਜਥੇਬੰਦੀਆਂ ਟੈਕਨੀਕਲ ਸਰਵਿਸਿਜ਼ ਯੂਨੀਅਨ (ਟੀ ਐਸ ਯੂ) ਅਤੇ ਮਨਿਸਟ੍ਰੀਅਲ ਸਰਵਿਸਜ਼ ਯੂਨੀਅਨ ਐਮ ਐਸ ਯੂ ਵੱਲੋਂ ਮੋਰਿੰਡਾ ਸਬ-



ਡਵੀਜ਼ਨ ਵਿਖੇ ਸਾਂਝੇ ਤੌਰ 'ਤੇ ਝੰਡਾ ਲਹਿਰਾਇਆ ਗਿਆ। ਇਸ ਮੌਕੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਉਨ੍ਹਾਂ ਦੀ ਕੁਰਬਾਨੀ ਨੂੰ ਸਲਾਮ ਕੀਤਾ ਗਿਆ, ਜਿਨ੍ਹਾਂ ਨੇ ਮਜ਼ਦੂਰ ਹੱਕਾਂ ਲਈ ਆਪਣੀ ਜਾਨ ਨਿਛਾਵਰ ਕੀਤੀ।ਇਸ ਸਮਾਗਮ ਵਿੱਚ ਮੁੱਖ ਤੌਰ 'ਤੇ ਸੁਖਵਿੰਦਰ ਸਿੰਘ ਦੁੱਮਣਾ (ਮੈਂਬਰ, ਜੁਆਇੰਟ ਫੋਰਮ ਪੰਜਾਬ), ਬਰਿੰਦਰ ਸਿੰਘ (ਸੂਬਾ ਮੀਤ ਪ੍ਰਧਾਨ (ਐਮ ਐਸ ਯੂ ), ਸੁਖਜਿੰਦਰ ਸਿੰਘ (ਸਰਕਲ ਪ੍ਰਧਾਨ, (ਟੀ ਐਸ ਯੂ) ਰੋਪੜ), ਬਲਜਿੰਦਰ ਸਿੰਘ (ਡਵੀਜ਼ਨ ਸਕੱਤਰ, (ਟੀ ਐਸ ਯੂ), ਗੁਲਜ਼ਾਰ ਸਿੰਘ (ਸਬ-ਡਵੀਜ਼ਨ ਪ੍ਰਧਾਨ, (ਟੀ ਐਸ ਯੂ), ਸਿਮਰਨਜੀਤ ਸਿੰਘ, ਜਸਵੀਰ ਸਿੰਘ ਅਤੇ ਮਲਕੀਤ ਸਿੰਘ ਹਾਜ਼ਰ ਰਹੇ।ਬੁਲਾਰਿਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਜ਼ਦੂਰ ਦਿਵਸ ਦੀ ਸ਼ੁਰੂਆਤ ਹੇਮਾਰਕਿਟ ਸਕਵੇਅਰ ਨਾਲ ਜੁੜੀ ਹੋਈ ਹੈ, ਜਿੱਥੇ ਮਜ਼ਦੂਰਾਂ ਨੇ 8 ਘੰਟੇ ਦੇ ਕੰਮ ਦੇ ਹੱਕ ਲਈ ਸੰਘਰਸ਼ ਕੀਤਾ। ਉਨ੍ਹਾਂ ਨੇ ਮਜ਼ਦੂਰ ਵਰਗ ਦੀ ਏਕਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਆਪਣੇ ਹੱਕਾਂ ਦੀ ਰੱਖਿਆ ਲਈ ਸੰਗਠਿਤ ਰਹਿਣਾ ਬਹੁਤ ਜ਼ਰੂਰੀ ਹੈ।

# ਕਿਰਤੀਆਂ ਦੇ ਹੱਕ ਵਿੱਚ ਡੇਰਾਬੱਸੀ ਵਿਖੇ ਵਿਸ਼ਾਲ ਰੈਲੀ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸ੍ਰੀ ਸੁਖਮਨੀ ਇੰਟਰਨੈਸ਼ਨਲ ਸਕੂਲ ਡੇਰਾਬੱਸੀ ਦੇ ਪ੍ਰਬੰਧਕਾਂ ਵੱਲੋਂ 15 ਕਿਰਤੀਆਂ ਨੂੰ ਗੈਰ-ਕਾਨੂੰਨੀ ਢੰਗ ਨਾਲ ਨੌਕਰੀ ਤੋਂ ਕੱਢ ਕੇ ਉਨ੍ਹਾਂ



ਦੀ ਜਗ੍ਹਾ ਠੇਕੇਦਾਰੀ ਸਿਸਟਮ ਰਾਹੀਂ ਨਵੇਂ ਬੰਦੇ ਰੱਖ ਕੇ ਕੰਮ ਕਰਵਾਉਣ ਦੇ ਵਿਰੋਧ ਵਿੱਚ ਮਜ਼ਦੂਰ ਦਿਵਸ ਮੌਕੇ ਕਿਸਾਨ ਜਥੇਬੰਦੀਆਂ ਅਤੇ ਟ੍ਰੇਡ ਯੂਨੀਅਨਾਂ ਵੱਲੋਂ ਹਲਕਾ ਵਿਧਾਇਕ ਦੇ ਦਫ਼ਤਰ ਦਾ ਭਾਰੀ ਇਕੱਠ ਨਾਲ ਘਿਰਾਓ ਕੀਤਾ ਗਿਆ। ਪਿਛਲੇ 60 ਦਿਨਾਂ ਤੋਂ ਸਕੂਲ ਦੇ ਬਾਹਰ ਲਗਾਤਾਰ ਧਰਨੇ 'ਤੇ ਬੈਠੇ ਇਨ੍ਹਾਂ ਕਿਰਤੀਆਂ ਦੀ ਸਰਕਾਰ ਜਾਂ ਸਥਾਨਕ ਵਿਧਾਇਕ ਵੱਲੋਂ ਹੁਣ ਤੱਕ ਸਾਰ ਨਾ ਲੈਣ ਕਾਰਨ ਮਜ਼ਦੂਰਾਂ ਅਤੇ ਕਿਸਾਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਰੈਲੀ ਅਤੇ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਮਨਪ੍ਰੀਤ ਸਿੰਘ ਅਮਰਾਲਾ (ਸੂਬਾ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ), ਗੁਰਬਿੰਦਰ ਸਿੰਘ ਚੌਂਹਦੜੀ(ਮੁਲਾਜ਼ਮ ਆਗੂ), ਵਿਨੋਦ ਚੁੱਘ (ਉਪ ਪ੍ਰਧਾਨ ਪੰਜਾਬ ਏਟਕ), ਜਗਤਾਰ ਸਿੰਘ ਝਰਮੜੀ, ਰਣਜੀਤ ਸਿੰਘ ਰਾਣਾ, ਹਰਨਾਮ ਸਿੰਘ (ਆਗੂ ਬੀਕੇਯੂ ਲੱਖੋਵਾਲ ਡੇਰਾਬੱਸੀ), ਏਕਮ ਸਿੱਧੂ, ਬਲਜੀਤ ਸਿੰਘ (ਚੇਅਰਮੈਨ), ਕਮਲਜੀਤ ਸਿੰਘ (ਉਪ ਪ੍ਰਧਾਨ ਸਿੱਖਿਆ ਸੰਸਥਾਨ ਵਰਕਰ ਯੂਨੀਅਨ ਏਟਕ), ਸੁਰਿੰਦਰ ਸਿੰਘ ਅਤੇ ਬਲਵਿੰਦਰ ਸਿੰਘ ਜੜੌਤ (ਆਗੂ ਕੁਲ ਹਿੰਦ ਕਿਸਾਨ ਸਭਾ) ਸਿੰਦਰ ਸਿੰਘ ਡੇਰਾਬੱਸੀ,ਜਸਵਿੰਦਰ ਸਿੰਘ ਹਲਕਾ ਇੰਚਾਰਜ ਆਜ਼ਾਦ ਸਮਾਜ ਪਾਰਟੀ ਆਰਮੀ ਭੀਮ ਡੇਰਾਬੱਸੀ ਨੇ ਸਾਂਝੇ ਤੌਰ 'ਤੇ ਸਰਕਾਰ ਅਤੇ ਪ੍ਰਸ਼ਾਸਨ ਦੇ ਅੜੀਅਲ ਵਤੀਰੇ ਦੀ ਸਖ਼ਤ ਨਿਖੇਧੀ ਕੀਤੀ। ਆਗੂਆਂ ਨੇ ਦੱਸਿਆ ਕਿ 21 ਅਪ੍ਰੈਲ ਨੂੰ ਵਿਧਾਇਕ ਦੀ ਕੋਠੀ ਦੇ ਬਾਹਰ ਕੀਤੇ ਪ੍ਰਦਰਸ਼ਨ ਦੌਰਾਨ ਉਨ੍ਹਾਂ ਦੇ ਭਰਾ ਪਰਮਜੀਤ ਰੰਧਾਵਾ ਨੇ ਇੱਕ ਹਫ਼ਤੇ ਵਿੱਚ ਮਸਲਾ ਹੱਲ ਕਰਨ ਦਾ ਭਰੋਸਾ ਦਿੱਤਾ ਸੀ, ਪਰ ਵਿਧਾਇਕ ਜਾਣਬੁੱਝ ਕੇ ਇਸ ਮਸਲੇ ਨੂੰ ਲਟਕਾ ਰਹੇ ਹਨ।ਪ੍ਰਦਰਸ਼ਨ ਦੌਰਾਨ ਹਲਕਾ ਵਿਧਾਇਕ ਦੀ ਗੈਰ-ਜ਼ਿੰਮੇਵਾਰੀ ਦੀ ਹੱਦ ਉਸ ਵੇਲੇ ਦੇਖਣ ਨੂੰ ਮਿਲੀ, ਜਦੋਂ ਭਾਰੀ ਗਰਮੀ ਅਤੇ ਤੇਜ਼ ਧੁੱਪ ਵਿੱਚ ਸੈਂਕੜੇ ਕਿਸਾਨ ਤੇ ਮਜ਼ਦੂਰ ਦਫ਼ਤਰ ਦੇ ਬਾਹਰ ਨਾਅਰੇਬਾਜ਼ੀ ਕਰਦੇ ਰਹੇ, ਪਰ ਦਫ਼ਤਰ ਵਿੱਚ ਸਾਰਾ ਸਟਾਫ਼ ਮੌਜੂਦ ਹੋਣ ਦੇ ਬਾਵਜੂਦ ਵੀ ਕੋਈ ਸਰਕਾਰੀ ਨੁਮਾਇੰਦਾ ਮੰਗ ਪੱਤਰ ਲੈਣ ਲਈ ਹੇਠਾਂ ਨਹੀਂ ਉਤਰਿਆ। ਇਸੇ ਰੋਸ ਵਜੋਂ ਉਨ੍ਹਾਂ ਆਪਣਾ ਮੰਗ ਪੱਤਰ ਵਿਧਾਇਕ ਦੇ ਦਫ਼ਤਰ ਦੇ ਬਾਹਰ ਲੱਗੇ ਮੁੱਖ ਬੋਰਡ ਉੱਤੇ ਚਿਪਕਾ ਦਿੱਤਾ।

# ਕੰਕਰੀਟ ਮਿਕਸਰ ਪਲਾਂਟ ਢੰਗਰਾਲੀ ਵਿਰੁੱਧ ਧਰਨਾ 7ਵੇਂ ਦਿਨ ਜਾਰੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪਿੰਡ ਢੰਗਰਾਲੀ ਤੇ ਖੈਰਪੁਰ ਵਿਚ ਲੱਗ ਰਹੇ ਆਰ ਐਮ ਸੀ ਪਲਾਂਟ ਨੂੰ ਬੰਦ ਕਰਾਉਣ ਦੇ ਲਈ ਚੱਲ ਰਹੇ ਧਰਨੇ ਦੇ ਸੱਤਵੇਂ ਦਿਨ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਨੇ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਚਲਾਕੀ ਦੀ ਅਗਵਾਈ ਵਿੱਚ ਵੱਡੀ ਗਿਣਤੀ ਦੇ ਵਿੱਚ ਸ਼ਮੂਲੀਅਤ ਕੀਤੀ। ਉਹਨਾਂ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਤੀ ਜ਼ੋਨ ਵਿੱਚ ਇੰਡਸਟਰੀ ਲਗਾਉਣ ਦੀ ਪ੍ਰਵਾਨਗੀ ਦੇਣੀ ਕਿਸਾਨਾਂ ਤੋਂ ਕਿਸਾਨੀ ਤੇ ਖੇਤ ਖੋਹਣ ਦਾ ਕੋਝਾ ਯਤਨ ਹੈ। ਇਹ ਜੋ ਆਰ ਐਮ ਸੀ ਪਲਾਂਟ ਲਗਾਇਆ ਜਾ ਰਿਹਾ ਹੈ, ਬਿਲਕੁਲ ਪਿੰਡ ਦੇ ਨੇੜੇ ਹੋਣ ਕਾਰਨ ਪਿੰਡ ਵਾਸੀਆਂ ਦੀ ਸਿਹਤ ਨੂੰ ਬਿਮਾਰੀਆਂ ਦੀ ਲਪੇਟ ਵਿੱਚ ਲੈ ਲਵੇਗਾ। ਪਲਾਂਟ ਦੇ ਨਾਲ ਹੀ ਸਕੂਲ ਹੈ, ਖੇਡ ਸਟੇਡੀਅਮ ਹੈ। ਉਹਨਾਂ ਨੇ ਪ੍ਰਸ਼ਾਸਨ ਤੇ ਸਰਕਾਰ ਤੋਂ ਮੰਗ ਕੀਤੀ ਕਿ ਦੋਨੋਂ ਪਿੰਡਾਂ ਵਾਸੀਆਂ ਦੀ ਜਾਇਜ਼ ਮੰਗ ਨੂੰ ਮੰਨਦੇ ਹੋਏ ਪਲਾਂਟ ਲਗਾਉਣਾ ਬੰਦ ਕੀਤਾ ਜਾਵੇ।ਉਹਨਾਂ ਨੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਭਰੋਸਾ ਦਿਵਾਇਆ ਕਿ ਧਰਨੇ ਨੂੰ ਹਰ ਤਰ੍ਹਾਂ ਦੀ ਹਮਾਇਤ ਕੀਤੀ ਜਾਵੇਗੀ। ਧਰਨੇ ਨੂੰ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਆਗੂ ਅਵਤਾਰ ਸਿੰਘ ਸਹੇੜੀ ਨੇ ਕਿਹਾ ਕਿ ਸਾਨੂੰ ਇੱਕਜੁੱਟ ਹੋ ਕੇ ਆਪਣੇ ਹੱਕਾਂ ਲਈ ਲੜਨਾ ਚਾਹੀਦਾ ਹੈ ਤੇ ਆਰ ਐਮ ਸੀ ਪਲਾਂਟ ਬੰਦ ਕਰਾਉਣਾ ਚਾਹੀਦਾ ਹੈ।ਇਹਨਾਂ ਤੋਂ ਇਲਾਵਾ ਭਾਰਤੀ ਕਿਸਾਨ



ਯੂਨੀਅਨ ਲੱਖੋਵਾਲ ਦੇ ਸੀਨੀਅਰ ਆਗੂਆਂ ਜਸਵਿੰਦਰ ਸਿੰਘ ਕਾਈਨੌਰ, ਸੁਖਜੰਤ ਸਿੰਘ ਕੋਟਲੀ, ਰਣਧੀਰ ਸਿੰਘ ਮਾਜਰੀ ਨੇ ਧਰਨੇ ਨੂੰ ਸੰਬੋਧਨ ਕੀਤਾ। ਸਵਰਨ ਸਿੰਘ ਢੰਗਰਾਲੀ ਨੇ ਧਰਨੇ ਨੂੰ ਸੰਬੋਧਨ ਕੀਤਾ । ਸੰਬੋਧਨ ਦੌਰਾਨ ਉਨਾਂ ਨੇ ਦੱਸਿਆ ਸਾਹ ਦੀ ਬਿਮਾਰੀ ਦਮੇ ਦੀ ਬਿਮਾਰੀ ਅੱਖਾਂ ਦੀ ਬਿਮਾਰੀ ਕਿਡਨੀ ਜਿਗਰ 'ਤੇ ਪੈਂਦੇ ਪ੍ਰਭਾਵ ਚਮੜੀ ਅਲਰਜੀ ਧਰਤੀ ਹੇਠਲੇ ਪਾਣੀ ਦਾ ਖਰਾਬ ਹੋ ਜਾਣ ਨਾਲ ਪੇਟ ਇਨਫੈਕਸ਼ਨ ਦੀਆਂ ਬਿਮਾਰੀਆਂ ਦਾ ਕਾਰਨ ਇਹ ਆਰ ਐਮ ਸੀ ਪਲਾਂਟ ਬਣਦਾ ਹੈ। ਅੰਤ ਵਿੱਚ ਬਹਾਦਰ ਸਿੰਘ ਨੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਅਤੇ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਪਹੁੰਚੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ। ਰਣਦੀਪ ਸਿੰਘ ਦੀਪੂ ਸਰਪੰਚ ਗ੍ਰਾਮ ਪੰਚਾਇਤ ਢੰਗਰਾਲੀ ਅਤੇ ਹਰਜਿੰਦਰ ਸਿੰਘ ਖਟੜਾ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ 'ਚ ਪਿੰਡ ਢੰਗਰਾਲੀ ਤੋਂ ਐਸ.ਡੀ.ਐਮ. ਮੋਰਿੰਡਾ ਦੇ ਦਫਤਰ ਤੱਕ ਰੋਸ ਮਾਰਚ ਕੀਤਾ ਜਾਵੇਗਾ ਤੇ ਉਹਨਾਂ ਅੱਗੇ ਪਲਾਂਟ ਨੂੰ ਬੰਦ ਕਰਨ ਦੇ ਲਈ ਮੰਗ ਪੱਤਰ ਪੇਸ਼ ਕੀਤਾ ਜਾਵੇਗਾ। ਇਸ ਧਰਨੇ ਵਿੱਚ ਹੋਰਨਾਂ ਤੋਂ ਇਲਾਵਾ ਸਰਪੰਚ ਮਾਨਖੇੜੀ ਲੰਬੜਦਾਰ ਗੁਰਮੀਤ ਸਿੰਘ, ਬਲਦੇਵ ਸਿੰਘ ਧਾਲੀਵਾਲ ਸਾਬਕਾ ਸਰਪੰਚ ਖੈਰਪੁਰ, ਪੰਚ ਸੱਜਣ ਸਿੰਘ ਖੈਰਪੁਰ, ਡਾਕਟਰ ਸੁਖਵਿੰਦਰ ਪਾਲ ਸਿੰਘ, ਗੁਰਦੇਵ ਸਿੰਘ ਕਾਕਾ, ਰਣਜੀਤ ਸਿੰਘ ਰਾਣਾ, ਉਜਾਗਰ ਸਿੰਘ, ਜਗਤਾਰ ਸਿੰਘ ਖਟੜਾ, ਅਵਤਾਰ ਸਿੰਘ ਬਾਠ ,ਤਰਲੋਚਨ ਸਿੰਘ, ਜੋਗਾ ਸਿੰਘ, ਰਣਜੋਧ ਸਿੰਘ, ਰਾਜਵਿੰਦਰ ਸਿੰਘ ਕੰਗ ਰਣਜੀਤਪੁਰਾ ਆਦਿ ਨੇ ਸ਼ਮੂਲੀਅਤ ਕੀਤੀ।

# ਡੀ ਐੱਮ ਐੱਫ ਤੇ ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਮਜ਼ਦੂਰ ਦਿਹਾੜੇ 'ਤੇ ਸਮਾਗਮ ਤੇ ਮੁਜ਼ਾਹਰਾ




**ਜਲੰਧਰ**- ਏਥੇ ਦੇਸ਼ ਭਗਤ ਯਾਦਗਾਰ ਹਾਲ ਦੇ ਗ਼ਦਰੀ ਬਾਬਾ ਵਿਸ਼ਨੂੰ ਗਣੇਸ਼ ਪਿੰਗਲਾ ਹਾਲ ਵਿਖੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਪੰਜਾਬ ਅਤੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਮਜ਼ਦੂਰ ਸਮਾਗਮ ਕੀਤਾ ਗਿਆ। ਸਮਾਗਮ ਦੀ ਸਮਾਪਤੀ ਉਪਰੰਤ ਮੁਜ਼ਾਹਰਾ ਕੀਤਾ ਗਿਆ। ਜਿਸ ਵਿੱਚ ਵੱਡੀ ਗਿਣਤੀ ਆਸ਼ਾ,ਮਿੱਡ ਡੇਅ ਮੀਲ ਵਰਕਰਜ਼, ਪੇਂਡੂ ਮਜ਼ਦੂਰਾਂ ਅਤੇ ਹੋਰ ਮਿਹਨਤੀ ਲੋਕਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਪੰਜਾਬ ਦੇ ਸੂਬਾਈ ਆਗੂ ਹਰਿੰਦਰ ਦੁਸਾਂਝ ਅਤੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਮਈ ਦਿਵਸ ਦੇ ਸ਼ਹੀਦ ਪੂੰਜੀਵਾਦ ਨੂੰ ਨਫ਼ਰਤ ਕਰਦੇ ਸਨ। ਕਿਉਂਕਿ ਇਹ ਕੁਝ ਲੋਕਾਂ ਦੁਆਰਾ ਬਹੁਤ ਸਾਰੇ ਲੋਕਾਂ ਦੇ ਸ਼ੋਸ਼ਣ 'ਤੇ ਅਧਾਰਤ ਹੈ।ਉਹ ਸਮਾਜਵਾਦ ਦੀ ਵਕਾਲਤ ਕਰਦੇ ਸਨ ਕਿਉਂਕਿ ਇਹ ਹਰੇਕ ਮਨੁੱਖ ਦੀ ਭਲਾਈ ਨੂੰ ਸੁਰੱਖਿਅਤ ਕਰ ਸਕਦਾ ਹੈ। ਇਹਨਾਂ ਸ਼ਹੀਦਾਂ ਵਲੋਂ ਪੂੰਜੀਵਾਦ ਦੇ ਬਦਲ ਵਜੋਂ ਸਮਾਜਵਾਦ ਲਈ ਦਿੱਤਾ ਗਿਆ ਸੱਦਾ ਅਜੋਕੇ ਪੂੰਜੀਵਾਦ ਦੇ ਸੰਸਾਰ ਵਿੱਚ ਬਹੁਤ ਸਾਰਥਕ ਹੈ।

ਇਸ ਨਾਲ ਮਜ਼ਦੂਰਾਂ ਦੀ ਖਰੀਦ ਸ਼ਕਤੀ 'ਚ ਹੋਰ ਗਿਰਾਵਟ ਆਉਣ ਨਾਲ ਬਾਜ਼ਾਰ 'ਚ ਮੰਗ ਹੋਰ ਵੀ ਘੱਟ ਜਾਵੇਗੀ। ਜਿਸ ਦਾ ਅਰਥਚਾਰੇ 'ਤੇ ਹੋਰ ਮਾੜਾ ਅਸਰ ਪਵੇਗਾ। ਆਗੂਆਂ ਨੇ ਕਿਹਾ ਕਿ ਅੱਜ ਦੇਸ਼ ਦੇ ਕਈ ਰਾਜਾਂ ਵਿੱਚ ਮਜਦੂਰਾਂ ਦੇ ਸੰਘਰਸ਼ ਫੁਟ ਰਹੇ ਹਨ।ਹੜਤਾਲਾਂ,ਧਰਨੇ,ਮੁਜਾਹਰੇ ਜਾਰੀ ਹਨ।ਇਹ ਸੰਘਰਸ਼ਸ਼ੀਲ ਮਜ਼ਦੂਰ ਨਾ ਸਿਰਫ ਆਪਣੀ ਸਗੋਂ ਸਾਰੇ ਦੇਸ਼ ਦੇ ਮਜ਼ਦੂਰ ਵਰਗ ਦੀ ਲੜਾਈ ਲੜ ਰਹੇ ਹਨ। ਇਸ ਮੌਕੇ ਡੈਮੋਕ੍ਰੇਟਿਕ ਆਸ਼ਾ ਅਤੇ ਫੈਸਿਲੀਟੇਟਰ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਗੁਰਜੀਤ ਕੌਰ ਸ਼ਾਹਕੋਟ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾਂ,ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਸੰਤੋਖ ਸਿੰਘ ਸੰਧੂ ਅਤੇ ਇਸਤਰੀ ਜਾਗ੍ਰਿਤੀ ਮੰਚ ਦੇ ਸੂਬਾਈ ਆਗੂ ਜਸਵੀਰ ਕੌਰ ਜੱਸੀ ਆਦਿ ਨੇ ਵੀ ਸੰਬੋਧਨ ਕੀਤਾ।

# ਟਰੈਫਿਕ ਪੁਲਸ ਨੇ ਵੱਖ-ਵੱਖ ਚਲਾਨ ਕੀਤੇ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪੁਲਿਸ ਮੁਖੀ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਟਰੈਫਿਕ ਪੁਲਿਸ ਮੋਰਿੰਡਾ ਵੱਲੋਂ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਜੇ ਚਲਾਨ ਕੀਤੇ ਜਾ ਰਹੇ ਹਨ ਉੱਥੇ ਹੀ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਨੂੰ ਲੈ ਕੇ ਜਾਗਰੂਕ ਵੀ ਕੀਤਾ ਜਾ ਰਿਹਾ ਹੈ। ਇਸ ਸਬੰਧੀ ਟਰੈਫਿਕ ਇੰਚਾਰਜ ਏ ਐਸ ਆਈ ਮਲਕੀਤ ਸਿੰਘ ਨੇ ਕਿਹਾ ਕਿ ਸਾਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਅਤੇ ਆਪਣੇ ਨਾਬਾਲਗ ਬੱਚਿਆਂ ਨੂੰ ਵਾਹਨ ਚਲਾਉਣ ਦੀ ਇਜਾਜ਼ਤ ਨਹੀਂ ਦੇਣੀ ਚਾਹੀਦੀ।

ਉਹਨਾਂ ਦੱਸਿਆ ਕਿ ਇਸ ਦੌਰਾਨ ਟਰੈਫਿਕ ਪੁਲਸ ਮੋਰਿੰਡਾ ਵੱਲੋਂ ਗਲਤ ਵਾਹਨ ਪਾਰਕਿੰਗ ਦੇ 7, ਬਿਨਾਂ ਨੰਬਰ ਪਲੇਟਾਂ 6, ਬਿਨਾਂ ਹੈਲਮਟ 3 ਚਲਾਨ ਤੋਂ ਇਲਾਵਾ ਕਾਰਾਂ ਦੇ ਸ਼ੀਸ਼ਿਆਂ ਤੇ ਕਾਲੀਆਂ ਜਾਲੀਆਂ ਵਾਲਿਆਂ ਦੇ 10 ਚਲਾਨ ਕੀਤੇ ਗਏ। ਇਸ ਮੌਕੇ ਏ ਐਸ ਆਈ ਧੰਨਾ ਸਿੰਘ ਵੀ ਹਾਜ਼ਰ ਸਨ।

# ਵਿਦਿਆਰਥੀਆਂ ਦੇ ਉਜਵਲ ਭਵਿੱਖ ਲਈ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਅੱਜ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸੈਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਟਾਂਡਾ ਦੀ ਚੇਅਰਪਰਸਨ ਸੰਗੀਤਾ ਚੋਪੜਾ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਕੂਲ ਦੇ ਡਾਇਰੈਕਟਰ ਇੰਦਰ ਕੁਮਾਰ ਸਾਹਨੀ ਦੀ ਅਗਵਾਈ ਵਿੱਚ ਨਵੇਂ ਵਿਦਿਅਕ ਸੈਸ਼ਨ ਦੀ ਸ਼ੁਰੂਆਤ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਸਤਿਗੁਰੂ ਅੱਗੇ ਅਰਦਾਸ ਕਰਨ ਸਬੰਧੀ 2 ਮਈ ਨੂੰ ਸਕੂਲ ਵਿਖੇ ਸ਼੍ਰੀ ਸੁਖਮਨੀ ਸਾਹਿਬ ਜੀ



ਦਾ ਪਾਠ ਕਰਵਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾਇਰੈਕਟਰ ਇੰਦਰ ਕੁਮਾਰ ਸਾਹਨੀ ਨੇ ਕਿਹਾ ਕਿ ਸ਼੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਵਿਦਿਆਰਥੀਆਂ ਦੇ ਉਜਵਲ ਭਵਿੱਖ ਲਈ ਹਰ ਸਾਲ ਕਰਵਾਇਆ ਜਾਂਦਾ ਹੈ ਤਾਂ ਜੋ ਵਿਦਿਆਰਥੀ ਆਪਣੀ ਪੜ੍ਹਾਈ ਪੂਰੀ ਲਗਨ ਅਤੇ ਮਿਹਨਤ ਨਾਲ ਕਰਕੇ ਆਪਣੀ ਮੰਜ਼ਿਲ ਨੂੰ ਹਾਸਲ ਕਰ ਸਕਣ। ਉਨ੍ਹਾਂ ਕਿਹਾ ਕਿ ਹਰ ਵਿਦਿਆਰਥੀ ਨੂੰ ਬੁਰੀ ਸੰਗਤ ਤੋਂ ਦੂਰ ਰਹਿ ਕੇ ਨਸ਼ਿਆਂ ਜਿਹੀਆਂ ਮਾੜੀਆਂ ਅਲਾਮਤਾਂ ਤੋਂ ਬਚਣਾ ਚਾਹੀਦਾ ਹੈ। ਇੰਦਰ ਸਾਹਨੀ ਨੇ ਕਿਹਾ ਕਿ ਹਰ ਵਿਦਿਆਰਥੀ ਨੂੰ ਆਪਣੀ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਹਿੱਸਾ ਜਰੂਰ ਲੈਣਾ ਚਾਹੀਦਾ ਹੈ ਇਸ ਨਾਲ ਜਿੱਥੇ ਮਾਨਸਿਕ ਸ਼ਕਤੀ ਵਿੱਚ ਵਾਧਾ ਹੁੰਦਾ ਹੈ ਉੱਥੇ ਆਪਸੀ ਭਾਈਚਾਰੇ ਵਿੱਚ ਵੀ ਵਾਧਾ ਹੁੰਦਾ ਹੈ। ਉਨ੍ਹਾਂ ਕਿਹਾ ਕਿ 2 ਮਈ ਨੂੰ ਸਵੇਰੇ 10 ਵਜੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਆਰੰਭ ਕੀਤਾ ਜਾਵੇਗਾ ਅਤੇ 11-30 ਵਜੇ ਸਕੂਲ ਵਿਦਿਆਰਥੀਆਂ ਦੇ ਕੀਰਤਨੀ ਜਥੇ ਗੁਰਬਾਣੀ ਦਾ ਜਾਪ ਕਰਕੇ ਸੰਗਤ ਨੂੰ ਸਤਿਗੁਰ ਦੇ ਚਰਨਾਂ ਨਾਲ ਜੁੜਨ ਦੀ ਪ੍ਰੇਰਨਾ ਦੇਣਗੇ। ਉਨ੍ਹਾਂ ਕਿਹਾ ਕਿ ਬਾਅਦ ਦੁਪਹਿਰ 1 ਵਜੇ ਗੁਰੂ ਦਾ ਅਟੁੱਟ ਲੰਗਰ ਵਰਤਾਇਆ ਜਾਵੇਗਾ। ਇਸ ਮੌਕੇ ਤੇ ਮਾਨਕ ਘੋਸ਼, ਨਵਦੀਪ ਕੁਮਾਰ ਅਤੇ ਹੋਰ ਸਕੂਲ ਸਟਾਫ਼ ਹਾਜ਼ਰ ਸੀ।

# ਸੀਟੂ ਨੇ ਮਈ ਦਿਹਾੜਾ ਜੋਸ਼ੋ ਖਰੋਸ਼ ਨਾਲ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਸੀਟੂ ਵਲੋਂ ਮਈ ਦਿਹਾੜਾ ਸ਼ਹੀਦ ਉਧਮ ਸਿੰਘ ਪਾਰਕ ਵਿੱਚ ਜੋਸ਼ੋ ਖਰੋਸ਼ ਨਾਲ ਮਨਾਇਆ ਗਿਆ। ਜਿਸ ਵਿੱਚ ਭੱਠਾ ਮਜ਼ਦੂਰ, ਕਨਸਟਰੱਕਸ਼ਨ ਮਜ਼ਦੂਰ, ਅੰਗਣਵਾੜੀ,




ਰਿਟਾਇਰੀ ਮੁਲਾਜ਼ਮ, ਪੀ ਸੀ ਐਮ ਐਸ ਆਰ ਯੂ ਦੇ ਸਾਥੀ ਭਾਰੀ ਗਿਣਤੀ ਵਿਚ ਸਾਥੀ ਮੌਜੂਦ ਸਨ। ਇਸ ਦੀ ਪ੍ਰਧਾਨਗੀ ਸੰਜੀਵ ਸੋਨੂ, ਮਨਜੀਤ ਕੌਰ ਨੇ ਕੀਤੀ। ਇਸ ਮੌਕੇ ਸੀਟੂ ਦੇ ਆਗੂ ਮਹਿੰਦਰ ਕੁਮਾਰ ਬੱਡੋਆਣ, ਕਾਮਰੇਡ ਗੁਰਮੇਸ਼ ਸਿੰਘ, ਧਨਪਤ, ਨੀਲਮ ਬੱਡੋਆਣ, ਗੁਰਬਖਸ਼ ਕੌਰ ਚੱਕ ਗੁਰੂ ਨੇ ਕਿਹਾ ਅੱਜ ਦੇ ਦਿਨ 1886 ਵਿੱਚ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿੱਚੋਂ ਮਜ਼ਦੂਰਾਂ ਨੇ ਕੰਮ ਦਾ ਸਮਾਂ ਨਿਸ਼ਚਿਤ ਕਰਾਉਣ ਲਈ ਵੱਡਾ ਇਕੱਠ ਕਰਕੇ ਸਮੇਂ ਦੇ ਹਾਕਮਾਂ ਕੋਲੋਂ ਮੰਗ ਕੀਤੀ ਸੀ। ਉਸ ਸਮੇਂ ਦੇ ਹਾਕਮਾਂ ਨੇ ਦਮਨ ਕਰਕੇ ਗੋਲੀਆਂ ਚਲਾਈਆਂ ਜਿਸ ਵਿੱਚ ਕਿਰਤੀ ਸ਼ਹੀਦ ਹੋ ਗਏ। ਸੱਤ ਆਗੂਆਂ ਨੂੰ ਝੂਠੇ ਕੇਸ ਵਿੱਚ ਫਸਾ ਕੇ ਫਾਂਸੀ ਚੜ੍ਹਾ ਦਿੱਤਾ। ਸ਼ਹੀਦੀਆਂ ਦੇਣ ਤੋਂ ਬਾਅਦ 8 ਘੰਟੇ ਦੀ ਮੰਗ ਮੰਨੀ ਗਈ ਜੋ ਕਿ ਪੂਰੀ ਦੁਨੀਆ ਵਿੱਚ ਲਾਗੂ ਹੋਈ। ਪਰ ਅੱਜ ਦੀ ਮੋਦੀ ਸਰਕਾਰ ਪ੍ਰਾਪਤ ਕੀਤੇ ਕਾਨੂੰਨਾਂ ਨੂੰ ਰੱਦ ਕਰਕੇ 4 ਲੇਬਰ ਕੋਡਾ ਵਿੱਚ ਬਦਲ ਕੇ ਪਾਸ ਕਰ ਦਿੱਤਾ ਗਿਆ। ਜਿਨ੍ਹਾ ਰਾਹੀਂ ਡਿਊਟੀ ਦੇ 8 ਘੰਟਿਆ ਦੀ ਥਾਂ 12 ਘੰਟੇ ਕਰ ਦਿੱਤੀ ਗਈ। ਜਿਸ ਵਿਰੁੱਧ ਕਿਰਤੀ ਜਮਾਤ ਅੰਦਰ ਵੱਡਾ ਰੋਹ ਉਭਰ ਰਿਹਾ ਹੈ। ਮਨਰੇਗਾ ਨੂੰ ਖਤਮ ਕਰਨ ਮਨਸੂਬੇ ਘੜੇ ਜਾ ਰਹੇ ਹਨ। ਕੇਂਦਰ ਸਰਕਾਰ ਬਿਜਲੀ ਬਿੱਲ 2020 ਨੂੰ ਕਾਨੂੰਨ ਬਣਾਉਣ ਦੀ ਤਾਕ ਵਿੱਚ ਹੈ। ਇਕੱਠ ਵਿੱਚ ਕਿਰਤੀਆਂ ਵਲੋ ਜ਼ੋਰਦਾਰ ਮੰਗ ਕੀਤੀ ਗਈ ਕਿ 4 ਲੇਬਰ ਕੋਡ ਰੱਦ ਕੀਤੇ ਜਾਣ, ਅਮਰੀਕਾ ਨਾਲ ਕੀਤੀ ਵਪਾਰ ਸੰਧੀ ਰੱਦ ਕੀਤੀ ਜਾਵੇ, ਨਿੱਜੀਕਰਨ ਦੀ ਥਾਂ ਸਰਕਾਰੀ ਅਦਾਰੇ ਉਸਾਰੇ ਤੇ ਮਜ਼ਬੂਤ ਕੀਤੇ ਜਾਣ, ਸਾਰੇ ਕਿਰਤੀਆਂ ਨੂੰ ਪੱਕਾ ਕੀਤਾ ਜਾਵੇ, ਮਨਰੇਗਾ ਕਾਨੂੰਨ ਨੂੰ ਬਹਾਲ ਕੀਤਾ ਜਾਵੇ, ਘੱਟੋ ਘੱਟ ਉਜਰਤ 26000 ਮਹੀਨਾ ਕੀਤੀ, ਜਾਵੇ ਠੇਕਾ ਸਿਸਟਮ ਬੰਦ ਕੀਤਾ ਜਾਵੇ, ਬੇਰੁਜ਼ਗਾਰੀ ਨੂੰ ਖਤਮ ਕੀਤਾ ਜਾਵੇ, ਮਹਿੰਗਾਈ ਨੂੰ ਰੋਕਣ ਲਈ ਵੱਡੇ ਵਿਉਪਾਰੀਆਂ ਤੇ ਜਖੀਰੇਬਾਜ਼ਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇ, ਕੇਂਦਰ ਸਰਕਾਰ ਸੰਵਿਧਾਨ ਉਪਰ ਕੀਤੇ ਜਾ ਰਹੇ ਹਮਲਿਆਂ ਨੂੰ ਤੁਰੰਤ ਬੰਦ ਕਰੇ। ਇਸ ਮੌਕੇ ਨੀਲਮ ਬੱਡੋਆਣ, ਜੈਲ ਸਿੰਘ, ਪਰਵੇਸ਼ ਕੁਮਾਰ, ਸੰਜੇ ਠਾਕਰ ਸਿੰਘ, ਪਰੇਮ ਲਤਾ, ਕਿਸ਼ਨ, ਦਿਆਲ ਸਿੰਘ, ਪਰਮੋਦ ਪਾਲੋ, ਸੁੰਨੀ, ਸੁਖਵਿੰਦਰ ਕੌਰ ਮੁਕੰਦਪੁਰ ਨੇ ਵੀ ਸੰਬੋਧਨ ਕੀਤਾ। ਬਾਅਦ ਵਿੱਚ ਢੋਲ ਅਤੇ ਝੰਡੇ ਬੈਨਰਾਂ ਨਾਲ ਸ਼ਹਿਰ ਵਿੱਚ ਮਾਰਚ ਕੀਤਾ। ਇਸ ਮੌਕੇ ਲੰਗਰ ਵੀ ਲਾਇਆ ਗਿਆ। ਅੰਤ ਵਿੱਚ ਸੰਜੀਵ ਸੋਨੂੰ ਨੇ ਆਏ ਸਾਥੀਆਂ ਦਾ ਧੰਨਵਾਦ ਕੀਤਾ।

# ਪਨਾਮ ਦੇ ਲੋਕਾਂ ਨੇ ਵੱਡੀ ਗਿਣਤੀ 'ਚ ਆਪ ਦਾ ਫੜਿਆ ਪੱਲਾ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਇਲਾਕੇ ਵਿੱਚ ਰਾਜਨੀਤਿਕ ਤਸਵੀਰ ਵਿੱਚ ਵੱਡਾ ਬਦਲਾਅ ਉਸ ਵੇਲੇ ਵੇਖਣ ਨੂੰ ਮਿਲਿਆ ਜਦੋਂ ਪਿੰਡ ਪਨਾਮ ਦੇ ਵੱਡੀ ਗਿਣਤੀ ਵਿੱਚ ਪਰਿਵਾਰ ਆਮ ਆਦਮੀ ਪਾਰਟੀ (ਆਪ) ਵਿੱਚ ਸ਼ਾਮਿਲ ਹੋ ਗਏ



। ਇਹ ਵਿਸ਼ਾਲ ਸ਼ਮੂਲੀਅਤ ਡਿਪਟੀ ਸਪੀਕਰ ਸਰਦਾਰ ਜੈ ਕ੍ਰਿਸ਼ਨ ਸਿੰਘ ਰੌੜੀ ਦੀ ਅਗਵਾਈ ਹੇਠ ਇਕ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਹੋਈ। ਜਿਸ ਵਿੱਚ ਪਿੰਡ ਦੇ ਮਾਣਯੋਗ ਵਿਅਕਤੀ, ਸਮਾਜਿਕ ਆਗੂ ਅਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਸਮਾਗਮ ਦੌਰਾਨ ਨਵੇਂ ਸ਼ਾਮਿਲ ਹੋਏ ਮੈਂਬਰਾਂ ਦਾ ਡਿਪਟੀ ਸਪੀਕਰ ਅਤੇ ਆਪ ਦੇ ਹੋਰ ਆਗੂਆਂ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਉਨ੍ਹਾਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ ਅਤੇ ਪਾਰਟੀ ਦੇ ਝੰਡੇ ਹੇਠ ਇਕਜੁੱਟ ਹੋ ਕੇ ਲੋਕ-ਭਲਾਈ ਲਈ ਕੰਮ ਕਰਨ ਦਾ ਸੰਕਲਪ ਕਰਵਾਇਆ ਗਿਆ। ਇਸ ਮੌਕੇ 'ਤੇ ਡਿਪਟੀ ਸਪੀਕਰ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਪਿੰਡਾਂ ਅਤੇ ਸ਼ਹਿਰਾਂ ਵਿੱਚ 'ਆਪ' ਦੀਆਂ ਨੀਤੀਆਂ ਨੂੰ ਵੱਡਾ ਸਮਰਥਨ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਸਕੂਲਾਂ ਦੀ ਬਿਹਤਰੀ, ਸਿਹਤ ਸੇਵਾਵਾਂ ਵਿੱਚ ਵਾਧਾ, ਮੁਫ਼ਤ ਬਿਜਲੀ ਅਤੇ ਪਾਣੀ ਵਰਗੀਆਂ ਸਹੂਲਤਾਂ ਨੇ ਆਮ ਲੋਕਾਂ ਦੀ ਜ਼ਿੰਦਗੀ ਵਿੱਚ ਅਸਲ ਬਦਲਾਅ ਲਿਆਂਦਾ ਹੈ। ਇਸ ਕਾਰਨ ਲੋਕਾਂ ਦਾ ਭਰੋਸਾ ਆਪ 'ਤੇ ਲਗਾਤਾਰ ਵੱਧ ਰਿਹਾ ਹੈ। ਇਸ ਮੌਕੇ ਅਮਨਦੀਪ ਨਾਗਰਾ, ਰਮਨਦੀਪ ਸਿੰਘ ਧਾਮੀ, ਅਮਰੀਕ ਸਿੰਘ ਧਾਮੀ, ਤਜਿੰਦਰ ਸਿੰਘ ਮਾਨ, ਗੁਰਪ੍ਰੀਤ ਸਿੰਘ ਧਾਮੀ, ਹਰਪ੍ਰੀਤ ਸਿੰਘ ਭਲਵਾਨ, ਮਨਜਿੰਦਰ ਸਿੰਘ, ਹੈਪੀ ਭਲਵਾਨ, ਮੋਹਨ ਸਿੰਘ,ਸਾਬਕਾ ਸਰਪੰਚ ਚਰਨਜੀਤ ਸਿੰਘ ,ਗੁਰਦੀਪ ਕੌਰ, ਜਸਵਿੰਦਰ ਸਿੰਘ, ਕਰਤਾਰ ਸਿੰਘ, ਕੁਲਵਿੰਦਰ ਸਿੰਘ, ਅਮਰਜੀਤ ਸਿੰਘ, ਕੁਲਵੀਰ ਸਿੰਘ ਧਾਮੀ, ਹਰਪ੍ਰੀਤ ਕੌਰ, ਵਰਿੰਦਰ ਸਿੰਘ, ਸੁਖਵਿੰਦਰ ਸਿੰਘ ਲਾਡੀ ਹਾਜ਼ਿਰ ਸਨ। ਇਸ ਮੌਕੇ ਮਾਰਕੀਟ ਕਮੇਟੀ ਤੋਂ ਚੇਅਰਮੈਨ ਸਰਦਾਰ ਬਲਦੀਪ ਸਿੰਘ ਸੈਣੀ,ਯੂਥ ਪ੍ਰਧਾਨ ਪ੍ਰਿੰਸ ਚੌਧਰੀ, ਸਰਪੰਚ ਗੁਰਨਾਮ ਸਿੰਘ ਮੋਜੀ,ਬਲਾਕ ਸੰਮਤੀ ਪ੍ਰਿੰਸੀਪਲ ਸੋਹਣ ਲਾਲ,ਪੰਚ ਸੁਰਿੰਦਰ ਸਿੰਘ, ਸਾਬਕਾ ਪੰਚ ਕੁਲਦੀਪ ਸਿੰਘ, ਪੰਚ ਕ੍ਰਿਸ਼ਨ ਪਾਲ, ਸਾਬਕਾ ਸਰਪੰਚ ਬੁੱਧ ਰਾਮ ਸੈਕਟਰੀ ਰਾਜਵਿੰਦਰ ਸਿੰਘ, ਨਰਿੰਦਰ ਸਿੰਘ, ਹਰਜਿੰਦਰ ਸਿੰਘ ਖਾਬੜਾ,ਬਲਾਕ ਪ੍ਰਧਾਨ ਸੁਖਵੰਤ ਸਿੰਘ ਕੰਗ, ਰੋਸ਼ਨਜੀਤ ਸਿੰਘ, ਮਲਕੀਤ ਸਿੰਘ, ਸੋਸ਼ਲ ਮੀਡੀਆ ਤੋਂ ਪ੍ਰਧਾਨ ਹਰਵਿੰਦਰ ਸਿੰਘ ਸੈਣੀ ਅਤੇ ਪਾਰਟੀ ਵਰਕਰ ਹਾਜ਼ਰ ਸਨ।

## ਬਿਜਲੀ ਕੱਟਾਂ ਵਿਰੁੱਧ ਸ਼੍ਰੋਮਣੀ ਅਕਾਲੀ ਦਲ ਵੱਲੋਂ ਧਰਨਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਵੱਲੋਂ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ ਦੀ ਅਗਵਾਈ ਹੇਠ ਪਾਵਰਕਾਮ ਦਫ਼ਤਰ ਵਿਖੇ ਬਿਜਲੀ ਦੇ ਕੱਟਾਂ ਦੇ ਵਿਰੋਧ 'ਚ ਧਰਨਾ ਦਿੰਦਿਆਂ ਆਮ ਆਦਮੀ ਪਾਰਟੀ ਦੀ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ।ਧਰਨੇ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭੁਪਿੰਦਰ ਸਿੰਘ ਭਲਵਾਨ ਨੇ ਕਿਹਾ ਕਿ 'ਆਪ' ਸਰਕਾਰ ਸੂਬੇ ਦੇ ਲੋਕਾਂ ਨੂੰ 24 ਘੰਟੇ ਨਿਰਵਿਘਨ ਬਿਜਲੀ ਸਪਲਾਈ ਦੇਣ ਦੇ ਆਪਣੇ ਵਾਅਦੇ ਤੋਂ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ।ਉਨ੍ਹਾਂ ਕਿਹਾ ਕਿ ਬਿਜਲੀ ਦੇ ਕੱਟਾਂ ਕਾਰਨ ਜਿੱਥੇ ਆਮ ਜਨਤਾ ਅੱਤ ਦੀ ਗਰਮੀ ਵਿੱਚ ਹਾਲੋਂ-ਬੇਹਾਲ ਹੈ।ਅਕਾਲੀ ਆਗੂਆਂ ਨੇ ਚੇਤਾਵਨੀ ਭਰੇ ਲਹਿਜ਼ੇ 'ਚ ਸਰਕਾਰ ਤੇ ਪ੍ਰਸ਼ਾਸਨ ਨੂੰ ਕਿਹਾ ਕਿ ਜੇਕਰ ਆਉਣ ਵਾਲੇ ਦਿਨਾਂ ਵਿੱਚ ਬਿਜਲੀ ਦੀ ਸਪਲਾਈ ਵਿੱਚ ਸੁਧਾਰ ਨਾ ਕੀਤਾ ਗਿਆ ਤੇ ਇਹ ਗ਼ੈਰ-ਐਲਾਨੇ ਕੱਟ ਬੰਦ ਨਾ ਹੋਏ, ਤਾਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਆਪਣੇ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸਰਕਾਰ ਸਿਰਫ਼ ਇਸ਼ਤਿਹਾਰਬਾਜ਼ੀ ਤੱਕ ਸੀਮਤ ਹੈ, ਜਦਕਿ ਜ਼ਮੀਨੀ ਪੱਧਰ 'ਤੇ ਲੋਕ ਬਿਜਲੀ ਅਤੇ ਪਾਣੀ ਵਰਗੀਆਂ ਬੁਨਿਆਦੀ ਸਹੂਲਤਾਂ ਲਈ ਤਰਸ ਰਹੇ ਹਨ।ਬੁਲਾਰਿਆ ਨੇ ਮੰਗ ਕੀਤੀ ਕਿ ਬਿਜਲੀ ਸੰਕਟ ਦਾ ਤੁਰੰਤ ਹੱਲ ਕੱਢਿਆ ਜਾਵੇ ਤਾਂ ਜੁ ਲੋਕਾਂ ਨੂੰ ਰਾਹਤ ਮਿਲ ਸਕੇ।

## ਮਾਤਾ ਗੁਜਰੀ ਸਕੂਲ ਦੇ ਵਿਦਿਆਰਥੀਆਂ ਦਾ ਵਾਲੀਬਾਲ ਟੂਰਨਾਮੈਂਟ 'ਚ ਸ਼ਾਨਦਾਰ ਪ੍ਰਦਰਸ਼ਨ



**ਦੇਵੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਆਸਰਾ ਕਾਲਜ, ਭਵਾਨੀਗੜ੍ਹ (ਪਟਿਆਲਾ) ਵਿਖੇ ਕਰਾਈ ਚੌਥੀ ਵਾਈ.ਐਸ.ਪੀ.ਏ. ਵਾਲੀਬਾਲ ਚੈਂਪੀਅਨਸ਼ਿਪ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਅੰਡਰ-19 ਵਰਗ 'ਚ ਪਹਿਲਾ ਸਥਾਨ ਹਾਸਲ ਕੀਤਾ।ਕੋਚ ਸ਼੍ਰੀ ਅਰਸ਼ਦੀਪ ਸਿੰਘ ਦੀ ਅਗਵਾਈ ਹੇਠ ਟੀਮ ਨੇ ਮੁਕਾਬਲੇ ਵਿੱਚ ਹਿੱਸਾ ਲਿਆ, ਜਿਸ ਵਿੱਚ ਪੰਜਾਬ ਭਰ ਤੋਂ ਸਕੂਲਾਂ ਅਤੇ ਅਕੈਡਮੀਆਂ ਦੇ ਲਗਭਗ 500 ਖਿਡਾਰੀਆਂ ਨੇ ਭਾਗ ਲਿਆ।ਸਕੂਲ ਦੀ ਟੀਮ ਨੇ ਮੁਕਾਬਲੇ ਦੌਰਾਨ ਉੱਤਮ ਖੇਡ ਦਾ ਪ੍ਰਦਰਸ਼ਨ ਕਰਦਿਆਂ ਖਿਤਾਬ ਆਪਣੇ ਨਾਂਅ ਕੀਤਾ।ਇਸ ਉਪਲਬਧੀ 'ਤੇ ਸਕੂਲ ਦੇ ਡਾਇਰੈਕਟਰ ਸਰਦਾਰ ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਸ਼੍ਰੀਮਤੀ ਰਵਿੰਦਰ ਕੌਰ, ਪ੍ਰਿੰਸੀਪਲ ਸ਼੍ਰੀਮਤੀ ਪੂਨਮ ਧੀਮਾਨ ਤੇ ਅਕਾਦਮਿਕ ਡਾਇਰੈਕਟਰ ਸ਼੍ਰੀਮਤੀ ਤੇਜਿੰਦਰ ਕੌਰ ਵਾਲੀਆ ਨੇ ਟੀਮ ਤੇ ਕੋਚ ਨੂੰ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਕਾਮਯਾਬੀਆਂ ਨਾਲ ਵਿਦਿਆਰਥੀਆਂ ਨੂੰ ਅੱਗੇ ਵਧਣ ਲਈ ਹੌਸਲਾ ਮਿਲਦਾ ਹੈ।

## ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ 'ਚ ਬਿਜ਼ਨੈੱਸ ਬਲਾਸਟਰ ਮੇਲਾ



**ਜਲਾਲਾਬਾਦ (ਜੰਗੀਰ ਕੌਰ, ਜੀਤ ਕੁਮਾਰ)**-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ +1 ਤੇ +2 ਜਮਾਤ ਦੇ ਵਿਦਿਆਰਥੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਚਲਾਏ ਗਏ ਪ੍ਰੋਗਰਾਮ ਬਿਜ਼ਨੈੱਸ ਬਲਾਸਟਰ ਅਧੀਨ ਡੀਈਓ ਸੈਕੰਡਰੀ ਫ਼ਾਜ਼ਿਲਕਾ ਅਜੇ ਕੁਮਾਰ ਸ਼ਰਮਾ ਤੇ ਪ੍ਰਿੰਸੀਪਲ ਅਮਿਤ ਗਗਨੇਜਾ ਦੀ ਅਗਵਾਈ ਹੇਠ ਬਿਜ਼ਨੈੱਸ ਬਲਾਸਟਰ ਮੇਲਾ ਲਾਇਆ ਗਿਆ। ਐਸਡੀਐਮ ਕਵਰਜੀਤ ਸਿੰਘ ਮਾਨ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕਰਕੇ ਵਿਦਿਆਰਥਣਾਂ ਨੂੰ ਹੋਰ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ ਅਤੇ ਉਨ੍ਹਾਂ ਤੋਂ ਵੱਖ-ਵੱਖ ਤਰ੍ਹਾਂ ਦਾ ਸਮਾਨ ਵੀ ਖਰੀਦਿਆ ਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ। ਸ਼੍ਰੀਮਤੀ ਸੁਧਾ ਚੇਅਰਮੈਨ ਐਸਐਮਸੀ ਕਮੇਟੀ ਤੇ ਹੋਰ ਕਮੇਟੀ ਮੈਂਬਰ ਸ਼ਾਮਲ ਹੋਏ। ਵਿਦਿਆਰਣਾਂ ਨੇ ਬੜੇ ਉਤਸ਼ਾਹ ਨਾਲ ਵੱਖ-ਵੱਖ ਤਰ੍ਹਾਂ ਦੀਆਂ ਸਟਾਲਾਂ ਜਿਵੇਂ ਖਾਧ ਪਦਾਰਥ ਤੇ ਘਰੇਲੂ ਸਜਾਵਟੀ ਸਮਾਨ ਬਿਊਟੀ ਦਾ ਸਮਾਨ ਕਰੋਸ਼ੀਏ ਦਾ ਸਮਾਨ ਤੇ ਹੋਰ ਕਈ ਤਰ੍ਹਾਂ ਦੇ ਆਚਾਰ ਮੁਰੱਬੇ, ਵਰਮੀ ਕੰਪੋਸਟ ਖਾਦ ਅਤੇ ਹੋਰ ਵੱਖ ਵੱਖ ਤਰ੍ਹਾਂ ਦੇ ਸਮਾਨ ਦੀਆਂ ਸਟਾਲਾਂ ਲਗਾਈਆਂ ਇਨ੍ਹਾਂ ਸਟਾਲਾਂ ਵਿੱਚ +1, +2 ਕਲਾਸ ਦੇ ਇੰਚਾਰਜ ਦਾ ਵੀ ਬਹੁਤ ਵੱਡਾ ਯੋਗਦਾਨ ਰਿਹਾ। ਇਨ੍ਹਾਂ ਸਟਾਲਾਂ ਦੀ ਜੱਜਮੈਂਟ ਸ੍ਰੀਮਤੀ ਰਜਨੀਸ਼ ਕੌਰ, ਸ੍ਰੀਮਤੀ ਸੁਰਜੀਤ ਕੌਰ ਅਤੇ ਛਿੰਦਰਪਾਲ ਬਤਰਾ ਨੇ ਕੀਤੀ। ਸ੍ਰੀਮਤੀ ਸ਼ਿਖਾ ਨਾਗਪਾਲ ਅਸਿਸਟੈਂਟ ਨੋਡਲ ਬਿਜ਼ਨੈੱਸ ਬਲਾਸਟਰ ਤੇ ਸ਼੍ਰੀਮਤੀ ਨਿਰਮਲ ਰਾਣੀ, ਸ਼੍ਰੀਮਤੀ ਰਚਨਾ ਲੂਣਾ ਦਾ ਵੀ ਵਿਸ਼ੇਸ਼ ਯੋਗਦਾਨ ਰਿਹਾ, ਜਿਨ੍ਹਾਂ ਨੇ ਸਾਰੇ ਕੰਮ ਆਪਣੀ ਦੇਖ-ਰੇਖ ਹੇਠ ਕਰਵਾਏ। ਇਹ ਮੇਲਾ ਸਫ਼ਲਤਾ ਪੂਰਵਕ ਨੇਪਰੇ ਚਾੜ੍ਹਿਆ।

## ਸੰਤ ਕਬੀਰ ਸਕੂਲ 'ਚ ਅੰਤਰ ਸਕੂਲ ਕ੍ਰਿਕਟ ਟੂਰਨਾਮੈਂਟ ਕਰਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਭੁੱਚੋ ਖੁਰਦ ਵਿਖੇ ਅੰਤਰ-ਸਕੂਲ ਕ੍ਰਿਕਟ ਟੂਰਨਾਮੈਂਟ ਬੜੇ ਹੀ ਜੋਸ਼ ਤੇ ਉਤਸ਼ਾਹ ਨਾਲ ਕਰਾਇਆ ਗਿਆ। ਸਮਾਗਮ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਟੂਰਨਾਮੈਂਟ ਵਿੱਚ ਸਕੂਲ ਦੀਆਂ ਤਿੰਨ ਟੀਮਾਂ ਨੇ ਭਾਗ ਲਿਆ। ਖਿਡਾਰੀਆਂ ਨੇ ਉੱਚ ਦਰਜੇ ਦੀ ਖੇਡ-ਭਾਵਨਾ, ਟੀਮ ਵਰਕ ਤੇ ਅਨੁਸ਼ਾਸਨ ਦਾ ਪ੍ਰਦਰਸ਼ਨ ਕੀਤਾ। ਫਾਈਨਲ ਮੈਚ ਬਹੁਤ ਹੀ ਦਿਲਚਸਪ ਰਿਹਾ, ਜਿਸ ਵਿੱਚ ਟੀਮ ਦਿਲਦੀਪ ਨੇ ਸ਼ਾਨਦਾਰ ਖੇਡ ਦਿਖਾਉਂਦੇ ਹੋਏ ਜਿੱਤ ਦਰਜ ਕੀਤੀ ਅਤੇ ਟਰਾਫੀ ਆਪਣੇ ਨਾਂਅ ਕੀਤੀ। ਟੂਰਨਾਮੈਂਟ ਦੌਰਾਨ ਖੁਸ਼ਨੂਰ ਸਿੰਘ ਅਤੇ ਚੇਤਨ ਨੇ ਕਾਬਲ-ਏ-ਤਾਰੀਫ਼ ਪ੍ਰਦਰਸ਼ਨ ਕਰਦੇ ਹੋਏ ਸਭਨਾਂ ਦਾ ਧਿਆਨ ਆਪਣੇ ਵੱਲ ਖਿੱਚਿਆ। ਵਿਸ਼ੇਸ਼ ਸਨਮਾਨਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਅਮਿਤ ਸੈਨੀ ਨੂੰ 'ਮੈਨ ਆਫ਼ ਦ ਮੈਚ' ਘੋਸ਼ਿਤ ਕੀਤਾ ਗਿਆ। ਸਰਤਾਜ ਨੂੰ ਸਰਬੋਤਮ ਬੱਲੇਬਾਜ਼ ਤੇ ਮਨਵਿੰਦਰ ਸਿੰਘ ਨੂੰ ਸਰਬੋਤਮ ਗੇਂਦਬਾਜ਼ ਦਾ ਖਿਤਾਬ ਪ੍ਰਦਾਨ ਕੀਤਾ ਗਿਆ। ਸਕੂਲ ਲਈ ਇਹ ਮਾਣ ਵਾਲੀ ਗੱਲ ਹੈ ਕਿ ਇੱਥੇ ਪਹਿਲਾਂ ਤੋਂ ਹੀ ਪ੍ਰਤਿਭਾਸ਼ਾਲੀ ਖਿਡਾਰੀ ਮੌਜੂਦ ਹਨ। ਚੇਤਨ ਤੇ ਤਨੀਸ਼ ਰਾਸ਼ਟਰੀ ਪੱਧਰ 'ਤੇ ਹਿੱਸਾ ਲੈ ਚੁੱਕੇ ਹਨ, ਜਦਕਿ ਦਿਲਦੀਪ ਰਾਜ ਪੱਧਰ 'ਤੇ ਆਪਣੀ ਕਾਬਲੀਅਤ ਸਾਬਤ ਕਰ ਚੁੱਕੇ ਹਨ। ਇਸ ਟੂਰਨਾਮੈਂਟ ਰਾਹੀਂ ਸਕੂਲ ਨੂੰ ਨਵੀਆਂ ਉੱਭਰਦੀਆਂ ਪ੍ਰਤਿਭਾਵਾਂ ਨੂੰ ਪਛਾਣਨ ਅਤੇ ਉਨ੍ਹਾਂ ਨੂੰ ਅੱਗੇ ਵਧਾਉਣ ਦਾ ਸੁਨਿਹਰਾ ਮੌਕਾ ਮਿਲਿਆ ਹੈ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਐੱਮ. ਐੱਲ. ਅਰੋੜਾ, ਡਾਇਰੈਕਟਰ ਡਾਕਟਰ ਨੰਦਿਤਾ ਗਰੇਵਰ ਅਤੇ ਪ੍ਰਿੰਸੀਪਲ ਮੈਡਮ ਕੰਚਨ ਨੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਵਧੀਆ ਪ੍ਰਦਰਸ਼ਨ ਲਈ ਪ੍ਰੇਰਿਤ ਕੀਤਾ।

## ਸ਼ਹੀਦ ਭਗਤ ਸਿੰਘ ਪਬਲਿਕ ਸਕੂਲ ਮੌੜਾਂ 'ਚ ਮਜ਼ਦੂਰ ਦਿਵਸ ਮਨਾਇਆ



**ਦਿੜ੍ਹਬਾ (ਜਸਵੀਰ ਲਾਡੀ)**-ਸ਼ਹੀਦ ਭਗਤ ਸਿੰਘ ਪਬਲਿਕ ਹਾਈ ਸਕੂਲ ਮੌੜਾਂ 'ਚ ਮਜ਼ਦੂਰ ਦਿਵਸ ਮਨਾਇਆ ਗਿਆ।ਇਸ ਸਬੰਧੀ ਸਵੇਰ ਦੀ ਪ੍ਰਾਰਥਨਾ ਸਭਾ ਵਿੱਚ ਬੱਚਿਆਂ ਨੇ ਜੋਸ਼ੀਲੀਆਂ ਕਵਿਤਾਵਾਂ ਦਾ ਉਚਾਰਨ ਕੀਤਾ।ਇਸ ਮੌਕੇ ਬੱਚਿਆਂ ਨੇ ਮਜ਼ਦੂਰ ਵਲੋਂ ਕੀਤੇ ਜਾਂਦੇ ਕੰਮਾਂ ਦੀ ਅਹਿਮੀਅਤ ਨੂੰ ਪੇਸ਼ ਕਰਦਿਆਂ ਇੱਕ ਸਕਿੱਟ ਵੀ ਪੇਸ਼ ਕੀਤੀ।ਇਸ ਸਬੰਧੀ ਸਕੂਲ ਪ੍ਰਬੰਧਕ ਐੱਮ ਡੀ ਲੱਕੀ ਗੋਇਲ ਤੇ ਕਰਨੈਲ ਸਿੰਘ ਨੇ ਸਕੂਲ ਦੇ ਸਾਰੇ ਸਹਾਇਕ ਕਰਮਚਾਰੀਆਂ ਨੂੰ ਸਕੂਲ ਦਾ ਅਹਿਮ ਹਿੱਸਾ ਮੰਨਦਿਆਂ ਉਨ੍ਹਾਂ ਦੇ ਕੰਮ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਨੂੰ ਵਰਦੀਆਂ ਵੰਡੀਆਂ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਭੁਪਿੰਦਰ ਕੌਰ ਨੇ ਸਕੂਲ ਦੇ ਕਰਮਚਾਰੀਆਂ ਨੂੰ ਮਜ਼ਦੂਰ ਦਿਵਸ ਦੀਆਂ ਵਧਾਈਆਂ ਦਿੱਤੀਆਂ ਤੇ ਭਵਿੱਖ ਵਿੱਚ ਸਕੂਲ ਦੇ ਥੰਮ੍ਹ ਬਣੇ ਰਹਿਣ ਦੀ ਹੌਂਸਲਾਸ਼ੇਰੀ ਦੇਣੀ ਦੇ ਨਾਲ ਨਾਲ ਅਣਥੱਕ ਮਿਹਨਤ ਕਰਨ ਲਈ ਵੀ ਪ੍ਰੇਰਿਆ।ਇਸ ਮੌਕੇ ਸਮੂਹ ਸਕੂਲ ਸਟਾਫ਼ ਮੌਜੂਦ ਸੀ।

## ਆਈ ਏ ਐੱਸ ਸਕੂਲ ਖੋਸਾ ਕੋਟਲਾ 'ਚ ਮਜ਼ਦੂਰ ਦਿਵਸ ਮਨਾਇਆ



**ਕੋਟ ਈਸੇ ਖਾਂ (ਅਰੋੜਾ)**-ਆਈ ਏ ਐੱਸ ਸਕੂਲ ਖਿਸਾ ਕੋਟਲਾ ਜ਼ਿਲ੍ਹਾ ਮੋਗਾ ਵਿੱਚ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਬੜੀ ਸ਼ਾਨੋ-ਸ਼ੌਕਤ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਮਜ਼ਦੂਰ ਦਿਵਸ ਨਾਲ ਸੰਬੰਧਤ ਸੁੰਦਰ, ਰੰਗ-ਬਰੰਗੇ ਤੇ ਸੋਚ ਪ੍ਰੇਰਨ ਵਾਲੇ ਪੋਸਟਰ ਤਿਆਰ ਕੀਤੇ ਗਏ।ਇਨ੍ਹਾਂ ਪੋਸਟਰਾਂ ਰਾਹੀਂ ਮਜ਼ਦੂਰਾਂ ਦੀ ਅਹਿਮੀਅਤ, ਉਨ੍ਹਾਂ ਦੀ ਮਿਹਨਤ ਤੇ ਸਮਾਜ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਬੜੀ ਸੁੰਦਰਤਾ ਨਾਲ ਦਰਸਾਇਆ ਗਿਆ।ਇਸ ਸਮਾਰੋਹ ਦੌਰਾਨ ਸਕੂਲ ਦੇ ਮਾਲਕ ਤੇ ਚੇਅਰਮੈਨ ਚੰਦ ਸਿੰਘ, ਪ੍ਰਿੰਸੀਪਲ ਮਨਦੀਪ ਕੌਰ ਤੇ ਆਈ ਏ ਐੱਸ ਦੇ ਦ੍ਰਿਸ਼ਟਾਵਾਨ ਸੰਤ ਗਿਆਨੀ ਗੁਰਮੀਤ ਸਿੰਘ ਨੇ ਵਿਦਿਆਰਥੀਆਂ ਨੂੰ ਮਜ਼ਦੂਰਾਂ ਦੀ ਕਠਿਨ ਮਿਹਨਤ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਤੇ ਕਿਹਾ ਕਿ ਮਿਹਨਤ ਤੋਂ ਬਿਨਾਂ ਜੀਵਨ ਵਿੱਚ ਕੋਈ ਵੀ ਉਪਲਬਧੀ ਸੰਭਵ ਨਹੀਂ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਾਡੀ ਹਰ ਸਫਲਤਾ ਦੇ ਪਿੱਛੇ ਮਜ਼ਦੂਰਾਂ ਦੀ ਅਥਕ ਮਿਹਨਤ ਸ਼ਾਮਲ ਹੁੰਦੀ ਹੈ।ਅੰਤ ਵਿੱਚ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਗਿਆ ਕਿ ਸਾਨੂੰ ਮਜ਼ਦੂਰ ਵਰਗ ਦਾ ਸਤਿਕਾਰ ਕਰਨਾ ਚਾਹੀਦਾ ਹੈ ਤੇ ਉਨ੍ਹਾਂ ਦੀ ਕਦਰ ਕਰਨੀ ਚਾਹੀਦੀ ਹੈ।ਇਹ ਪ੍ਰੋਗਰਾਮ ਵਿਦਿਆਰਥੀਆਂ ਲਈ ਬਹੁਤ ਹੀ ਸਿੱਖਣਯੋਗ ਤੇ ਪ੍ਰੇਰਨਾਦਾਇਕ ਸਾਬਿਤ ਹੋਇਆ।

## ਓਰੀਐਂਟ ਸਕੂਲ ਤੇ ਸਪੋਰਟਸ ਅਕੈਡਮੀ 'ਚ ਮਜ਼ਦੂਰ ਦਿਵਸ ਮਨਾਇਆ

**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਓਰੀਐਂਟ ਇੰਟਰਨੈਸ਼ਨਲ ਸਕੂਲ ਤੇ ਸਪੋਰਟਸ ਅਕੈਡਮੀ ਨੇ 1 ਮਈ ਨੂੰ ਅੰਤਰ-ਰਾਸ਼ਟਰੀ ਮਜ਼ਦੂਰ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ, ਸਕੂਲ ਦੇ ਸਹਾਇਕ ਸਟਾਫ਼, ਜਿਸ ਵਿੱਚ ਹਾਊਸਕੀਪਿੰਗ, ਸੁਰੱਖਿਆ ਤੇ ਪ੍ਰਸ਼ਾਸਨਕ ਕਰਮਚਾਰੀ ਸ਼ਾਮਲ ਸਨ, ਉਨ੍ਹਾਂ ਦੇ ਸਮਰਪਣ ਦਾ ਸਨਮਾਨ ਕਰਨ ਲਈ ਇੱਕ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ। ਵਿਦਿਆਰਥੀਆਂ ਨੇ ਤੋਹਫ਼ੇ ਪੇਸ਼ ਕੀਤੇ, ਗੀਤ ਪੇਸ਼ ਕੀਤੇ ਤੇ ਕਿਰਤ ਦੀ ਸ਼ਾਨ ਅਤੇ ਸਾਰੇ ਪੇਸ਼ਿਆਂ ਲਈ ਸਤਿਕਾਰ 'ਤੇ ਜ਼ੋਰ ਦਿੰਦੇ ਹੋਏ ਭਾਸ਼ਣ ਦਿੱਤੇ।ਇਸ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਨੂੰ ਸਮਾਜ ਵਿੱਚ ਕਾਮਿਆਂ ਦੇ ਅਨਮੁੱਲੇ ਯੋਗਦਾਨ ਬਾਰੇ ਜਾਗਰੂਕ ਕਰਨਾ ਸੀ।ਸਕੂਲ ਪ੍ਰਿੰਸੀਪਲ ਦੀਪਾਲੀ ਨੰਦਾ ਨੇ ਕਿਹਾ ਕਿ ਸਹਾਇਕ ਸਟਾਫ਼ ਸਾਡੀ ਸੰਸਥਾ ਦੇ ਥੰਮ੍ਹ ਹਨ ਤੇ ਇਹ ਦਿਨ ਉਨ੍ਹਾਂ ਦੇ ਅਣਥੱਕ ਯਤਨਾਂ ਦੀ ਕਦਰ ਕਰਨ ਲਈ ਸਮਰਪਤ ਹੈ।ਇਹ ਸਾਡੀ ਜ਼ਿੰਦਗੀ ਦਾ ਅਹਿਮ ਹਿੱਸਾ ਹਨ ਇਨ੍ਹਾਂ ਦੀ ਮਿਹਨਤ ਨਾਲ ਹੀ ਸਮਾਜ ਦੀ ਤਰੱਕੀ ਸੰਭਵ ਹੈ।ਇਸ ਮੌਕੇ ਡਾਇਰੈਕਟਰ ਰਜਤ ਸ਼ਰਮਾ ਨੇ ਕਰਮਚਾਰੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੀਆਂ ਨਿਰਸਵਾਰਥ ਸੇਵਾਵਾਂ ਤੇ ਸਕੂਲ ਦੇ ਸੁਚਾਰੂ ਕੰਮਕਾਜ ਲਈ ਅਨਮੋਲ ਯੋਗਦਾਨ ਲਈ ਧੰਨਵਾਦ ਕੀਤਾ।

# ਡਾ. ਬਲਜੀਤ ਕੌਰ ਵੱਲੋਂ ਨਵੀਆਂ ਪਾਈਪਾਂ ਪਾਉਣ ਦੀ ਸ਼ੁਰੂਆਤ

■ ਸ਼ਹਿਰ ਨਿਵਾਸੀਆਂ ਨੂੰ ਵਰਤੋਂ ਲਈ ਮਿਲੇਗਾ ਸਾਫ ਸੁਥਰਾ ਪਾਣੀ



**ਮਲੋਟ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਓਮ ਪ੍ਰਕਾਸ਼ ਸ਼ੇਖੂ/ਪੂਜਾ)**-ਮਲੋਟ ਸ਼ਹਿਰ ਨਿਵਾਸੀਆਂ ਨੂੰ ਪੀਣ ਤੇ ਵਰਤੋਂ ਲਈ ਸਾਫ ਸੁਥਰਾ ਪਾਣੀ ਮੁਹੱਈਆ ਕਰਵਾਇਆ ਜਾਵੇਗਾ ਤਾਂ ਜੋ ਉਨ੍ਹਾਂ ਨੂੰ ਪਾਣੀ ਦੀ ਕੋਈ ਸਮੱਸਿਆ ਪੇਸ਼ ਨਾ ਆਵੇ। ਇਹ ਐਲਾਨ ਡਾ. ਬਲਜੀਤ ਕੌਰ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਵਿਭਾਗ ਮੰਤਰੀ ਪੰਜਾਬ ਨੇ ਸਰਹੰਦ ਫੀਡਰ ਨਹਿਰ ਤੋਂ ਮਲੋਟ ਵਾਟਰ ਵਰਕਸ ਤੱਕ 12 ਕਰੋੜ ਰੁਪਏ ਦੀ ਲਾਗਤ ਨਾਲ ਸਾਢੇ 8 ਕਿਲੋਮੀਟਰ ਤੱਕ ਨਵੀਂ ਪਾਈਪ ਲਾਈਨ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਦਿਆਂ ਕੀਤਾ।ਉਨ੍ਹਾਂ ਦੱਸਿਆ ਕਿ ਸ਼ਹਿਰ ਨਿਵਾਸੀਆਂ ਦੇ ਪੀਣ ਵਾਲੇ ਪਾਣੀ ਦੀ ਸਮੱਸਿਆ ਦੀ ਹੱਲ ਲਈ 25 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆਂ ਕਿ ਸ਼ਹਿਰ ਵਿੱਚ ਪਾਣੀ ਵਾਲੀਆਂ ਪਾਈਪਾਂ ਦਾ ਕੰਮ ਚੱਲ ਰਿਹਾ ਹੈ ਤੇ ਸ਼ਹਿਰ ਨਿਵਾਸੀਆਂ ਨੂੰ ਇੱਕ ਸਾਲ ਦੇ ਅੰਦਰ-ਅੰਦਰ ਸਾਫ ਸੁਥਰਾ ਪਾਣੀ ਮਿਲਣਾ ਸ਼ੁਰੂ ਹੋ ਜਾਵੇਗਾ ਤੇ ਭਵਿੱਖ ਵਿੱਚ ਪਾਣੀ ਦੀ ਕੋਈ ਸਮੱਸਿਆ ਪੇਸ਼ ਨਹੀਂ ਆਵੇਗੀ।

ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਵਿਧਾਨ ਸਭਾ ਹਲਕਾ ਮਲੋਟ ਵਿੱਚ 50 ਹਜ਼ਾਰ ਤੱਕ ਔਰਤਾਂ ਦੀ ਰਜਿਸਟ੍ਰੇਸ਼ਨ ਪਹੁੰਚ ਚੁੱਕੀ ਹੈ ਤੇ ਜਲਦੀ ਯੋਗ ਲਾਭ ਪਾਤਰੀਆਂ ਨੂੰ ਇਸ ਸਕੀਮ ਦਾ ਲਾਭ ਮਿਲਣਾ ਸ਼ੁਰੂ ਹੋ ਜਾਵੇਗਾ ਅਤੇ ਔਰਤਾਂ ਦੇ ਖਾਤਿਆਂ ਵਿੱਚ ਰਕਮ ਆਉਣੀ ਸ਼ੁਰੂ ਹੋ ਜਾਵੇਗੀ ਤੇ 1 ਮਈ ਦੇ ਇਜਲਾਸ ਵਿੱਚ ਆਪ੍ਰੇਸ਼ਨ ਲੋਟਸ ਖਿਲਾਫ ਅਵਾਜ਼ ਚੁੱਕਾਂਗੇ।

ਇਸ ਮੌਕੇ ਅਰਸ਼ਦੀਪ ਸਿੱਧੂ ਪੀ ਏ, ਵਿਕਰਾਂਤ ਖੁਰਾਣਾ ਦਫਤਰ ਇੰਚਾਰਜ, ਜਸਮੀਤ ਬਰਾੜ ਬਲਾਕ ਪ੍ਰਧਾਨ, ਰਾਜੀਵ ਉੱਪਲ ਬਲਾਕ ਪ੍ਰਧਾਨ, ਵਿਜੇ ਜੰਡਵਾਲਾ ਚੇਅਰਮੈਨ ਬਲਾਕ ਸੰਮਤੀ, ਸਿਮਰਜੀਤ ਬਰਾੜ ਜ਼ਿਲ੍ਹਾ ਚੇਅਰਮੈਨ ਸਹਿਕਾਰੀ ਬੈਂਕ, ਲਵ ਬੱਤਰਾ ਪ੍ਰਧਾਨ ਸਿਟੀਜ਼ਨ ਕਲੱਬ ਮਹਿਲਾ ਵਿੰਗ ਪ੍ਰਧਾਨ ਆਸ਼ੂ ਚਾਨਣਾ ਤੇ ਪਰਮਜੀਤ ਕੌਰ, ਆੜ੍ਹਤੀਆ ਯੂਨੀਅਨ ਦੇ ਪ੍ਰਧਾਨ ਹਰਪ੍ਰੀਤ ਸਿੰਘ, ਗਗਨ ਔਲਖ, ਬਲਰਾਜ ਸਿੰਘ ਹਲਕਾ ਕੋਆਰਡੀਨੇਟਰ ਨਸ਼ਾ ਮੁਕਤੀ ਮੋਰਚਾ, ਨਰੇਸ਼ ਗਾਬਾ, ਜਸਦੇਵ ਸੰਧੂ ਐੱਮ ਸੀ, ਜਗਨਨਾਥ ਸ਼ਰਮਾ ਤੇ ਪਤਵੰਤੇ ਵਿਅਕਤੀ ਮੌਜੂਦ ਸਨ।

# ਬਾਬਾ ਫ਼ਰੀਦ ਲਾਅ ਕਾਲਜ ਦੀ ਵਿਦਿਆਰਥਣ ਗੁਰਲੀਨ ਕੌਰ ਨੇ ਰਾਸ਼ਟਰੀ ਪੱਧਰ 'ਤੇ ਮਾਰੀ ਬਾਜ਼ੀ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**

ਬਾਬਾ ਫ਼ਰੀਦ ਲਾਅ ਕਾਲਜ ਦੇ ਵਿਦਿਆਰਥੀਆਂ ਨੇ ਇੱਕ ਵਾਰ ਫਿਰ ਰਾਸ਼ਟਰੀ ਪੱਧਰ 'ਤੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ।ਭਾਰਤ ਸਰਕਾਰ ਦੇ ਯੂਥ ਅਫੇਅਰਜ਼ ਤੇ ਸਪੋਰਟਸ ਮੰਤਰਾਲੇ ਵੱਲੋਂ ਕਰਾਏ ਗਏ 'ਮਾਈ ਭਾਰਤ ਬਜ਼ਟ ਕੁਇਜ਼ਟ ਯੂਥ ਡਾਇਲਾਗ 2026' ਵਿੱਚ ਕਾਲਜ ਦੀ ਬੀ.ਏ. ਐੱਲ.ਐੱਲ.ਬੀ. (ਭਾਗ ਦੂਜਾ) ਦੀ ਵਿਦਿਆਰਥਣ ਗੁਰਲੀਨ ਕੌਰ ਨੇ ਸ਼ਾਨਦਾਰ ਸਫ਼ਲਤਾ ਹਾਸਲ ਕਰਦਿਆਂ ਅੰਤਮ ਪੜਾਅ ਤੱਕ ਪਹੁੰਚ ਕੇ ਕਾਲਜ ਤੇ ਇਲਾਕੇ ਦਾ ਮਾਣ ਵਧਾਇਆ ਹੈ।ਕਾਲਜ ਦੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਨੇ ਦੱਸਿਆ ਕਿ ਇਹ ਮੁਕਾਬਲਾ ਕਈ ਪੜਾਵਾਂ ਵਿੱਚ ਵੰਡਿਆ ਹੋਇਆ ਸੀ।13 ਫਰਵਰੀ 2026 ਨੂੰ ਹੋਏ ਪਹਿਲੇ ਆਨਲਾਈਨ ਕੁਇਜ਼ ਤੋਂ ਬਾਅਦ, ਦੂਜੇ ਪੜਾਅ ਵਿੱਚ ਲੇਖ ਮੁਕਾਬਲੇ ਕਰਾਏ ਗਏ।ਇਸ ਰਾਸ਼ਟਰੀ ਮੁਕਾਬਲੇ ਵਿੱਚ ਪੂਰੇ ਭਾਰਤ ਵਿੱਚੋਂ ਲਗਭਗ 12 ਲੱਖ ਵਿਦਿਆਰਥੀਆਂ ਨੇ ਹਿੱਸਾ ਲਿਆ ਸੀ।ਗੁਰਲੀਨ ਕੌਰ ਨੇ 'ਹਿਊਮਨ ਕੈਪੀਟਲ' ਵਿਸ਼ੇ 'ਤੇ ਲੇਖ ਲਿਖ ਕੇ ਜੇਤੂ ਸਥਾਨ ਹਾਸਲ ਕੀਤਾ ਅਤੇ 12-13 ਅਪ੍ਰੈਲ ਨੂੰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਹੋਏ ਅੰਤਿਮ ਪੜਾਅ ਵਿੱਚ ਸ਼ਮੂਲੀਅਤ ਕੀਤੀ।



ਅੰਤਮ ਪੜਾਅ ਦੌਰਾਨ ਵਿਦਿਆਰਥੀਆਂ ਦੀ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨਾਲ ਵਰਚੂਅਲ ਮੀਟਿੰਗ ਹੋਈ, ਜਿਸ ਵਿੱਚ ਕੇਂਦਰੀ ਮੰਤਰੀ ਡਾ. ਮਨਸੁਖ ਮਾਂਡਵੀਆ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਕੁਇਜ਼ ਦੇ ਅੰਤਿਮ ਦੌਰ ਵਿੱਚ ਬੱਜਟ ਨਾਲ ਸਬੰਧਤ ਪੁੱਛੇ ਗਏ ਸਵਾਲਾਂ ਵਿੱਚੋਂ ਗੁਰਲੀਨ ਨੇ 30 ਵਿੱਚੋਂ 28 ਅੰਕ ਪ੍ਰਾਪਤ ਕਰਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ।ਦੋ ਦਿਨ ਚੱਲੇ ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਦੇ ਬਹੁਪੱਖੀ ਵਿਕਾਸ ਲਈ ਵੱਖ-ਵੱਖ ਗਤੀਵਿਧੀਆਂ ਕਰਾਈਆਂ ਗਈਆਂ।

ਵਿਦਿਆਰਥਣ ਦੀ ਇਸ ਮਾਣਮੱਤੀ ਪ੍ਰਾਪਤੀ 'ਤੇ ਚੇਅਰਮੈਨ ਸਿਮਰਜੀਤ ਸਿੰਘ ਸੇਖੋਂ, ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਤੇ ਅਕੈਡਮਿਕ ਇੰਚਾਰਜ ਡਾ. ਨਵਜੋਤ ਕੌਰ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ।ਉਨ੍ਹਾਂ ਨੇ ਵਿਦਿਆਰਥਣ ਦੇ ਕਲਾਸ ਇੰਚਾਰਜ ਡਾ. ਪਰਮਿੰਦਰ ਸਿੰਘ (ਅਸਿਸਟੈਂਟ ਪ੍ਰੋਫੈਸਰ, ਇਤਿਹਾਸ) ਅਤੇ ਇਕਨੌਮਿਕਸ ਟੀਚਰ ਡਾ. ਮਨਪ੍ਰੀਤ ਕੌਰ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਸਹੀ ਮਾਰਗਦਰਸ਼ਨ ਅਤੇ ਮੋਟੀਵੇਸ਼ਨ ਸਦਕਾ ਹੀ ਅਜਿਹੀਆਂ ਵੱਡੀਆਂ ਪ੍ਰਾਪਤੀਆਂ ਸੰਭਵ ਹੁੰਦੀਆਂ ਹਨ।ਇਸ ਮੌਕੇ ਕਾਲਜ ਵੱਲੋਂ ਗੁਰਲੀਨ ਕੌਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਭਵਿੱਖ ਵਿੱਚ ਹੋਰ ਮੱਲਾਂ ਮਾਰਨ ਲਈ ਉਤਸ਼ਾਹਤ ਕੀਤਾ ਗਿਆ।

## ਹੈਰੋਇਨ ਦਾ ਸੇਵਨ ਕਰਦਾ ਕਾਬੂ

**ਜਲਾਲਾਬਾਦ (ਜੀਤ ਕੁਮਾਰ)**

ਥਾਣਾ ਵੈਰੋਕੇ ਦੀ ਪੁਲਸ ਨੇ ਹੈਰੋਇਨ ਦਾ ਨਸ਼ਾ ਕਰਦੇ ਇਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਰੇਸ਼ ਕੁਮਾਰ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਦੇ ਨਾਲ ਗਸ਼ਤ ਦੌਰਾਨ ਚੁਰੱਸਤਾ ਬਸ ਸਟੈਂਡ ਪਿੰਡ ਕੱਚਾ ਕਾਲੇਵਾਲਾ ਪੁੱਜੇ ਤਾਂ ਬੱਸ ਸਟੈਂਡ ਦੇ ਬਰਾਂਡੇ ਵਿੱਚ ਇਕ ਨੌਜਵਾਨ ਸਿਰ ਨੀਵਾ ਪਾ ਕੇ ਬੈਠਾ ਦਿਖਾਈ ਦਿੱਤਾ, ਜਿਸਦੇ ਆਲੇ ਦੁਆਲੇ ਧੂੰਆਂ ਹੋ ਰਿਹਾ ਸੀ, ਜੋ ਕੋਈ ਨਸ਼ੇ ਦਾ ਸੇਵਨ ਕਰਦਾ ਜਾਪਦਾ ਸੀ, ਜਿਸ ਨੂੰ ਸਾਥੀ ਕ੍ਰਮਚਾਰੀਆਂ ਦੀ ਮਦਦ ਨਾਲ ਕਾਬੂ ਕਰਕੇ ਤਲਾਸ਼ੀ ਕਰਨ ਤੇ ਉਸ ਪਾਸੋ ਇਕ ਸਿਲਵਰ ਪੰਨੀ, ਇਕ ਲਾਈਟਰ, 20 ਰੁਪਏ ਦੇ ਕਰੰਸੀ ਨੋਟ ਬਰਾਮਦ ਹੋਏ। ਪੁਲਸ ਨੇ ਜੱਜ ਸਿੰਘ ਪੁੱਤਰ ਅਸ਼ੋਕ ਸਿੰਘ ਵਾਸੀ ਚੱਕ ਅਰਨੀਵਾਲਾ ਉਰਫ ਕੱਟੀਆਂਵਾਲਾ ਨੂੰ ਕਾਬੂ ਕਰਨ ਉਪਰੰਤ ਥਾਣਾ ਵੈਰੋਕੇ ਵਿਖੇ ਮੁਕੱਦਮਾ ਨੰਬਰ 44 ਮਿਤੀ 29 ਅਪ੍ਰੈਲ 2026 ਨੂੰ ਧਾਰਾ 27/61/85 ਐਨ.ਡੀ.ਪੀ.ਐਸ. ਐਕਟ ਅਧੀਨ ਦਰਜ ਕੀਤਾ ਗਿਆ ਹੈ।

## ਕੋਹਿਨੂਰ ਹੀਰਾ ਤੋਸ਼ਾਖਾਨਾ ਦਰਬਾਰ ਸਾਹਿਬ ਵਿਖੇ ਸੁਸ਼ੋਭਿਤ ਹੋਵੇ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਕੋਹਿਨੂਰ ਹੀਰਾ, ਜੋ ਇਸ ਸਮੇਂ ਬਰਤਾਨੀਆ ਕੋਲ ਹੈ, ਜਿਸ ਨੂੰ 1849 ਵਿੱਚ ਜਦੋਂ ਮਾਰਕਸ ਆਫ਼ ਡਲਹੌਜ਼ੀ ਇੰਡੀਆ ਦੇ ਗਵਰਨਰ ਜਰਨਲ ਸਨ, ਉਸ ਸਮੇਂ ਲਾਹੌਰ ਖਾਲਸਾ ਰਾਜ ਦਰਬਾਰ ਦੇ ਖ਼ਜ਼ਾਨੇ ਵਿੱਚੋਂ ਬਰਤਾਨੀਆ ਲੈ ਗਏ ਸਨ।ਇਹ ਕ ਹੀਰਾ ਸਿੱਖ ਕੌਮ ਦੀ ਆਨ-ਸ਼ਾਨ ਦੀ ਪ੍ਰਤੀਕ ਹੋਣ ਦੇ ਨਾਲ-ਨਾਲ ਸਿੱਖ ਕੌਮ ਦੀ ਅਮਾਨਤ ਵੀ ਹੈ।ਇਸ ਲਈ ਇਹ ਕੋਹਿਨੂਰ ਹੀਰਾ ਸ੍ਰੀ ਦਰਬਾਰ ਸਾਹਿਬ ਦੇ ਤੋਸ਼ਾਖਾਨੇ ਵਿੱਚ ਸੁਸ਼ੋਭਿਤ ਤੇ ਸੁਰੱਖਿਅਤ ਹੋਣਾ ਚਾਹੀਦਾ ਹੈ। ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬਰਤਾਨੀਆ ਕੋਲ ਸਿੱਖ ਕੌਮ ਦੇ ਬੇਸ਼ਕੀਮਤੀ ਹੀਰੇ ਦੇ ਹੋਣ ਤੇ ਅਤੇ ਇਸ ਨੂੰ ਵਾਪਸ ਸਿੱਖ ਕੌਮ ਦੇ ਤੁਰੰਤ ਹਵਾਲੇ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਨਿਊਯਾਰਕ ਸਿਟੀ ਦੇ ਮੇਅਰ ਮਮਦਾਨੀ ਨੂੰ ਇਸ ਬੇਸਕੀਮਤੀ ਕੋਹਿਨੂਰ ਹੀਰੇ ਦੇ ਇਤਿਹਾਸ ਬਾਰੇ ਜਾਣਕਾਰੀ ਹੋਣੀ ਚਾਹੀਦੀ ਹੈ, ਇਸ ਉਤੇ ਹਿੰਦੂ ਇੰਡੀਆ ਸਟੇਟ ਦਾ ਕਿਸੇ ਤਰ੍ਹਾਂ ਵੀ ਕੋਈ ਹੱਕ ਨਹੀਂ ਹੈ।ਇਹ ਸਿੱਖ ਕੌਮ ਨੂੰ ਵਾਪਸ ਮਿਲਣਾ ਚਾਹੀਦਾ ਹੈ।

# ਪੱਕਾ ਕਲਾਂ 'ਚ ਮੈਗਾ ਹੈਲਥ ਕੈਂਪ ਲਾਇਆ

**ਤਲਵੰਡੀ ਸਾਬੋ (ਜਗਦੀਪ ਗਿੱਲ)**



ਪਿੰਡਾਂ ਦੇ ਲੋਕਾਂ ਦੀ ਸਿਹਤ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਐਚਪੀਸੀਐਲ-ਮਿੱਤਲ ਐਨਰਜੀ ਲਿਮਿਟਡ (ਐਚਐਮਈਐਲ) ਨੇ ਆਲ ਇੰਡੀਆ ਇੰਸਟੀਟਿਊਟ ਆਫ਼ ਮੈਡੀਕਲ ਸਾਇੰਸਜ਼ (ਐਮਸ), ਬਠਿੰਡਾ ਦੇ ਸਹਿਯੋਗ ਨਾਲ ਪਿੰਡ ਪੱਕਾ ਕਲਾਂ ਵਿੱਚ ਇੱਕ ਮੈਗਾ ਹੈਲਥ ਕੈਂਪ ਲਾਇਆ।ਕੈਂਪ ਵਿੱਚ ਐਮਸ ਬਠਿੰਡਾ ਤੋਂ ਆਏ ਵੱਖ-ਵੱਖ ਬਿਮਾਰੀਆਂ ਦੇ ਮਾਹਿਰ ਡਾਕਟਰਾਂ ਤੇ ਉਨ੍ਹਾਂ ਦੀ ਟੀਮ ਨੇ ਪਿੰਡ ਵਾਸੀਆਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਜ਼ਰੂਰੀ ਇਲਾਜ ਮੁਹੱਈਆ ਕਰਾਇਆ। ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਲਾਇਆ ਗਿਆ ਇਹ ਮੈਗਾ ਹੈਲਥ ਕੈਂਪ ਇੱਕ ਹੀ ਛੱਤ ਹੇਠ ਸਿਹਤ ਸੇਵਾਵਾਂ ਮੁਹੱਈਆ ਕਰਾਉਣ ਵੱਲ ਇੱਕ ਮਹੱਤਵਪੂਰਨ ਕਦਮ ਸਾਬਤ ਹੋਇਆ।ਇਹ ਮੁਹਿਮ ਗੁਰੂ ਗੋਬਿੰਦ ਸਿੰਘ ਰਿਫ਼ਾਇਨਰੀ ਦੇ ਆਸ-ਪਾਸ ਦੇ ਪਿੰਡਾਂ 'ਚ ਹੋਰ ਅਜਿਹੇ ਕੈਂਪ ਲਾਉਣ ਦੀ ਸ਼ੁਰੂਆਤ ਹੈ।ਇਹ ਪਹਿਲ ਐਚਐਮਈਐਲ ਤੇ ਐਮਸ ਬਠਿੰਡਾ ਵਿਚਕਾਰ ਹੋਏ ਸਮਝੌਤੇ ਦਾ ਹਿੱਸਾ ਹੈ, ਜਿਸ ਅਧੀਨ ਰਿਫ਼ਾਇਨਰੀ ਵੱਲੋਂ ਗੋਦ ਲਏ 59 ਪਿੰਡਾਂ ਵਿੱਚ ਹਾਲ ਹੀ ਵਿੱਚ ਦੋ ਮੋਬਾਈਲ ਮੈਡੀਕਲ ਯੂਨਿਟ ਵੈਨਾਂ ਦੀ ਸ਼ੁਰੂਆਤ ਕੀਤੀ ਗਈ ਹੈ, ਜਿਨ੍ਹਾਂ ਦੇ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ। ਕੈਂਪ ਦਾ ਉਦਘਾਟਨ ਐਚਐਮਈਐਲ ਦੇ ਵੀਪੀ-ਆਪਰੇਸ਼ਨਜ਼ ਐਕਸੀਲੈਂਸ, ਸ੍ਰੀ ਅਰੁਣ ਭਾਰਦਵਾਜ ਨੇ ਕੀਤਾ।

ਇਸ ਮੌਕੇ ਐਮਸ ਬਠਿੰਡਾ ਦੇ ਮੈਡੀਕਲ ਸੁਪਰਿੰਟੈਂਡੈਂਟ ਡਾ. ਰਾਜੀਵ ਗੁਪਤਾ, ਡਾ. ਰਾਜੇਸ਼ ਕੱਕੜ ਸਮੇਤ ਅੱਖਾਂ, ਦੰਦਾਂ, ਆਰਥੋਪੀਡਿਕਸ, ਚਮੜੀ ਰੋਗ ਤੇ ਜਨਰਲ ਮੈਡੀਸਿਨ ਵਿਭਾਗਾਂ ਦੇ ਮਾਹਰ ਡਾਕਟਰ ਤੇ ਪ੍ਰਸ਼ਿਕਸ਼ਿਤ ਟੀਮ ਹਾਜ਼ਰ ਰਹੀ। ਐਚ ਐਮ ਈ ਐਲ ਵੱਲੋਂ ਸੀਐਸਆਰ ਦੇ ਡੀਜੀਐਮ ਸ਼੍ਰੀ ਵਿਸ਼ਵਾਮੋਹਨ ਪ੍ਰਸਾਦ, ਉਨ੍ਹਾਂ ਦੀ ਟੀਮ ਤੇ ਐਚਐਮਈਐਲ ਦੇ ਵਲੰਟੀਅਰਾਂ ਨੇ ਕੈਂਪ ਵਿੱਚ ਆਏ ਪਿੰਡ ਵਾਸੀਆਂ ਦੀ ਸੰਭਾਲ ਅਤੇ ਪ੍ਰਬੰਧਾਂ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਕੈਂਪ ਵਿੱਚ ਆਏ ਲੋਕਾਂ ਦੀ ਮੁਫ਼ਤ ਜਾਂਚ ਦੇ ਨਾਲ-ਨਾਲ ਉਨ੍ਹਾਂ ਨੂੰ ਮੌਕੇ ਤੇ ਹੀ ਦਵਾਈਆਂ ਵੀ ਦਿੱਤੀਆਂ ਗਈਆਂ।ਸ਼੍ਰੀ ਅਰੁਣ ਭਾਰਦਵਾਜ ਨੇ ਕਿਹਾ ਕਿ ਐਚ ਐਮ ਈ ਐਲ ਦਾ ਉਦੇਸ਼ ਸਿਰਫ ਉਦਯੋਗਿਕ ਵਿਕਾਸ ਤੱਕ ਸੀਮਿਤ ਨਹੀਂ, ਸਗੋਂ ਸਮਾਜ ਦੇ ਸਮੂਹਿਕ ਵਿਕਾਸ ਲਈ ਵੀ ਕੰਪਨੀ ਵਚਨਬੱਧ ਹੈ।ਅਜਿਹੇ ਸਿਹਤ ਕੈਂਪ ਪਿੰਡਾਂ ਵਿੱਚ ਸਿਹਤ ਸੇਵਾਵਾਂ ਦੀ ਪਹੁੰਚ ਵਧਾਉਣ ਦਾ ਪ੍ਰਭਾਵਸ਼ਾਲੀ ਸਾਧਨ ਹਨ।ਪਿੰਡ ਪੱਕਾ ਕਲਾਂ ਦੇ ਸਰਪੰਚ ਸ਼੍ਰੀ ਬਲਕਰਨ ਸਿੰਘ ਨੇ ਐਚ ਐਮ ਈ ਐਲ ਤੇ ਐਮਸ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਕੈਂਪ ਨਾਲ ਪਿੰਡ ਵਾਸੀਆਂ ਨੂੰ ਉਨ੍ਹਾਂ ਦੇ ਦਰਵਾਜ਼ੇ 'ਤੇ ਹੀ ਸਿਹਤ ਸਹੂਲਤਾਂ ਪ੍ਰਾਪਤ ਹੋਈਆਂ ਹਨ।

# ਸੰਸਕਾਰ ਵੈਲੀ ਸਮਾਰਟ ਸਕੂਲ ਦੇ ਵਿਦਿਆਰਥੀਆਂ ਨੇ ਰਚਿਆ ਇਤਿਹਾਸ

■ ਪਹਿਲੇ ਹੀ ਆਈ ਸੀ ਐੱਸ ਈ ਨਤੀਜੇ 'ਚ 100 ਫ਼ੀਸਦੀ ਰਿਜ਼ਲਟ





**ਭਵਾਨੀਗੜ੍ਹ (ਰਾਜ ਖੁਰਮੀ)**

ਇਲਾਕੇ ਦੇ ਪ੍ਰਸਿੱਧ ਸੰਸਕਾਰ ਵੈਲੀ ਸਮਾਰਟ ਸਕੂਲ ਨੇ ਆਪਣੇ ਪਹਿਲੇ ਹੀ ਆਈ.ਸੀ.ਐੱਸ.ਈ. ਬੋਰਡ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਨਵਾਂ ਇਤਿਹਾਸ ਰਚ ਦਿੱਤਾ ਹੈ।ਸਕੂਲ ਦੇ ਪਹਿਲੇ ਬੈਚ ਨੇ 100 ਫ਼ੀਸਦੀ ਨਤੀਜਾ ਹਾਸਲ ਕਰਕੇ ਨਾ ਸਿਰਫ਼ ਸਕੂਲ ਦਾ ਸਿਰ ਮਾਣ ਨਾਲ ਉੱਚਾ ਕੀਤਾ, ਸਗੋਂ ਇਲਾਕੇ ਦਾ ਨਾਂ ਵੀ ਰੌਸ਼ਨ ਕੀਤਾ ਹੈ।ਖਾਸ ਗੱਲ ਇਹ ਰਹੀ ਕਿ ਸਾਰੇ ਵਿਦਿਆਰਥੀਆਂ ਨੇ ਫ਼ਸਟ ਡਵੀਜ਼ਨ ਵਿੱਚ ਪਾਸ ਹੋ ਕੇ ਉੱਚ ਮਿਆਰੀ ਸਿੱਖਿਆ ਦਾ ਸਬੂਤ ਦਿੱਤਾ।ਨਤੀਜਿਆਂ ਅਨੁਸਾਰ ਕੈਵਨਪ੍ਰੀਤ ਕੌਰ ਨੇ 97 ਫ਼ੀਸਦੀ ਅੰਕਾਂ ਨਾਲ ਪਹਿਲਾ ਸਥਾਨ ਪ੍ਰਾਪਤ ਕੀਤਾ। ਨੈਤਿਕ ਗਰਗ ਨੇ 96 ਫ਼ੀਸਦੀ ਅੰਕ ਹਾਸਲ ਕਰਕੇ ਦੂਜਾ ਸਥਾਨ ਤੇ ਅਵੀਰੀਤ ਕੌਰ ਨੇ 94 ਫ਼ੀਸਦੀ ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਸਕੂਲ ਦੇ ਸੱਤ ਵਿਦਿਆਰਥੀਆਂ ਨੇ ਪੰਜਾਬੀ, ਇਕਨਾਮਿਕਸ ਤੇ ਫਿਜੀਕਲ ਐਜੂਕੇਸ਼ਨ ਵਿਸ਼ਿਆਂ ਵਿੱਚੋਂ 100 'ਚੋਂ 100 ਪੂਰੇ ਅੰਕ ਹਾਸਲ ਕਰਕੇ ਵਿਸ਼ੇਸ਼ ਪ੍ਰਾਪਤੀ ਦਰਜ ਕੀਤੀ।ਨਤੀਜੇ ਘੋਸ਼ਿਤ ਹੋਣ ਉਪਰੰਤ ਸਕੂਲ ਕੈਂਪਸ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਵਿਦਿਆਰਥੀ ਆਪਣੇ ਮਾਪਿਆਂ ਸਮੇਤ ਸਕੂਲ ਪਹੁੰਚੇ ਤੇ ਪ੍ਰਿੰਸੀਪਲ ਅਮਨ ਨਿੱਝਰ ਸਮੇਤ ਅਧਿਆਪਕਾਂ ਨੂੰ ਫੁੱਲ ਭੇਟ ਕਰਕੇ ਆਪਣਾ ਧੰਨਵਾਦ ਪ੍ਰਗਟਾਇਆ। ਇਸ ਮੌਕੇ ਸਕੂਲ ਦੇ ਚੇਅਰਮੈਨ ਧਰਮਵੀਰ ਗਰਗ ਤੇ ਪ੍ਰੈਜ਼ੀਡੈਂਟ ਈਸ਼ਵਰ ਬਾਂਸਲ ਨੇ ਵੀ ਸਕੂਲ ਪਹੁੰਚ ਕੇ ਮਾਪਿਆਂ ਤੇ ਵਿਦਿਆਰਥੀਆਂ ਨਾਲ ਖੁਸ਼ੀ ਸਾਂਝੀ ਕੀਤੀ।ਚੇਅਰਮੈਨ ਧਰਮਵੀਰ ਗਰਗ ਨੇ ਕਿਹਾ ਕਿ ਇਹ ਸਕੂਲ ਦਾ ਪਹਿਲਾ ਬੋਰਡ ਨਤੀਜਾ ਹੋਣ ਦੇ ਬਾਵਜੂਦ ਬੱਚਿਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਮਿਸਾਲ ਕਾਇਮ ਕੀਤੀ ਹੈ, ਜਿਸ ਦਾ ਸਿਹਰਾ ਬੱਚਿਆਂ ਦੀ ਮਿਹਨਤ, ਮਾਪਿਆਂ ਦੇ ਸਹਿਯੋਗ ਤੇ ਅਧਿਆਪਕਾਂ ਦੀ ਲਗਨ ਨੂੰ ਜਾਂਦਾ ਹੈ।ਪ੍ਰਿੰਸੀਪਲ ਅਮਨ ਨਿੱਝਰ ਨੇ ਕਿਹਾ ਕਿ ਇਹ ਨਤੀਜੇ ਸਕੂਲ ਦੀ ਆਧੁਨਿਕ ਸਿੱਖਿਆ ਪ੍ਰਣਾਲੀ ਤੇ ਵਿਦਿਆਰਥੀਆਂ ਦੀ ਲਗਨ ਦਾ ਪਰਿਣਾਮ ਹਨ।ਪ੍ਰੈਜ਼ੀਡੈਂਟ ਈਸ਼ਵਰ ਬਾਂਸਲ ਨੇ ਵਿਦਿਆਰਥੀਆਂ ਦਾ ਸਨਮਾਨ ਕਰਦੇ ਹੋਏ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਵਿਸ਼ਵਾਸ ਜਤਾਇਆ ਕਿ ਸਕੂਲ ਭਵਿੱਖ ਵਿੱਚ ਵੀ ਸਿੱਖਿਆ ਦੇ ਖੇਤਰ ਵਿੱਚ ਨਵੀਆਂ ਉਚਾਈਆਂ ਹਾਸਲ ਕਰੇਗਾ।

## ਸਤਲੁਜ ਦਰਿਆ 'ਚੋਂ ਅਣਪਛਾਤੀ ਔਰਤ ਦੀ ਲਾਸ਼ ਮਿਲੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬੇਟ ਇਲਾਕੇ ਦੇ ਪਿੰਡ ਧੁੱਲੇਵਾਲ ਨੇੜੇ ਸਤਲੁਜ ਦਰਿਆ 'ਚੋਂ ਇੱਕ ਅਣਪਛਾਤੀ ਔਰਤ ਦੀ ਲਾਸ਼ ਮਿਲੀ। ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਕਿ ਸਤਲੁਜ ਦਰਿਆ ਅੰਦਰ ਇੱਕ ਲਾਸ਼ ਝਾੜੀਆਂ ਵਿੱਚ ਫਸੀ ਹੋਈ ਹੈ।

ਪੁਲਸ ਵੱਲੋਂ ਜਾ ਕੇ ਜਦੋਂ ਲਾਸ਼ ਬਾਹਰ ਕਢਵਾਈ ਗਈ ਤਾਂ ਦੇਖਿਆ ਕਿ ਇੱਕ ਔਰਤ ਦੀ ਲਾਸ਼ ਹੈ, ਜਿਸ ਦੀ ਉਮਰ 40 ਤੋਂ 45 ਸਾਲ ਲੱਗਦੀ ਹੈ। ਪਾਣੀ ਵਿੱਚ ਰਹਿਣ ਕਾਰਨ ਲਾਸ਼ ਪੂਰੀ ਤਰ੍ਹਾਂ ਗਲ-ਸੜ ਚੁੱਕੀ ਸੀ, ਜਿਸ ਕੋਲੋਂ ਕੋਈ ਅਜਿਹਾ ਦਸਤਾਵੇਜ਼ ਨਹੀਂ ਮਿਲਿਆ, ਜਿਸ ਤੋਂ ਉਸ ਦੀ ਪਹਿਚਾਣ ਹੋ ਸਕੇ।

ਪੁਲਸ ਵੱਲੋਂ ਫਿਲਹਾਲ ਸ਼ਨਾਖ਼ਤ ਵਸਤੇ ਲਾਸ਼ ਨੂੰ 72 ਘੰਟੇ ਲਈ ਸਮਰਾਲਾ ਮੋਰਚਰੀ ਵਿੱਚ ਰਖਵਾ ਦਿੱਤਾ ਹੈ।

## ਮਾਡਰਨ ਕਾਲਜ 'ਚ ਵਿਦਿਆਰਥਣਾਂ ਨੂੰ ਦਿੱਤੀ ਵਿਦਾਇਗੀ ਪਾਰਟੀ



**ਭੀਖੀ (ਧਰਮਵੀਰ ਸ਼ਰਮਾ)**-ਸਥਾਨਕ ਮਾਡਰਨ ਕਾਲਜ ਆਫ ਐਜੂਕੇਸ਼ਨ ਫਾਰ ਗਰਲਜ਼ ਵਿਖੇ ਆਪਣਾ ਬੀ. ਐੱਡ. ਦਾ ਕੋਰਸ ਪੂਰਾ ਕਰ ਚੁੱਕੀਆਂ ਵਿਦਿਆਰਥਣਾਂ ਨੂੰ ਸਕੂਲ ਪ੍ਰਬੰਧਨ ਤੇ ਵਿਦਿਆਰਥੀਆਂ ਵੱਲੋਂ ਨਿੱਘੀ ਵਿਦਾਇਗੀ ਦਿੱਤੀ ਗਈ। ਇਸ ਮੌਕੇ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਨੇ ਵਿਦਿਆਰਥਣਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕਰਦਿਆਂ ਕਿਹਾ ਕਿ ਉਹ ਸਿੱਖਿਆ ਦੇ ਖੇਤਰ ਦੇ ਨਾਲ ਨਾਲ ਜ਼ਿੰਦਗੀ ਦੇ ਹੋਰ ਖੇਤਰਾਂ 'ਚ ਵੀ ਕਾਮਯਾਬੀ ਤੇ ਤਰੱਕੀ ਹਾਸਲ ਕਰਨ। ਵਿਦਿਆਰਥਣਾਂ ਦੇ ਸੰਸਥਾ ਵਿੱਚ ਬਿਤਾਏ ਪਲਾਂ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਹਮੇਸ਼ਾ ਹੀ ਜਿੱਥੇ ਆਪਣੀ ਪੜ੍ਹਾਈ ਮਿਹਨਤ ਤੇ ਲਗਨ ਨਾਲ ਕੀਤੀ, ਉਥੇ ਸੰਸਥਾ ਦੇ ਅਨੁਸ਼ਾਸਨ ਤੇ ਮਰਿਆਦਾ ਨੂੰ ਵੀ ਕਾਇਮ ਰੱਖਿਆ। ਇਸ ਮੌਕੇ ਵਿਦਿਆਰਥਣਾਂ ਵੱਲੋਂ ਵੱਖ ਵੱਖ ਸੱਭਿਆਚਾਰਕ ਵੰਨਗੀਆਂ ਪੇਸ਼ ਕੀਤੀਆਂ ਗਈਆਂ ਤੇ ਵਿਦਿਆਰਥਣ ਜਸਪ੍ਰੀਤ ਕੌਰ ਨੂੰ ਮਿਸ ਫੇਅਰਵੈੱਲ ਚੁਣਿਆ ਗਿਆ। ਇਸ ਮੌਕੇ ਮਾਡਰਨ ਸੈਕੂਲਰ ਪਬਲਿਕ ਸਕੂਲ ਦੀ ਪ੍ਰਿੰਸੀਪਲ ਅਮਨਦੀਪ ਕੌਰ ਦੌਦਰੀਆ ਤੋਂ ਇਲਾਵਾ ਪ੍ਰੋ. ਅਮਨਦੀਪ ਕੌਰ, ਪ੍ਰੋ. ਹਰਵਿੰਦਰ ਕੌਰ, ਪ੍ਰੋ. ਅਰਸ਼ਦੀਪ ਕੌਰ, ਅਮਨਦੀਪ ਕੌਰ ਤੇ ਕਾਂਤਾ ਰਾਣੀ ਮੌਜੂਦ ਸਨ।

# ਭਾਕਿਯੂ ਏਕਤਾ ਡਕੌਂਦਾ ਵੱਲੋਂ ਸੜਕ ਦੀ ਖਸਤਾ ਹਾਲਤ ਨੂੰ ਲੈ ਕੇ ਸੰਘਰਸ਼ ਦੀ ਚੇਤਾਵਨੀ



**ਜਗਰਾਉਂ (ਸੰਜੀਵ ਅਰੋੜਾ)**-ਪਿੰਡ ਅਖਾੜਾ ਤੋਂ ਮਾਣੂੰਕੇ ਜਾਣ ਵਾਲੀ ਸੜਕ ਦੀ ਬੇਹੱਦ ਖ਼ਰਾਬ ਹਾਲਤ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਨੇ ਤਿੱਖਾ ਰੁਖ ਅਖਤਿਆਰ ਕਰਦਿਆਂ ਸੰਘਰਸ਼ ਵਿੱਢਣ ਦੀ ਚੇਤਾਵਨੀ ਦਿੱਤੀ ਹੈ। ਯੂਨੀਅਨ ਆਗੂਆਂ ਨੇ ਪ੍ਰਸ਼ਾਸਨ ਨੂੰ ਇੱਕ ਹਫ਼ਤੇ ਦਾ ਅਲਟੀਮੇਟਮ ਦੇ ਕੇ ਸੜਕ ਨਿਰਮਾਣ ਕੰਮ ਤੁਰੰਤ ਸ਼ੁਰੂ ਕਰਨ ਦੀ ਮੰਗ ਕੀਤੀ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਪਿੰਡ ਅਖਾੜਾ ਵਾਸੀਆਂ ਨੇ ਸੜਕ ਦੀ ਮਾੜੀ ਹਾਲਤ ਖਿਲਾਫ਼ ਰੋਸ ਪ੍ਰਦਰਸ਼ਨ ਕੀਤਾ ਸੀ। ਉਸ ਵੇਲੇ ਮੌਕੇ 'ਤੇ ਪਹੁੰਚੇ ਤਹਿਸੀਲਦਾਰ ਰੇਸ਼ਮ ਸਿੰਘ ਤੇ ਜਸਵਿੰਦਰ ਸਿੰਘ ਢੀਂਡਸਾ ਨੇ ਧਰਨਾ ਲੱਗਣ ਤੋਂ ਪਹਿਲਾਂ ਹੀ ਪਿੰਡ ਵਾਸੀਆਂ ਨੂੰ ਭਰੋਸੇ ਵਿੱਚ ਲੈਂਦਿਆਂ ਜਲਦ ਸੜਕ ਬਣਵਾਉਣ ਦਾ ਵਿਸ਼ਵਾਸ ਦਿਵਾਇਆ ਸੀ। ਪ੍ਰੰਤੂ ਅੱਜ ਜਦੋਂ ਪਿੰਡ ਵਾਸੀਆਂ ਤੇ ਪ੍ਰਸ਼ਾਸਨ ਵਿਚਾਲੇ ਮੀਟਿੰਗ ਹੋਈ ਤਾਂ ਪ੍ਰਸ਼ਾਸਨ ਵੱਲੋਂ ਸੜਕ ਨਿਰਮਾਣ ਲਈ ਦੋ ਮਹੀਨੇ ਦਾ ਸਮਾਂ ਮੰਗਿਆ ਗਿਆ, ਜਿਸ ਕਾਰਨ ਲੋਕਾਂ ਤੇ ਕਿਸਾਨ ਆਗੂਆਂ ਵਿੱਚ ਭਾਰੀ ਨਾਰਾਜ਼ਗੀ ਦੇਖਣ ਨੂੰ ਮਿਲੀ। ਇਸ ਮੌਕੇ ਭਾਕਿਯੂ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਤੇ ਇਕਾਈ ਪ੍ਰਧਾਨ ਗੁਰਤੇਜ ਸਿੰਘ ਨੇ ਕਿਹਾ ਕਿ ਲੋਕ ਪਹਿਲਾਂ ਹੀ ਲੰਮੇ ਸਮੇਂ ਤੋਂ ਸੜਕ ਦੀ ਖਸਤਾ ਹਾਲਤ ਕਾਰਨ ਦੁੱਖ ਝੱਲ ਰਹੇ ਹਨ। ਹੁਣ ਹੋਰ ਦੇਰੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇੱਕ ਹਫ਼ਤੇ ਦੇ ਅੰਦਰ ਸੜਕ ਬਣਾਉਣ ਦਾ ਕੰਮ ਸ਼ੁਰੂ ਨਾ ਕੀਤਾ ਗਿਆ ਤਾਂ ਪਿੰਡ ਵਾਸੀਆਂ ਤੇ ਕਿਸਾਨ ਜਥੇਬੰਦੀਆਂ ਦੇ ਸਹਿਯੋਗ ਨਾਲ ਪੱਕਾ ਧਰਨਾ ਲਗਾ ਕੇ ਅਣਮਿੱਥੇ ਸਮੇਂ ਲਈ ਰੋਡ ਜਾਮ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਪਿੰਡ ਵਾਸੀਆਂ ਨੇ ਵੀ ਮੰਗ ਕੀਤੀ ਕਿ ਖ਼ਰਾਬ ਸੜਕ ਕਾਰਨ ਹਰ ਰੋਜ਼ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ, ਇਸ ਲਈ ਤੁਰੰਤ ਨਿਰਮਾਣ ਕੰਮ ਸ਼ੁਰੂ ਕੀਤਾ ਜਾਵੇ। ਇਸ ਮੌਕੇ ਜਗਦੇਵ ਸਿੰਘ, ਹਰਦੇਵ ਸਿੰਘ, ਸਵਰਨ ਸਿੰਘ, ਸਤਵੰਤ ਸਿੰਘ ਸੋਨੂੰ, ਦਰਸ਼ਪ੍ਰੀਤ ਸਿੰਘ ਤੇ ਤਰਸੇਮ ਸਿੰਘ ਬੱਸੂਵਾਲ ਆਦਿ ਹਾਜ਼ਰ ਸਨ।

## ਕਾਂਗਰਸ ਨਗਰ ਕੌਂਸਲ ਚੋਣਾਂ 'ਚ ਸ਼ਾਨਦਾਰ ਜਿੱਤ ਹਾਸਲ ਕਰੇਗੀ : ਹਰਦਿਆਲ ਕੰਬੋਜ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਕਾਂਗਰਸ ਨਗਰ ਕੌਂਸਲ ਰਾਜਪੁਰਾ ਦੀਆਂ ਚੋਣਾਂ 'ਚ ਸ਼ਾਨਦਾਰ ਜਿੱਤ ਹਾਸਲ ਕਰੇਗੀ। ਨਗਰ ਕੌਂਸਲ ਦੇ ਵਾਰਡ ਨੰਬਰ 5 ਦੇ ਵਸਨੀਕਾਂ ਦੀ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਵੱਡੀ ਗਿਣਤੀ 'ਚ ਔਰਤਾਂ ਨੇ ਵੀ ਭਾਗ ਲਿਆ। ਸੰਬੋਧਨ ਕਰਦੇ ਹੋਏ ਸਾਬਕਾ ਵਿਧਾਇਕ ਹਰਦਿਆਲ ਕੰਬੋਜ਼ ਨੇ ਖੁਲਾਸਾ ਕੀਤਾ ਕਿ ਇਸ ਮੀਟਿੰਗ ਦੌਰਾਨ ਪਤਵੰਤੇ ਸੱਜਣਾਂ ਵੱਲੋਂ ਸਰਬਸੰਮਤੀ ਨਾਲ ਸ਼੍ਰੀਮਤੀ ਕਮਲਾ ਦੇਵੀ ਪਤਨੀ ਸਤਪਾਲ ਸਿੰਘ, ਵਾਸੀ ਡੀ ਬਲਾਕ ਡਾਲੀਮਾ ਵਿਹਾਰ ਨੂੰ ਕਾਂਗਰਸ ਦੇ ਉਮੀਦਵਾਰ ਵਜੋਂ ਨਗਰ ਕੌਂਸਲ ਚੋਣਾਂ ਲਈ ਮੈਦਾਨ ਵਿੱਚ ਉਤਾਰਨ ਦਾ ਫੈਸਲਾ ਲਿਆ ਗਿਆ ਤੇ ਟਿਕਟ ਦੇਣ ਦੀ ਬੇਨਤੀ ਕੀਤੀ ਗਈ।ਇਸ ਮੌਕੇ ਸ਼੍ਰੀਮਤੀ ਪੁਸ਼ਪਾ ਦੇਵੀ, ਮਮਤਾ ਦੇਵੀ, ਨੀਲਮ ਸਾਲਦੀ, ਸੰਤੋਸ਼ ਰਾਣੀ, ਸ਼੍ਰੀ ਇੰਦਰਜੀਤ ਸਿੰਘ, ਗੁਲਸ਼ਨ ਪਾਸੀ ਜੀ, ਲਵਲੀ, ਮੋਨੂੰ, ਬਿਕਰਮਜੀਤ ਸਿੰਘ, ਕੱਕੜ, ਐਡਵੋਕੇਟ ਸੁੱਚਾ ਸਿੰਘ, ਪਰਸ਼ੋਤਮ, ਧਰਮਪਾਲ ਤੇ ਸੁਖਵਿੰਦਰ ਸਿੰਘ ਕਾਂਗਰਸ ਦੇ ਹੋਰ ਬਹੁਤ ਸਾਰੇ ਆਗੂ ਤੇ ਵਰਕਰ ਹਾਜ਼ਰ ਸਨ।

## ਕਿੰਡਰ ਗਾਰਟਨ ਸਕੂਲ 'ਚ ਮਜ਼ਦੂਰ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਕਿੰਡਰ ਗਾਰਟਨ ਐਂਡ ਸੀ. ਸੈ. ਸਕੂਲ ਵਿਖੇ ਮਜ਼ਦੂਰ ਦਿਵਸ ਮਨਾਇਆ ਗਿਆ।ਇਸ ਮੌਕੇ ਸਵੇਰ ਦੀ ਸਭਾ ਵਿੱਚ ਸਕੂਲ ਦੇ ਡਾਇਰੈਕਟਰ ਸਰਬਜੀਤ ਕੌਰ ਨੇ ਇਸ ਦਿਵਸ ਦੀ ਅਹਿਮੀਅਤ ਬਾਰੇ ਦੱਸਦੇ ਹੋਏ ਕਿਹਾ ਕਿ ਇਸ ਦੀ ਸ਼ੁਰੂਆਤ 1 ਮਈ 1886 ਨੂੰ ਹੋਈ। ਉਨ੍ਹਾਂ ਕਿਹਾ ਕਿ ਇਹ ਦਿਨ ਮਜ਼ਦੂਰ ਏਕਤਾ ਤੇ ਸੰਘਰਸ਼ ਦਾ ਪ੍ਰਤੀਕ ਹੈ ਤੇ ਪੂਰੀ ਦੁਨੀਆ ਵਿੱਚ ਮਨਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਪਹਿਲਾਂ ਮਜ਼ਦੂਰ ਦੇ ਕੰਮ ਕਰਨ ਦੇ ਘੰਟੇ ਨਿਸ਼ਚਿਤ ਨਹੀਂ ਸੀ ਹੁੰਦੇ ਤੇ ਉਨ੍ਹਾਂ ਕੋਲੋਂ ਵੱਧ ਘੰਟੇ ਕੰਮ ਲੈ ਕੇ ਉਨ੍ਹਾਂ ਨੂੰ ਘੱਟ ਪੈਸੇ ਦਿੱਤੇ ਜਾਂਦੇ ਸੀ।ਸਰਕਾਰ ਤੋਂ ਮਜ਼ਦੂਰ ਵਰਗ ਨੇ ਕੰਮ ਕਰਨ ਦੇ ਘੰਟੇ ਨਿਸ਼ਚਿਤ ਕਰਨ ਦੀ ਮੰਗ ਕੀਤੀ ਤੇ ਅਮਰੀਕਾ ਵਿੱਚ ਸ਼ਿਕਾਗੋ ਦੀ ਹੇਅ ਮਾਰਕੀਟ ਵਿੱਚ ਮਜ਼ਦੂਰਾਂ ਨੇ ਇਕ ਵੱਡਾ ਇੱਕਠ ਕੀਤਾ, ਪਰ ਪੁਲਸ ਵੱਲੋਂ ਉਨ੍ਹਾਂ 'ਤੇ ਹਮਲਾ ਕੀਤਾ ਗਿਆ ਤੇ ਬਹੁਤ ਸਾਰੇ ਮਜ਼ਦੂਰ ਮਾਰੇ ਗਏ। ਬਾਅਦ ਵਿੱਚ ਸਰਕਾਰ ਨੇ ਮਜ਼ਦੂਰ ਵਰਗ ਦੇ ਕੰਮ ਕਰਨ ਦੇ 8 ਘੰਟੇ ਨਿਸ਼ਚਿਤ ਕਰ ਦਿੱਤੇ ਤੇ 1 ਮਈ ਨੂੰ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਮਨਾਏ ਜਾਣ ਦਾ ਐਲਾਨ ਕੀਤਾ ਗਿਆ ਤੇ ਭਾਰਤ ਵਿਚ ਇਸ ਦਿਨ ਨੂੰ ਮਨਾਉਣ ਦੀ ਸ਼ੁਰੂਆਤ ਲੇਬਰ ਕਿਸਾਨ ਪਾਰਟੀ ਆਫ਼ ਹਿੰਦੁਸਤਾਨ ਵੱਲੋਂ 1 ਮਈ 1923 ਨੂੰ ਮਦਰਾਸ ਵਿੱਚ ਹੋਈ ਸੀ।ਇਸ ਦਿਨ ਸਾਰੇ ਮਜ਼ਦੂਰਾਂ ਨੂੰ ਛੁੱਟੀ ਦਾ ਐਲਾਨ ਕੀਤਾ।ਅੰਤ ਵਿੱਚ ਸਕੂਲ ਦੇ ਡਾਇਰੈਕਟਰ ਸਰਬਜੀਤ ਕੌਰ ਤੇ ਪ੍ਰਿੰਸੀਪਲ ਰਣਜੋਤ ਕੌਰ ਨੇ ਇਸ ਮੌਕੇ ਸਕੂਲ ਵਿੱਚ ਕੰਮ ਕਰ ਰਹੇ ਕਰਮਚਾਰੀਆਂ ਨੂੰ ਮਜ਼ਦੂਰ ਦਿਵਸ ਦੀ ਛੁੱਟੀ ਦਾ ਐਲਾਨ ਕੀਤਾ।ਸਾਰੇ ਕਰਮਚਾਰੀਆਂ ਨੇ ਸੰਸਥਾ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਪੁਲਸ ਅਧਿਕਾਰੀਆਂ ਨੂੰ ਸੇਵਾ ਮੁਕਤੀ 'ਤੇ ਵਿਦਾਇਗੀ ਪਾਰਟੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ)**-ਸ੍ਰੀ ਮੁਕਤਸਰ ਸਾਹਿਬ ਪੁਲਸ ਵਿਭਾਗ ਵੱਲੋਂ ਸੇਵਾ ਮੁਕਤ ਹੋ ਰਹੇ ਪੁਲਸ ਅਧਿਕਾਰੀ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ।ਇਸ ਮੌਕੇ ਐੱਸ ਐੱਸ ਪੀ ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਮੰਨਿਊ ਰਾਣਾ ਨੇ ਸੇਵਾ ਮੁਕਤ ਹੋ ਰਹੇ ਅਧਿਕਾਰੀ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੀ ਚੰਗੀ ਸਿਹਤ ਅਤੇ ਖੁਸ਼ਹਾਲ ਜੀਵਨ ਲਈ ਸ਼ੁੱਭ-ਕਾਮਨਾਵਾਂ ਪ੍ਰਗਟਾਈਆਂ ਤੇ ਉਨ੍ਹਾਂ ਲਈ ਵਿਦਾਇਗੀ ਪਾਰਟੀ ਦਾ ਆਯੋਜਨ ਕਰਵਾਇਆ।ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਅੱਜ 04 ਪੁਲਸ ਕਰਮਚਾਰੀ ਆਪਣੀ ਸਰਵਿਸ ਪੂਰੀ ਕਰਦੇ ਹੋਏ ਰਿਟਾਇਰ ਹੋਏ ਹਨ, ਜਿਨ੍ਹਾਂ ਵਿੱਚ ਏ.ਐੱਸ.ਆਈ. ਗੁਰਦਿੱਤਾ ਸਿੰਘ, ਏ.ਐੱਸ.ਆਈ. ਰਸਾਲ ਸਿੰਘ, ਏ.ਐੱਸ.ਆਈ. ਸਿਕੰਦਰ ਸਿੰਘ, ਏ.ਐੱਸ.ਆਈ. ਗੁਰਮੇਲ ਸਿੰਘ ਵਿਦਾਇਗੀ ਸਮਾਰੋਹ ਕਾਨਫਰੰਸ ਹਾਲ ਐੱਸ.ਐੱਸ.ਪੀ. ਦਫਤਰ ਵਿੱਚ ਆਯੋਜਿਤ ਕੀਤਾ ਗਿਆ, ਜਿੱਥੇ ਸ੍ਰੀਮਤੀ ਜੋਰਾ ਸਿੰਘ ਡੀ.ਐੱਸ.ਪੀ. ਤੇ ਦਫਤਰੀ ਸਟਾਫ ਮੌਜੂਦ ਸਨ।ਇਸ ਮੌਕੇ ਉਨ੍ਹਾਂ ਸੇਵਾ ਮੁਕਤ ਹੋ ਰਹੇ ਕਰਮਚਾਰੀ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ, ਉਨ੍ਹਾਂ ਦਾ ਮਹਿਕਮਾ ਵਿੱਚ ਸੇਵਾ ਲਈ ਧੰਨਵਾਦ ਕੀਤਾ।ਵਿਦਾਇਗੀ ਸਮਾਰੋਹ ਵਿੱਚ ਵੱਡੀ ਗਿਣਤੀ 'ਚ ਪੁਲਸ ਕਰਮਚਾਰੀਆਂ ਦਫਤਰੀ ਸਟਾਫ ਤੋਂ ਇਲਾਵਾ ਰਿਟਾਇਰਡ ਪੁਲਸ ਅਧਿਕਾਰੀ ਦੇ ਪਰਿਵਾਰਕ ਮੈਂਬਰਾ ਨੇ ਸ਼ਿਰਕਤ ਕੀਤੀ ਤੇ ਰਿਟਾਇਰ ਹੋ ਰਹੇ ਆਪਣੇ ਸਾਥੀ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਸਟੇਜ ਸੈਕਟਰੀ ਵਜੋਂ ਏ.ਐੱਸ.ਆਈ. ਗੁਰਦੇਵ ਸਿੰਘ ਨੇ ਆਪਣੀ ਡਿਊਟੀ ਨਿਭਾਈ, ਏ.ਐੱਸ.ਆਈ. ਨਾਇਬ ਸਿੰਘ ਨੇ ਗੀਤ ਗਾ ਕੇ ਰਿਟਾਇਰਮੈਂਟ ਪਾਰਟੀ ਦੇ ਮਾਹੌਲ ਨੂੰ ਹੋਰ ਵੀ ਰੰਗੀਨ ਬਣਾਇਆ ਤੇ ਇਸ ਮੌਕੇ ਏ.ਐੱਸ.ਆਈ. ਨੇਮਪਾਲ ਹੈੱਡ ਕਲਰਕ, ਸ੍ਰੀ ਹਰਜਿੰਦਰ ਸਿੰਘ ਐੱਮ.ਟੀ.ਓ. ਤੇ ਦਫ਼ਤਰੀ ਸਟਾਫ ਹਾਜ਼ਰ ਸਨ।

## ਮੁਫ਼ਤ ਫਾਇਬਰੋ ਸਕੈਨ ਜਾਂਚ ਕੈਂਪ ਲਗਾਇਆ




**ਫਿਰੋਜ਼ਪੁਰ (ਗੁਰਬਚਨ ਸਿੰਘ)**-ਫਿਰੋਜ਼ਪੁਰ-ਮੋਗਾ ਰੋਡ ਸਥਿਤ ਅਮਨਦੀਪ ਹਸਪਤਾਲ ਵਿੱਚ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਦੇ ਸਹਿਯੋਗ ਤੇ ਸ਼੍ਰੀ ਸਨਾਤਨ ਧਰਮ ਸਭਾ, ਸੂਜੀ ਬਾਜ਼ਾਰ ਫਿਰੋਜ਼ਪੁਰ ਕੈਂਟ ਦੇ ਸਮਰਥਨ ਨਾਲ ਵੀਰਵਾਰ ਨੂੰ ਮੁਫ਼ਤ ਫਾਇਬਰੋ ਸਕੈਨ ਜਾਂਚ ਕੈਂਪ ਲਗਾਇਆ ਗਿਆ।ਇਹ ਕੈਂਪ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕਾਂ ਨੇ ਲਾਭ ਲਿਆ।ਹਸਪਤਾਲ ਪ੍ਰਬੰਧਨ ਮੁਤਾਬਕ, ਆਮ ਤੌਰ 'ਤੇ ਕਰੀਬ 4000 ਰੁਪਏ ਦੀ ਲਾਗਤ ਵਾਲੀ ਫਾਇਬਰੋ ਸਕੈਨ ਜਾਂਚ ਇਸ ਕੈਂਪ ਵਿੱਚ ਪੂਰੀ ਤਰ੍ਹਾਂ ਮੁਫ਼ਤ ਕੀਤੀ ਗਈ।ਕੈਂਪ ਦਾ ਉਦਘਾਟਨ ਸੁਵਿਧਾ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਅਭਿਸ਼ੇਕ ਅਰੋੜਾ ਤੇ ਸ਼੍ਰੀ ਸਨਾਤਨ ਧਰਮ ਸਭਾ ਦੇ ਪ੍ਰਧਾਨ ਬਾਲ ਕਿਸ਼ਨ ਮਿੱਤਲ ਵੱਲੋਂ ਸੀਨੀਅਰ ਅਧਿਕਾਰੀਆਂ ਤੇ ਇਲਾਕੇ ਦੇ ਲੋਕਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ।ਅਮਨਦੀਪ ਹਸਪਤਾਲ ਦੀ ਡਾਇਰੈਕਟਰ ਅਮਨਦੀਪ ਕੌਰ ਨੇ ਕਿਹਾ ਕਿ ਬਦਲ ਰਹੀ ਜੀਵਨ ਸ਼ੈਲੀ ਤੇ ਸਮੇਂ 'ਤੇ ਜਾਂਚ ਨਾ ਹੋਣ ਕਰਕੇ ਜਿਗਰ ਨਾਲ ਸੰਬੰਧਤ ਬਿਮਾਰੀਆਂ ਤੇਜ਼ੀ ਨਾਲ ਵੱਧ ਰਹੀਆਂ ਹਨ।ਇਸ ਤਰ੍ਹਾਂ ਦੇ ਮੁਫ਼ਤ ਕੈਂਪ ਲੋਕਾਂ ਨੂੰ ਜਾਗਰੂਕ ਕਰਨ ਤੇ ਉਨ੍ਹਾਂ ਨੂੰ ਉੱਚ ਪੱਧਰੀ ਜਾਂਚ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ, ਤਾਂ ਜੋ ਗੰਭੀਰ ਬਿਮਾਰੀਆਂ ਤੋਂ ਸਮੇਂ ਸਿਰ ਬਚਾਅ ਕੀਤਾ ਜਾ ਸਕੇ।ਹਸਪਤਾਲ ਪ੍ਰਬੰਧਨ ਵੱਲੋਂ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਇਸ ਤਰ੍ਹਾਂ ਦੀਆਂ ਮੁਫ਼ਤ ਸਿਹਤ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ।

## ਵਪਾਰੀਆਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਮੀਟਿੰਗ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਸ਼ਹਿਰ ਵਿੱਚ ਪੰਜਾਬ ਟ੍ਰੇਡ ਕਮਿਸ਼ਨ ਦੇ ਜ਼ਿਲ੍ਹਾ ਚੇਅਰਮੈਨ ਐਡਵੋਕੇਟ ਵਿਨੋਦ ਕੁਮਾਰ ਸਿੰਗਲਾ ਤੇ ਪਟਿਆਲਾ ਹਲਕਾ ਦੇ ਚੇਅਰਮੈਨ ਪੁਨੀਤ ਬੁੱਧੀਰਾਜਾ ਵੱਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਮਹੱਤਵਪੂਰਨ ਮੀਟਿੰਗ ਕੀਤੀ ਗਈ। ਇਸ ਦੌਰਾਨ ਕਿਲਾ ਚੌਕ, ਗੁੜ ਮੰਡੀ ਤੇ ਸਰਹੰਦੀ ਬਾਜ਼ਾਰ ਖੇਤਰਾਂ ਵਿੱਚ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਮੌਕੇ 'ਤੇ ਬੁਲਾ ਕੇ ਵਪਾਰੀਆਂ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਹਲਕਾ ਕਮਿਸ਼ਨ ਮੈਂਬਰ ਨਰੇਸ਼ ਵਰਮਾ ਤੇ ਇਸ਼ਟਪਾਲ ਸਿੰਘ ਮੌਜੂਦ ਰਹੇ।ਵਪਾਰੀਆਂ ਵੱਲੋਂ ਉਠਾਈਆਂ ਗਈਆਂ ਮੁੱਖ ਸਮੱਸਿਆਵਾਂ ਵਿੱਚ ਟ੍ਰੈਫਿਕ ਪ੍ਰਬੰਧਨ, ਸਫਾਈ, ਪਾਰਕਿੰਗ ਤੇ ਬੁਨਿਆਦੀ ਢਾਂਚੇ ਨਾਲ ਸੰਬੰਧਤ ਮਸਲੇ ਸ਼ਾਮਲ ਸਨ।ਅਧਿਕਾਰੀਆਂ ਨੇ ਮੌਕੇ 'ਤੇ ਹੀ ਕਈ ਸਮੱਸਿਆਵਾਂ ਦਾ ਤੁਰੰਤ ਹੱਲ ਕੀਤਾ, ਜਦਕਿ ਕੁਝ ਮਸਲਿਆਂ ਦੇ ਜਲਦ ਨਿਪਟਾਰੇ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।ਚੇਅਰਮੈਨਾਂ ਨੇ ਕਿਹਾ ਕਿ ਵਪਾਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਪ੍ਰਸ਼ਾਸਨ ਵੱਲੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ।ਉਨ੍ਹਾਂ ਭਰੋਸਾ ਦਿੱਤਾ ਕਿ ਬਾਕੀ ਰਹਿੰਦੀਆਂ ਸਮੱਸਿਆਵਾਂ ਦਾ ਹੱਲ ਵੀ ਜਲਦ ਕੀਤਾ ਜਾਵੇਗਾ ਤਾਂ ਜੋ ਇਲਾਕੇ ਵਿੱਚ ਵਪਾਰਕ ਗਤੀਵਿਧੀਆਂ ਸੁਚਾਰੂ ਢੰਗ ਨਾਲ ਜਾਰੀ ਰਹਿ ਸਕਣ।

## ਸ਼ਿਵਾਲਿਕ ਸਕੂਲ 'ਚ ਮਜ਼ਦੂਰ ਦਿਵਸ ਮੌਕੇ ਕਰਮਚਾਰੀਆਂ ਦਾ ਸਨਮਾਨ



**ਜਗਰਾਉਂ (ਸੰਜੀਵ ਅਰੋੜਾ)**-ਸ਼ਿਵਾਲਿਕ ਮਾਡਲ ਸਕੂਲ ਕੰਪਲੈਕਸ 'ਚ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਸਮੂਹ ਕਰਮਚਾਰੀਆਂ ਨੂੰ ਉਨ੍ਹਾਂ ਦੀ ਲਗਨ, ਫਰਜ਼ ਪ੍ਰਤੀ ਵਫ਼ਾਦਾਰੀ ਤੇ ਅਣਥੱਕ ਮਿਹਨਤ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਪ੍ਰਿੰਸੀਪਲ ਨੀਲਮ ਸ਼ਰਮਾ ਦੇ ਸੰਬੋਧਨ ਨਾਲ ਹੋਈ। ਉਨ੍ਹਾਂ ਕਿਹਾ ਕਿ ਸਾਡੇ ਕਰਮਚਾਰੀ ਇਸ ਸਕੂਲ ਪਰਿਵਾਰ ਦੇ ਮਜ਼ਬੂਤ ਥੰਮ੍ਹ ਹਨ। ਇਨ੍ਹਾਂ ਦੀ ਮਿਹਨਤ ਤੇ ਸਮਰਪਣ ਸਦਕਾ ਸਕੂਲ ਦਾ ਹਰ ਕੋਨਾ ਸਾਫ਼ ਤੇ ਸੁਰੱਖਿਅਤ ਰਹਿੰਦਾ ਹੈ। ਇਹ ਨਿਰਸਵਾਰਥ ਭਾਵਨਾ ਨਾਲ ਦਿਨ-ਰਾਤ ਸੇਵਾ ਕਰਦੇ ਹਨ ਤੇ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਦੀ ਨੀਂਹ ਰੱਖਦੇ ਹਨ। ਇਨ੍ਹਾਂ ਦਾ ਯੋਗਦਾਨ ਕਿਸੇ ਅਧਿਆਪਕ ਤੋਂ ਘੱਟ ਨਹੀਂ ਹੈ। ਮਜ਼ਦੂਰ ਦਿਵਸ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਸ਼੍ਰੀਮਤੀ ਸ਼ਰਮਾ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਹਰ ਕੰਮ ਸਤਿਕਾਰਯੋਗ ਹੁੰਦਾ ਹੈ, ਚਾਹੇ ਉਹ ਛੋਟਾ ਹੋਵੇ ਜਾਂ ਵੱਡਾ। ਮਿਹਨਤ ਕਰਨ ਵਾਲਾ ਹਰ ਵਿਅਕਤੀ ਸਮਾਜ ਦੀ ਰੀੜ੍ਹ ਦੀ ਹੱਡੀ ਹੁੰਦਾ ਹੈ ਤੇ ਉਸ ਤੋਂ ਬਿਨਾਂ ਕਿਸੇ ਵੀ ਸੰਸਥਾ ਦੀ ਤਰੱਕੀ ਸੰਭਵ ਨਹੀਂ ਹੈ। ਸਕੂਲ ਦੇ ਡਾਇਰੈਕਟਰ ਸ੍ਰੀ ਡੀ. ਕੇ. ਸ਼ਰਮਾ ਤੇ ਵਾਈਸ ਪ੍ਰੈਜ਼ੀਡੈਂਟ ਸ੍ਰੀਮਤੀ ਇਸ਼ਿਤਾ ਗੁਪਤਾ ਨੇ ਪ੍ਰਿੰਸੀਪਲ ਸਮੇਤ ਸਮੂਹ ਕਰਮਚਾਰੀਆਂ ਤੇ ਵਾਹਨ ਚਾਲਕਾਂ ਨੂੰ ਤੋਹਫ਼ੇ ਭੇਟ ਕਰਕੇ ਸਨਮਾਨਤ ਕੀਤਾ। ਇਸ ਮੌਕੇ ਨੌਵੀਂ ਜਮਾਤ ਦੇ ਵਿਦਿਆਰਥੀਆਂ ਨੇ ਸਟੇਜ 'ਤੇ ਆ ਕੇ ਮਹਿਲਾ ਮੁਲਾਜ਼ਮਾਂ ਤੇ ਵਾਹਨ ਚਾਲਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਕਿਰਤੀਆਂ ਦੀ ਏਕਤਾ ਹੀ ਭਖਦੇ ਮਸਲਿਆਂ ਦਾ ਹੱਲ : ਦਵਿੰਦਰ ਸੋਹਲ, ਰਜਿੰਦਰ ਪਾਲ

ਸਰਾਏ ਅਮਾਨਤ ਖਾਂ/ਝਬਾਲ (ਮੱਖਣ ਮਨੋਜ/ਹਰਜਿੰਦਰ ਸਿੰਘ ਸੋਨੀ)-ਮਈ ਦਿਵਸ ਤੇ ਇਲਾਕਾ ਝਬਾਲ ਵਿੱਚ ਸ਼ਹੀਦ ਕਾਮਰੇਡ ਸਵਰਨ ਸਿੰਘ ਹਾਲ ਵੱਡਾ ਇਕੱਠ ਕਰਕੇ ਇਹ ਦਿਹਾੜਾ ਬੜੇ ਜੋਸ਼ ਖਰੋਸ਼ ਨਾਲ ਮਨਾਇਆ ਗਿਆ।ਪ੍ਰੋਗਰਾਮ ਦੀ ਪ੍ਰਧਾਨਗੀ ਬਖਸ਼ੀਸ਼ ਸਿੰਘ ਝਬਾਲ ਨੇ ਕੀਤੀ।ਇਲਾਕਾ ਸਕੱਤਰ ਗੁਰਬਿੰਦਰ ਸੋਹਲ ਨੇ ਦੇਸ਼ ਵਿਚ ਵਾਪਰ ਘਟਨਾਵਾਂ ਦੀ ਜਾਣਕਾਰੀ ਸਾਂਝੀ ਕੀਤੀ।



ਜ਼ਿਲ੍ਹਾ ਸਕੱਤਰ ਦਵਿੰਦਰ ਸੋਹਲ ਨੇ ਇਕ ਮਈ ਦਾ ਇਤਿਹਾਸ ਅਤੇ ਲਾਲ ਝੰਡੇ ਦੇ ਇਤਿਹਾਸ ਦਾ ਵਰਨਣ ਕਰਦੇ ਹੋਏ ਲਗਭਗ ਡੇਢ ਸਦੀ ਵਿੱਚ ਮਜ਼ਦੂਰਾਂ ਵੱਲੋਂ ਕੀਤੇ ਗਏ ਸੰਘਰਸ਼ ਕੁਰਬਾਨੀਆਂ ਅਤੇ ਜਿੱਤਾਂ ਦਾ ਵੇਰਵਾ ਦਿੱਤਾ ਅਤੇ ਵੱਖ ਵੱਖ ਜਥੇਬੰਦੀਆਂ ਨੂੰ ਰਲ ਕੇ ਚੱਲਣ ਦਾ ਸੱਦਾ ਦਿੱਤਾ।ਦਵਿੰਦਰ ਸੋਹਲ ਨੇ ਸ਼ਹੀਦ ਸਵਰਨ ਸਿੰਘ ਸੋਹਲ ਦੀ ਕੁਰਬਾਨੀ ਤੋਂ ਪ੍ਰੇਰਨਾ ਲੈਣ ਦੀ ਪੰਜਾਬ ਇਸਤਰੀ ਸਭਾ ਦੇ ਸੂਬਾ ਪ੍ਰਧਾਨ ਰਜਿੰਦਰ ਪਾਲ ਕੌਰ ਫਲਸਤੀਨ ਵਿੱਚ ਇਜ਼ਰਾਈਲ ਵੱਲੋਂ ਫੈਲਾਈ ਗਈ ਭੁੱਖਮਰੀ ਦਾ ਵਰਨਣ ਕੀਤਾ, ਨਾਲ ਹੀ ਈਰਾਨ ਉਤੇ ਹਮਲਾ ਕਰਨ ਲਈ ਅਮਰੀਕੀ ਅਤੇ ਇਜ਼ਰਾਈਲੀ ਨਾ-ਪਾਕ ਗਠਜੋੜ ਦੀ ਨਿਖੇਧੀ ਕੀਤੀ।ਉਨ੍ਹਾਂ ਨੇ ਕਿਹਾ ਕਿ ਬੀਜੇਪੀ ਸਰਕਾਰ ਔਰਤਾਂ ਵਾਸਤੇ ਬਹੁਤ ਮਾੜੀ ਹੈ।ਇਸ ਪਾਰਟੀ ਦੀਆਂ ਔਰਤਾਂ ਹੀ ਖੁੱਲ੍ਹ ਕੇ ਬੋਲ ਰਹੀਆਂ ਹਨ ਕਿ ਪਾਰਟੀ ਵਿੱਚ ਜਾਂਦਾ ਸਾਨੂੰ ਬਰਾਬਰ ਦਾ ਪਾਰਟੀ ਮੈਂਬਰ ਨਹੀਂ ਸਮਝਿਆ ਜਾਂਦਾ ਹੈ।ਉਨ੍ਹਾਂ ਨੇ ਇਹ ਵੀ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਹਰਦੀਪ ਪੁਰੀ ਐਪਸਟੀਨ ਫਾਈਲਾਂ ਵਿਚ ਦੋਸ਼ੀ ਹਨ, ਉਨ੍ਹਾਂ ਦੇ ਖਿਲਾਫ ਕਾਰਵਾਈ ਹੋਣੀ ਚਾਹੀਦੀ ਹੈ।ਜਮਹੂਰੀ ਕਿਸਾਨ ਸਭਾ ਦੇ ਪ੍ਰਧਾਨ ਹਰਦੀਪ ਸਿੰਘ ਨੇ ਮਈ ਦਿਵਸ ਦੀ ਮੁਬਾਰਕਬਾਦ ਦਿੰਦਿਆਂ ਹੋਇਆ ਦੱਸਿਆ ਕਿ ਕਿਸ ਤਰ੍ਹਾਂ ਸਾਰੀ ਦੁਨੀਆ ਵਿੱਚ ਕਿਸਾਨ ਨੂੰ ਲੁੱਟਣ ਵਾਸਤੇ ਕਾਰਪੋਰੇਟ ਪੱਬਾਂ ਭਾਰ ਹੋਇਆ ਪਿਆ ਹੈ ਬੀਜ ਨੀਤੀ ਰਾਹੀਂ ਖਾਦਾਂ ਪੈਸਟੀਸਾਈਡ ਆਦਿ ਦੀ ਬੇਲੋੜੀ ਵਰਤੋਂ ਕਰਵਾ ਕੇ ਕਿਸਾਨ ਨੂੰ ਲੁੱਟਿਆ ਜਾ ਰਿਹਾ ਹੈ।ਇਨ੍ਹਾਂ ਚੀਜ਼ਾਂ ਦਾ ਮਨੁੱਖ ਦੀ ਸਿਹਤ ਤੇ ਅਸਰ ਹੁੰਦਾ ਹੈ ਅਤੇ ਫਿਰ ਦਵਾਈ ਮਾਫੀਆ ਲੁੱਟਦਾ ਹੈ ।ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਗਰੁੱਪ ਦੇ ਧਿਆਨ ਸਿੰਘ ਅਤੇ ਸੁਖਬੀਰ ਸਿੰਘ ਨੇ ਕਿਸਾਨ ਸੰਘਰਸ਼ ਦਾ ਵਰਨਣ ਕਰਦੇ ਦੱਸਿਆ ਕਿ ਕਿਵੇਂ ਇਹ ਜਿੱਤ ਏਕਤਾ ਕਰਕੇ ਹੀ ਹੋ ਸਕੀ ਹੈ।ਇਸੇ ਤਰ੍ਹਾਂ ਹੀ ਅੱਗੇ ਵੀ ਸਰਕਾਰਾਂ ਦੀਆਂ ਵਧੀਕੀਆਂ ਦਾ ਅਸੀਂ ਮਿਲ ਕੇ ਹੀ ਟਾਕਰਾ ਕਰ ਸਕਦੇ ਹਾਂ ।

ਕਾਮਰੇਡ ਬਲਬੀਰ ਸਿੰਘ ਲਹਿਰੀ, ਬਖਸ਼ੀਸ਼ ਸਿੰਘ ਅਤੇ ਲੱਖਾ ਸਿੰਘ ਨੇ ਕਵਿਤਾਵਾਂ ਰਾਹੀਂ ਸਮਾਜ ਵਿੱਚ ਪਨਪ ਰਹੀਆਂ ਬੁਰਾਈਆਂ ਪ੍ਰਤੀ ਜਾਗਰੂਕ ਹੋਣ ਦਾ ਸੱਦਾ ਦਿੱਤਾ।ਪ੍ਰੋਗਰਾਮ ਵਿੱਚ ਮਨਜੀਤ ਸਿੰਘ ਢੰਡ ਸਹਾਇਕ ਸਕੱਤਰ, ਜਗਤਾਰ ਸਿੰਘ ਝਬਾਲ, ਮਲਕੀਤ ਸਿੰਘ ਲਹਰੀ, ਜਗਜੀਤ ਸਿੰਘ ਮੰਨਣ, ਕਵਲਜੀਤ ਸਿੰਘ, ਅਸ਼ੋਕ ਸੋਹਲ, ਮੋਤਾ ਸਿੰਘ ਸੋਹਲ, ਸੁਲੱਖਣ ਗੰਡੀਵਿੰਡ, ਗੁਰਸ਼ਰਨ ਸਿੰਘ ਆਪਣੇ ਜਥਿਆਂ ਸਮੇਤ ਸ਼ਾਮਿਲ ਹੋਏ।

# ਨੌਜਵਾਨ ਦਾ ਗੋਲੀਆਂ ਮਾਰ ਕੇ ਕਤਲ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਥਾਣਾ ਭਿੱਖੀਵਿੰਡ ਅਧੀਨ ਪੈਂਦੇ ਪਿੰਡ ਸਾਂਡਪੁਰ 'ਚ ਪੁਰਾਣੀ ਰੰਜਿਸ਼ ਦੇ ਚੱਲਦਿਆਂ ਨੌਜਵਾਨ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ।ਮ੍ਰਿਤਕ ਨੌਜਵਾਨ ਦੀ ਪਛਾਣ ਰਸ਼ਪਾਲ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਪਿੰਡ ਚੇਲਾ ਕਲੋਨੀ ਵਜੋਂ ਹੋਈ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਰਸ਼ਪਾਲ ਸਿੰਘ ਆਪਣੀ ਸਵਿਫਟ ਕਾਰ 'ਤੇ ਸਵਾਰ ਹੋ ਕੇ ਪਿੰਡ ਸਾਂਡਪੁਰ ਵਿੱਚੋਂ ਦੀ ਲੰਘ ਰਿਹਾ ਸੀ।ਪਿੱਛੋਂ ਥਾਰ ਕਾਰ ਵਿੱਚ ਸਵਾਰ ਹੋ ਕੇ ਆ ਰਹੇ ਨੌਜਵਾਨਾਂ ਨੇ ਅਚਾਨਕ ਕਾਰ ਨੂੰ ਘੇਰ ਕੇ ਗੋਲੀਆਂ ਮਾਰ ਕੇ ਉਸ ਦਾ ਕਤਲ ਕਰ ਦਿੱਤਾ।ਹਮਲੇ ਦੌਰਾਨ ਮ੍ਰਿਤਕ ਨੌਜਵਾਨ ਵੱਲੋਂ ਆਤਮ ਰੱਖਿਆ ਲਈ ਆਪਣੇ ਪਿਸਤੌਲ ਨਾਲ ਗੋਲੀ ਚਲਾਉਣ ਦੀ ਕੋਸ਼ਿਸ਼ ਕੀਤੀ ਗਈ।ਪਰ ਉਹ ਗੋਲੀ ਨਹੀਂ ਚਲਾ ਸਕਿਆ।



ਇਸ ਸੰਬੰਧੀ ਘਟਨਾ ਸਥਾਨ 'ਤੇ ਪਹੁੰਚੇ ਡੀਐੱਸਪੀ ਜਸਪਾਲ ਸਿੰਘ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਮ੍ਰਿਤਕ ਰਸ਼ਪਾਲ ਸਿੰਘ ਆਪਣੀ ਸਵਿਫਟ ਕਾਰ 'ਤੇ ਸਵਾਰ ਹੋ ਕੇ ਪਿੰਡ ਸਾਂਡਪਰ ਵਿੱਚੋਂ ਦੀ ਲੰਘ ਰਿਹਾ ਸੀ।ਇਸ ਦੌਰਾਨ ਪਿੱਛੋਂ ਆਏ ਥਾਰ ਕਾਰ ਸਵਾਰਾਂ ਨੇ ਗੋਲੀਆਂ ਮਾਰ ਕੇ ਉਸ ਦਾ ਕਤਲ ਕਰ ਦਿੱਤਾ।ਉਨ੍ਹਾਂ ਕਿਹਾ ਕਿ ਪੁਲਸ ਵੱਲੋਂ ਮ੍ਰਿਤਕ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪਰਿਵਾਰ ਦੇ ਬਿਆਨ ਦਰਜ ਕਰਕੇ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਮੌਕੇ ਤੋਂ ਬਰਾਮਦ ਕੀਤੇ ਗਏ ਪਿਸਤੌਲ ਸੰਬੰਧੀ ਸਵਾਲ ਪੁੱਛਣ 'ਤੇ ਉਨ੍ਹਾਂ ਜਾਂਚ ਕੀਤੇ ਜਾਣ ਦੀ ਗੱਲ ਆਖੀ।

# ਸ਼ਿਕਾਗੋ ਦੇ ਸ਼ਹੀਦਾਂ ਨੂੰ ਸਿਜਦਾ ਕਰਨ ਲਈ ਸਾਂਝਾ ਫਰੰਟ ਨੇ ਮਈ ਡੇ ਮਨਾਇਆ

## * ਕਾਰਪੋਰੇਟ ਪੱਖੀ ਹਾਕਮਾਂ ਦਾ ਫੂਕਿਆ ਪੁਤਲਾ

ਤਰਨ ਤਾਰਨ (ਪ੍ਰਿਤਪਾਲ ਸਿੰਘ)—ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੂਬਾ ਪੱਧਰੀ ਸੱਦੇ 'ਤੇ ਸਥਾਨਕ ਗਾਂਧੀ ਪਾਰਕ ਵਿੱਚ ਇਕੱਤਰ ਹੋ ਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸਿਜਦਾ ਕਰਨ ਉਪਰੰਤ ਸ਼ਹਿਰ ਦੇ ਚਾਰ ਖੰਭਾ ਚੌਕ ਵਿੱਚ ਕਾਰਪੋਰੇਟ ਪੱਖੀ ਕੇਂਦਰ ਅਤੇ ਸੂਬਾ ਸਰਕਾਰਾਂ ਦੀ ਅਗਵਾਈ ਕਰਨ ਵਾਲੇ ਹਾਕਮਾਂ ਦਾ ਪੁਤਲਾ ਫੂਕ ਕੇ ਜੋਰਦਾਰ ਨਾਅਰੇਬਾਜ਼ੀ ਕਰਕੇ ਜੋਰਦਾਰ ਪਿੱਟ ਸਿਆਪਾ ਕੀਤਾ।ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਅਤੇ ਪੈਨਸ਼ਨਰ ਆਗੂਆਂ ਗੁਰਪ੍ਰੀਤ ਸਿੰਘ ਗੰਡੀਵਿੰਡ, ਗੁਰਭੇਜ ਸਿੰਘ ਢਿੱਲੋਂ, ਅਜੀਤ ਸਿੰਘ ਫਤਿਹਚੱਕ, ਦਿਲਬਾਗ ਸਿੰਘ ਵਰਪਾਲ, ਜੈਮਲ ਸਿੰਘ ਬਾਠ, ਜਸਵਿੰਦਰ ਸਿੰਘ ਮਾਨੋਚਾਹਲ, ਬਲਜਿੰਦਰ ਸਿੰਘ ਦੋਬਲੀਆਂ, ਜੱਸਾ ਸਿੰਘ ਕੱਦਗਿੱਲ, ਸੁੱਚਾ ਸਿੰਘ ਧੌਲ, ਲਖਬੀਰ ਸਿੰਘ ਰੈਸ਼ੀਆਣਾ, ਪੂਰਨ ਦਾਸ, ਕਰਮਜੀਤ ਕਲੇਰ, ਰਣਜੀਤ ਸਿੰਘ, ਮੁਖਤਿਆਰ ਸਿੰਘ ਪੱਟੀ, ਕੁਲਵਿੰਦਰ ਸਿੰਘ, ਅੰਮ੍ਰਿਤਪਾਲ ਸਿੰਘ ਬਾਕੀਪੁਰ, ਦਵਿੰਦਰ ਸਿੰਘ, ਕਰਨਬੀਰ ਸਿੰਘ ਭੁੱਲਰ, ਸੁਖਦੇਵ ਸਿੰਘ ਚਾਹਲ ਆਦਿ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਮੁਲਾਜ਼ਮ ਅਤੇ ਪੈਨਸ਼ਨਰ ਮਸਲਿਆਂ ਨੂੰ ਲਗਾਤਾਰ ਅਣਗੌਲਿਆਂ ਕਰਨ ਦੇ ਵਤੀਰੇ ਦੀ ਜ਼ੋਰਦਾਰ ਨਿੰਦਾ ਕੀਤੀ।ਆਗੂਆਂ ਨੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਖਤਮ ਕੀਤੇ 29 ਕਿਰਤ ਕਾਨੂੰਨ ਬਹਾਲ ਕਰਨ ਅਤੇ ਦੇਸ਼ ਵਿੱਚ ਧੱਕੇ ਨਾਲ ਲਾਗੂ ਕੀਤੇ ਚਾਰ ਲੇਬਰ ਕੋਡ ਰੱਦ ਕਰਨ ਦੀ ਮੰਗ ਕੀਤੀ।ਆਗੂਆਂ ਨੇ ਪੰਜਾਬ ਦੀ ਮਾਨ ਸਰਕਾਰ ਵੱਲੋਂ ਰੋਕਿਆ ਮਹਿੰਗਾਈ ਭੱਤਾ ਲਾਗੂ ਕਰਨ, ਪੁਰਾਣੀ ਪੈਨਸ਼ਨ ਸ਼ਕੀਮ ਬਹਾਲ ਕਰਨ, ਕੱਚੇ ਕਾਮੇ ਪੱਕੇ ਕਰਨ, ਪੈਨਸ਼ਨਰਾਂ ਦੀ ਪੈਨਸ਼ਨ 2.59 ਫਾਰਮੂਲੇ ਨਾਲ ਸੋਧਣ, ਬਿਜਲੀ ਸੋਧ ਬਿੱਲ 2025 ਦਾ ਘਾਤਕ ਖਰੜਾ ਵਾਪਸ ਲੈਣ ਸਮੇਤ ਸਰਕਾਰੀ ਅਦਾਰਿਆਂ ਵਿੱਚ ਲੱਖਾਂ ਖਾਲੀ ਪਈਆਂ ਅਸਾਮੀਆਂ ਤੇ ਨਵੀਂ ਰੈਗੂਲਰ ਭਰਤੀ ਕਰਨ 'ਤੇ ਜ਼ੋਰ ਦਿੱਤਾ।ਅਖੀਰ ਸ਼ਹਿਰ ਦੇ ਚਾਰ ਖੰਭਾ ਚੌਕ ਤੱਕ ਰੋਸ ਮਾਰਚ ਕਰਦੇ ਹੋਏ ਪੂੰਜੀਪਤੀਆਂ ਦੇ ਜੋਟੀਦਾਰੀ ਕੇਂਦਰ ਅਤੇ ਪੰਜਾਬ ਸਰਕਾਰ ਦੀ ਅਗਵਾਈ ਕਰਨ ਵਾਲੇ ਕਾਰਪੋਰੇਟ ਪੱਖੀ ਹਾਕਮਾਂ ਦਾ ਪੁਤਲਾ ਫੂਕ ਕੇ ਜ਼ੋਰਦਾਰ ਪਿੱਟ ਸਿਆਪਾ ਕੀਤਾ।ਬਿਜਲੀ ਕਾਮਿਆਂ ਦੀ ਏਟਕ ਜਥੇਬੰਦੀ ਨੇ ਲਾਲ ਝੰਡੇ ਲਹਿਰਾ ਕੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ ਕੀਤਾ।



# ਸ਼ਿਕਾਗੋ ਦੇ ਸ਼ਹੀਦ ਮਜ਼ਦੂਰਾਂ ਨੂੰ ਲਾਲ ਸਲਾਮ !

ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)- ਮਜੀਠਾ ਦੇ ਪਿੰਡ ਲਹਿਰਕਾ ਭੱਠਾ ਮਾਲਿਕ ਮੰਗਲ ਸਿੰਘ ਤੇ ਸੀ ਪੀ ਆਈ ਦੇ ਪ੍ਰਧਾਨ ਗੁਰਨਾਮ ਸਿੰਘ ਨੇ ਇੱਕ ਵੱਡਾ ਇਕੱਠ ਕਰਕੇ ਮਈ ਦਿਵਸ ਮਨਾਇਆ ਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।ਬੁਲਾਰਿਆਂ ਨੇ ਕਿਹਾ ਕਿ ਦੇਸ਼ ਆਜ਼ਾਦ ਹੋਣ ਤੋਂ ਬਾਅਦ ਵੀ ਮਜ਼ਦੂਰਾਂ ਦੀ ਹਾਲਤ 'ਚ ਸੁਧਾਰ ਨਹੀਂ ਹੋ ਰਿਹਾ।ਕੋਈ ਵੀ ਸਰਕਾਰ ਆਉਂਦੀ ਹੈ ਉਹ ਸਿਰਫ ਮਜ਼ਦੂਰਾਂ ਦਾ ਸ਼ੋਸ਼ਣ ਹੀ ਕਰਦੀ ਹੈ।

ਉਨ੍ਹਾਂ ਕਿਹਾ ਕਿ ਜੇਕਰ ਮਜ਼ਦੂਰਾਂ ਨੇ ਆਪਣਾ ਜੀਵਨ ਪੱਧਰ ਉੱਚਾ ਚੱਕਣਾ ਹੈ ਤਾਂ ਉਹ ਆਪਣੀਆਂ ਮਜ਼ਦੂਰ ਜਥੇਬੰਦੀਆਂ ਨਾਲ ਜੁੜ ਕੇ ਰਹਿਣ।ਇਸ ਮੌਕੇ ਉਨ੍ਹਾਂ ਸ਼ਹੀਦ ਹੋਏ ਮਜ਼ਦੂਰਾਂ ਨੂੰ ਯਾਦ ਕਰਦਿਆਂ ਉਨ੍ਹਾਂ ਦੀ ਸੋਚ ਜ਼ਿੰਦਾ ਰੱਖਣ ਲਈ ਨਾਅਰੇਬਾਜ਼ੀ ਕੀਤੀ।



## ਸਬ-ਡਵੀਜ਼ਨ ਪੁਰਾਣਾ ਸ਼ਾਲਾ ਵਿਖੇ ਵਿਸ਼ਵ ਮਜ਼ਦੂਰ ਦਿਵਸ ਮਨਾਇਆ

ਗੁਰਦਾਸਪੁਰ, (ਜਨਕ ਮਹਾਜਨ)-ਪੁਰਾਣਾ ਸ਼ਾਲਾ ਸਬ-ਡਵੀਜ਼ਨ ਬਿਜਲੀ ਬੋਰਡ ਦਫ਼ਤਰ ਵਿਖੇ ਟੀਐੱਸਯੂ ਜਥੇਬੰਦੀ ਦੇ ਆਗੂਆਂ ਵੱਲੋਂ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿਖੇ ਸ਼ਹੀਦ ਹੋਏ ਮਜ਼ਦੂਰਾਂ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਇਕੱਤਰ ਹੋ ਕੇ ਭਾਵ ਭਿੰਨੀਆਂ ਸ਼ਰਧਾਂਜਲੀਆਂ ਭੇਟ ਕੀਤੀਆਂ ਤੇ ਅਕਾਸ਼ ਗੁੰਜਾਊਂ ਨਾਅਰੇ 'ਸ਼ਿਕਾਗੋ ਦੇ ਸ਼ਹੀਦਾਂ ਨੂੰ ਲਾਲ ਸਲਾਮ' ਲਗਾਏ। ਇਸ ਮੌਕੇ ਟੀ. ਐੱਸ. ਯੂ. ਦਾ ਝੰਡਾ ਵੀ ਲਹਿਰਾਇਆ ਗਿਆ। ਝੰਡਾ ਲਹਿਰਾਉਣ ਦੀ ਰਸਮ ਗੁਰਦੇਵ ਸਿੰਘ ਪ੍ਰਧਾਨ ਟੀ. ਐਸ. ਯੂ. ਪੁਰਾਣਾ ਸ਼ਾਲਾ, ਰਣਜੀਤ ਸਿੰਘ ਟੋਨਾ, ਸਕੱਤਰ ਪੁਰਾਣਾ ਸ਼ਾਲਾ ਸੁਰਿੰਦਰ ਪੱਪੂ ਸਰਕਲ ਸਕੱਤਰ ਪੈਨਸ਼ਨਰ ਐਸੋਸੀਏਸ਼ਨ ਸਰਕਲ ਗੁਰਦਾਸਪੁਰ ਅਤੇ ਲਖਵਿੰਦਰ ਸਿੰਘ ਜੇ. ਈ. ਨੇ ਸਾਂਝੇ ਤੌਰ 'ਤੇ ਅਦਾ ਕੀਤੀ। ਇਸ ਮੌਕੇ ਬਿਜਲੀ ਮੁਲਾਜ਼ਮਾਂ ਵੱਲੋਂ ਪਿਛਲੇ ਸਮੇਂ ਵਿਚ ਆਪਣੀਆਂ ਮੰਗਾਂ 'ਤੇ ਕੇਂਦਰ ਸਰਕਾਰ ਦੀਆਂ ਮਜ਼ਦੂਰ ਮੁਲਾਜ਼ਮ ਕਿਸਾਨ ਮਾਰੂ ਨੀਤੀਆਂ ਖ਼ਿਲਾਫ਼ ਲੜੇ ਗਏ ਸੰਘਰਸ਼ ਦਾ ਰੀਵਿਊ ਕੀਤਾ ਤੇ ਸੰਘਰਸ਼ ਵਿਚ ਰਹਿ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਲਈ ਅਹਿਦ ਕੀਤਾ। ਇਸ ਮੌਕੇ ਸਮੂਹ ਮੁਲਾਜ਼ਮਾਂ ਨੂੰ ਆਪਣੀਆਂ ਮੰਗਾਂ ਮਨਵਾਉਣ ਲਈ ਆਉਣ ਵਾਲੇ ਸੰਘਰਸ਼ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇੰਜ. ਗੁਰਪ੍ਰੀਤ ਸਿੰਘ, ਅਸ਼ਵਨੀ ਕੁਮਾਰ, ਰਣਜੀਤ ਸਿੰਘ ਟੋਨਾ, ਬਲਜੀਤ ਸਿੰਘ, ਦਵਿੰਦਰ ਸਿੰਘ, ਸੁਰਿੰਦਰ ਪੱਪੂ, ਗੁਰਦੇਵ ਸਿੰਘ, ਗੁਰਦਿਆਲ ਸਿੰਘ, ਜਸ਼ਪਾਲ ਸਿੰਘ, ਹਰਦੀਪ ਸਿੰਘ, ਪਰਵਿੰਦਰ ਸਿੰਘ ਫੌਜੀ, ਸਤਨਾਮ ਸਿੰਘ, ਬਲਰਾਜ ਸਿੰਘ, ਸ਼ਿਵ ਦਾਸ ਆਦਿ ਹਾਜ਼ਰ ਸਨ।



## ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਨੇ ਮਜ਼ਦੂਰ ਦਿਵਸ ਮਨਾਇਆ

ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)-ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਸੰਬਧਿਤ (ਸੈਂਟਰ ਆਫ਼ ਟਰੇਡ ਯੂਨੀਅਨ ਪੰਜਾਬ) ਵੱਲੋਂ ਅੰਤਰਰਾਸ਼ਟਰੀ ਮਜ਼ਦੂਰ ਦਿਹਾੜਾ ਪਿੰਡ ਜੌੜੀਆਂ ਖੁਰਦ ਵਿਖੇ ਜਥੇਬੰਦੀ ਦੇ ਸੂਬਾ ਮੀਤ ਸਕੱਤਰ ਸਾਥੀ ਸੰਤੋਖ ਸਿੰਘ ਜੌੜੀਆਂ ਖੁਰਦ ਦੀ ਅਗਵਾਈ ਹੇਠ ਮਨਾਇਆ ਗਿਆ ਜਿੱਥੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।ਸਾਥੀ ਸੰਤੋਖ ਸਿੰਘ ਨੇ ਕਿ ਇਸ ਵਾਰ ਦਾ ਮਈ ਦਿਵਸ ਸਾਮਰਾਜੀ ਜੰਗਾਂ ਦੇ ਖਾਤਮੇ ਅਤੇ ਕਿਰਤ ਅਧਿਕਾਰਾਂ ਦੀ ਬਹਾਲੀ ਲਈ ਜੂਝਣ ਦੇ ਸੰਕਲਪ ਦਿਵਸ ਵਜੋਂ ਮਨਾਇਆ ਗਿਆ ਹੈ।



ਸ਼ਿਕਾਗੋ ਦੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਸਿਜਦਾ ਕਰਨ ਤੋਂ ਇਲਾਵਾ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ, ਨੌਜਵਾਨਾਂ ਤੇ ਔਰਤਾਂ ਦੀਆਂ ਹੱਕੀ ਮੰਗਾਂ ਦੀ ਪ੍ਰਾਪਤੀ, ਕਿਰਤ ਕਾਨੂੰਨਾਂ ਤੇ ਮਨਰੇਗਾ ਦੀ ਬਹਾਲੀ, ਕੰਮ ਦਿਹਾੜੀ 8 ਤੋਂ ਵਧਾ ਕੇ 12 ਘੰਟੇ ਕਰਨ ਦਾ ਨੋਟੀਫਿਕੇਸ਼ਨ ਰੱਦ ਕਰਾਉਣ, ਘੱਟੋ-ਘੱਟ ਉਜਰਤਾਂ ਲਾਗੂ ਕਰਾਉਣ, ਨਿਰਮਾਣ ਮਜ਼ਦੂਰ ਦੀ ਰਜਿਸਟ੍ਰੇਸ਼ਨ ਆਨ-ਲਾਈਨ ਦੇ ਨਾਲ-ਨਾਲ ਆਫ-ਲਾਈਨ ਕਰਾਉਣ, ਨਿਰਮਾਣ ਮਜ਼ਦੂਰ ਨੂੰ ਮਿਲਦੀਆਂ ਸਹੂਲਤਾਂ ਦੇ ਬਕਾਏ ਪੈਸੇ ਮਜ਼ਦੂਰਾਂ ਦੇ ਬੈਂਕ ਖਾਤਿਆਂ ਵਿੱਚ ਪਾਏ ਜਾਣ, ਠੇਕੇਦਾਰੀ ਪ੍ਰਣਾਲੀ ਰੱਦ ਕਰਾਉਣ ਲਈ, ਵੱਧ ਰਹੀ ਮਹਿੰਗਾਈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਨਸ਼ਿਆਂ, ਗੁੰਡਾਗਰਦੀ ਅਤੇ ਖ਼ਰਾਬ ਹੋ ਰਹੀ ਅਮਨ ਕਾਨੂੰਨ ਦੀ ਸਥਿਤੀ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਅਵਤਾਰ ਸਿੰਘ ਕਾਹਲਾਂ ਵਾਲੀ, ਸਰਬਜੀਤ ਸਿੰਘ ਮਾਨ, ਨੰਦੀ ਮਸੀਹ ਜੌੜੀਆਂ ਖੁਰਦ, ਕਸ਼ਮੀਰਾ ਸਿੰਘ, ਬਲਵਿੰਦਰ ਸਿੰਘ, ਪਲਵਿੰਦਰ ਸਿੰਘ ਡੇਰਾ ਬਾਬਾ ਨਾਨਕ, ਬਲਵਿੰਦਰ ਸਿੰਘ ਜੌੜੀਆਂ ਖੁਰਦ, ਰਸ਼ਪਾਲ ਸਿੰਘ ਮਾਨ, ਤਰਲੋਕ ਸਿੰਘ, ਜਸਪਾਲ ਮਸੀਹ, ਤਰਲੋਕ ਸਿੰਘ, ਬਲਵਿੰਦਰ ਸਿੰਘ ਮਾਨ, ਬਲਕਾਰ ਸਿੰਘ ਮਾਨ, ਸਵਿੰਦਰ ਸਿੰਘ ਮਾਨ ਆਦਿ ਹਾਜ਼ਰ ਸਨ ।

## ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਵੱਲੋਂ ਮਜ਼ਦੂਰ ਸ਼ਹੀਦਾਂ ਨੂੰ ਨਮਨ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਮਜ਼ਦੂਰ ਦਿਨ ਤੇ ਸੀ. ਪੀ. ਆਈ. ਬਲਾਕ ਅਟਾਰੀ ਦੇ ਪਿੰਡ ਵਰਪਾਲ ਤੇ ਗੁਰੂਵਾਲੀ ਦੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਮਜ਼ਦੂਰਾਂ ਨੇ ਬਲਾਕ ਸੈਕਟਰੀ ਸੀਪੀਆਈ ਗੁਰਦੀਪ ਸਿੰਘ ਗੁਰੂਵਾਲੀ ਨੇ ਝੰਡਾ ਚੜ੍ਹਾ ਕੇ ਰਸਮ ਨਿਭਾਈ। ਇਸ ਮੌਕੇ ਕਾਮਰੇਡ ਬਲਕਾਰ ਸਿੰਘ ਦੁਧਾਲਾ ਨੇ ਅੱਜ ਦੇ ਦਿਨ 'ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਕਰੀਬ ਅੱਜ ਤੋਂ 140 ਸਾਲ ਪਹਿਲਾਂ ਅਮਰੀਕਾ ਦੇ ਸ਼ਿਕਾਗੋ ਸ਼ਹਿਰ ਵਿੱਚ ਲੱਖਾਂ ਮਜ਼ਦੂਰਾਂ ਨੇ ਇਕੱਠੇ ਹੋ ਕੇ ਕੰਮ ਦਿਹਾੜੀ ਸਮਾਂ ਅੱਠ ਘੰਟੇ ਦੀ ਮੰਗ ਕੀਤੀ ਗਈ ਜਿਸ 'ਤੇ ਸਮੇਂ ਦੀ ਹਕੂਮਤ ਨੇ ਇਸ ਸੰਘਰਸ਼ ਨੂੰ ਤਾਕਤ ਦੇ ਜ਼ੋਰ ਨਾਲ ਕੁਚਲਣ ਦੀ ਕੋਸ਼ਿਸ਼ ਕੀਤੀ, ਮਜ਼ਦੂਰ ਲੀਡਰਾਂ ਨੂੰ ਫਾਂਸੀ ਦੀਆਂ ਸਜ਼ਾਵਾਂ ਦਿੱਤੀਆਂ ਗਈਆਂ ਜਿਸ ਕਾਰਨ ਇਹ ਸੰਘਰਸ਼ ਹੋਰ ਪ੍ਰਚੰਡ ਹੋ ਗਿਆ। ਸਰਕਾਰ ਨੂੰ ਮਜ਼ਦੂਰਾਂ ਦੀਆਂ ਮੰਗਾਂ ਮੰਨਣ ਵਾਸਤੇ ਝੁਕਣਾ ਪਿਆ। ਅੱਜ ਵੀ ਲੋੜ ਹੈ ਕਿ ਕੰਮ ਦਿਹਾੜੀ ਸਮਾਂ ਹੋਰ ਘੱਟ ਕੀਤਾ ਜਾਵੇ।



ਇਸ ਮੌਕੇ ਬੋਲਦਿਆਂ ਕਾ: ਗੁਰਦੀਪ ਸਿੰਘ ਗੁਰੂਵਾਲੀ ਨੇ ਕਿਹਾ ਕਿ ਨਰੇਗਾ ਮਜ਼ਦੂਰਾਂ ਨੂੰ ਸ਼ੁਰੂ ਵਿੱਚ ਦਿਹਾੜੀ ਸਮਾਂ ਛੇ ਘੰਟੇ ਸੀ ਪਰ ਅੱਜ ਇਹ ਨੌਂ ਘੰਟੇ ਦੇ ਕਰੀਬ ਕਰ ਦਿੱਤਾ ਗਿਆ ਹੈ। ਨਵੇਂ ਕਿਰਤ ਕਾਨੂੰਨ ਮੁਤਾਬਿਕ ਮਜ਼ਦੂਰਾਂ ਦੀ ਦਿਹਾੜੀ ਵਿੱਚ ਵੀ ਵਾਧਾ ਨਹੀਂ ਕੀਤਾ ਜਾ ਰਿਹਾ। ਇਸ ਮੀਟਿੰਗ ਵਿੱਚ ਮਨਜੀਤ ਸਿੰਘ ਵਰਪਾਲ ਨੇ ਆਏ ਸਾਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਬਲਵਿੰਦਰ ਸਿੰਘ, ਕਸ਼ਮੀਰ ਸਿੰਘ, ਬੂਟਾ ਸਿੰਘ, ਗੁਰਦੇਵ ਸਿੰਘ, ਲਖਬੀਰ ਸਿੰਘ, ਸੇਵਾ ਸਿੰਘ, ਦਰਬਾਰ ਸਿੰਘ ਅਤੇ ਵਰਪਾਲ ਨੇ ਵੀ ਹਾਜ਼ਰੀ ਭਰੀ।

# ਕੰਮ ਦਿਹਾੜੀ ਸਮਾਂ 12 ਘੰਟੇ ਨਹੀਂ 6 ਘੰਟੇ ਕੀਤਾ ਜਾਵੇ: ਬਲਕਾਰ ਵਲਟੋਹਾ

ਖਡੂਰ ਸਾਹਿਬ, (ਸਰਬਜੋਤ ਸਿੰਘ ਸੰਧਾ)- ਭਾਰਤੀ ਕਮਿਊਨਿਸਟ ਪਾਰਟੀ ਬਲਾਕ ਕਮੇਟੀ ਖਡੂਰ ਸਾਹਿਬ ਵੱਲੋਂ ਪਹਿਲੀ ਮਈ ਮਜ਼ਦੂਰ ਦਿਵਸ ਇੱਥੇ ਕਾਮਰੇਡ ਮੇਜਰ ਸਿੰਘ, ਜਸਵੰਤ ਸਿੰਘ, ਘੁੱਕ ਸਿੰਘ ਵੇਈਂਪੁਈ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ।ਇਸ ਦਿਨ ਤੇ ਝੰਡਾ ਝੁਲਾਉਣ ਦੀ ਰਸਮ ਬਜ਼ੁਰਗ ਕਮਿਊਨਿਸਟ ਆਗੂ ਚਰਨ ਸਿੰਘ ਜਲਾਲਾਬਾਦ ਨੇ ਕੀਤੀ।ਪਾਰਟੀ ਦੇ ਬਲਾਕ ਸਕੱਤਰ ਕਾਮਰੇਡ ਬਲਜੀਤ ਸਿੰਘ ਫਤਿਆਬਾਦ ਅਤੇ ਜ਼ਿਲਾ ਮੀਤ ਸਕੱਤਰ ਗੁਰਦਿਆਲ ਸਿੰਘ ਖਡੂਰ ਸਾਹਿਬ ਨੇ ਇਸ ਮੌਕੇ ਗੱਲ ਕਰਦਿਆਂ ਕਿਹਾ ਕਿ ਅੱਜ ਦਾ ਦਿਨ ਦੁਨੀਆ ਭਰ ਵਿੱਚ ਮਜ਼ਦੂਰਾਂ ਦੇ ਸੰਘਰਸ਼ ਦਾ ਮਹਾਨ ਦਿਨ ਹੈ।ਇਹ ਦਿਨ ਸਾਨੂੰ ਦੱਸਦਾ ਹੈ ਕਿ ਮਜ਼ਦੂਰਾਂ ਦੀ ਮਿਹਨਤ ਨਾਲ ਹੀ ਧਰਤੀ ਦੌਲਤ ਦੇ ਢੇਰ ਲੱਗਦੇ ਹਨ।ਪਰ ਹਾਕਮ ਜਮਾਤ ਦੇ ਕਾਰਪੋਰੇਟ ਘਰਾਣੇ ਇਸ ਦੌਲਤ ਤੇ ਕਬਜ਼ਾ ਕਰ ਲੈਂਦੇ ਹਨ। ਹੁਣ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਲਾਗੂ ਕੀਤੇ ਚਾਰ ਲੇਬਰ ਕੋਡ ਸਰਮਾਏਦਾਰੀ ਦਾ ਪੱਖ ਪੂਰਦੇ ਹਨ ਅਤੇ ਇਹ ਮਜ਼ਦੂਰ ਵਿਰੋਧੀ ਹਨ।ਇਸ ਕਰਕੇ ਇਹ ਕਾਨੂੰਨ ਵਾਪਸ ਹੋਣੇ ਚਾਹੀਦੇ ਹਨ।ਇਸ ਮੌਕੇ ਕਾਮਰੇਡ ਬਲਕਾਰ ਸਿੰਘ ਵਲਟੋਹਾ ਨੇ ਕਿਹਾ ਪੌਣੇ ਦੋ ਸੌ ਸਾਲ ਪਹਿਲਾਂ ਪੱਛਮੀ ਦੇਸ਼ਾਂ ਵਿੱਚ ਕੰਮ ਦਿਹਾੜੀ ਸਮਾਂ ਘੱਟ ਕਰਾਉਣ ਲਈ ਵਿਸ਼ਾਲ ਮਜ਼ਦੂਰ ਸੰਘਰਸ਼ ਸ਼ੁਰੂ ਹੋਏ।ਇਨ੍ਹਾਂ ਵਿੱਚੋਂ 1886 ਨੂੰ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਦਾ ਇਹ ਸੰਘਰਸ਼ ਸਿਰਮੌਰ ਸੀ, ਜਿਸ ਵਿੱਚ ਕਈ ਮਜ਼ਦੂਰ ਆਗੂਆਂ ਨੂੰ ਫਾਂਸੀ ਦਾ ਰੱਸਾ ਵੀ ਚੁੰਮਣਾ ਪਿਆ।ਇਸ ਨਾਲ ਕੰਮ ਦਿਨ ਸਮਾਂ ਦਸ ਬਾਰਾਂ ਘੰਟੇ ਤੋਂ ਘਟਾ ਕੇ ਅੱਠ ਘੰਟੇ ਦਾ ਹੱਕ ਲਿਆ ਗਿਆ।ਸਿਤਮ ਇਹ ਹੈ ਕਿ ਭਾਰਤੀ ਹਾਕਮ ਵੀ ਅਤੇ ਵਿਦੇਸ਼ਾਂ ਵਿੱਚ ਵੀ ਅੱਜ ਮੁੜ ਕੰਮ ਦਿਹਾੜੀ ਸਮਾਂ ਬਾਰਾਂ ਚੌਦਾਂ ਘੰਟੇ ਤੱਕ ਪਹੁੰਚਾ ਦਿੱਤਾ ਗਿਆ ਹੈ, ਜਦੋਂ ਕਿ ਅੱਜ ਦੀ ਅਤਿ ਆਧੁਨਿਕ ਮਸ਼ੀਨਰੀ ਯੁੱਗ ਵਿੱਚ ਕੰਮ ਦਿਨ ਦੀ ਵੰਡ ਦੋ ਚਾਰ ਘੰਟੇ ਤੱਕ ਆ ਸਕਦੀ।ਇਸ ਕਰਕੇ ਏਟਕ ਮੰਗ ਕਰਦੀ ਹੈ ਕੰਮ ਦਿਨ ਸਮਾਂ ਛੇ ਘੰਟੇ ਮਿੱਥਿਆ ਜਾਵੇ। ਜਿਸ ਨਾਲ ਵੱਡੇ ਪੱਧਰ ਤੇ ਫ਼ੈਲ ਰਹੀ ਬੇਰੁਜ਼ਗਾਰੀ ਨੂੰ ਠੱਲ੍ਹ ਪਵੇਗੀ।ਇਸ ਮੌਕੇ ਮੰਗ ਕੀਤੀ ਗਈ ਕਿ ਘੱਟੋ ਘੱਟ ਉਜਰਤ ਤੀਹ ਹਜ਼ਾਰ ਰੁਪਏ ਮਹੀਨਾ ਅਤੇ ਬੁੱਢਾਪਾ ਪੈਨਸ਼ਨ ਦਸ ਹਜ਼ਾਰ ਰੁਪਏ ਮਹੀਨਾ ਦਿੱਤੀ ਹੈ।ਨਰੇਗਾ ਕਾਨੂੰਨ ਮੁੜ ਲਾਗੂ ਕੀਤਾ ਜਾਵੇ।ਹਰ ਮੁੰਡੇ ਕੁੜੀ ਨੂੰ ਰੁਜ਼ਗਾਰ ਦੀ ਗਰੰਟੀ ਕੀਤੀ ਜਾਵੇ। ਹਰ ਬੱਚੇ ਲਈ ਮੁਫ਼ਤ ਤੇ ਲਾਜ਼ਮੀ ਸਕੂਲ ਸਿੱਖਿਆ ਦਿੱਤੀ ਜਾਵੇ।ਇਲਾਜ ਮੁਫ਼ਤ ਕੀਤਾ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵ ਭਾਰਤ ਨੌਜਵਾਨ ਸਭਾ ਦੇ ਆਗੂ ਗੁਰਚਰਨ ਸਿੰਘ ਕੰਢਾ, ਪੰਜਾਬ ਇਸਤਰੀ ਸਭਾ ਸਕੱਤਰ ਹਰਜੀਤ ਕੌਰ ਫਤਿਆਬਾਦ, ਰਾਣੀ ਫਤਿਆਬਾਦ,ਜਗਤਾਰ ਸਿੰਘ ਖਡੂਰ ਸਾਹਿਬ, ਸੁਖਵਿੰਦਰ ਸਿੰਘ ਮੁਗਲਾਣੀ, ਸੁਖਦੇਵ ਸਿੰਘ ਭਲਾਈਪੁਰ, ਸਲਵਿੰਦਰ ਸਿੰਘ ਗਗੜੇਵਾਲ, ਬੀਬੀ ਸੁਨੀਤਾ ਨਾਗੋਕੇ, ਹਰੀ ਸਿੰਘ ਖਡੂਰ ਸਾਹਿਬ ਵੀ ਹਾਜ਼ਰ ਸਨ ।



# 'ਬਿਜਲੀ ਸੋਧ ਬਿੱਲ-2025 ਤੇ ਚਾਰ ਲੇਬਰ ਕੋਡ ਮਿਹਨਤਕਸ਼ ਜਮਾਤ ਲਈ ਤਬਾਹਕੁੰਨ'

ਪਟਿਆਲਾ (**ਨਜ਼ਸ**)-ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਰਜਿਸਟਰਡ 41 ਦੇ ਵਰਕਰਾਂ ਅਤੇ ਲੀਡਰਸ਼ਿਪ ਨੇ ਸੂਬਾ ਭਰ ਦੇ ਬਿਜਲੀ ਦਫਤਰਾਂ ਅਤੇ ਗਰਿੱਡਾਂ ਦੇ ਗੇਟਾਂ ਤੇ ਲਾਲ ਝੰਡੇ ਲਹਿਰਾਂ ਕੇ ਸ਼ਿਕਾਗੋ ਦੇ ਸ਼ਹੀਦਾਂ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਬਿਜਲੀ ਸੋਧ ਬਿੱਲ 2025 ਦੇ ਤਿਆਰ ਕੀਤੇ ਘਾਤਕ ਖਰੜੇ ਅਤੇ 29 ਕਿਰਤ ਕਾਨੂੰਨ ਖਤਮ ਕਰਨ ਉਪਰੰਤ ਦੇਸ਼ ਵਿੱਚ ਧੱਕੇ ਨਾਲ ਲਾਗੂ ਕੀਤੇ ਚਾਰ ਲੇਬਰ ਕੋਡਾਂ ਨੂੰ ਮਿਹਨਤਕਸ਼ ਜਮਾਤ ਲਈ ਤਬਾਹਕੁੰਨ ਦੱਸਿਆ ਜਥੇਬੰਦੀ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਬਾਸਰਕੇ ਨੇ ਅੰਮ੍ਰਿਤਸਰ, ਸੀਨੀਅਰ ਮੀਤ ਪ੍ਰਧਾਨ ਰਾਕੇਸ਼ ਸੈਣੀ ਨੇ ਫਿਰੋਜ਼ਪੁਰ, ਮੀਤ ਪ੍ਰਧਾਨ ਕੁਲਵਿੰਦਰ ਸਿੰਘ ਬਾਗੜੀਆਂ ਨੇ ਤਰਨ ਤਾਰਨ, ਕਰਤਾਰ ਸਿੰਘ ਨੇ ਲੁਧਿਆਣਾ ਦਿਹਾਤੀ, ਮੋਹਨ ਸਿੰਘ ਗਿੱਲ ਨੇ ਮੁਹਾਲੀ, ਅਰੁਣ ਕੁਮਾਰ ਨੇ ਬਠਿੰਡਾ, ਜਨਰਲ ਸਕੱਤਰ ਹਰਵਿੰਦਰ ਸਿੰਘ ਨੇ ਖੰਨਾ, ਗੁਰਵਿੰਦਰ ਸਿੰਘ ਹਜ਼ਾਰਾ ਨੇ ਰੋਪੜ, ਸਕੱਤਰ ਸਾਹਬ ਸਿੰਘ ਧਾਲੀਵਾਲ ਨੇ ਗੁਰਦਾਸਪੁਰ, ਗੁਰਪ੍ਰੀਤ ਸਿੰਘ ਮਹਿਦੂਦਾਂ ਨੇ ਲੁਧਿਆਣਾ, ਲਖਬੀਰ ਸਿੰਘ ਅਤੇ ਕਿਸ਼ਨ ਕਾਂਤ ਨੇ ਸੰਗਰੂਰ, ਖਜ਼ਾਨਚੀ ਦਵਿੰਦਰ ਸਿੰਘ ਅਤੇ ਪ੍ਰੈਸ ਸਕੱਤਰ ਰਾਮ ਸਿੰਘ ਸੈਣੀ ਨੇ ਰੋਪੜ ਥਰਮਲ, ਦਰਸ਼ਨ ਲਾਲ ਅਤੇ ਜਸਵਿੰਦਰ ਸਿੰਘ ਬਰਗਾੜੀ ਨੇ ਫਰੀਦਕੋਟ, ਬਲਜੀਤ ਕੁਮਾਰ ਅਤੇ ਠਾਕਰਪ੍ਰੀਤ ਸਿੰਘ ਨੇ ਪਟਿਆਲਾ, ਮਨਿੰਦਰ ਸਿੰਘ ਨੇ ਮੁਕਤਸਰ, ਹਰਕਮਲਪ੍ਰੀਤ ਸਿੰਘ ਰਾਹੀ ਅਤੇ ਸੁਰਜੀਤ ਸਿੰਘ ਨੇ ਹੁਸ਼ਿਆਰਪੁਰ, ਕਮਲਜੀਤ ਸਿੰਘ ਨੇ ਬਰਨਾਲਾ ਵਿਖੇ ਮਜ਼ਦੂਰ ਜਮਾਤ ਲਈ ਜਿੱਤਾਂ ਦੇ ਪ੍ਰਤੀਕ ਇਤਿਹਾਸਕ ਦਿਹਾੜੇ ਤੇ ਇਕੱਤਰ ਹੋਏ ਬਿਜਲੀ ਕਾਮਿਆਂ ਨੂੰ ਸੰਬੋਧਨ ਕਰਦਿਆਂ ਅਮਰੀਕਾ ਦੇ ਸ਼ਿਕਾਗੋ ਸ਼ਹਿਰ ਵਿੱਚ 1886 ਨੂੰ ਸ਼ਹਾਦਤ ਦਾ ਜਾਮ ਪੀਣ ਵਾਲੇ ਮਜ਼ਦੂਰ ਆਗੂਆਂ ਨੂੰ ਸਿਜਦਾ ਕੀਤਾ।ਆਗੂਆਂ ਨੇ ਕਿਰਤ ਦੀ ਧਿਰ ਸਾਹਮਣੇ ਹਾਕਮ ਜਮਾਤਾਂ ਵੱਲੋਂ ਖੜੀਆਂ ਕੀਤੀਆਂ ਚੁਣੌਤੀਆਂ ਦਾ ਟਾਕਰਾ ਕਰਨ ਲਈ ਵੱਡੇ ਪੱਧਰ ਤੇ ਲਾਮਬੰਦੀ ਕਰਨ ਦਾ ਹਾਜ਼ਰੀਨ ਨੂੰ ਸੱਦਾ ਦਿੱਤਾ।



# ਕਲਗੀਧਰ ਪਬਲਿਕ ਸਕੂਲ ਭਿੱਖੀਵਿੰਡ ਦਾ ਦਸਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਆਈਸੀਐੱਸਸੀ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਕਲਗੀਧਰ ਪਬਲਿਕ ਸਕੂਲ ਭਿੱਖੀਵਿੰਡ ਦਾ ਨਤੀਜਾ ਸੌ ਫ਼ੀਸਦੀ ਰਿਹਾ ਹੈ।ਸਕੂਲ ਦੇ ਚੀਫ ਡਾਇਰੈਕਟਰ ਬੁੱਢਾ ਸਿੰਘ ਨੇ ਦੱਸਿਆ ਕਿ ਅਨੁਰੀਤ ਕੌਰ ਨੇ 96%, ਸੁਖਮਨਦੀਪ ਕੌਰ ਨੇ 95.4%, ਕਿਰਨਦੀਪ ਕੌਰ ਨੇ 95.2%, ਜਸ਼ਨਪ੍ਰੀਤ ਕੌਰ ਨੇ 94.4%,ਜੀਵਨਜੋਤ ਕੌਰ ਨੇ 92.5%, ਤਨਬੀਰ ਕੌਰ ਨੇ 91.1%, ਹਰਮਨਪ੍ਰੀਤ ਕੌਰ ਨੇ 90.2%, ਅਰਜੁਨ ਸ਼ਰਮਾ ਨੇ 90%, ਸੁਖਮਨਦੀਪ ਕੌਰ ਨੇ 90%, ਸਤਕਾਰਦੀਪ ਕੌਰ ਨੇ 90%, ਜਸਬੀਰ ਕੌਰ ਨੇ 89.4%, ਅਮਨਦੀਪ ਕੌਰ ਨੇ 88.6%, ਸੁਖਬੀਰ ਸਿੰਘ ਨੇ 87%, ਸਤਬੀਰ ਸਿੰਘ ਨੇ 86.4%, ਨਵਪ੍ਰੀਤ ਕੌਰ ਨੇ 86.4%,ਜਸਕਰਨਪ੍ਰੀਤ ਸਿੰਘ ਨੇ 86%, ਹੁਸਨਦੀਪ ਸਿੰਘ ਨੇ 86%, ਕਿਰਨਪ੍ਰੀਤ ਕੌਰ ਨੇ 85%, ਨਵਜੋਤ ਸਿੰਘ ਨੇ 85%, ਵਿਸ਼ਾਲ ਦੀਪ ਸਿੰਘ ਨੇ 84.2%, ਸਿਮਰਨਜੀਤ ਕੌਰ ਨੇ 84.2%, ਨਵਦੀਪ ਕੌਰ ਨੇ 84%, ਸੁਖਮਨਪ੍ਰੀਤ ਕੌਰ ਨੇ 84%, ਗੁਰਕਿਰਤ ਸਿੰਘ ਨੇ 83%, ਪਰਨੀਤ ਕੌਰ ਨੇ 81%, ਹਰਪ੍ਰੀਤ ਕੌਰ ਨੇ 81%, ਜਸਵਿੰਦਰ ਸਿੰਘ ਨੇ 80%,ਪਰਦੀਪ ਕੌਰ ਨੇ 80%, ਹਰਮਨਜੀਤ ਸਿੰਘ ਨੇ 80%, ਮਹਿਕਪ੍ਰੀਤ ਕੌਰ ਨੇ 80% ਨੇ ਵਿਸ਼ਾਲਪ੍ਰੀਤ ਕੌਰ ਨੇ 80%, ਲਵਪ੍ਰੀਤ ਸਿੰਘ ਨੇ 79%, ਅਨਮੋਲਪ੍ਰੀਤ ਨੇ 79%, ਹਰਪ੍ਰੀਤ ਸਿੰਘ ਨੇ 78%, ਗੁਰਪ੍ਰੀਤ ਕੌਰ ਨੇ 78%, ਸਹਿਜਦੀਪ ਨੇ 77%, ਮਨਪ੍ਰੀਤ ਸਿੰਘ ਨੇ 75.2%, ਆਰਯਨ ਨੇ 75.2%, ਪਰਮਵੀਰ ਨੇ 75%, ਮਨਪ੍ਰੀਤ ਨੇ 75% ਅਤੇ ਕੋਮਲਪ੍ਰੀਤ ਨੇ 75% ਅੰਕ ਹਾਸਲ ਕਰ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਬੁੱਢਾ ਸਿੰਘ ਨੇ ਕਿਹਾ ਕਿ ਉਨ੍ਹਾਂ ਦੇ ਸਕੂਲ ਵਿੱਚ ਅਧਿਆਪਕ ਵਿਦਿਆਰਥੀਆਂ ਨੂੰ ਸਕਾਰਾਤਮਕ ਮਾਹੌਲ ਵਿੱਚ ਪੜ੍ਹਾ ਕੇ ਉੱਚੇ ਮੁਕਾਮ ਹਾਸਲ ਕਰਨ ਲਈ ਤਿਆਰ ਕਰਦੇ ਹਨ।ਉਨ੍ਹਾਂ ਸਕੂਲ ਦੇ ਸਮੂਹ ਅਧਿਆਪਕਾਂ ਨੂੰ ਵਿਦਿਆਰਥੀਆਂ ਦੀ ਵਿਲੱਖਣ ਪ੍ਰਾਪਤੀ ਲਈ ਵਧਾਈਆਂ ਦਿੰਦਿਆਂ ਭਵਿੱਖ ਵਿੱਚ ਹੋਰ ਜ਼ਿਆਦਾ ਮਿਹਨਤ ਤੇ ਲਗਨ ਨਾਲ ਪੜ੍ਹਾਉਣ ਲਈ ਪ੍ਰੇਰਿਆ।ਇਸ ਮੌਕੇ ਸਕੂਲ ਪ੍ਰਿੰਸੀਪਲ ਅਜੀਤ ਕੌਰ ਤੇ ਮੈਨੇਜਿੰਗ ਡਾਇਰੈਕਟਰ ਮਨਦੀਪ ਕੌਰ ਨੇ ਕਿਹਾ ਕਿ ਅਧਿਆਪਕਾਂ ਦੀ ਅਣਥੱਕ ਮਿਹਨਤ ਸਦਕਾ ਹੀ ਉਨ੍ਹਾਂ ਦੇ ਵਿਦਿਆਰਥੀਆਂ ਨੇ ਦਸਵੀਂ ਦੇ ਨਤੀਜਿਆਂ ਵਿੱਚ ਮੱਲਾਂ ਮਾਰੀਆਂ ਹਨ।ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਹੋਰ ਜ਼ਿਆਦਾ ਮਿਹਨਤ ਤੇ ਲਗਨ ਨਾਲ ਪੜ੍ਹਨ ਦਾ ਸੁਨੇਹਾ ਦਿੱਤਾ।ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।



# ਸਮਾਜਿਕ ਨਿਆਂ ਅਧਿਕਾਰਤ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਸਰਕਾਰੀ ਸਕੂਲ ਕੋਹਾਲੀ ਨੂੰ 15 ਪੱਖੇ ਭੇਟ

ਵੇਰਕਾ (ਰਾਣਾ)-ਸਮਾਜਿਕ ਨਿਆਂ ਅਧਿਕਾਰਤ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ ਦੇ ਜ਼ਿਲਾ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ ਦੀ ਪ੍ਰਧਾਨਗੀ ਹੇਠ ਸ: ਸੀਨੀ: ਸੈ: ਸਕੂਲ ਕੋਹਾਲੀ ਅੰਮ੍ਰਿਤਸਰ ਵਿਖੇ ਸਕੂਲ ਦੇ ਲੈਕਚਰਾਰ ਅਮਨਦੀਪ, ਐੱਸ. ਐੱਲ. ਏ ਰਮਨਦੀਪ ਸਿੰਘ, ਲਾਇਬ੍ਰੇਰੀ ਰਿਸਟੋਰਰ ਗੁਰਪ੍ਰੀਤ ਸਿੰਘ, ਗੁਰਵਿੰਦਰ ਸਿੰਘ ਡੀ. ਪੀ. ਈ, ਇੰਦਰਜੀਤ ਸਿੰਘ ਪੰਜਾਬੀ ਮਾਸਟਰ ਅਤੇ ਹੋਰ ਸਟਾਫ ਮੈਂਬਰਾਂ ਦੀ ਪ੍ਰੇਰਨਾ ਅਤੇ ਸੱਭਿਅਕ ਸੋਚ ਸਦਕਾ ਉਕਤ ਸੰਸਥਾ ਵੱਲੋਂ ਸਕੂਲ ਪੜ੍ਹਨ ਵਾਲੇ ਬੱਚਿਆਂ ਵਾਸਤੇ 15 ਪੱਖੇ ਭੇਟ ਕੀਤੇ ਗਏ।ਇਸ ਦੇ ਨਾਲ ਹੀ ਸਕੂਲ ਦੇ ਗੁਆਂਢ ਐੱਚ. ਡੀ. ਐਫ. ਸੀ. ਬੈਂਕ ਦੇ ਮੈਨੇਜਰ ਸਾਹਿਬ ਵੱਲੋਂ ਵੀ 5 ਪੱਖੇ ਸਕੂਲ ਨੂੰ ਦਿੱਤੇ ਗਏ।ਇਸ ਉਪਰੰਤ ਸਕੂਲ ਦੇ ਹੀ ਹੋਣਹਾਰ ਵਿਦਿਆਰਥੀ ਵੱਲੋਂ ਹਾਲ ਹੀ ਵਿੱਚ ਭੂਪਾਲ ਵਿਖੇ ਨੈਸ਼ਨਲ 52ਵੀਂ ਸਾਇੰਸ ਪ੍ਰਤੀਯੋਗਤਾ ਵਿੱਚੋਂ ਪਹਿਲਾ ਸਥਾਨ ਹਾਸਿਲ ਕਰਕੇ ਆਪਣੇ ਸਕੂਲ ਕੋਹਾਲੀ, ਸਟੇਟ ਅਤੇ ਜ਼ਿਲਾ ਅੰਮ੍ਰਿਤਸਰ ਦਾ ਮਾਣ ਵਧਾਉਣ ਤੇ ਉਸਨੂੰ ਸਮਾਜਿਕ ਨਿਆਂ, ਸਸ਼ਕਤੀਕਰਣ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ ਵੱਲੋਂ ਟ੍ਰਾਫੀ ਨਾਲ ਨਕਦ 1100 ਰੁਪਏ ਦਿੰਦੇ ਹੋਏ ਮਾਣ ਪ੍ਰਾਪਤ ਕੀਤਾ।ਇਸ ਮੌਕੇ ਸਕੂਲ ਦੀ ਸਾਇੰਸ ਮਿਸਟ੍ਰੈਸ ਨੂੰ ਵੀ ਸਨਮਾਨਿਤ ਕਰਦੇ ਹੋਏ ਉਪਰੋਕਤ ਉਪਲੱਬਧੀ ਲਈ ਸ਼ੁਭਕਾਮਨਾਵਾਂ ਭੇਟ ਵੀ ਕੀਤੀਆਂ ਗਈਆਂ।ਇਸ ਸਾਦੇ ਅਤੇ ਅਤਿਅੰਤ ਪ੍ਰਭਾਵਸ਼ਾਲੀ ਪ੍ਰੋਗਰਾਮ ਦਾ ਸਮੁੱਚਾ ਆਯੋਜਨ ਸਕੂਲ ਦੇ ਮਾਨਯੋਗ ਪ੍ਰਿੰਸੀਪਲ ਜਸਬੀਰ ਸਿੰਘ ਦੀ ਯੋਗ ਰਹਿਨੁਮਾਈ ਹੇਠ ਸਕੂਲ ਦੇ ਸਮੂਹ ਸਟਾਫ ਵੱਲੋਂ ਸ਼ਾਨਦਾਰ ਢੰਗ ਨਾਲ ਕੀਤਾ ਗਿਆ।ਇਸ ਮੌਕੇ ਸਮਾਜਿਕ ਨਿਆਂ, ਸਸ਼ਕਤੀਕਰਨ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਦੇ ਸੂਬਾਈ ਪ੍ਰੈੱਸ ਸਕੱਤਰ ਹਰਬਿੰਦਰ ਸਿੰਘ ਰਾਣਾ, ਸੂਬਾਈ ਸੀਨੀ: ਮੀਤ ਪ੍ਰਧਾਨ ਤੇਜਿੰਦਰ ਸਿੰਘ ਸੋਹੀ, ਸਾਹਿਬ ਸਿੰਘ ਜ਼ਿਲਾ ਪ੍ਰਧਾਨ ਐੱਸ.ਐੱਲ.ਏ. ਯੂਨੀਅਨ ਅੰਮ੍ਰਿਤਸਰ, ਬਚਿੱਤਰ ਸਿੰਘ ਬਟਾਲਾ, ਗੁਰਮੀਤ ਸਿੰਘ ਗੋਪਾਲਪੁਰ, ਸਕੱਤਰ ਮਨਜੀਤ ਸਿੰਘ ਸੋਹੀਆਂ, ਲੈਕਚਰਾਰ ਹਰਜਿੰਦਰਪਾਲ ਕੌਰ, ਸਤਿੰਦਰ ਕੌਰ ਰਾਜਿੰਦਰ ਕੌਰ, ਨੀਰੂ ਸਿੱਧੂ, ਸਰਬਜੀਤ ਕੌਰ, ਗੁਰਿੰਦਰਪਾਲ ਕੌਰ, ਹਰਪ੍ਰੀਤ ਕੌਰ ( ਸਾਰੇ ਲੈਕ:) ਰਛਪਾਲ ਕੌਰ ਕੰਪਿਊਟਰ ਟੀਚਰ, ਰਾਜਵਿੰਦਰ ਕੌਰ ਪੰਜਾਬੀ ਮਿਸਟ੍ਰੈਸ, ਕੇ.ਪੀ ਵੋਕੇਸ਼ਨਲ ਟੀਚਰ, ਕੈਂਪਸ ਮੈਨੇਜਰ ਰਾਜਿੰਦਰ ਸਿੰਘ ਆਦਿ ਵੀ ਹਾਜ਼ਰ ਸਨ।ਇਸ ਦੌਰਾਨ ਸਟੇਜ ਸਕੱਤਰ ਦੀ ਅਹਿਮ ਭੂਮਿਕਾ ਪੰਜਾਬੀ ਮਾਸਟਰ ਇੰਦਰਜੀਤ ਸਿੰਘ ਨੇ ਬਾਖੂਬੀ ਨਿਭਾਈ।



# ਕਿਰਤੀਆਂ ਦੇ ਹੱਕਾਂ ਦੀ ਰਾਖੀ ਲਈ ਕੀਤਾ ਤਿੱਖੇ ਸੰਘਰਸ਼ ਦਾ ਅਹਿਦ

ਪਠਾਨਕੋਟ (ਦਵਿੰਦਰ ਸਿੰਘ)-ਸੀ ਪੀ ਆਈ (ਐੱਮ) ਵੱਲੋਂ ਪਾਰਟੀ ਦਫ਼ਤਰ ਗਾਂਧੀ ਚੌਕ ਪਠਾਨਕੋਟ ਵਿਖੇ ਮਜ਼ਦੂਰ ਦਿਵਸ ਮੌਕੇ ਪਾਰਟੀ ਦਾ ਝੰਡਾ ਝੁਲਾਇਆ ਗਿਆ।ਝੰਡਾ ਝਲਾਉਣ ਦੀ ਰਸਮ ਕਾਮਰੇਡ ਦੇਵੀ ਸੈਣੀ ਵੱਲੋਂ ਅਦਾ ਕੀਤੀ ਗਈ।ਇਸ ਤੋਂ ਪਹਿਲਾਂ ਕਾਮਰੇਡ ਸੁਰਿੰਦਰ ਸਹਿਗਲ ਜ਼ਿਲ੍ਹਾ ਸਕੱਤਰ ਦੀ ਅਗਵਾਈ ਵਿੱਚ ਮੀਟਿੰਗ ਕੀਤੀ ਗਈ।ਇਸ ਮੌਕੇ ਪਰਸ਼ੋਤਮ ਬੱਡੋਈ, ਬਲਵੰਤ ਸਿੰਘ, ਦੇਵੀ ਸੈਣੀ, ਅਵਿਨਾਸ਼ ਸੈਣੀ, ਵਿਜੈ ਕੁਮਾਰ, ਜਗਦੀਸ਼ ਰਾਜ, ਚਮਨ ਲਾਲ, ਰਾਜੇਸ਼ ਜਸਰੋਟੀਆ, ਕੇਵਲ ਕਾਲੀਆ, ਬਿਕਰਮ ਜੀਤ, ਸਤ ਪ੍ਰਕਾਸ਼, ਰਾਜ ਕੁਮਾਰ, ਰਾਜਿੰਦਰ ਦੱਤਾ ਹਾਜ਼ਰ ਸਨ।ਆਗੂਆਂ ਨੇ ਮਈ ਦਿਵਸ ਦੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਆਗੂਆਂ ਨੇ ਕਿਹਾ ਕਿ ਮਜ਼ਦੂਰ ਜਮਾਤ ਨੇ ਲੰਬੇ ਸੰਘਰਸ਼ਾਂ ਨਾਲ ਪ੍ਰਾਪਤ ਕੀਤੇ ਹੱਕਾ ਤੇ ਕੇਂਦਰ ਦੀ ਭਾਜਪਾ ਸਰਕਾਰ ਨੇ ਵੱਡੇ ਵਾਰ ਕੀਤੇ ਹਨ ਅਤੇ ਉਨ੍ਹਾਂ ਹੱਕਾ ਨੂੰ ਖਤਮ ਕੀਤਾ ਜਾ ਰਿਹਾ ਹੈ।ਮਜ਼ਦੂਰਾਂ ਦੇ ਸ਼ਹੀਦਾਂ ਵੱਲੋਂ ਕੁਰਬਾਨੀਆਂ ਦੇ ਕੇ 8 ਘੰਟੇ ਦੀ ਦਿਹਾੜੀ ਦੀ ਥਾਂ ਕੰਮ ਦੇ ਘੰਟੇ 12 ਕਰ ਦਿੱਤੇ ਗਏ ਹਨ।ਇੰਨਾ ਸਮਾਂ ਕੰਮ ਕਰਨਾ ਮਜ਼ਦੂਰਾਂ ਲਈ ਮੁਸ਼ਕਲ ਹੈ।ਲੇਬਰ ਲਾਅ ਖਤਮ ਕਰਕੇ ਲਿਆਂਦੇ ਲੇਬਰ ਕੋਡ ਮਜ਼ਦੂਰਾਂ ਦੇ ਹੱਕ ਦੀ ਰਾਖੀ ਨਹੀਂ ਕਰ ਸਕਦੇ।ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਕਰ ਦਿੱਤਾ ਗਿਆ ਹੈ ਜਿਸ ਨਾਲ ਮੁਲਾਜ਼ਮਾਂ ਨੂੰ ਪੂਰੀ ਤਨਖਾਹ ਨਹੀਂ ਮਿਲਦੀ।ਸੇਵਾ ਮੁਕਤੀ ਤੋਂ ਬਾਅਦ ਮਿਲਦੇ ਲਾਭ ਅਤੇ ਪੈਨਸ਼ਨਾਂ ਬੰਦ ਕਰ ਦਿੱਤੇ ਹਨ।ਪ੍ਰਾਈਵੇਟ ਅਦਾਰੇ ਜ਼ਿਆਦਾ ਸਮਾਂ ਕੰਮ ਕਰਵਾ ਕੇ ਨਗੂਣੀਆਂ ਤਨਖਾਹਾਂ ਦਿੱਤੀਆਂ ਜਾ ਰਹੀਆਂ ਹਨ।ਮਨਰੇਗਾ ਕਾਨੂੰਨ ਨੂੰ ਖ਼ਤਮ ਕਰਕੇ ਲਿਆਂਦੇ ਨਵੇਂ ਕਾਨੂੰਨ ਨੇ ਮਜ਼ਦੂਰਾ ਦੇ ਰੁਜ਼ਗਾਰ ਦੀ ਗਰੰਟੀ ਖਤਮ ਕਰ ਦਿੱਤੀ ਹੈ।ਨੌਜੁਆਨ ਬੇਰੁਜ਼ਗਾਰ ਹੋਕੇ ਗਲਤ ਰਸਤੇ 'ਤੇ ਪੈ ਰਹੇ ਹਨ।ਹੱਕ ਮੰਗਦੇ ਮਜ਼ਦੂਰਾਂ ਤੇ ਜ਼ੁਲਮ ਕੀਤੇ ਜਾਂਦੇ ਹਨ।ਆਗੂਆਂ ਨੇ ਕਿਹਾ ਕਿ ਆਓ ਹੱਕਾਂ ਦੀ ਰਾਖੀ ਲਈ ਸੰਘਰਸ਼ ਦਾ ਅਹਿਦ ਕਰੀਏ।



## ਆਈ ਸੀ ਐੱਸ ਈ ਦਸਵੀਂ ਦੇ ਨਤੀਜਿਆਂ 'ਚ ਪੰਜਾਬ ਚਿਲਡਰਨ ਅਕੈਡਮੀ ਦੇ ਵਿਦਿਆਰਥੀ ਛਾਏ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਆਈ.ਸੀ.ਐੱਸ.ਈ. ਬੋਰਡ ਦੀ ਦਸਵੀਂ ਕਲਾਸ ਦੇ ਐਲਾਨੇ ਗਏ ਨਤੀਜਿਆਂ ਵਿੱਚ ਪੰਜਾਬ ਚਿਲਡਰਨ ਅਕੈਡਮੀ, ਤਰਨ ਤਾਰਨ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਵਾਰ ਦੇ ਨਤੀਜਿਆਂ ਵਿੱਚ ਵਿਦਿਆਰਥੀਆਂ ਨੇ ਨਾ ਸਿਰਫ਼ ਉਚੇ ਅੰਕ ਹਾਸਿਲ ਕੀਤੇ, ਸਗੋਂ ਆਪਣੇ ਮਾਪਿਆਂ ਅਤੇ ਅਧਿਆਪਕਾਂ ਦੀ ਮਿਹਨਤ ਨੂੰ ਵੀ ਕਾਮਯਾਬੀ ਵਿੱਚ ਬਦਲਿਆ ਹੈ।ਟਵਿੰਕਲ ਨੇ 97.8% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਜਦਕਿ ਸੌਰਿਸ਼ ਖੱਟਾ ਨੇ 97.2% ਅੰਕ ਲੈ ਕੇ ਦੂਜਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਸਿਮਰਨਪ੍ਰੀਤ ਕੌਰ ਨੇ 96% ਅੰਕ ਹਾਸਿਲ ਕਰਕੇ ਤੀਜਾ ਸਥਾਨ ਆਪਣੇ ਨਾਮ ਕੀਤਾ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਹਰਮਨਪ੍ਰੀਤ ਸਿੰਘ ਅਤੇ ਪ੍ਰਿੰਸੀਪਲ ਮੈਡਮ ਸੰਧਿਆ ਖੰਨਾ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਾਰੇ ਸਫਲ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਲਗਨ, ਅਧਿਆਪਕਾਂ ਦੀ ਨਿਰੰਤਰ ਮਿਹਨਤ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹਨ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਜੀਵਨ ਵਿੱਚ ਹੋਰ ਉਚੀਆਂ ਉਡਾਣਾਂ ਭਰਨ ਲਈ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਲਗਾਤਾਰ ਕੋਸ਼ਿਸ਼ ਕਰਨ ਲਈ ਪ੍ਰੇਰਿਤ ਕੀਤਾ।



ਇਸ ਮੌਕੇ ਮਿਹਨਤੀ ਅਧਿਆਪਕ ਵਰਗ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵੀ ਵਧਾਈ ਦਿੱਤੀ ਗਈ, ਜਿਨ੍ਹਾਂ ਦੇ ਸਹਿਯੋਗ ਨਾਲ ਇਹ ਕਾਮਯਾਬੀ ਸੰਭਵ ਹੋਈ।ਸਕੂਲ ਪਰਿਵਾਰ ਵੱਲੋਂ ਉਮੀਦ ਜਤਾਈ ਗਈ ਕਿ ਆਉਣ ਵਾਲੇ ਸਮੇਂ ਵਿੱਚ ਵੀ ਵਿਦਿਆਰਥੀ ਇਸੇ ਤਰ੍ਹਾਂ ਦੀ ਮਿਹਨਤ ਨਾਲ ਨਵੇਂ ਕੀਰਤੀਮਾਨ ਸਥਾਪਿਤ ਕਰਨਗੇ।

# ਸੜਕ ਕੰਢੇ ਲੱਗੇ ਬਿਜਲੀ ਦੇ ਪੋਲ ਦੇ ਰਹੇ ਨੇ ਹਾਦਸਿਆਂ ਨੂੰ ਸੱਦਾ

ਗੁਰਦਾਸਪੁਰ, (ਜਨਕ ਮਹਾਜਨ)-ਜਹਾਜ਼ ਚੌਕ ਗੁਰਦਾਸਪੁਰ ਤੋਂ ਪੰਚਾਇਤ ਭਵਨ ਨੂੰ ਜਾਂਦੀ ਸੜਕ ਵਿਚਕਾਰ ਬਿਜਲੀ ਦੇ ਸੀਮੈਂਟ ਵਾਲੇ ਪੋਲ ਲੱਗੇ ਹੋਣ ਕਾਰਨ ਇਕ ਤਾਂ ਸੜਕ ਦੀ ਚੌੜਾਈ ਘੱਟ ਗਈ ਹੈ, ਦੂਜੇ ਹਰ ਵੇਲੇ ਕੋਈ ਹਾਦਸਾ ਹੋਣ ਦਾ ਡਰ ਬਣਿਆ ਰਹਿੰਦਾ ਹੈ। ਇਹ ਸਭ ਕੁਝ ਲੋਕ ਨਿਰਮਾਣ ਵਿਭਾਗ ਤੇ ਬਿਜਲੀ ਵਿਭਾਗ ਦੀ ਅਣਗਹਿਲੀ ਕਾਰਨ ਹੋ ਰਿਹਾ ਹੈ। ਇਸ ਸਬੰਧੀ ਕੁਝ ਇਲਾਕਾ ਵਾਸੀਆਂ ਨੇ ਦੱਸਿਆ ਕਿ ਇਹ ਬਿਜਲੀ ਦੇ ਸੀਮੈਂਟ ਨਾਲ ਬਣੇ ਪੋਲ ਪਿਛਲੇ ਲਬੇਂ ਸਮੇਂ ਤੋਂ ਲੋਕਾਂ ਲਈ ਹਾਦਸਿਆਂ ਪ੍ਰਤੀ ਖਤਰਾ ਬਣੇ ਹੋਏ ਹਨ, ਕਈ ਵਾਰ ਤਾਂ ਰਾਤ ਵੇਲੇ ਸਾਹਮਣੇ ਤੋਂ ਰੌਸ਼ਨੀ ਪੈਣ ਕਾਰਨ ਪੋਲ ਨਜ਼ਰ ਨਾ ਆਉਣ ਕਾਰਨ ਹਾਦਸੇ ਵਾਪਰ ਜਾਂਦੇ ਹਨ ਅਤੇ ਵਾਹਨ ਚਾਲਕ ਸੱਟਾਂ ਲਗਵਾ ਬੈਠਦੇ ਹਨ। ਇਸ ਸੜਕ ਵਿਚਕਾਰ ਡਿਵਾਈਡਰ ਲਗਣ ਕਾਰਨ ਸੜਕ ਦੀ ਚੌੜਾਈ ਘੱਟ ਹੋਣ ਤੋਂ ਇਲਾਵਾ 4-5 ਫੁੱਟ ਜਗ੍ਹਾ ਇਨ੍ਹਾਂ ਬਿਜਲੀ ਦੇ ਪੋਲਾਂ ਨੇ ਘੇਰੀ ਹੋਈ ਹੈ ਜਿਸ ਨੂੰ ਸੰਬਧਿਤ ਵਿਭਾਗ ਵੱਲੋਂ ਹਟਾ ਕੇ ਸੜਕ ਕੰਢੇ ਲਗਾ ਦੇਣਾ ਚਾਹੀਦਾ ਹੈ ਜਿਸ ਨਾਲ ਸੜਕ ਦੀ ਚੌੜਾਈ ਵਧ ਜਾਵੇਗੀ ਅਤੇ ਹਾਦਸੇ ਹੋਣ ਦਾ ਖ਼ਤਰਾ ਵੀ ਘੱਟ ਜਾਵੇਗਾ।



ਲੋਕਾਂ ਦੀ ਲੋਕ ਨਿਰਮਾਣ ਵਿਭਾਗ ਤੇ ਬਿਜਲੀ ਵਿਭਾਗ ਪਾਸੋਂ ਮੰਗ ਕੀਤੀ ਕਿ ਇਨ੍ਹਾਂ ਪੋਲਾਂ ਨੂੰ ਸੜਕ ਵਿਚਕਾਰੋਂ ਪੁੱਟ ਕੇ ਸੜਕ ਕੰਢੇ ਕੀਤੇ ਜਾਵੇ ਜਿਸ ਨਾਲ ਦੁਰਘਟਨਾਵਾਂ ਤੋਂ ਬਚਿਆ ਜਾ ਸਕੇ।

# ਸੀ ਐੱਚ ਟੀ ਅੰਮ੍ਰਿਤਪਾਲ ਸਿੰਘ ਰੰਧਾਵਾ ਨੂੰ ਸੇਵਾਮੁਕਤੀ 'ਤੇ ਸਟਾਫ ਨੇ ਦਿੱਤੀ ਵਿਦਾਇਗੀ ਪਾਰਟੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਬਲਾਕ ਪ੍ਰਾਇਮਰੀ ਸਿੱਖਿਆ ਦਫ਼ਤਰ ਡੇਰਾ ਬਾਬਾ ਨਾਨਕ -1 ਅਧੀਨ ਆਉਂਦੇ ਸੈਂਟਰ ਝੰਗੀ ਅਤੇ ਕੋਟ ਮੌਲਵੀ ਵਿਖੇ ਤਾਇਨਾਤ ਸੈਂਟਰ ਮੁੱਖ ਅਧਿਆਪਕ ਅੰਮ੍ਰਿਤਪਾਲ ਸਿੰਘ ਰੰਧਾਵਾ (ਐੱਮ.ਏ./ਬੀ.ਐੱਡ) ਜੋ ਸਿੱਖਿਆ ਮਹਿਕਮੇ ਵਿੱਚ ਦਸੰਬਰ 1995 ਵਿੱਚ ਬਤੌਰ ਈ ਟੀ ਟੀ ਅਧਿਆਪਕ ਭਰਤੀ ਹੋਏ ਸਨ, ਵੱਲੋਂ ਵੱਖ-ਵੱਖ ਪੋਸਟਾਂ ਬੀਪੀਸੀ, ਮੁੱਖ ਅਧਿਆਪਕ ਅਤੇ ਸੈਂਟਰ ਮੁੱਖ ਅਧਿਆਪਕ ਵਜੋਂ ਕਰੀਬ 31 ਸਾਲ ਦੀ ਸੇਵਾ ਨਿਭਾਈ ਗਈ? ਉਨ੍ਹਾਂ ਦੀ ਸੇਵਾਮੁਕਤੀ ਮੌਕੇ ਸਾਬਕਾ ਪ੍ਰਿੰਸੀਪਲ ਹਕੂਮਤ ਰਾਏ ਅਤੇ ਪ੍ਰਿੰਸੀਪਲ ਦਲਵਿੰਦਰ ਜੀਤ ਸਿੰਘ ਗਿੱਲ ਝੰਗੀ ਪੰਨਵਾਂ ਦੀ ਅਗਵਾਈ ਵਿੱਚ ਸਿੱਖਿਆ ਵਿਭਾਗ ਡੇਰਾ ਬਾਬਾ ਨਾਨਕ ਦੇ ਕਰਮਚਾਰੀਆਂ ਅਤੇ ਉਨ੍ਹਾਂ ਦੇ ਜਿਗਰੀ ਯਾਰਾਂ ਵੱਲੋਂ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ।ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਸਾਬਕਾ ਪ੍ਰਿੰਸੀਪਲ ਹਕੂਮਤ ਰਾਏ, ਪ੍ਰਿੰਸੀਪਲ ਦਲਵਿੰਦਰ ਜੀਤ ਸਿੰਘ ਗਿੱਲ ਸਮੇਤ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਅੰਮ੍ਰਿਤਪਾਲ ਸਿੰਘ ਰੰਧਾਵਾ ਨੇ ਸਿੱਖਿਆ ਮਹਿਕਮੇ ਵਿੱਚ ਆਪਣੀ ਡਿਊਟੀ ਪੂਰੀ ਲਗਨ, ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਈ ਹੈ।ਉਨ੍ਹਾਂ ਕਿਹਾ ਕਿ ਅੰਮ੍ਰਿਤਪਾਲ ਸਿੰਘ ਰੰਧਾਵਾ ਵੱਲੋਂ ਸਿੱਖਿਆ ਵਿਭਾਗ ਨੂੰ ਦਿੱਤੀਆਂ ਸੇਵਾਵਾ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ ।ਸਾਬਕਾ ਪ੍ਰਿੰਸੀਪਲ ਹਕੂਮਤ ਰਾਏ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੰਮ੍ਰਿਤਪਾਲ ਸਿੰਘ ਰੰਧਾਵਾ ਨੇ ਆਪਣੀ ਡਿਊਟੀ ਦੇ ਨਾਲ ਨਾਲ ਆਪਣੀ ਬੇਟੀ ਤੇ ਬੇਟੇ ਨੂੰ ਵਧੀਆ ਸਿੱਖਿਆ ਪ੍ਰਦਾਨ ਕਰਕੇ ਡਾਕਟਰ ਬਣਾਇਆ, ਜੋ ਇਸ ਸਮੇਂ ਵੱਖ-ਵੱਖ ਦੇਸ਼ਾਂ ਵਿੱਚ ਬਤੌਰ ਮੈਡੀਕਲ ਅਫ਼ਸਰ ਸੇਵਾਵਾਂ ਨਿਭਾਅ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਉਨਾਂ ਦੀ ਧਰਮ ਪਤਨੀ ਕੁਲਵੰਤ ਕੌਰ ਸਿਹਤ ਵਿਭਾਗ ਬਤੌਰ ਸੁਪਰਵਾਈਜ਼ਰ ਅਤੇ ਉਨਾਂ ਦੇ ਪਿਤਾ ਸ.ਕੁਲਵੰਤ ਸਿੰਘ ਵੀ ਸਿੱਖਿਆ ਵਿਭਾਗ ਤੋਂ ਬਤੌਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਵਜੋਂ ਸੇਵਾਮੁਕਤ ਹੋਏ ਸਨ। ਇਸ ਮੌਕੇ ਅੰਮ੍ਰਿਤਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਉਹ ਅੱਜ ਭਾਵੇਂ 58 ਸਾਲ ਦੀ ਸੇਵਾ ਕਰਨ ਤੋਂ ਬਾਅਦ ਰਿਟਾਇਰਡ ਹੋ ਗਏ ਹਨ ਪਰ ਉਹ ਆਪਣੀਆਂ ਸੇਵਾਵਾਂ ਮਹਿਕਮੇ ਦੀ ਭਲਾਈ ਲਈ ਨਿਰੰਤਰ ਜਾਰੀ ਰੱਖਣਗੇ।ਇਸ ਮੌਕੇ ਸਮੂਹ ਸਟਾਫ਼ ਵੱਲੋਂ ਅੰਮ੍ਰਿਤਪਾਲ ਸਿੰਘ ਰੰਧਾਵਾ ਨੂੰ ਹਾਰ ਪਾ ਕੇ ਸਵਾਗਤ ਕਰਦਿਆਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਤੇ ਯਾਦਗਾਰੀ ਤੋਹਫ਼ੇ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਹਰਜੋਤ ਸਿੰਘ ਰੰਧਾਵਾ ਸ਼ਾਮਪੁਰਾ, ਖੁਸ਼ਬੀਰ ਸਿੰਘ ਸਮਰਾ, ਪ੍ਰਿੰਸੀਪਲ ਜੰਗ ਬਹਾਦਰ ਸਿੰਘ ਬੰਗਾ, ਡਾਕਟਰ ਗੁਰਮੇਜ ਸਿੰਘ ਸਰਪੰਚ ਸ਼ਾਮਪੁਰਾ, ਜਗਮੋਹਨ ਸਿੰਘ ਸਰਪੰਚ ਝੰਗੀ, ਨਿਸ਼ਾਨ ਸਿੰਘ ਸਰਪੰਚ ਸਿੰਘਪੁਰਾ, ਪ੍ਰਗਟ ਸਿੰਘ ਲੰਬੜਦਾਰ ਸ਼ਾਮਪੁਰਾ, ਦਿਲਰਾਜ ਬੀਰ ਸਿੰਘ, ਲਵਪ੍ਰੀਤ ਸਿੰਘ ਘੁੰਮਣ, ਰਘਬੀਰ ਸਿੰਘ, ਪੱਤਰਕਾਰ ਰਮੇਸ਼ ਸ਼ਰਮਾ, ਰਾਜ ਸੁਖਵਿੰਦਰ ਸਿੰਘ, ਸਾਬਕਾ ਸਰਪੰਚ ਬਲਦੇਵ ਸਿੰਘ ਬੂਰਾ, ਗੁਰਪਿੰਦਰ ਸਿੰਘ ਸੰਧੂ, ਇਕਬਾਲ ਸਿੰਘ ਹੈੱਡ ਮਾਸਟਰ ਭਾਲੋਵਾਲੀ, ਮਨਜੀਤ ਸਿੰਘ ਹੈੱਡਮਾਸਟਰ ਸਰਫਕੋਟ, ਹਰਪਾਲ ਸਿੰਘ ਪਹਿਲਵਾਨ ਧਰਮਕੋਟ ਰੰਧਾਵਾ ਅਤੇ ਮਾਸਟਰ ਸੰਦੀਪ ਸਿੰਘ ਆਦਿ ਹਾਜ਼ਰ ਸਨ ।



# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਮਨਾਇਆ ਵਿਸ਼ਵ ਮਜ਼ਦੂਰ ਦਿਹਾੜਾ

ਧਾਰੀਵਾਲ, ਮਨਦੀਪ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ, ਸਕੱਤਰ ਮੈਡਮ ਸ਼੍ਰੀਮਤੀ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਸ਼੍ਰੀਮਤੀ ਕਿਰਨ ਕੇਸਰ ਜੀ ਦੀ ਯੋਗ ਅਗਵਾਈ ਹੇਠ ਸਕੂਲ ਵਿਖੇ ਮਜ਼ਦੂਰ ਦਿਵਸ ਮਨਾਇਆ ਗਿਆ। ਸਵੇਰ ਦੀ ਸਭਾ ਵਿੱਚ ਵਿਦਿਆਰਥਣ ਸਿਮਰਨਜੀਤ ਕੌਰ ਸਪੁੱਤਰੀ ਸਰਦਾਰ ਹਰਭਜਨ ਸਿੰਘ ਨੇ ਮਜ਼ਦੂਰ ਦਿਵਸ ਮੌਕੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਇਹ ਦਿਨ ਦਾ ਮਕਸਦ ਮਜ਼ਦੂਰਾਂ ਦੀ ਮਿਹਨਤ ਅਤੇ ਉਨ੍ਹਾਂ ਦੇ ਯੋਗਦਾਨ ਨੂੰ ਸਨਮਾਨ ਦੇਣਾ ਹੈ।ਸਫਾਈ ਕਰਮਚਾਰੀ, ਮਾਲੀ, ਮਿਸਤਰੀ ਅਤੇ ਹੋਰ ਮਜ਼ਦੂਰਾਂ ਦੀ ਸੇਵਾ ਨਾਲ ਹੀ ਸਾਡਾ ਸਕੂਲ ਅਤੇ ਸਮਾਜ ਸੁਚੱਜਾ ਅਤੇ ਵਿਕਸਿਤ ਬਣਦਾ ਹੈ।

ਇਸ ਮੌਕੇ ਪ੍ਰਿੰਸੀਪਲ ਸ਼੍ਰੀਮਤੀ ਕਿਰਨ ਕੇਸਰ ਜੀ ਨੇ ਕਿਹਾ ਕਿ ਇਹ ਦਿਨ ਸਾਨੂੰ ਮਜ਼ਦੂਰਾਂ ਦੀ ਕਠਿਨ ਮਿਹਨਤ ਅਤੇ ਉਨ੍ਹਾਂ ਦੇ ਅਹਿਮ ਯੋਗਦਾਨ ਦੀ ਯਾਦ ਦਿਵਾਉਂਦਾ ਹੈ।ਮਜ਼ਦੂਰ ਹੀ ਉਹ ਹਨ ਜੋ ਸਾਡੇ ਸਕੂਲ, ਘਰ ਅਤੇ ਦੇਸ਼ ਨੂੰ ਤਰੱਕੀ ਦੇ ਰਾਹ 'ਤੇ ਲੈ ਕੇ ਜਾਂਦੇ ਹਨ। ਚਾਹੇ ਉਹ ਸਫਾਈ ਕਰਮਚਾਰੀ ਹੋਣ, ਮਾਲੀ ਹੋਣ ਜਾਂ ਨਿਰਮਾਣ ਮਜ਼ਦੂਰ—ਹਰ ਕੋਈ ਆਪਣੀ ਜ਼ਿੰਮੇਵਾਰੀ ਨੂੰ ਬਖ਼ੂਬੀ ਨਿਭਾ ਰਿਹਾ ਹੈ।ਉਹਨਾਂ ਕਿਹਾ ਕਿ ਸਾਨੂੰ ਹਮੇਸ਼ਾ ਮਜ਼ਦੂਰਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਉਨ੍ਹਾਂ ਦੀ ਮਿਹਨਤ ਦੀ ਕਦਰ ਕਰਨੀ ਚਾਹੀਦੀ ਹੈ। ਕਦੇ ਵੀ ਕਿਸੇ ਦੇ ਕੰਮ ਨੂੰ ਛੋਟਾ ਨਾ ਸਮਝੋ। ਹਰ ਕੰਮ ਦੀ ਆਪਣੀ ਅਹਿਮੀਅਤ ਹੁੰਦੀ ਹੈ।ਅਸੀਂ ਸਭ ਨੂੰ ਇਹ ਵੀ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਮਜ਼ਦੂਰਾਂ ਨੂੰ ਉਨ੍ਹਾਂ ਦੇ ਹੱਕ ਅਤੇ ਇੱਜ਼ਤ ਮਿਲੇ। ਇਹ ਸਾਡੀ ਸਮਾਜਿਕ ਜ਼ਿੰਮੇਵਾਰੀ ਹੈ।ਅੰਤ ਵਿੱਚ,ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਤੁਸੀਂ ਆਪਣੇ ਜੀਵਨ ਵਿੱਚ ਮਿਹਨਤ ਨੂੰ ਅਪਣਾਓ ਅਤੇ ਹਰ ਕਿਸੇ ਦਾ ਸਤਿਕਾਰ ਕਰੋ।

ਸਕੂਲ ਵੱਲੋਂ ਸਹਾਇਕ ਸਟਾਫ ਨੂੰ ਸਨਮਾਨਿਤ ਵੀ ਕੀਤਾ ਗਿਆ ਅਤੇ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।




# ਏਟਕ ਵੱਲੋਂ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ

ਗੁਰਦਾਸਪੁਰ (ਜਨਕ ਮਹਾਜਨ)-ਕੌਮਾਂਤਰੀ ਮਈ ਦਿਵਸ ਦੇ ਸੰਬੰਧ ਵਿੱਚ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਵੱਲੋਂ ਸਰਕਲ ਦਫ਼ਤਰ ਗੁਰਦਾਸਪੁਰ ਵਿਖੇ ਜਥੇਬੰਦੀ ਵੱਲੋਂ ਲਾਲ ਝੰਡਾ ਲਹਿਰਾਉਣ ਉਪਰੰਤ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਜਥੇਬੰਦੀ ਦੇ ਸਰਕਲ ਪ੍ਰਧਾਨ ਸਾਹਿਬ ਸਿੰਘ ਧਾਲੀਵਾਲ ਅਤੇ ਪੈਨਸ਼ਨਰਜ਼ ਯੂਨੀਅਨ ਏਟਕ ਦੇ ਆਗੂ ਕਾਮਰੇਡ ਬਲਵਿੰਦਰ ਸਿੰਘ ਉਦੀਪੁਰ ਨੇ ਦੱਸਿਆ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿਖੇ ਕੰਮ ਦਿਹਾੜੀ ਸਮਾਂ 8 ਘੰਟੇ ਕਰਾਉਣ ਲਈ ਮਜ਼ਦੂਰ ਜਮਾਤ ਵੱਲੋਂ ਸਰਕਾਰ ਵਿਰੁੱਧ ਜ਼ੋਰਦਾਰ ਪ੍ਰਦਰਸ਼ਨ ਸ਼ੁਰੂ ਕੀਤੇ। ਸਰਕਾਰ ਨੇ ਸੰਘਰਸ਼ ਨੂੰ ਦਬਾਉਣ ਲਈ ਨਿਹੱਥੇ ਕਿਰਤੀਆਂ 'ਤੇ ਅੰਨ੍ਹੇਵਾਹ ਗੋਲੀਆਂ ਚਲਾ ਕੇ ਸਾਥੀਆਂ ਨੂੰ ਸ਼ਹੀਦ ਕਰ ਦਿੱਤਾ। ਫਿਰ ਇਹ ਅੰਦੋਲਨ ਦੁਨੀਆ ਭਰ ਵਿੱਚ ਫੈਲ ਗਿਆ। ਅੱਜ ਦਾ ਦਿਨ ਮਜ਼ਦੂਰ ਜਮਾਤ ਲਈ ਇਤਿਹਾਸਕ ਹੈ। ਇਸ ਲਈ ਸਾਨੂੰ ਜਥੇਬੰਦ ਹੋ ਕੇ ਸਰਕਾਰ ਦੀਆਂ ਨੀਤੀਆਂ ਦਾ ਟਾਕਰਾ ਕਰਨ ਲਈ ਸੰਘਰਸ਼ ਦੇ ਮੈਦਾਨ ਵਿੱਚ ਆਉਣਾ ਪਵੇਗਾ ਕਿਉਂਕਿ ਅੱਜ ਵੀ ਕੇਂਦਰ ਅਤੇ ਰਾਜ ਸਰਕਾਰਾਂ ਮਜ਼ਦੂਰਾਂ, ਮੁਲਾਜ਼ਮਾਂ ਦੇ ਹੱਕਾਂ 'ਤੇ ਡਾਕਾ ਮਾਰ ਰਹੀਆਂ ਹਨ ਅਤੇ ਕਿਰਤ ਕਾਨੂੰਨਾਂ ਨੂੰ ਖ਼ਤਮ ਕਰਨ 'ਤੇ ਤੁਲੀਆਂ ਹੋਈਆਂ। ਇਸ ਮੌਕੇ ਇੰਜ. ਜਸਵਿੰਦਰ ਸਿੰਘ ਬਾਊਪੁਰ, ਨਿਰਮਲ ਸਿੰਘ ਬਸਰਾ, ਰਕੇਸ਼ ਕੁਮਾਰ, ਰਣਜੀਤ ਸਿੰਘ, ਅਨਿਲ ਕੁਮਾਰ ਸ਼ਰਮਾ, ਲਖਵਿੰਦਰ ਸਿੰਘ ਟਾਂਡਾ ਗੌਰਵ, ਮਨਦੀਪ ਸਿੰਘ, ਜੰਸਵਤ ਸਿੰਘ ਆਦਿ ਆਗੂ ਹਾਜ਼ਰ ਸਨ।



# ਹੈਰੋਇਨ ਸਮੇਤ ਇੱਕ ਵਿਅਕਤੀ ਕਾਬੂ-ਡਰੱਗ ਮਨੀ ਤੇ ਹੋਰ ਸਮਾਨ ਬਰਾਮਦ

**ਸ਼ਾਹਕੋਟ (ਗਿਆਨ ਸੈਦਪੁਰੀ)**- ਸ਼ਾਹਕੋਟ ਦੇ ਉਪ ਪੁਲਿਸ ਕਪਤਾਨ ਸਰਵਣ ਸਿੰਘ ਬੱਲ ਦੀ ਅਗਵਾਈ ਹੇਠ ਨਸ਼ਿਆਂ ਖ਼ਿਲਾਫ਼ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਥਾਣਾ ਮਹਿਤਪੁਰ ਦੇ ਮੁੱਖ ਅਫ਼ਸਰ ਐੱਸ ਆਈ ਲਾਭ ਸਿੰਘ ਦੀ ਪੁਲਿਸ ਪਾਰਟੀ ਵਲੋਂ ਇੱਕ ਵਿਅਕਤੀ ਨੂੰ 82 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਨ 'ਚ ਸਫ਼ਲਤਾ ਹਾਸਲ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ ਐੱਸ ਪੀ ਸ਼ਾਹਕੋਟ ਸਰਵਣ ਸਿੰਘ ਬੱਲ ਨੇ ਦੱਸਿਆ ਕਿ ਸਾਹਿਲਪ੍ਰੀਤ ਸਿੰਘ ਉਰਫ਼ ਰਾਹੁਲ ਪੁੱਤਰ ਪਾਲ ਸਿੰਘ ਵਾਸੀ ਅਮੀਰਸ਼ਾਹਵਾਲਾ ਥਾਣਾ ਮੱਖੂ ਜ਼ਿਲ੍ਹਾ ਫਿਰੋਜ਼ਪੁਰ ਨੂੰ ਮਹਿਤਪੁਰ ਨੇੜਲੇ ਪਿੰਡ ਸੰਗੋਵਾਲ ਦੇ ਸ਼ਮਸ਼ਾਨਘਾਟ ਤੋਂ ਕਾਬੂ ਕਰਕੇ ਉਸ ਪਾਸੋਂ 82 ਗ੍ਰਾਮ ਹੈਰੋਇਨ, ਇੱਕ ਮੋਟਰ ਸਾਇਕਲ ਹੀਰੋ ਸਪਲੈਂਡਰ ਨੰਬਰ ਪੀ.ਬੀ. 47 ਐਫ. 4528, ਇੱਕ ਇਲੈਕਟ੍ਰੋਨਿਕ ਕੰਡਾ, 2500 ਰੁਪਏ ਡਰੱਗ ਮਨੀ ਬਰਾਮਦ ਕਰਕੇ ਉਸ ਖ਼ਿਲਾਫ਼ ਐੱਨ ਡੀ ਪੀ ਐੱਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਦੋਸ਼ੀ ਸਾਹਿਲਪ੍ਰੀਤ ਸਿੰਘ ਉਰਫ਼ ਰਾਹੁਲ ਪਾਸੋਂ ਪੁੱਛਗਿਛ ਕਰਕੇ ਉਸ ਦੇ ਪਿਛਲੇ ਤੇ ਅਗਲੇਰੇ ਸਬੰਧਾਂ ਬਾਰੇ ਹੋਰ ਡੂੰਘਾਈ ਨਾਲ ਤਫਤੀਸ਼ ਕੀਤੀ ਜਾ ਰਹੀ ਹੈ। ਇਸ ਮੌਕੇ ਡੀ ਐੱਸ ਪੀ ਸਰਵਣ ਸਿੰਘ ਬੱਲ ਨੇ ਦੱਸਿਆ ਕਿ ਸ਼ਾਹਕੋਟ ਪੁਲਿਸ ਵੱਲੋਂ ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਪਿਛਲੇ 10 ਦਿਨਾਂ ਦੌਰਾਨ ਸ਼ਾਹਕੋਟ ਸਬ-ਡਵੀਜ਼ਨ ਦੇ ਵੱਖ ਵੱਖ ਥਾਣਿਆਂ ਵਿੱਚ 22 ਐੱਨ ਡੀ ਪੀ ਐਸ ਐਕਟ ਤਹਿਤ ਮੁਕੱਦਮੇ ਦਰਜ ਕੀਤੇ ਗਏ ਜਦਕਿ 3 ਮੁਕੱਦਮੇ ਐਕਸਾਈਜ਼ ਐਕਟ ਤਹਿਤ ਦਰਜ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਸੇ ਦੌਰਾਨ 79 ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿਚ ਭਰਤੀ ਕਰਵਾਇਆ ਗਿਆ ਹੈ ਜਦਕਿ 91 ਵਿਅਕਤੀਆਂ ਨੂੰ ਓਟ ਸੈਂਟਰਾਂ ਤੋਂ ਨਸ਼ਾ ਛੁਡਾਊ ਦਵਾਈਆਂ ਸ਼ੁਰੂ ਕਰਵਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਵੱਖ ਵੱਖ ਮੁਕੱਦਮਿਆਂ 'ਚ ਸ਼ਾਮਲ 33 ਵਿਅਕਤੀਆਂ ਨੂੰ ਜੇਲ੍ਹ ਭੇਜਿਆ ਜਾ ਚੁੱਕਾ ਹੈ। ਡੀ ਐੱਸ ਪੀ ਬੱਲ ਨੇ ਕਿਹਾ ਕਿ ਨਸ਼ਿਆ ਵਿਰੁਧ ਸ਼ਾਹਕੋਟ ਸਡ-ਡਵੀਜ਼ਨ ਪੁਲਿਸ ਦੀ ਇਹ ਮੁਹਿਮ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਤੇ ਹੋਰ ਅਪਰਾਧ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਪ੍ਰੈੱਸ ਕਾਨਫਰੰਸ ਦੌਰਾਨ ਉਨ੍ਹਾਂ ਨਾਲ ਐੱਸ ਆਈ ਲਾਭ ਸਿੰਘ ਥਾਣਾ ਮੁਖੀ ਮਹਿਤਪੁਰ ਤੇ ਐੱਸ ਆਈ ਕਸ਼ਮੀਰ ਸਿੰਘ ਵੀ ਹਾਜ਼ਰ ਸਨ।



# ਬਿਜਲੀ ਦੇ ਲੰਬੇ ਕੱਟਾਂ ਖ਼ਿਲਾਫ਼ ਅਕਾਲੀ ਦਲ ਵੱਲੋਂ ਰੋਸ ਮੁਜ਼ਾਹਰਾ

**ਬਲਾਚੌਰ, (ਜਸਵਿੰਦਰ ਬੈਂਸ)**- ਅੱਤ ਦੀ ਪੈ ਰਹੀ ਗਰਮੀ ਅਤੇ ਬਿਜਲੀ ਦੇ ਅਣਮਿੱਥੇ ਸਮੇਂ ਲਈ ਲੱਗ ਰਹੇ ਲੰਬੇ ਕੱਟਾਂ ਨੇ ਆਮ ਜਨਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਕਰ ਦਿੱਤਾ ਹੈ। ਇਸ ਮੁੱਦੇ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਇੰਚਾਰਜ ਸੰਦੀਪ ਚੌਧਰੀ (ਹਨੀ ਟੌਂਸਾ) ਦੀ ਅਗਵਾਈ ਹੇਠ ਬਿਜਲੀ ਬੋਰਡ ਬਲਾਚੌਰ ਦੇ ਬਾਹਰ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਬਿਜਲੀ ਘਰ ਦਾ ਘਿਰਾਓ ਕੀਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਹਨੀ ਟੌਂਸਾ ਨੇ ਦੱਸਿਆ ਕਿ ਬਿਜਲੀ ਦੀ ਕਿੱਲਤ ਕਾਰਨ ਸਮਾਜ ਦੇ ਹਰ ਵਰਗ ਨੂੰ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਰਾਤ ਨੂੰ ਨੀਂਦ ਪੂਰੀ ਨਾ ਹੋਣ ਕਾਰਨ ਮਜ਼ਦੂਰ ਕੰਮ ਕਰਨ ਤੋਂ ਅਸਮਰਥ ਹਨ ਅਤੇ ਦੁਕਾਨਦਾਰਾਂ ਦਾ ਕਾਰੋਬਾਰ ਠੱਪ ਹੋ ਰਿਹਾ ਹੈ।ਭਿਆਨਕ ਗਰਮੀ ਅਤੇ ਮੱਛਰਾਂ ਕਾਰਨ ਬੱਚਿਆਂ ਦੀ ਪੜ੍ਹਾਈ ਪ੍ਰਭਾਵਿਤ ਹੋ ਰਹੀ ਹੈ ਅਤੇ ਬਿਮਾਰੀਆਂ ਫੈਲਣ ਦਾ ਡਰ ਬਣਿਆ ਹੋਇਆ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਿਲਾਵਰ ਦਿਲੀ, ਰਿਟਾਇਰ ਡੀ ਐਸ ਪੀ ਸਤਨਾਮ ਸਿੰਘ ਰਾਜੂ ਮਾਜਰਾ, ਬਿਮਲ ਚੌਧਰੀ, ਤਰਲੋਚਨ ਸਿੰਘ ਰੱਕੜ, ਗੁਰਪ੍ਰੀਤ ਗੁਜਰ ਅਤੇ ਦਲਜੀਤ ਸਿੰਘ ਮਾਣੇਵਾਲ ਨੇ ਵੀ ਸੰਬੋਧਨ ਕੀਤਾ। ਹਨੀ ਟੌਂਸਾ ਨੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਬਿਜਲੀ ਸਪਲਾਈ ਵਿੱਚ ਤੁਰੰਤ ਸੁਧਾਰ ਨਾ ਹੋਇਆ, ਤਾਂ ਸ਼੍ਰੋਮਣੀ ਅਕਾਲੀ ਦਲ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਲਾਮਬੰਦ ਕਰੇਗਾ। ਇਸ ਮੌਕੇ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਤੇ ਸਥਾਨਕ ਨਿਵਾਸੀ ਹਾਜ਼ਰ ਸਨ।



# ਮੇਹਰ ਚੰਦ ਪੋਲੀਟੈਕਨਿਕ ਕਾਲਜ ਨੇ ਪੰਜਾਬ 'ਚ 109 ਮੈਰਿਟ ਸਥਾਨਾਂ 'ਤੇ ਮੱਲਾਂ ਮਾਰੀਆਂ

**ਜਲੰਧਰ (ਸ਼ੈਲੀ ਐਲਬਰਟ)**- ਦਸੰਬਰ 2024 ਤੇ ਮਈ, 2025 ਵਿੱਚ ਪੰਜਾਬ ਸਟੇਟ ਤਕਨੀਕੀ ਸਿੱਖਿਆ ਬੋਰਡ ਵਲੋਂ ਲਈ ਪ੍ਰੀਖਿਆ ਵਿੱਚ ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਦੇ ਵਿਦਿਆਰਥੀਆਂ ਨੇ ਮਲਾਂ ਮਾਰਦਿਆਂ ਸਮੁੱਚੇ ਪੰਜਾਬ ਵਿੱਚੋਂ ਵੱਖ-ਵੱਖ ਕੋਰਸਾਂ ਦੇ ਪਹਿਲੇ 109 ਮੈਰਿਟ ਸਥਾਨਾਂ ਤੇ ਕਬਜਾ ਕਰਦਿਆਂ ਆਪਣਾ ਪਰਚਮ ਲਹਿਰਾਇਆ ਹੈ। ਪ੍ਰਿੰਸੀਪਲ ਜਗਰੂਪ ਸਿੰਘ ਨੇ ਦੱਸਿਆ ਕਿ ਦਸੰਬਰ 2024 ਦੇ ਕੁਲ 57 ਸਥਾਨਾਂ ਵਿਚੋਂ 2 ਵਿਦਿਆਰਥੀ ਪੰਜਾਬ ਵਿਚੋਂ ਪਹਿਲੇ ਸਥਾਨ, 1 ਵਿਦਿਆਰਥੀ ਪੰਜਾਬ ਵਿਚੋਂ ਦੂਜੇ ਸਥਾਨ ਅਤੇ 1 ਵਿਦਿਆਰਥੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਹੀ ਮਈ, 2025 ਦੇ ਕੁਲ 52 ਸਥਾਨਾਂ ਵਿੱਚੋਂ 3 ਪਹਿਲੇ ਸਥਾਨ, 1 ਦੂਜਾ ਸਥਾਨ ਅਤੇ 2 ਵਿਦਿਆਰਥੀਆਂ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਦਸੰਬਰ, 2024 ਵਿੱਚ ਆਟੋਮੋਬਾਇਲ ਵਿਭਾਗ ਦੇ ਸੁਖਮਨਜੀਤ ਸਿੰਘ ਢਿੱਲੋਂ (ਤੀਜਾ ਸਮੈਸਟਰ) ,ਰਣਯੋਧ ਸਿੰਘ (ਪੰਜਵਾ ਸਮੈਸਟਰ) ਅਤੇ ਇਸੇ ਤਰ੍ਹਾਂ ਮਈ, 2025 ਵਿੱਚ ਕੰਮਪਿਊਟਰ ਵਿਭਾਗ ਦੀ ਅਨਾਮੀਕਾ ਜਹਾ ( ਦੂਜਾ ਸਮੈਸਟਰ), ਆਟੋਮੋਬਾਇਲ ਦੇ ਸੁਖਮਨਜੀਤ ਸਿੰਘ ਢਿੱਲੋਂ (ਚੌਥਾ ਸਮੈਸਟਰ) , ਰਣਯੋਧ ਸਿੰਘ (ਛੇਵਾਂ ਸਮੈਸਟਰ) ਨੇ ਪੰਜਾਬ ਭਰ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਕਾਲਜ ਦਾ ਨਾਂ ਰੋਸ਼ਨ ਕੀਤਾ।ਬਾਕੀ 99 ਵਿਦਿਆਰਥੀਆਂ ਨੇ ਚੌਥੇ ਤੋਂ ਲੈਕੇ ਵੀਹਵੇਂ ਰੈਂਕ ਤੱਕ ਵਖਰੋਂ-ਵਖਰੀਆਂ ਮੈਰਿਟ ਪੁਜੀਸ਼ਨਾਂ ਹਾਸਿਲ ਕੀਤੀਆਂ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਇਹਨਾਂ ਵਿਦਿਆਰਥੀਆਂ ਦਾ ਸਨਮਾਨ ਕੀਤਾ ਤੇ ਇਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਉਹਨਾਂ ਇਸ ਮੌਕੇ ਬੋਲਦਿਆਂ ਕਿਹਾ ਕਿ ਇਸ ਪ੍ਰਾਪਤੀ ਦਾ ਸਿਹਰਾ ਵਿਦਿਆਰਥੀਆਂ ਦੀ ਅਣਥੱਕ ਮੇਹਨਤ ਅਤੇ ਮਿਹਨਤੀ ਤੇ ਅਨੁਭਵੀ ਸਟਾਫ ਨੂੰ ਜਾਂਦਾ ਹੈ। ਇਸ ਮੌਕੇ ਡਾ. ਸੰਜੇ ਬਾਂਸਲ, ਡਾ. ਰਾਜੀਵ ਭਾਟੀਆ, ਤਰਲੋਕ ਸਿੰਘ, ਪ੍ਰਿੰਸ ਮਦਾਨ, ਰਿਚਾ ਅਰੋੜਾ, ਪ੍ਰੀਤ ਕੰਵਲ, ਮੀਨਾ ਬਾਂਸਲ, ਵਿਕਮਜੀਤ ਸਿੰਘ, ਗੌਰਵ ਸ਼ਰਮਾ, ਸ਼ਸ਼ੀ ਭੂਸ਼ਨ, ਅੰਕੁਸ਼ ਸ਼ਰਮਾ ਤੇ ਜਸਪਾਲ ਹਾਜ਼ਿਰ ਸਨ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਕਿਹਾ ਕਿ ਇਹਨਾਂ ਵਿਦਿਆਰਥੀਆਂ ਦਾ ਸਨਮਾਨ ਆਉਣ ਵਾਲੇ ਸਾਲਾਨਾ ਸਮਾਗਮ ਵਿੱਚ ਵੀ ਕੀਤਾ ਜਾਵੇਗਾ।



# ਰੇਲਵੇ ਓਵਰਬ੍ਰਿਜ ਬਣਾਉਣ ਲਈ ਡਿਪਟੀ ਕਮਿਸ਼ਨਰ ਵੱਲੋਂ ਅਧਿਕਾਰੀਆਂ ਨਾਲ ਵਿਚਾਰ-ਵਟਾਂਦਰਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਹੁਸ਼ਿਆਰਪੁਰ-ਜਲੰਧਰ ਰੇਲ ਟਰੈਕ 'ਤੇ ਸਥਾਨਕ ਰੇਲਵੇ ਸਟੇਸ਼ਨ ਨੇੜੇ ਫਾਟਕ 'ਤੇ ਬਣਨ ਵਾਲੇ ਪ੍ਰਸਤਾਵਿਤ ਰੇਲਵੇ ਓਵਰ ਬ੍ਰਿਜ ਸਬੰਧੀ ਅਧਿਕਾਰੀਆਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਹਦਾਇਤ ਕੀਤੀ ਕਿ ਲੋਕਾਂ ਦੀ ਸਹੂਲਤ ਦੇ ਮੱਦੇਨਜ਼ਰ ਢੁੱਕਵੇਂ ਕਦਮ ਚੁੱਕੇ ਜਾਣ।ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਲੋਕ ਨਿਰਮਾਣ ਵਿਭਾਗ, ਉੱਤਰੀ ਰੇਲਵੇ ਤੇ ਹੋਰਨਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਇਸ ਪ੍ਰਸਤਾਵਿਤ ਪ੍ਰੋਜੈਕਟ ਨੂੰ ਸ਼ੁਰੂ ਕਰਨ ਸਮੇਂ ਲੋਕਾਂ ਦੀ ਸਹੂਲਤ ਲਈ ਸੁਚਾਰੂ ਟਰੈਫਿਕ ਵਿਵਸਥਾ ਦਾ ਖਾਸ ਧਿਆਨ ਰੱਖਿਆ ਜਾਵੇ। ਅਧਿਕਾਰੀਆਂ ਵਲੋਂ ਪਿਛਲੇ ਸਾਲਾਂ ਦੌਰਾਨ ਪ੍ਰੋਜੈਕਟ ਦੀ ਤਜਵੀਜ਼ ਵਿਚ ਪੁੱਲ ਦੀ ਲੰਬਾਈ 'ਤੇ ਲੋਕਾਂ ਵਲੋਂ ਜਤਾਏ ਗਏ ਇਤਰਾਜ਼ ਬਾਰੇ ਦੱਸਣ 'ਤੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰੋਜੈਕਟ ਦੀ ਤਜਵੀਜ਼ ਨੂੰ ਅੰਤਿਮ ਰੂਪ ਦੇਣ ਵੇਲੇ ਪੁੱਲ ਦੀ ਲੰਬਾਈ ਲੋੜ ਅਨੁਸਾਰ ਹੀ ਰੱਖੀ ਜਾਵੇ ਤਾਂ ਜੋ ਲੋਕਾਂ ਨੂੰ ਕਿਸੇ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਭਾਰਤੀ ਰੇਲਵੇ ਵਲੋਂ ਡਿਪਟੀ ਚੀਫ ਇੰਜੀਨੀਅਰ ਰੋਡ ਸੇਫਟੀ ਐਚ.ਐਸ. ਸਿੱਧੂ ਅਤੇ ਲੋਕ ਨਿਰਮਾਣ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਗੁਰਮੀਤ ਸਿੰਘ ਵਲੋਂ ਪ੍ਰੋਜੈਕਟ ਦੇ ਵੱਖ-ਵੱਖ ਪੜਾਵਾਂ ਬਾਰੇ ਦੱਸੇ ਜਾਣ 'ਤੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੌਜੂਦਾ ਸਮੇਂ ਦੀ ਮੰਗ ਅਨੁਸਾਰ ਇਸ ਪ੍ਰੋਜੈਕਟ ਦੀ ਮਨਜ਼ੂਰੀ ਉਪਰੰਤ ਨਿਰਧਾਰਤ ਸਮੇਂ ਵਿਚ ਮੁਕੰਮਲ ਕਰਨ ਨੂੰ ਤਰਜ਼ੀਹ ਦਿੱਤੀ ਜਾਵੇ ਤਾਂ ਜੋ ਇਸ ਖੇਤਰ ਦੇ ਵਸਨੀਕਾਂ ਨੂੰ ਇਸ ਸਹੂਲਤ ਦਾ ਲਾਭ ਮਿਲ ਸਕੇ।



# 'ਹਕੀਕਤ ਦੇ ਪਰਛਾਵੇਂ' ਕਹਾਣੀ ਸੰਗ੍ਰਹਿ ਲੋਕ ਅਰਪਣ ਤੇ ਕਵੀ ਦਰਬਾਰ

**ਚੰਡੀਗੜ੍ਹ (ਸੁਰਜੀਤ ਸਿੰਘ ਸੁਮਨ)**- ਬੀਤੇ ਦਿਨੀਂ ਕਵੀ ਮੰਚ (ਰਜਿ.) ਵੱਲੋਂ ਲੇਖਕ ਗੁਰਸ਼ਰਨ ਸਿੰਘ ਕਾਕਾ ਦਾ ਕਹਾਣੀ ਸੰਗ੍ਰਹਿ 'ਹਕੀਕਤ ਦੇ ਪ੍ਰਛਾਂਵੇ' ਲੋਕ ਅਰਪਣ ਸਮਾਗਮ, ਆਰੀਆ ਸਮਾਜ ਮੰਦਰ ਮੋਹਾਲੀ ਵਿਖੇ ਰਚਾਇਆ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਉੱਘੇ ਲੇਖਕ ਤੇ ਮੰਚ ਦੇ ਪ੍ਰਧਾਨ ਭਗਤ ਰਾਮ ਰੰਗਾੜਾ ਵੱਲੋਂ ਪ੍ਰਧਾਨਗੀ ਕਰਦਿਆਂ ਸਭ ਨੂੰ ਜੀ ਆਇਆਂ ਨੂੰ ਆਖਿਆ ਗਿਆ। ਵਿਸ਼ਵ ਪੰਜਾਬੀ ਸਾਹਿਤਕ ਵਿਚਾਰ ਮੰਚ ਦੇ ਪ੍ਰਧਾਨ ਤੇ ਸੂਫੀ ਸ਼ਾਇਰ ਜਸਪਾਲ ਸਿੰਘ ਦੇਸੂਵੀ ਬਤੌਰ ਮੁੱਖ ਮਹਿਮਾਨ, ਐਸੋਸੀਏਟ ਪ੍ਰੋ. ਜਸਬੀਰ ਕੌਰ ਬੈਂਸ ਬਤੌਰ ਵਿਸ਼ੇਸ਼ ਮਹਿਮਾਨ, ਕਹਾਣੀਕਾਰ ਗੁਰਸ਼ਰਨ ਸਿੰਘ ਕਾਕਾ ਤੇ ਉਹਨਾਂ ਦੀ ਸੁਪਤਨੀ ਬੀਬੀ ਰਜਿੰਦਰ ਕੌਰ ਪ੍ਰਧਾਨਗੀ ਮੰਡਲ ਦਾ ਵਿੱਚ ਸ਼ਾਮਿਲ ਹੋਏ। ਇਸ ਮੌਕੇ ਪ੍ਰਧਾਨਗੀ ਮੰਡਲ ਵੱਲੋਂ ਕਹਾਣੀ ਸੰਗ੍ਰਹਿ 'ਹਕੀਕਤ ਦੇ ਪ੍ਰਛਾਂਵੇ' ਲੋਕ ਅਰਪਣ ਕੀਤੀ ਗਈ। ਅਵਤਾਰ ਸਿੰਘ ਖਾਲਸਾ ਵੱਲੋਂ ਲਿਖਿਆ ਗਿਆ ਪਰਚਾ ਉਨ੍ਹਾਂ ਦੀ ਗ਼ੈਰ-ਮੌਜੂਦਗੀ ਵਿੱਚ ਸਟੇਜ ਸੱਕਤਰ ਵੱਲੋਂ ਪੜ੍ਹਿਆ ਗਿਆ। ਉਨ੍ਹਾਂ ਕਿਹਾ ਕਿ ਲੇਖਕ ਦੀਆਂ ਕਹਾਣੀਆਂ ਦੇ ਵਿਸ਼ੇ ਤੇ ਕਥਾਨਕ ਵਾਕਿਆ ਹੀ ਹਕੀਕਤ ਦੇ ਪ੍ਰਛਾਵਿਆਂ ਦੀ ਅਸਲ ਬਾਤ ਪਾਉਂਦੇ ਪ੍ਰਤੀਤ ਹੁੰਦੇ ਹਨ। ਲੇਖਕ ਦੀਆਂ ਕਹਾਣੀਆਂ ਮਿਆਰੀ ਹਨ ਅਤੇ ਉਨ੍ਹਾਂ ਨੂੰ ਵਧੀਆ ਕਹਾਣੀਆਂ ਲਿਖਣ ਲਈ ਵਧਾਈ ਦਿੱਤੀ। ਬਲਵਿੰਦਰ ਸਿੰਘ ਢਿੱਲੋਂ ਵੱਲੋਂ ਆਪਣੀ ਯਾਦ ਦੇ ਚੇਤੇ ਵਿੱਚੋਂ ਬਾਬੂ ਰਜ਼ਬ ਅਲੀ ਦੀਆਂ ਰਚਨਾਵਾਂ ਨਾਲ ਕਵੀ ਦਰਬਾਰ ਦੀ ਆਰੰਭਤਾ ਕੀਤੀ ਤੇ ਇਸ ਉਪਰੰਤ ਧਿਆਨ ਸਿੰਘ ਕਾਹਲੋਂ ਨੇ ਆਪਣੇ ਗੀਤ ਮਿੱਤਰ ਨੂੰ ਕੁਝ ਕਹਿ ਨਹੀਂ ਸਕਦੇ ਨਾਲ ਆਪਣੀ ਹਾਜ਼ਰੀ ਲੁਆਈ ਗਈ। ਗੀਤਕਾਰ ਰਣਜੋਧ ਸਿੰਘ ਰਾਣਾ, ਜਗਤਾਰ ਸਿੰਘ ਜੋਗ, ਸਰਬਜੀਤ ਸਿੰਘ ਪੱਡਾ, ਮਲਕੀਤ ਨਾਗਰਾ, ਬਲਕਾਰ ਸਿੱਧੂ, ਸੁਮਿਤਰ ਦੋਸਤ, ਗੁਰਸ਼ਰਨ ਸਿੰਘ ਕਾਕਾ, ਭੁਪਿੰਦਰ ਭਾਗੋਮਾਜਰਾ, ਮਹਿੰਗਾ ਸਿੰਘ ਕਲਸੀ, ਗੁਰਵਿੰਦਰ ਗੁਰੀ, ਜਸਪਾਲ ਸਿੰਘ ਦੇਸੂਵੀ, ਬਲਦੇਵ ਬਿੰਦਰਾ, ਪ੍ਰਿੰ. ਬਹਾਦਰ ਸਿੰਘ ਗੋਸਲ, ਡਾ ਮਨਜੀਤ ਸਿੰਘ ਮਝੈਲ, ਰਤਨ ਬਾਬਕਵਾਲਾ, ਖੁਸ਼ੀ ਰਾਮ ਨਿਮਾਣਾ, ਐੱਸ ਕੇ ਅਰੋੜਾ ਨੇ ਵੀ ਆਪੋ-ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਰਾਜ ਕੁਮਾਰ ਸਾਹੋਵਾਲੀਆ ਵੱਲੋਂ ਮੰਚ ਸੰਚਾਲਨ ਦੇ ਨਾਲ ਨਾਲ ਆਪਣੀ ਚਰਚਿਤ ਰਚਨਾ 'ਝੁੰਡੂ ਬੀਬਾ ਰਾਣਾ' ਨਾਲ ਕਵੀ ਦਰਬਾਰ ਵਿੱਚ ਆਪਣੀ ਹਾਜ਼ਰੀ ਲਗਵਾਈ। ਮੰਚ ਵੱਲੋਂ ਜਸਪਾਲ ਸਿੰਘ ਦੇਸੂਵੀ, ਡਾ ਜਸਬੀਰ ਕੌਰ, ਗੁਰਸ਼ਰਨ ਕਾਕਾ, ਰਾਜ ਕੁਮਾਰ ਸਾਹੋਵਾਲੀਆ ਤੇ ਬੀਬੀ ਰਾਜਿੰਦਰ ਕੌਰ ਨੂੰ ਸਨਮਾਨਤ ਕੀਤਾ ਗਿਆ। ਮੰਗਤ ਰਾਏ ਕਪੂਰ, ਬਿਕਰਜੀਤ ਸਿੰਘ, ਕਮਲਜੀਤ ਸਿੰਘ, ਰੋਹਨ, ਸੁਰਿੰਦਰ ਪਾਲ ਵਰਮਾ ਤੇ ਹੋਰਾਂ ਵੱਲੋਂ ਲੰਮਾ ਸਮਾਂ ਹਾਜ਼ਰੀ ਭਰ ਕੇ ਸਮੁੱਚੇ ਪ੍ਰੋਗਰਾਮ ਦਾ ਆਨੰਦ ਮਾਣਿਆ।



# ਮੁਫ਼ਤ ਐਕਸ-ਰੇ ਕੈਂਪ ਲਗਾਇਆ



**ਕਪੂਰਥਲਾ (ਮਨਜੀਤ ਮਾਨ)**- ਸਿਵਲ ਸਰਜਨ ਕਪੂਰਥਲਾ ਦੇ ਹੁਕਮਾਂ ਅਨੁਸਾਰ 100 ਦਿਨਾਂ ਟੀ ਬੀ ਰੋਕਥਾਮ ਤਹਿਤ ਬਲਾਕ ਢਿੱਲਵਾਂ ਅਧੀਨ ਆਉਂਦੇ ਪਿੰਡ ਝੱਲਠੀਕਰੀਵਾਲ ਵਿਖੇ ਮੁਫ਼ਤ ਐਕਸ-ਰੇ ਕੈਂਪ ਲਗਾਇਆ ਗਿਆ। ਸੀਨੀਅਰ ਮੈਡੀਕਲ ਅਫ਼ਸਰ ਡਾ. ਪ੍ਰੇਮ ਕੁਮਾਰ ਨੇ ਦੱਸਿਆ ਕਿ ਇਸ ਕੈਂਪ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਮੁਫ਼ਤ ਐਕਸ-ਰੇ ਦੀ ਸਹੂਲਤ ਦੇਣਾ, ਉਨ੍ਹਾਂ ਨੂੰ ਟੀ.ਬੀ ਦੇ ਲੱਛਣਾਂ ਸਬੰਧੀ ਜਾਗਰੂਕ ਕਰਨਾ ਅਤੇ ਸਮੇਂ ਸਿਰ ਯੋਗ ਇਲਾਜ ਲਈ ਪ੍ਰੇਰਿਤ ਕਰਨਾ ਕਰਨਾ ਹੈ। ਇਸ ਦੌਰਾਨ ਸੀ ਐੱਚ ਓ ਡਾ. ਸਿਮਰਨਜੀਤ ਕੌਰ ਵੱਲੋਂ ਕੈਂਪ ਵਿੱਚ ਆਏ ਲੋਕਾਂ ਦੀ ਸਕ੍ਰਿਨਿੰਗ ਕੀਤੀ ਗਈ ਅਤੇ ਜ਼ਿਲ੍ਹਾ ਕਪੂਰਥਲਾ ਤੋਂ ਆਈ ਟੀ ਬੀ ਟੀਮ ਵੱਲੋਂ ਮੁਫ਼ਤ ਐਕਸ-ਰੇ ਕੀਤੇ ਗਏ। ਉਹਨਾਂ ਦੱਸਿਆ ਕਿ ਤਪਦਿਕ (ਟੀ.ਬੀ.) ਅਜੇ ਵੀ ਦੁਨੀਆ ਦੀ ਸਭ ਤੋਂ ਵੱਡੀ ਛੂਤ ਦੀ ਬਿਮਾਰੀ ਹੈ ਜੋ ਕਿ ਮੌਤ ਦਰ ਵਿੱਚ ਵਾਧਾ ਕਰਦੀ ਹੈ ਪਰੰਤੂ ਤਪਦਿਕ ਇੱਕ ਅਜਿਹੀ ਬਿਮਾਰੀ ਹੈ ਜਿਸਦਾ ਇਲਾਜ ਕੀਤਾ ਜਾ ਸਕਦਾ ਹੈ ਅਤੇ ਇਸ ਤੋਂ ਬਚਿਆ ਵੀ ਜਾ ਸਕਦਾ ਹੈ।ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਦੋ ਹਫਤੇ ਜਾਂ ਇਸ ਤੋਂ ਵੱਧ ਸਮੇਂ ਦੀ ਖਾਂਸੀ ਹੋਣ 'ਤੇ ਟੀ ਬੀ ਦੀ ਜਾਂਚ ਕਰਵਾਈ ਜਾਵੇ ਤੇ ਟੀ ਬੀ ਹੋਣ 'ਤੇ ਡਾਕਟਰ ਦੀ ਸਲਾਹ ਨਾਲ ਦਵਾਈ ਦਾ ਪੂਰਾ ਕੋਰਸ ਕੀਤਾ ਜਾਵੇ।

# ਜਾਗਰੂਕਤਾ ਸੈਮੀਨਾਰ ਕਰਵਾਇਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਯੁੱਧ ਨਸ਼ਿਆ ਵਿਰੁੱਧ ਮੁਹਿੰਮ ਤਹਿਤ ਆਸ਼ਿਕਾਂ ਜੈਨ ਆਈ ਏ ਐੱਸ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ, ਸਿਵਲ ਸਰਜਨ ਹੁਸ਼ਿਆਰਪੁਰ ਡਾ.ਮਨਦੀਪ ਕਮਲ ਅਤੇ ਕਾਰਜਕਾਰੀ ਡਿਪਟੀ ਮੈਡੀਕਲ ਕਮਿਸ਼ਨਰ ਡਾ.ਮਨਪ੍ਰੀਤ ਸਿੰਘ ਬੈਂਸ ਦੇ ਹੁਕਮਾਂ ਅਨੁਸਾਰ ਜ਼ਿਲ੍ਹਾ ਨਸ਼ਾ ਮੁਕਤੀ ਮੁਕਤੀ ਮੁੜ ਵਸੇਬਾ ਕੇਂਦਰ ਹੁਸ਼ਿਆਰਪੁਰ ਵੱਲੋਂ ਪੀ ਐਮ ਜਵਾਹਰ ਨਵੋਦਿਆਂ ਵਿਦਿਆਲਯ ਫਲਾਹੀ ਹੁਸ਼ਿਆਰਪੁਰ ਵਿਖੇ ਪ੍ਰਿੰਸੀਪਲ ਰੇਣੂ ਦੁੱਗਲ ਤੇ ਡਾ. ਜਸਲੀਨ ਕੌਰ ਮੈਡੀਕਲ ਅਫ਼ਸਰ ਇੰਚਾਰਜ ਦੀ ਅਗਵਾਈ ਹੇਠ ਨਸ਼ਾ ਖ਼ੋਰੀ ਦੇ ਮਾੜੇ ਪ੍ਰਭਾਵ, ਕਾਰਨ ਅਤੇ ਇਸਦੇ ਇਲਾਜ਼ ਬਾਰੇ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਵਾਇਸ ਪ੍ਰਿੰਸੀਪਲ ਸੰਦੀਪ ਕੁਮਾਰ ਨੇ ਆਏ ਮਹਿਮਾਨ ਨੂੰ ਜੀ ਆਇਆ ਨੂੰ ਕਿਹਾ ਤੇ ਨੌਜਵਾਨਾਂ ਨੂੰ ਨਸ਼ਿਆ ਵਰਗੀ ਅਲਾਮਾਤ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਕਿਹਾ ਕਿ ਪੰਜਾਬ ਆਪਣੀ ਵਿਲੱਖਣ ਪਹਿਚਾਣ ਨਾਲ ਜਾਣੀਆਂ ਜਾਂਦਾ ਹੈ।ਇਸ ਮੌਕੇ ਮੈਡੀਕਲ ਅਫ਼ਸਰ ਇੰਚ:ਜਿਲ੍ਹਾ ਨਸ਼ਾ ਮੁਕਤੀ ਮੁੜ ਵਸੇਬਾ ਕੇਂਦਰ ਹੁਸ਼ਿਆਰਪੁਰ ਡਾ. ਜਸਲੀਨ ਕੌਰ ਵਿਸ਼ੇਸ਼ ਤੌਰ ਤੇ ਹਾਜ਼ਿਰ ਹੋਏ।

# ਸੀ ਟੀ ਗਰੁੱਪ 'ਚ ਡਿਜ਼ਾਈਨਰਾਂ ਦੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ (ਸ਼ੈਲੀ ਐਲਬਰਟ)**- ਸ਼ਾਹਪੁਰ ਵਿਖੇ ਸਥਿਤ ਸੀਟੀ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਫੈਸ਼ਨ ਡਿਜ਼ਾਈਨ ਵਿਭਾਗ ਵੱਲੋਂ ਆਪਣਾ ਸਾਲਾਨਾ ਫੈਸ਼ਨ ਸ਼ੋਅ 'ਦ ਰਨਵੇ 2026-ਏ ਫੈਸ਼ਨ ਸ਼ੋਅ ਬਾਈ ਬਡਿੰਗ ਡਿਜ਼ਾਈਨਰਜ਼' ਸਫਲਤਾਪੂਰਵਕ ਸਰਦਾਰਨੀ ਮਨਜੀਤ ਕੌਰ ਆਡੀਟੋਰੀਅਮ ਵਿੱਚ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿੱਚ ਉਦਯੋਗ ਵਿਸ਼ੇਸ਼ ਗਿਆਨ, ਅਧਿਆਪਕਾਂ, ਵਿਦਿਆਰਥੀਆਂ ਅਤੇ ਫੈਸ਼ਨ ਪ੍ਰੇਮੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਹ ਮੰਚ ਨਵੀਂ ਉਭਰਦੀ ਪ੍ਰਤਿਭਾ ਲਈ ਇੱਕ ਮਹੱਤਵਪੂਰਨ ਮੌਕਾ ਸਾਬਤ ਹੋਇਆ, ਜਿੱਥੇ 14 ਵਿਲੱਖਣ ਕਲੇਕਸ਼ਨ ਪੇਸ਼ ਕੀਤੇ ਗਏ—ਜਿਨ੍ਹਾਂ ਵਿੱਚ ਪਰੰਪਰਾ ਅਤੇ ਆਧੁਨਿਕਤਾ ਦਾ ਸੁੰਦਰ ਮੇਲ ਵੇਖਣ ਨੂੰ ਮਿਲਿਆ। ਰੈਂਪ ਉੱਤੇ ਵੱਖ-ਵੱਖ ਥੀਮਾਂ ਵਾਲੇ ਕਲੇਕਸ਼ਨ ਰੰਗਾਂ, ਸਟਾਈਲਾਂ ਅਤੇ ਡਿਜ਼ਾਈਨਾਂ ਦੀ ਖ਼ੂਬਸੂਰਤ ਝਲਕ ਪੇਸ਼ ਕਰ ਰਹੇ ਸਨ-ਮਹਾਰਾਣੀ ਬ੍ਰਾਈਡਲ ਏਰਾ, ਸਕਾਰਲੈਟ ਸਟਾਈਲ, ਹੈਰਿਟੇਜ ਆਫ ਫਾਈਵ ਰਿਵਰਜ਼, ਗੁਜਰਾਤੀ ਗ੍ਰੇਸ, ਵਿੰਟੇਜ ਸਲੇ, ਇੰਪੀਰੀਅਲ ਫਿਊਜ਼ਨ, ਡੋਗਰਾਂ ਏਰਾ, ਫੁਲਕਾਰੀ ਫੋਕ, ਕਲਰਫੁਲ ਲੈਂਡ, ਸ਼ੀਸ਼ਾ ਸ਼ਾਈਨ, ਫਲਾਵਰ ਬਡਸ, ਸਾੜ੍ਹੀ ਗੀਏਮੈਜਿੰਡ ਅਤੇ ਕੁਤਿਊਰ ਰਿਬੈਲਿਅਨ। ਹਰ ਕਲੇਕਸ਼ਨ ਨੇ ਵਿਦਿਆਰਥੀਆਂ ਦੀ ਮਿਹਨਤ, ਖੋਜ ਅਤੇ ਰਚਨਾਤਮਕ ਸੋਚ ਨੂੰ ਦਰਸਾਇਆ, ਜਿਸ ਨੂੰ ਦਰਸ਼ਕਾਂ ਵੱਲੋਂ ਭਰਪੂਰ ਸਰਾਹਨਾ ਮਿਲੀ। ਮੁਕਾਬਲੇ ਵਿੱਚ ਵੱਖ-ਵੱਖ ਸ਼੍ਰੇਣੀਆਂ ਵਿੱਚ ਪ੍ਰਤਿਭਾਵਾਂ ਨੂੰ ਸਨਮਾਨਤ ਕੀਤਾ ਗਿਆ। ਬੈਸਟ ਕਲੇਕਸ਼ਨ - ਡਿਜ਼ਾਈਨਰ ਵਿੱਚ ਟੀਮ 14 (ਕੁਤਿਊਰ ਰਿਬੈਲਿਅਨ) ਪਹਿਲੇ ਸਥਾਨ 'ਤੇ ਰਹੀ, ਟੀਮ 2 (ਵਿੰਟੇਜ ਸਲੇ) ਨੇ ਦੂਜਾ ਸਥਾਨ ਹਾਸਲ ਕੀਤਾ ਅਤੇ ਟੀਮ 9 (ਸਕਾਰਲੈਟ ਸਟਾਈਲ) ਤੀਜੇ ਸਥਾਨ 'ਤੇ ਰਹੀ। ਇਸ ਤੋਂ ਇਲਾਵਾ, ਗਰੁੱਪ 1 ਨੂੰ ਉਨ੍ਹਾਂ ਦੇ ਕਿਡਜ਼ ਕਲੇਕਸ਼ਨ 'ਤਿਆਨਾ' ਲਈ ਖ਼ਾਸ ਸਨਮਾਨ ਦਿੱਤਾ ਗਿਆ।ਬੈਸਟ ਮਾਡਲ ਅਵਾਰਡ ਵੀ ਵੱਖ-ਵੱਖ ਟੀਮਾਂ ਵਿੱਚ ਵੰਡੇ ਗਏ। ਪ੍ਰਭਨੂਰ (ਕਲਰਫੁਲ ਲੈਂਡ), ਮੁਸਕਾਨ ਅਤੇ ਧੀਰਜ (ਵਿੰਟੇਜ ਸਲੇ), ਭੂਮੀ (ਸਾੜ੍ਹੀ ਗੀਏਮੈਜਿੰਡ), ਅਵਨੂਰ ਕੌਰ (ਫਲਾਵਰ ਬਡਸ), ਖਲੀਨਾ (ਡੋਗਰਾਂ ਏਰਾ), ਰਿਸ਼ਿਤਾ (ਗੁਜਰਾਤੀ ਗ੍ਰੇਸ), ਅਕਸ਼ਿਤਾ (ਰੰਗ-ਏ-ਪਾਕਿਸਤਾਨ), ਪ੍ਰਿਯੰਕਾ ਠਾਕੁਰ (ਇੰਪੀਰੀਅਲ ਫਿਊਜ਼ਨ), ਰਵਨੀਤ (ਸਕਾਰਲੈਟ ਸਟਾਈਲ), ਮੇਦਾ ਬਖ਼ਸ਼ੀ (ਸ਼ੀਸ਼ਾ ਸ਼ਾਈਨ), ਕ੍ਰਿਤਿਕਾ (ਮਹਾਰਾਣੀ ਬ੍ਰਾਈਡਲ ਏਰਾ), ਕਿਰਨਜੋਤ ਕੌਰ (ਹੈਰਿਟੇਜ ਆਫ ਫਾਈਵ ਰਿਵਰਜ਼), ਏਕਤਾ ਅਤੇ ਆਕਾਸ਼ਦੀਪ ਸਿੰਘ (ਰੰਗ-ਏ-ਸ਼ਾਹੀ ਫੁਲਕਾਰੀ) ਅਤੇ ਦਿਸ਼ਾ ਤੇ ਐਮ.ਡੀ. ਐਹਤੇਸ਼ਾਮ (ਕੁਤਿਊਰ ਰਿਬੈਲਿਅਨ) ਨੂੰ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਦਿਵੋਏ ਛਾਬੜਾ ਅਤੇ ਵਿਭਾਗ ਮੁਖੀ ਮਹੇਸ਼ ਖਡਵਾਲ ਸਮੇਤ ਪੂਰੀ ਟੀਮ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਆਪਣੇ ਹੁਨਰ ਨੂੰ ਨਿਰੰਤਰ ਨਿਖਾਰਦੇ ਰਹਿਣ ਅਤੇ ਭਵਿੱਖ ਵਿੱਚ ਮਿਲਣ ਵਾਲੀਆਂ ਨਵੀਆਂ ਸੰਭਾਵਨਾਵਾਂ ਨੂੰ ਆਤਮਵਿਸ਼ਵਾਸ ਨਾਲ ਸਵੀਕਾਰ ਕਰਨ।



# ਵਿਦਿਆਰਥੀਆਂ ਨੇ ਆਈ ਐੱਸ ਸੀ ਤੇ ਆਈ ਸੀ ਐੱਸ ਈ ਨਤੀਜਿਆਂ 'ਚ ਕੀਤਾ ਸ਼ਾਨਦਾਰ ਪ੍ਰਦਰਸ਼ਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸੇਂਟ ਜੋਸਫ਼ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ, ਹੁਸ਼ਿਆਰਪੁਰ ਨੇ ਇਕ ਵਾਰ ਫਿਰ ਆਈ ਐੱਸ ਸੀ ਕਲਾਸ 12ਵੀਂ ਅਤੇ ਆਈ ਸੀ ਐੱਸ ਈ ਕਲਾਸ 10ਵੀਂ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਆਈ ਐੱਸ ਸੀ ਕਲਾਸ 12ਵੀਂ ਦੇ ਨਤੀਜਿਆਂ ਵਿੱਚ ਮੈਡੀਕਲ ਸਟ੍ਰੀਮ ਦੀ ਵਿਦਿਆਰਥਣ ਕਸ਼ਿਸ਼ ਨੇ 98.5% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਨਾਨ-ਮੈਡੀਕਲ ਸਟ੍ਰੀਮ ਵਿੱਚ ਹਰਮਨ ਨੇ 95.7% ਅੰਕ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਦਕਿ ਕਾਮਰਸ ਸਟ੍ਰੀਮ ਵਿੱਚ ਵੀ 93.2% ਅੰਕ ਨਾਲ ਉੱਤਮ ਨਤੀਜੇ ਦਰਜ ਕੀਤੇ ਗਏ। ਆਈ ਸੀ ਐੱਸ ਈ ਕਲਾਸ 10ਵੀਂ ਦੇ ਨਤੀਜੇ ਵੀ ਕਾਬਿਲ-ਏ-ਤਾਰੀਫ਼ ਰਹੇ। ਵੇਦਾਂਤ ਗੌਤਮ ਨੇ 98.2% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਨਮਨਪ੍ਰੀਤ ਨੇ 97.8% ਨਾਲ ਦੂਜਾ ਸਥਾਨ ਅਤੇ ਰੋਹਨ ਬਲੱਗਨ ਨੇ 97.2% ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਸਕੂਲ ਦੇ ਪ੍ਰਿੰਸੀਪਲ ਸਿਸਟਰ ਸੁਧਾ ਨੇ ਇਸ ਕਾਮਯਾਬੀ ਦਾ ਸਿਹਰਾ ਵਿਦਿਆਰਥੀਆਂ ਦੀ ਲਗਨ, ਸਕੂਲ ਵੱਲੋਂ ਦਿੱਤੀ ਗਈ ਸਹੀ ਰਹਿਨੁਮਾਈ ਅਤੇ ਅਧਿਆਪਕਾਂ ਦੀ ਸਖ਼ਤ ਮਿਹਨਤ ਨੂੰ ਦਿੱਤਾ। ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਹ ਨਤੀਜੇ ਸਕੂਲ ਦੀ ਉੱਚ-ਗੁਣਵੱਤਾ ਵਾਲੀ ਸਿੱਖਿਆ ਅਤੇ ਸਰਬਪੱਖੀ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੇ ਹਨ।



# ਸਰਕਾਰ ਲੇਖਕਾਂ ਨੂੰ ਦਫ਼ਤਰ ਲਈ ਪਲਾਟ ਦੇਣ ਦਾ ਕੀਤਾ ਵਾਅਦਾ ਪੂਰਾ ਕਰੇ : ਰਿਪੁਦਮਨ

**ਮੋਹਾਲੀ (ਗੁਰਜੀਤ ਬਿੱਲਾ)**- ਇਕਾਨਵੇ ਸਾਲ ਦੇ ਹੋ ਚੁੱਕੇ ਪੂਰੀ ਸਰਗੀਕ ਭਾਵੇਂ ਪੱਖੋਂ ਕਮਜ਼ੋਰ ਪਰ ਮਾਨਸਿਕ ਤੌਰ 'ਤੇ ਤੰਦਰੁਸਤ ਸਾਹਿਤ ਅਤੇ ਸਿਆਸਤ ਦਾ ਜ਼ਿਕਰ ਅਤੇ ਫ਼ਿਕਰ ਕਰਦਿਆਂ ਪੰਜਾਬੀ ਲੇਖਕ ਰਿਪੁਦਮਨ ਸਿੰਘ ਰੂਪ ਹੋਰਾਂ ਕਿਹਾ, ਤਿੰਨ ਦਹਾਕੇ ਪਹਿਲਾਂ ਬਾਦਲ ਸਾਹਿਬ (ਉਦੋਂ ਦੇ ਮੁੱਖ ਮੰਤਰੀ) ਵੱਲੋਂ ਲੇਖਕਾਂ ਨੂੰ ਦਫ਼ਤਰ ਲਈ ਪਲਾਟ ਦੇਣ ਦਾ ਕੀਤਾ ਵਾਅਦਾ, ਹੁਣ ਦੇ ਮੁੱਖ ਮੰਤਰੀ ਭਗਵੰਤ ਮਾਨ (ਜੋ ਖ਼ੁੱਦ ਕਲਾਕਾਰ ਵੀ ਹਨ) ਵੱਲੋਂ ਪੂਰਾ ਕੀਤਾ ਜਾਣਾ ਚਾਹੀਦੈ। ਇਹ ਜਾਣਕਾਰੀ ਦਿੰਦਿਆਂ ਰੂਪ ਹੋਰਾਂ ਦੇ ਵੱਡੇ ਪੁੱਤਰ ਨਾਟਕਰਮੀ ਸੰਜੀਵਨ ਨੇ ਕਿਹਾ ਕਿ ਇਹ ਗੱਲ ਰੂਪ ਨੇ ਉਦੋਂ ਕਹੀ, ਜਦ ਪ੍ਰਗਤੀਸ਼ੀਲ ਲੇਖਕ ਸੰਘ ਦੇ ਰਾਸ਼ਟਰੀ ਜਨਰਲ ਸਕੱਤਰ, ਚਿੰਤਕ, ਬੁੱਧੀਜੀਵੀ ਅਤੇ ਸ਼ਾਇਰ ਡਾ. ਸੁਖਦੇਵ ਸਿੰਘ ਸਿਰਸਾ ਜੋ ਕਤਰੀਬਨ 30 ਸਾਲਾਂ ਤੋਂ ਐਡਮਿੰਟਨ, ਕੈਨੇਡਾ ਰਹਿੰਦੀ ਰੰਗਮੰਚ ਅਦਾਕਾਰ ਅਤੇ ਕਵਿੱਤਰੀ ਬਖ਼ਸ਼ ਸੰਘਾ ਨਾਲ ਰੂਪ ਸਾਹਿਬ ਨੂੰ ਮਿਲਣ ਆਏ ਸਨ।ਰੂਪ ਦੇ ਛੋਟੇ ਪੁੱਤਰ ਰੰਗਮੰਚ ਅਤੇ ਫਿਲਮ ਅਦਾਕਾਰ ਰੰਜੀਵਨ ਸਿੰਘ ਨੇ ਦੱਸਿਆ ਕਿ ਰਿਪੁਦਮਨ ਸਿੰਘ ਰੂਪ ਹੋਰਾਂ ਦੀਆਂ ਤਿੰਨ ਕਿਤਾਬਾਂ (ਵਾਰਤਕ, ਕਹਾਣੀਆਂ-ਕਵਿਤਾਵਾਂ ਅਤੇ ਨਾਵਲਿਟ) ਛਪਾਈ ਅਧੀਨ ਹਨ, ਜੋ ਆਉਂਦੇ ਕੁੱਝ ਮਹੀਨਿਆਂ ਵਿਚ ਛਪ ਜਾਣਗੀਆਂ। ਜ਼ਿਕਰਯੋਗ ਹੈ ਕਿ ਉਨ੍ਹਾਂ ਗਿਆਨੀ ਈਸ਼ਰ ਸਿੰਘ ਦਰਦ (ਰੂਪ ਸਾਹਿਬ ਦੇ ਪਿਤਾ) ਦੇ ਤੁਰ ਜਾਣ ਤੋਂ ਚਾਰ ਦਹਾਕਿਆਂ ਬਾਅਦ ਉਨਾਂ ਦੀ ਕਵਿਤਾਵਾਂ ਦੀ ਪੁਸਤਕ 'ਧੁੜ ਹੇਠਲੀ ਕਵਿਤਾ' ਛਪਵਾਈ।ਰੂਪ ਹੋਰ ਦੇ ਪੋਤੀਆਂ ਰਿੱਤੂ, ਪ੍ਰਿਯਾ ਅਤੇ ਪੋਤੇ ਰਿਸ਼ਮ ਅਤੇ ਉਦੈ ਵੀ ਰੰਗਮੰਚ ਅਤੇ ਲੇਖਣੀ ਦੇ ਖੇਤਰ ਵੀ ਸਰਗਰਮ ਹਨ।



# ਕਣਕ ਦੇ ਨਾੜ ਨੂੰ ਅੱਗ ਲਗਾਉਣ ਤੋਂ ਗੁਰੇਜ਼ ਕਰਨ ਦੀ ਅਪੀਲ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਗੁਰਕੰਵਲ ਸਿੰਘ ਸਹਾਇਕ ਕਮਿਸ਼ਨਰ ਹੁਸ਼ਿਆਰਪੁਰ ਤੇ ਡਾ. ਦਪਿੰਦਰ ਸਿੰਘ ਮੁੱਖ ਖੇਤੀਬਾੜੀ ਅਫਸਰ ਹੁਸ਼ਿਆਰਪੁਰ ਵੱਲੋਂ ਲਵਪ੍ਰੀਤ ਸਿੰਘ ਔਲਖ, ਐਸ ਡੀ ਐਮ ਟਾਂਡਾ ਦੀ ਪ੍ਰਧਾਨਗੀ ਵਿੱਚ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਪ੍ਰਤੀ ਸਰਪੰਚ, ਨੰਬਰਦਾਰਾਂ ਅਤੇ ਅਗਾਂਹਵਧੂ ਕਿਸਾਨਾਂ ਲਈ ਵਿਸ਼ੇਸ਼ ਤੌਰ ਤੇ ਲਗਾਏ ਗਏ ਬਲਾਕ ਪੱਧਰੀ ਕੈਂਪ ਵਿੱਚ ਸ਼ਮੂਲੀਅਤ ਕੀਤੀ । ਸਹਾਇਕ ਕਮਿਸ਼ਨਰ ਨੇ ਕਿਸਾਨਾਂ ਨੂੰ ਕਣਕ ਦੇ ਨਾਲ ਦਾ ਸੁਚੱਜਾ ਪ੍ਰਬੰਧਨ ਕਰਦਿਆਂ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ । ਉਹਨਾਂ ਆਖਿਆ ਕਿ ਸਾਨੂੰ ਸਾਰਿਆਂ ਨੂੰ ਸਮਝਣਾ ਚਾਹੀਦਾ ਹੈ ਕਿ ਜਦੋਂ ਕਣਕ ਦੇ ਨਾੜ ਨੂੰ ਅੱਗ ਲੱਗਦੀ ਹੈ ਤਾਂ ਪ੍ਰਦੂਸ਼ਣ ਦੇ ਨਾਲ ਨਾਲ ਕਈ ਤਰ੍ਹਾਂ ਦੇ ਸੜਕ ਹਾਦਸੇ ਵੀ ਹੋ ਜਾਂਦੇ ਹਨ ਜਿਸ ਨਾਲ ਨਾ ਪੂਰਾ ਹੋ ਸਕਣ ਵਾਲਾ ਜਾਨੀ ਮਾਲੀ ਨੁਕਸਾਨ ਹੋ ਜਾਂਦਾ ਹੈ । ਐੱਸ ਡੀ ਐੱਮ ਟਾਂਡਾ ਵੱਲੋਂ ਵੀ ਨੰਬਰਦਾਰ ਸਰਪੰਚ ਸਾਹਿਬਾਨਾਂ ਨੂੰ ਇਸ ਜਾਗਰੂਕਤਾ ਅਭਿਆਨ ਵਿੱਚ ਸ਼ਾਮਿਲ ਹੋ ਕੇ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਿਤ ਕਰਨ ਲਈ ਆਖਿਆ । ਮੁੱਖ ਖੇਤੀਬਾੜੀ ਅਫਸਰ ਹੁਸ਼ਿਆਰਪੁਰ ਜੀ ਨੇ ਕਿਸਾਨਾਂ ਨੂੰ ਸਰਕਾਰ ਵੱਲੋਂ ਸੋਹਣੀ ਰੁੱਤ ਦੀ ਮੱਕੀ ਉੱਤੇ 17500 ਰੁਪਏ ਪ੍ਰਤੀ ਹੈਕਟੇਅਰ ਤੱਕ ਦੀ ਵਿੱਤੀ ਸਹਾਇਤਾ ਅਤੇ ਝੋਨੇ ਦੀ ਬਿਜਾਈ ਲਈ 1500 ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ ਮਿਲਣ ਬਾਰੇ ਜਾਣਕਾਰੀ ਦਿੱਤੀ । ਵਰੁਣ, ਇੰਜੀਨੀਅਰ ਨੇ ਦੱਸਿਆ ਕਿ ਸੀਡੀਪੀ ਅਤੇ ਸਮੈਮ ਸਕੀਮ ਤਹਿਤ 12.05.26 ਕਿਸਾਨ 50% ਤੱਕ ਸਬਸਿਡੀ ਉੱਤੇ ਮਸ਼ੀਨਾਂ ਆਨਲਾਈਨ ਅਪਲਾਈ ਕੀਤੀਆਂ ਜਾ ਸਕਦੀਆਂ ਹਨ।



# ਭਾਖੜਾ ਬਿਆਸ ਪ੍ਰਬੰਧ ਬੋਰਡ ਨੇ ਮਜ਼ਦੂਰ ਦਿਵਸ ਮਨਾਇਆ



**ਤਲਵਾੜਾ (ਓ ਪੀ ਰਾਣਾ)**- ਭਾਖੜਾ ਬਿਆਸ ਪ੍ਰਬੰਧ ਬੋਰਡ ਵੱਲੋਂ ਪੌਂਗ ਡੈਮ 'ਤੇ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਬੜੇ ਉਤਸ਼ਾਹ ਅਤੇ ਸਨਮਾਨ ਨਾਲ ਮਨਾਇਆ ਗਿਆ। ਇਹ ਸਮਾਗਮ ਮੁੱਖ ਇੰਜਨੀਅਰ ਰਾਕੇਸ਼ ਗੁਪਤਾ ਦੇ ਨਿਰਦੇਸ਼ਾਂ ਅਨੁਸਾਰ ਆਯੋਜਿਤ ਕੀਤਾ ਗਿਆ, ਜਿਸ ਵਿੱਚ ਨਿਗਰਾਨ ਇੰਜਨੀਅਰ ਮਨਵੀਨ ਚੌਧਰੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਪੌਂਗ ਡੈਮ ਤੇ ਬਣੇ ਸ਼ਹੀਦੀ ਸਮਾਰਕ ਤੇ ਮੁੱਖ ਮਹਿਮਾਨ ਨਿਗਰਾਨ ਇੰਜਨੀਅਰ ਮਨਵੀਨ ਚੌਧਰੀ ਤੋਂ ਇਲਾਵਾ ਵੱਖ ਵੱਖ ਅਧਿਕਾਰੀਆਂ, ਕਰਮਚਾਰੀਆਂ ਤੇ ਯੂਨਿਅਨ ਆਗੂਆਂ ਨੇ ਫੁੱਲ ਮਾਲਾਵਾਂ ਭੇਂਟ ਕਰਕੇ ਪੌਂਗ ਡੈਮ ਦੇ ਨਿਰਮਾਣ ਦੌਰਾਨ ਆਪਣਾ ਬਲਿਦਾਨ ਦੇਣ ਵਾਲੇ ਲੋਕਾਂ ਨੂੰ ਨਮਨ ਕੀਤਾ। ਬੁਲਾਰਿਆਂ ਨੇ ਕਿਹਾ ਕਿ ਇਸ ਡੈਮ ਦੇ ਨਿਰਮਾਣ ਵਿਚ ਮਜਦੂਰਾਂ ਤੇ ਇੰਜਨੀਅਰਾਂ ਨੇ ਆਪਣਾ ਖੂਨ ਪਸੀਨਾ ਇਕ ਕੀਤਾ ਤਾਂ ਹੀ ਇਹ ਰਾਸ਼ਟਰ ਗੌਰਵ ਡੈਮ ਬਣ ਕੇ ਮੁਕੰਮਲ ਹੋਇਆ। ਬੁਲਾਰਿਆਂ ਨੇ ਮਜ਼ਦੂਰਾਂ ਦੀ ਕਠਿਨ ਮਿਹਨਤ, ਲਗਨ ਅਤੇ ਸੰਸਥਾ ਦੇ ਵਿਕਾਸ ਵਿੱਚ ਉਨ੍ਹਾਂ ਦੇ ਅਹਿਮ ਯੋਗਦਾਨ ਨੂੰ ਯਾਦ ਕੀਤਾ ਗਿਆ।ਇਸ ਮੌਕੇ ਨਿਗਰਾਨ ਇੰਜਨੀਅਰ ਮਨਵੀਨ ਚੌਧਰੀ ਨੇ ਕਿਹਾ ਕਿ ਮਜ਼ਦੂਰ ਕਿਸੇ ਵੀ ਸੰਸਥਾ ਦੀ ਮਜ਼ਬੂਤ ਨੀਂਹ ਹੁੰਦੇ ਹਨ ਅਤੇ ਉਨ੍ਹਾਂ ਦੇ ਬਿਨਾਂ ਵਿਕਾਸ ਅਸੰਭਵ ਹੈ। ਭਾਖੜਾ ਬਿਆਸ ਪ੍ਰਬੰਧ ਬੋਰਡ ਦੀਆਂ ਉਪਲਬਧੀਆਂ ਵਿੱਚ ਮਜ਼ਦੂਰਾਂ, ਕਰਮਚਾਰੀਆਂ ਤੇ ਸਮੂਚੇ ਸਟਾਫ ਦੀ ਮਿਹਨਤ ਅਤੇ ਸਮਰਪਣ ਦਾ ਵੱਡਾ ਹਿੱਸਾ ਹੈ। ਮਜ਼ਦੂਰਾਂ ਦੀ ਸੁਰੱਖਿਆ, ਸਿਹਤ ਅਤੇ ਭਲਾਈ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾ ਰਹੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਰਜਕਾਰੀ ਇੰਜਨੀਅਰ ਅਰਵਿੰਦਰਪਾਲ ਸਿੰਘ ਊਭੀ, ਕਾਰਜਕਾਰੀ ਇੰਜਨੀਅਰ ਗੌਰਵ ਲਾਂਬਾ, ਐੱਸ ਡੀ ਓ ਧਰਮਿੰਦਰ ਸਿੰਘ, ਸ਼ੁਭਮ ਸਿੰਘ, ਗਿਆਨਇੰਦਰ ਤੋਂ ਇਲਾਵਾ ਯੂਨੀਅਨ ਆਗੂ ਸ਼ਿਵ ਕੁਮਾਰ ਅਤੇ ਵਿਜੈ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ ਵਿਚ ਅਧਿਕਾਰੀ ਅਤੇ ਸਟਾਫ ਹਾਜ਼ਰ ਸੀ।

# ਇਨਾਮ ਵੰਡ ਅਤੇ ਸਨਮਾਨ ਸਮਾਰੋਹ ਕਰਵਾਇਆ



**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ ਕੈਂਪਸ ਵਿਚ ਯੂਨੀਵਰਸਿਟੀ ਇੰਸਟੀਚਿਊਟ ਆਫ ਐਜੂਕੇਸ਼ਨ ਵੱਲੋਂ ਸੈਮੀਨਾਰ ਹਾਲ ਵਿੱਚ ਇਨਾਮ ਵੰਡ ਅਤੇ ਸਨਮਾਨ ਸਮਾਰੋਹ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਮਾਨਯੋਗ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ ਅਤੇ ਹਰਦਮਨ ਸਿੰਘ ਮਿਨਹਾਸ (ਸਕੱਤਰ), ਉਪ-ਕੁਲਪਤੀ ਡਾ. ਵਿਜੈ ਧੀਰ ਜੀ ਦੀ ਅਗਵਾਈ ਵਿਚ ਹੋਇਆ। ਮਾਨਯੋਗ ਵਾਈਸ-ਚਾਂਸਲਰ ਨੇ ਮੁੱਖ ਮਹਿਮਾਨ ਵਜੋਂ ਸਮਾਗਮ ਦੀ ਸ਼ੋਭਾ ਵਧਾਈ ਅਤੇ ਐਜੂਕੇਸ਼ਨ ਅਤੇ ਫਿਜ਼ੀਕਲ ਐਜੂਕੇਸ਼ਨ ਵਿਭਾਗਾਂ ਦੇ 25 ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ, ਜਿਨ੍ਹਾਂ ਨੇ ਯੂ.ਜੀ.ਸੀ ਨੈੱਟ, ਪੀ.ਐਸ.ਟੈਟ, ਐਚ.ਪੀ ਟੈਟ ਅਤੇ ਸੀ. ਟੈਟ ਵਰਗੀਆਂ ਪ੍ਰਤਿਸ਼ਠਿਤ ਪ੍ਰੀਖਿਆਵਾਂ ਵਿੱਚ ਸਫਲਤਾ ਪ੍ਰਾਪਤ ਕੀਤੀ।ਡਾ. ਅਮਰਜੀਤ ਸਿੰਘ, ਡੀਨ (ਯੂ ਆਈ ਈ) ਤੇ ਮਿਸ ਸ਼ਾਲੂ ਮਹੇ ਵੱਲੋਂ ਉਪਲਬਧੀਆਂ ਦੀ ਪ੍ਰਸਤੁਤੀ ਕੀਤੀ ਗਈ। ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਦਰਸ਼ਨ ਲਈ ਤਮਗੇ ਦੇ ਕੇ ਸਨਮਾਨਤ ਕੀਤਾ ਗਿਆ।ਇਹ ਸਮਾਗਮ ਬਹੁਤ ਪ੍ਰੇਰਨਾਦਾਇਕ ਰਿਹਾ ਅਤੇ ਯੂਨੀਵਰਸਿਟੀ ਦੀ ਅਕਾਦਮਿਕ ਉਤਕ੍ਰਿਸ਼ਟਤਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

# ਕੰਗ ਭਾਜਪਾ ਦੀ ਲੋਕਲ ਬਾਡੀ ਸੈੱਲ ਦੇ ਜ਼ਿਲ੍ਹਾ ਕਨਵੀਨਰ ਬਣੇ

**ਫਿਲੌਰ (ਨਿਰਮਲ)**- ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 2027 ਨੂੰ ਦੇਖਦੇ ਹੋਏ ਪੰਜਾਬ ਵਿੱਚ ਤਿਆਰੀ ਕੀਤੀ ਜਾ ਰਹੀ ਹੈ। ਇਸ ਸਬੰਧੀ ਮਿਹਨਤੀ ਵਰਕਰਾਂ ਨੂੰ ਅਹੁਦੇ ਦੇ ਕੇ ਨਿਵਾਜਿਆ ਜਾ ਰਿਹਾ ਹੈ। ਇਸੇ ਲੜੀ ਤਹਿਤ ਭਾਰਤੀ ਜਨਤਾ ਪਾਰਟੀ ਦੀ ਹਾਈਕਮਾਂਡ ਵੱਲੋਂ ਕੁਲਵਿੰਦਰ ਸਿੰਘ ਕੰਗ ਵਾਸੀ ਕੰਗ ਜਗੀਰ (ਫਿਲੌਰ) ਨੂੰ ਲੋਕਲ ਬਾਡੀ ਸੈਲ ਦਾ ਜ਼ਿਲ੍ਹਾ ਕਨਵੀਨਰ ਥਾਪਿਆ ਗਿਆ। ਜਿਸ ਸਬੰਧੀ ਕੁਲਵਿੰਦਰ ਸਿੰਘ ਕੰਗ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਪਹਿਲਾਂ ਵੀ ਪਾਰਟੀ ਲਈ ਤਨਦੇਹੀ ਨਾਲ ਸੇਵਾ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਜਿਸ ਅਹੁਦੇ ਨਾਲ ਪਾਰਟੀ ਨੇ ਉਨ੍ਹਾਂ ਨੂੰ ਨਿਵਾਜਿਆ ਹੈ ਉਹ ਹੋਰ ਉਤਸ਼ਾਹਿਤ ਹੋਏ ਹਨ ਉਨ੍ਹਾਂ ਕਿਹਾ ਕਿ ਉਹ ਵਿਧਾਨ ਸਭਾ ਚੋਣਾਂ 2027 ਲਈ ਪੂਰੀ ਤਨਦੇਹੀ ਨਾਲ ਮਿਹਨਤ ਕਰਕੇ ਪਾਰਟੀ ਨੂੰ ਜਿਤਾਉਣਗੇ।



# ਮਜ਼ਦੂਰ ਦਿਵਸ ਮਨਾਇਆ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਅੰਤਰਰਾਸ਼ਟਰੀ ਮਜ਼ਦੂਰ ਦਿਵਸ ਦੇ ਮੌਕੇ 'ਤੇ ਵੱਖ-ਵੱਖ ਵਰਗਾਂ ਵੱਲੋਂ ਮਿਹਨਤਕਸ਼ ਲੋਕਾਂ ਦੀ ਭੂਮਿਕਾ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਸਨਮਾਨ ਦਿੱਤਾ ਗਿਆ। ਇਸ ਦਿਨ ਨੂੰ ਮਨਾਉਣ ਦਾ ਮੂਲ ਮਕਸਦ ਮਜ਼ਦੂਰਾਂ ਦੇ ਹੱਕਾਂ, ਉਨ੍ਹਾਂ ਦੀ ਭਲਾਈ ਅਤੇ ਇਨਸਾਫ ਲਈ ਆਵਾਜ਼ ਉਠਾਉਣਾ ਹੈ। ਇਸ ਮੌਕੇ 'ਤੇ ਬੋਲਣ ਵਾਲਿਆਂ ਨੇ ਕਿਹਾ ਕਿ ਮਜ਼ਦੂਰ ਵਰਗ ਸਮਾਜ ਦੀ ਰੀੜ੍ਹ ਦੀ ਹੱਡੀ ਹੈ, ਜੋ ਆਪਣੀ ਮਿਹਨਤ ਨਾਲ ਦੇਸ਼ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਪਾਉਂਦਾ ਹੈ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਮਜ਼ਦੂਰਾਂ ਨੂੰ ਉਨ੍ਹਾਂ ਦੇ ਹੱਕ ਮਿਲਣੇ ਚਾਹੀਦੇ ਹਨ ਅਤੇ ਉਨ੍ਹਾਂ ਨਾਲ ਹੋ ਰਹੀ ਕਿਸੇ ਵੀ ਤਰ੍ਹਾਂ ਦੀ ਨਾਇਨਸਾਫੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਵਕਤਾਵਾਂ ਨੇ ਇਹ ਵੀ ਯਾਦ ਕਰਵਾਇਆ ਕਿ 1886 ਵਿੱਚ ਮਜ਼ਦੂਰਾਂ ਵੱਲੋਂ ਆਪਣੇ ਹੱਕਾਂ ਲਈ ਕੀਤੀ ਗਈ ਇਤਿਹਾਸਕ ਲੜਾਈ ਦੇ ਕਾਰਨ ਹੀ ਅੱਜ ਮਜ਼ਦੂਰਾਂ ਨੂੰ ਨਿਰਧਾਰਿਤ ਕੰਮ ਦੇ ਘੰਟੇ ਅਤੇ ਹੋਰ ਸਹੂਲਤਾਂ ਮਿਲ ਰਹੀਆਂ ਹਨ। ਇਸ ਲਈ ਇਹ ਦਿਨ ਸਿਰਫ਼ ਇੱਕ ਸਮਾਰੋਹ ਨਹੀਂ, ਸਗੋਂ ਸੰਘਰਸ਼ ਅਤੇ ਹੱਕਾਂ ਦੀ ਲੜਾਈ ਦੀ ਯਾਦ ਦਿਲਾਉਂਦਾ ਹੈ। ਉਨ੍ਹਾਂ ਨੇ ਮਜ਼ਦੂਰ ਵਰਗ ਨੂੰ ਅਪੀਲ ਕੀਤੀ ਕਿ ਉਹ ਆਪਣੇ ਹੱਕਾਂ ਦੀ ਰੱਖਿਆ ਲਈ ਇਕੱਠੇ ਹੋਣ ਅਤੇ ਸਮਾਜ ਵਿੱਚ ਆਪਣੀ ਅਹਿਮ ਭੂਮਿਕਾ ਨੂੰ ਮਜ਼ਬੂਤੀ ਨਾਲ ਨਿਭਾਉਣ। ਇਸ ਮੌਕੇ ਹਰਬੰਸ ਮੱਟੂ ਸੂਬਾ ਆਗੂ ਦਿਹਾਤੀ ਮਜ਼ਦੂਰ ਸਭਾ ਨੇ ਸਰਕਾਰ ਦੀਆਂ ਲੋਕ ਮਾਰੀ ਨੀਤੀਆਂ ਤੋਂ ਜਾਣੂ ਕਰਵਾਇਆ ਇਸ ਤੋਂ ਇਲਾਵਾ ਪੂਰਨ ਸਿੰਘ, ਓਮ ਪ੍ਰਕਾਸ਼ ,ਨਛੱਤਰ ਸਿੰਘ, ਲਾਲ ਚੰਦ,ਹੈਪੀ ਹੈਦਰਾਬਾਦ ਦੋਨਾਂ, ਸੁਰਜੀਤ ਸਿੰਘ, ਬਖਸ਼ੀਸ਼ ਸਿੰਘ, ਸ਼ਮਸ਼ੇਰ ਸਿੰਘ ਟੁਰਨਾ, ਜਗਜੀਤ ਸਿੰਘ, ਗੁਰਮੀਤ ਸਿੰਘ, ਅੰਮ੍ਰਿਤ ਪਾਲ ਸਿੰਘ, ਜਸਵੀਰ ਸਿੰਘ, ਸਾਹਿਬ ਪ੍ਰੀਤ ਸਿੰਘ, ਬਲਕਾਰ ਸਿੰਘ, ਸੁਬੇਗ ਸਿੰਘ, ਤਰਸੇਮ ਬੱਬੂ ,ਜੋਗਿੰਦਰ ਸਿੰਘ, ਰਾਜਕੁਮਾਰ ਆਦਿ ਹਾਜ਼ਰ ਸਨ।



# ਸ਼੍ਰੋਮਣੀ ਅਕਾਲੀ ਦਲ ਨੇ ਬਿਜਲੀ ਕੱਟ ਵਿਰੁੱਧ ਦਿੱਤਾ ਧਰਨਾ

**ਫਗਵਾੜਾ (ਡਾ ਰਮਨ)**- ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਫਗਵਾੜਾ ਇਕਾਈ ਵਲੋਂ ਪੰਜਾਬ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਵਿੱਚ ਲੱਗ ਰਹੇ ਅਣ-ਐਲਾਨੇ ਬਿਜਲੀ ਕੱਟਾਂ ਦੇ ਵਿਰੋਧ ਵਿੱਚ ਹਲਕਾ ਸ਼ਹਿਰੀ ਇੰਚਾਰਜ ਰਣਜੀਤ ਸਿੰਘ ਖੁਰਾਣਾ ਕੋਰ ਕਮੇਟੀ ਮੈਂਬਰ ਇੰਡਸਟਰੀ ਵਿੰਗ ਪੰਜਾਬ ਅਤੇ ਦਿਹਾਤੀ ਇੰਚਾਰਜ ਰਾਜਿੰਦਰ ਸਿੰਘ ਚੰਦੀ ਦੀ ਅਗਵਾਈ ਹੇਠ ਸਥਾਨਕ ਐਸ.ਡੀ.ਐਮ. ਦਫਤਰ ਦੇ ਸਾਹਮਣੇ ਸਵੇਰੇ 11 ਤੋਂ ਦੁਪਿਹਰ 1 ਵਜੇ ਤੱਕ ਧਰਨਾ ਦਿੱਤਾ ਗਿਆ। ਧਰਨੇ ਵਿੱਚ ਸੀਨੀਅਰ ਆਗੂ ਜਰਨੈਲ ਸਿੰਘ ਵਾਹਦ ਜਿਲ੍ਹਾ ਕਪੂਰਥਲਾ (ਸ਼ਹਿਰੀ) ਪ੍ਰਧਾਨ ਨੇ ਵੀ ਉਚੇਰੇ ਤੌਰ ਤੇ ਸ਼ਿਰਕਤ ਕੀਤੀ। ਧਰਨੇ ਦੀ ਸਮਾਪਤੀ ਸਮੇਂ ਜੀਟੀ ਰੋਡ ਤੇ ਸਰਕਾਰ ਦਾ ਪੁਤਲਾ ਫੂਕ ਕੇ ਪਿੱਟ ਸਿਆਪਾ ਵੀ ਕੀਤਾ ਗਿਆ। ਇਸ ਤੋਂ ਪਹਿਲਾਂ ਧਰਨਾਕਾਰੀਆਂ ਨੂੰ ਸੰਬੋਧਨ ਕਰਦੇ ਹੋਏ ਰਣਜੀਤ ਸਿੰਘ ਖੁਰਾਣਾ, ਰਜਿੰਦਰ ਸਿੰਘ ਚੰਦੀ ਤੇ ਜਰਨੈਲ ਸਿੰਘ ਵਾਹਦ ਸਮੇਤ ਹੋਰਨਾਂ ਬੁਲਾਰਿਆਂ ਨੇ ਕਿਹਾ ਕਿ ਗਰਮੀ ਦੇ ਮੌਸਮ ਵਿੱਚ ਬਿਨਾਂ ਕਿਸੇ ਸੂਚਨਾ ਦੇ ਲਗਾਤਾਰ ਬਿਜਲੀ ਕੱਟ ਲਗਾਏ ਜਾ ਰਹੇ ਹਨ, ਜਿਸ ਕਾਰਨ ਆਮ ਜਨਤਾ, ਵਪਾਰੀਆਂ, ਕਿਸਾਨਾਂ ਅਤੇ ਛੋਟੇ ਉਦਯੋਗਪਤੀਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਉਨ੍ਹਾਂ ਕਿਹਾ ਕਿ ਘਰੇਲੂ ਖਪਤਕਾਰਾਂ ਨੂੰ ਤਪਦੀ ਗਰਮੀ ਵਿੱਚ ਘੰਟਿਆਂ ਬਿਜਲੀ ਤੋਂ ਵਾਂਝਾ ਰਹਿਣਾ ਪੈਂਦਾ ਹੈ, ਜਦਕਿ ਦੂਜੇ ਪਾਸੇ ਉਦਯੋਗਿਕ ਇਕਾਈਆਂ ਦਾ ਕੰਮਕਾਜ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ।

